ਸ਼ਨੀਵਾਰ, 8 ਨਵੰਬਰ, 2025
23 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 158

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 8 NOVEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਕੁੱਤਿਆਂ ਤੇ ਪਸ਼ੂਆਂ ਨੂੰ ਜਨਤਕ ਥਾਵਾਂ ਤੋਂ ਤੁਰੰਤ ਹਟਾਇਆ ਜਾਵੇ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਦੇਸ਼ ਭਰ ਵਿੱਚ ਵਧ ਰਹੀ ਆਵਾਰਾ ਕੁੱਤਿਆਂ ਦੀ ਸਮੱਸਿਆ 'ਤੇ ਸਖ਼ਤ ਰੁਖ਼ ਅਪਣਾਉਂਦੇ ਹੋਏ ਵਿਦਿਅਕ ਸੰਸਥਾਵਾਂ, ਹਸਪਤਾਲਾਂ, ਬੱਸ ਸਟੈਂਡਾਂ, ਰੇਲਵੇ ਸਟੇਸ਼ਨਾਂ ਅਤੇ ਹੋਰ ਜਨਤਕ ਥਾਵਾਂ ਤੋਂ ਆਵਾਰਾ ਕੁੱਤਿਆਂ ਤੇ ਹੋਰ ਪਸ਼ੂਆਂ ਨੂੰ ਤੁਰੰਤ ਹਟਾਉਣ ਦੇ ਹੁਕਮ ਦਿੱਤੇ ਹਨ। ਅਦਾਲਤ ਨੇ ਸਪੱਸ਼ਟ ਕੀਤਾ ਕਿ ਇਨ੍ਹਾਂ ਕੁੱਤਿਆਂ/ਪਸ਼ੂਆਂ ਨੂੰ ਉਨ੍ਹਾਂ ਲਈ ਬਣੇ ਸੁਰੱਖਿਅਤ ਆਸਰਾ ਟਿਕਾਣਿਆਂ 'ਤੇ ਤਬਦੀਲ ਕੀਤਾ ਜਾਵੇ। ਕੋਰਟ ਨੇ ਕਿਹਾ ਕਿ ਇਨ੍ਹਾਂ ਕੁੱਤਿਆਂ ਨੂੰ ਉਸੇ ਜਗ੍ਹਾ ਵਾਪਸ ਨਹੀਂ ਛੱਡਿਆ ਜਾਣਾ ਚਾਹੀਦਾ, ਜਿੱਥੋਂ ਉਨ੍ਹਾਂ ਨੂੰ ਫੜਿਆ ਗਿਆ ਸੀ। ਜਸਟਿਸ ਵਿਕਰਮ ਨਾਥ ਦੀ ਅਗਵਾਈ ਵਾਲੇ ਬੈਂਚ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਇਸ ਸੰਬੰਧ ਵਿੱਚ ਐਮੀਕਸ ਕਿਊਰੀ (ਅਦਾਲਤੀ ਮਿੱਤਰ) ਵੱਲੋਂ ਪੇਸ਼ ਕੀਤੇ ਗਏ ਸੁਝਾਵਾਂ ਨੂੰ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਕਿਹਾ ਕਿ ਜਨਤਕ ਥਾਵਾਂ 'ਤੇ ਆਵਾਰਾ ਕੁੱਤਿਆਂ ਦੀ ਵਧ ਰਹੀ ਗਿਣਤੀ ਨਾ ਸਿਰਫ਼ ਜਨਤਕ ਸੁਰੱਖਿਆ ਲਈ ਖ਼ਤਰਾ ਪੈਦਾ ਕਰਦੀ ਹੈ, ਸਗੋਂ ਬੱਚਿਆਂ, ਮਰੀਜ਼ਾਂ ਅਤੇ ਬਜ਼ੁਰਗਾਂ ਲਈ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ।

## ਕੈਟਰੀਨਾ-ਵਿੱਕੀ ਪਰਵਾਰ 'ਚ ਵਾਧਾ

**ਮੁੰਬਈ** : ਬਾਲੀਵੁੱਡ ਅਦਾਕਾਰਾ ਕੈਟਰੀਨਾ ਕੈਫ ਅਤੇ ਅਦਾਕਾਰ ਵਿੱਕੀ ਕੌਸ਼ਲ ਨੇ ਸ਼ੁੱਕਰਵਾਰ ਨੂੰ ਆਪਣੇ ਘਰ ਪੁੱਤਰ ਦੇ ਜਨਮ ਦਾ ਐਲਾਨ ਕੀਤਾ ਹੈ। ਕੈਟਰੀਨਾ ਅਤੇ ਵਿੱਕੀ ਨੇ 9 ਦਸੰਬਰ 2021 ਨੂੰ ਰਾਜਸਥਾਨ ਵਿੱਚ ਇੱਕ ਨਿੱਜੀ ਸਮਾਰੋਹ ਵਿੱਚ ਵਿਆਹ ਕਰਵਾਇਆ ਸੀ।

## ਏ ਡੀ ਸੀ ਮੁਅੱਤਲ



**ਮੋਗਾ** : ਪੰਜਾਬ ਸਰਕਾਰ ਨੇ ਰਾਸ਼ਟਰੀ ਰਾਜਮਾਰਗ-703 ਪ੍ਰੋਜੈਕਟ ਨਾਲ ਜੁੜੇ 3.7 ਕਰੋੜ ਰੁਪਏ ਦੇ ਜ਼ਮੀਨ ਪ੍ਰਾਪਤੀ ਮਾਮਲੇ ਵਿੱਚ ਬੇਨਿਯਮੀਆਂ ਦੇ ਗੰਭੀਰ ਦੋਸ਼ਾਂ ਤੋਂ ਬਾਅਦ ਮੋਗਾ ਦੀ ਵਧੀਕ ਡਿਪਟੀ ਕਮਿਸ਼ਨਰ (ਏ ਡੀ ਸੀ) ਚਾਰੂਮਿਤਾ (ਪੀ ਸੀ ਐੱਸ) ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਪੰਜਾਬ ਦੇ ਰਾਜਪਾਲ ਦੇ ਨਿਰਦੇਸ਼ਾਂ ਹੇਠ ਅਮਲਾ ਵਿਭਾਗ (ਪੀ ਸੀ ਐੱਸ ਸ਼ਾਖਾ) ਵੱਲੋਂ ਜਾਰੀ ਅਧਿਕਾਰਤ ਹੁਕਮ ਵਿੱਚ ਕਿਹਾ ਗਿਆ ਹੈ ਕਿ 2014 ਬੈਚ ਦੀ ਪੀ ਸੀ ਐੱਸ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮ, 1970 ਦੇ ਨਿਯਮ 4(1)(ਏ) ਤਹਿਤ ਮੁਅੱਤਲ ਕੀਤਾ ਗਿਆ ਹੈ। ਉਸ ਦੀ ਮੁਅੱਤਲੀ ਦੌਰਾਨ, ਚਾਰੂਮਿਤਾ ਦਾ ਮੁੱਖ ਦਫਤਰ ਚੰਡੀਗੜ੍ਹ ਰਹੇਗਾ ਅਤੇ ਉਸ ਨੂੰ ਸੇਵਾ ਨਿਯਮਾਂ ਅਨੁਸਾਰ ਗੁਜ਼ਾਰਾ ਭੱਤਾ ਮਿਲੇਗਾ।

# ਕੇਂਦਰ ਪੰਜਾਬ ਦੇ ਮਸਲਿਆਂ 'ਚ ਦਖ਼ਲ ਦੇਣੋਂ ਬਾਜ਼ ਆਵੇ : ਭਗਵੰਤ ਮਾਨ

**ਅੰਮ੍ਰਿਤਸਰ** : ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਪੰਜਾਬ ਰਾਜ ਬਿਜਲੀ ਨਿਗਮ ਵਿੱਚ ਭਰਤੀ ਹੋਏ 2105 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪੇ। ਸਰਕਾਰੀ ਮੈਡੀਕਲ ਕਾਲਜ ਦੇ ਆਡੀਟੋਰੀਅਮ ਵਿਖੇ ਸਮਾਰੋਹ ਦੌਰਾਨ ਨਿਯੁਕਤੀ ਪੱਤਰ ਸੌਂਪਣ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਬੇਰੁਜ਼ਗਾਰੀ ਕਈ ਸਮਾਜਿਕ ਸਮੱਸਿਆਵਾਂ ਦੀ ਜੜ੍ਹ ਹੈ। ਮਾਨ ਨੇ ਕਿਹਾ ਕਿ ਆਪਣਾ ਅਹੁਦਾ ਸੰਭਾਲਣ ਦੇ ਲਗਭਗ ਸਾਢੇ ਤਿੰਨ ਸਾਲਾਂ ਦੇ ਅੰਦਰ-ਅੰਦਰ ਹੁਣ ਤੱਕ 58962 ਸਰਕਾਰੀ ਨੌਕਰੀਆਂ ਨੌਜਵਾਨਾਂ ਨੂੰ ਦਿੱਤੀਆਂ ਜਾ ਚੁੱਕੀਆਂ ਹਨ, ਜੋ ਆਪਣੇ ਆਪ ਵਿੱਚ ਰਿਕਾਰਡ ਹੈ।ਮੁੱਖ ਮੰਤਰੀ ਨੇ ਦੱਸਿਆ ਕਿ ਅੱਜ ਪੀ ਐੱਸ ਪੀ ਸੀ ਐੱਲ ਅਤੇ ਪੀ ਐੱਸ ਟੀ ਸੀ ਐੱਲ ਵਿੱਚ 2023 ਲਾਈਨਮੈਨ, 48 ਇੰਟਰਨਲ ਆਡੀਟਰਜ਼ ਅਤੇ 35 ਰੈਵੇਨਿਊ ਅਕਾਊਂਟੈਂਟਸ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ।ਉਨ੍ਹਾ ਦੱਸਿਆ ਕਿ ਅਪਰੈਲ 2022 ਤੋਂ ਹੁਣ ਤੱਕ ਇਨ੍ਹਾਂ ਦੋਵਾਂ ਨਿਗਮਾਂ ਵਿੱਚ 8984 ਨਿਯੁਕਤੀਆਂ ਕੀਤੀਆਂ ਜਾ



ਚੁੱਕੀਆਂ ਹਨ।ਪੰਜਾਬ ਨੂੰ ਕਰਜ਼ੇ ਵਿੱਚ ਡੋਬਣ ਲਈ ਪਿਛਲੀਆਂ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਨੂੰ ਵਿਰਾਸਤ ਵਿੱਚ ਪੌਣੇ ਤਿੰਨ ਲੱਖ ਕਰੋੜ ਰੁਪਏ ਦਾ ਕਰਜ਼ਾ ਮਿਲਿਆ ਹੈ, ਪਰ ਦੁੱਖ ਦੀ ਗੱਲ ਹੈ ਕਿ ਪੰਜਾਬ ਦੇ ਵਿਕਾਸ ਲਈ ਕੋਈ ਪੈਸਾ ਨਹੀਂ ਲੱਗਾ। ਉਨ੍ਹਾ ਕਿਹਾ ਕਿ ਸਾਡੀ ਸਰਕਾਰ ਇਕ-ਇਕ ਪੈਸਾ ਪੰਜਾਬ ਦੇ ਵਿਕਾਸ ਤੇ ਭਲਾਈ 'ਤੇ ਖਰਚ ਰਹੀ ਹੈ।

ਪੰਜਾਬ ਦੇ ਮਸਲਿਆਂ ਵਿੱਚ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਦਖ਼ਲਅੰਦਾਜ਼ੀ ਦੀ ਸਖ਼ਤ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਜਾਣਬੁੱਝ ਕੇ ਪੰਜਾਬ ਨੂੰ ਨਿਸ਼ਾਨਾ ਬਣਾ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨ ਦਾ ਫੈਸਲਾ ਸੂਬੇ ਦੀ ਗੌਰਵਸ਼ਾਲੀ ਵਿਰਾਸਤ 'ਤੇ ਸਿੱਧਾ ਹਮਲਾ ਹੈ।ਉਨ੍ਹਾ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਿਰਫ ਇਕ ਵਿਦਿਅਕ ਸੰਸਥਾ ਨਹੀਂ, ਸਗੋਂ ਇਸ ਨਾਲ ਪੰਜਾਬੀਆਂ ਦੀ ਜਜ਼ਬਾਤੀ ਸਾਂਝ ਹੈ, ਜਿੱਥੇ ਤਿੰਨ-ਤਿੰਨ ਪੀੜ੍ਹੀਆਂ ਤਾਲੀਮ ਹਾਸਲ ਕਰ ਚੁੱਕੀਆਂ ਹਨ।ਉਨ੍ਹਾ ਕਿਹਾ ਕਿ ਪਹਿਲਾਂ ਵੀ ਹਰਿਆਣਾ ਦੇ ਕਾਲਜਾਂ ਨੂੰ ਪੰਜਾਬ ਯੂਨੀਵਰਸਿਟੀ ਨਾਲ ਜੋੜਨ ਲਈ ਸਾਡੇ ਉਤੇ ਦਬਾਅ ਪਾਉਣ ਦੀ ਕੋਸ਼ਿਸ਼ ਕੀਤੀ ਸੀ, ਪਰ ਅਸੀਂ ਡਟ ਕੇ ਲੜਾਈ ਲੜੀ, ਜਿਸ ਕਰਕੇ ਉਨ੍ਹਾਂ ਨੂੰ ਪਿੱਛੇ ਹਟਣਾ ਪਿਆ।ਮਾਨ ਨੇ ਕਿਹਾ ਕਿ ਭਾਖੜਾ ਡੈਮ ਤੋਂ ਹਰਿਆਣਾ ਤੇ ਰਾਜਸਥਾਨ ਨੂੰ ਵਾਧੂ ਪਾਣੀ ਦੇਣ ਲਈ ਕੇਂਦਰ ਸਰਕਾਰ ਲਗਾਤਾਰ ਪੰਜਾਬ ਨਾਲ ਧੱਕੇਸ਼ਾਹੀ ਕਰ ਰਹੀ ਹੈ, ਪਰ ਅਸੀਂ ਕਿਸੇ ਵੀ ਦਬਾਅ ਅੱਗੇ ਝੁਕਾਂਗੇ ਨਹੀਂ।

ਮੁੱਖ ਮੰਤਰੀ ਨੇ ਕਿਹਾ—ਕੇਂਦਰ ਸਰਕਾਰ ਪੰਜਾਬ ਨਾਲ • ਬਾਕੀ ਸਫਾ 2 'ਤੇ

# ਹਰਮਿੰਦਰ ਕੋਹਾਰਵਾਲਾ, ਕੇ ਐੱਲ ਗਰਗ ਤੇ ਬਲਵੀਰ ਸਿੰਘ ਰਾਮੂੰਵਾਲਾ ਦਾ ਸਨਮਾਨ

### ਮਹਾਨ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ ਤੇ ਕਾਮਰੇਡ ਰਣਧੀਰ ਸਿੰਘ ਗਿੱਲ ਦੀ ਬਰਸੀ ਮੌਕੇ ਸੈਮੀਨਾਰ

**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਅਤੇ ਸਮੂਹ ਬੋਹਨਾ ਪਰਵਾਰ ਵੱਲੋਂ ਉੱਘੇ ਕਮਿਊਨਿਸਟ ਤੇ ਮੁਲਾਜ਼ਮ ਆਗੂ ਕਾਮਰੇਡ ਰਣਧੀਰ ਸਿੰਘ ਗਿੱਲ ਦੀ ਤੀਸਰੀ ਬਰਸੀ ਸੈਮੀਨਾਰ ਦੇ ਰੂਪ ਵਿੱਚ ਮਨਾਈ ਗਈ।ਮਹਾਨ ਸਮਾਜਵਾਦੀ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ ਨੂੰ ਸਮਰਪਿਤ ਇਹ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਮਨਾਏ ਗਈ। ਸਮਾਗਮ ਦੀ ਪ੍ਰਧਾਨਗੀ ਕਰਨ ਦਾ ਮਾਣ ਉੱਘੇ ਸਾਹਿਤਕਾਰ ਬਲਦੇਵ ਸਿੰਘ ਸੜਕਨਾਮਾ ਨੂੰ ਪ੍ਰਾਪਤ ਹੋਇਆ। ਸਭ ਤੋਂ ਪਹਿਲਾਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ ਨੇ ਆਏ ਹੋਏ ਆਗੂਆਂ ਅਤੇ ਲੋਕਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਕਾਮਰੇਡ ਰਣਧੀਰ ਸਿੰਘ ਗਿੱਲ ਹੁਰਾਂ ਨੇ ਵਿਦਿਆਰਥੀ ਜਥੇਬੰਦੀ ਏ ਆਈ ਐੱਸ ਐੱਫ ਤੋਂ ਸ਼ੁਰੂਆਤ ਕਰਦਿਆਂ ਅਧਿਆਪਕ ਲਹਿਰ ਦੀ ਅਗਵਾਈ ਕੀਤੀ।ਉਹਨਾ ਆਖਿਆ ਕਿ ਉਹ ਸਿਰਫ ਅਧਿਆਪਕ ਲਹਿਰ ਦੇ ਹੀ ਆਗੂ ਨਹੀਂ ਸਨ, ਉਹਨਾਂ ਆਪਣੇ ਸਮੇਂ ਵਿੱਚ ਸਮੁੱਚੇ ਕਿਰਤ ਕਰਨ ਵਾਲੇ ਲੋਕਾਈ ਦੀ ਅਗਵਾਈ ਕੀਤੀ।ਕਾਮਰੇਡ ਗਿੱਲ ਨੂੰ ਯਾਦ ਕਰਨਾ ਸਾਡਾ ਸਾਰਿਆਂ ਦਾ



ਪਵਿੱਤਰ ਫਰਜ਼ ਬਣਦਾ ਹੈ ਅਤੇ ਅਸੀਂ ਇਸ ਫਰਜ਼ ਨੂੰ ਪੂਰਾ ਕਰ ਰਹੇ ਹਾਂ।ਇਸ ਮੌਕੇ ਮਾਰਕਸਵਾਦੀ ਚਿੰਤਕ ਕਾਮਰੇਡ ਜਗਰੂਪ ਨੇ 'ਏ ਆਈ (ਬਣਾਉਟੀ ਬੁੱਧੀ) ਅਤੇ ਸਾਂਝੀਵਾਲਤਾ' ਦੇ ਵਿਸ਼ੇ 'ਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਮਨੁੱਖ ਸੰਦ, ਮਸ਼ੀਨ, ਇੰਜਣ, ਨਿਊਕਲੀਅਰ, ਸੋਲਰ ਅਤੇ ਐੱਸ ਟੀ ਆਰ ਆਦਿ ਪੈਦਾਵਾਰੀ ਤੋਂ ਹੁੰਦਾ ਹੋਇਆ ਏ ਆਈ ਤੱਕ ਪਹੁੰਚਿਆ ਹੈ।ਅੱਜ ਇਸ ਤਕਨੀਕ ਤੇ ਸਰਮਾਏਦਾਰੀ ਪ੍ਰਬੰਧ ਦਾ ਕਾਬਜ਼ ਹੋਣਾ ਸਮੁੱਚੀ ਮਨੁੱਖਤਾ ਲਈ ਖਤਰਾ ਬਣ ਗਿਆ ਹੈ।ਇਸ ਸਮੇਂ ਲੋੜ ਹੈ ਕਿ ਕਾਮਰੇਡ ਰਣਧੀਰ ਸਿੰਘ ਗਿੱਲ ਦੇ ਸੁਪਨਿਆਂ ਦਾ ਸਮਾਜਵਾਦੀ ਪ੍ਰਬੰਧ ਸਿਰਜ ਏ ਆਈ (ਬਣਾਉਟੀ ਬੁੱਧੀ) ਵਰਗੀ • ਬਾਕੀ ਸਫਾ 2 'ਤੇ

## ਦੇਸ਼ ਦਾ ਨਾਂਅ ਚਮਕਾਉਣ ਵਾਲੀਆਂ ਦਾ ਨਿੱਘਾ ਸਵਾਗਤ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮਹਿਲਾ ਕ੍ਰਿਕਟ ਵਿੱਚ ਭਾਰਤ ਲਈ ਪਹਿਲਾ ਵਿਸ਼ਵ ਕੱਪ ਜਿੱਤ ਕੇ ਇਤਿਹਾਸ ਸਿਰਜਣ ਵਾਲੀ ਭਾਰਤੀ ਟੀਮ ਦੀਆਂ ਦੋ ਪੰਜਾਬੀ ਖਿਡਾਰਨਾਂ ਹਰਲੀਨ ਦਿਓਲ ਅਤੇ ਅਮਨਜੋਤ ਕੌਰ ਦਾ ਸ਼ੁੱਕਰਵਾਰ ਪੰਜਾਬ ਸਰਕਾਰ ਵੱਲੋਂ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਵਿਖੇ ਨਿੱਘਾ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ।



ਇਸ ਮੌਕੇ ਪੰਜਾਬ ਸਰਕਾਰ ਤਰਫੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਵਿਸ਼ੇਸ਼ ਤੌਰ 'ਤੇ ਖਿਡਾਰਨਾਂ ਨੂੰ ਜੀ ਆਇਆਂ ਕਹਿਣ ਲਈ ਹਵਾਈ ਅੱਡੇ ਪਹੁੰਚੇ। ਉਨ੍ਹਾਂ ਦੇ ਨਾਲ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਪ੍ਰਭਜੋਤ ਕੌਰ, ਜਸਵੰਤ ਕੌਰ ਅਤੇ ਕੌਂਸਲਰ ਸਰਬਜੀਤ ਸਿੰਘ ਸਮਾਣਾ ਨੇ ਵੀ ਸ਼ਿਰਕਤ ਕੀਤੀ। ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ ਢੋਲ ਦੀ ਥਾਪ ਅਤੇ ਫੁੱਲਾਂ ਦੇ ਹਾਰਾਂ ਨਾਲ ਜੇਤੂ ਧੀਆਂ ਦਾ ਸਨਮਾਨ ਕੀਤਾ • ਬਾਕੀ ਸਫਾ 2 'ਤੇ

## ਹਰਿਆਣਾ 'ਚ ਗੁੰਡਿਆਂ ਨੇ ਪੁਲਸ ਅਫ਼ਸਰ ਨੂੰ ਕੁੱਟ-ਕੁੱਟ ਕੇ ਮਾਰਿਆ

**ਹਿਸਾਰ** : ਸਥਾਨਕ ਸ਼ਾਮ ਲਾਲ ਢਾਣੀ ਕਾਲੋਨੀ ਵਿੱਚ ਬੀਤੀ ਰਾਤ ਹਰਿਆਣਾ ਪੁਲਸ ਦੇ ਇੱਕ ਸਬ-ਇੰਸਪੈਕਟਰ ਨੂੰ ਉਸ ਦੇ ਘਰ ਦੇ ਬਾਹਰ ਬਦਮਾਸ਼ਾਂ ਨੇ ਕੁੱਟ-ਕੁੱਟ ਕੇ ਮਾਰ ਦਿੱਤਾ। ਜਿਸ ਤੋਂ ਬਾਅਦ ਪੁਲਸ ਨੇ ਇਸ ਮਾਮਲੇ ਵਿੱਚ ਹੁਣ ਤੱਕ ਪੰਜ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ। ਮ੍ਰਿਤਕ ਦੀ ਪਛਾਣ 57 ਸਾਲਾ ਰਮੇਸ਼ ਕੁਮਾਰ ਵਜੋਂ ਹੋਈ ਹੈ, ਜੋ ਹਿਸਾਰ ਵਿੱਚ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ ਦਫ਼ਤਰ ਵਿੱਚ ਤਾਇਨਾਤ ਸੀ। ਉਸ ਨੇ ਆਪਣੇ ਮੁਹੱਲੇ ਵਿੱਚ ਹੰਗਾਮਾ ਕਰ ਰਹੇ ਨੌਜਵਾਨਾਂ ਦੇ ਇੱਕ ਸਮੂਹ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਸੀ। ਨੌਜਵਾਨ ਕੁਝ ਸਮੇਂ ਬਾਅਦ ਵਾਪਸ ਆਏ ਅਤੇ ਉਸ ਦੇ ਘਰ ਦੇ ਬਾਹਰ ਖੜ੍ਹੇ ਹੋ ਕੇ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਜਦੋਂ ਉਹ ਘਰੋਂ ਬਾਹਰ ਆਇਆ ਤਾਂ ਹਮਲਾਵਰਾਂ ਨੇ ਉਸ 'ਤੇ ਇੱਟਾਂ • ਬਾਕੀ ਸਫਾ 2 'ਤੇ

## ਸਜ਼ਾ ਦਾ ਖੁਲਾਸਾ ਨਾ ਕੀਤਾ ਤਾਂ ਰੱਦ ਕਰ ਦਿੱਤੀ ਜਾਵੇਗੀ ਉਮੀਦਵਾਰੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਨਾਮਜ਼ਦਗੀ ਪੱਤਰਾਂ ਵਿੱਚ ਸਜ਼ਾਵਾਂ ਦਾ ਖੁਲਾਸਾ ਕਰਨ ਦੇ ਮੁੱਦੇ 'ਤੇ ਇੱਕ ਇਤਿਹਾਸਕ ਫੈਸਲਾ ਸੁਣਾਇਆ ਹੈ। ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਫੈਸਲਾ ਸੁਣਾਇਆ ਕਿ ਨਾਮਜ਼ਦਗੀ ਪੱਤਰਾਂ ਵਿੱਚ ਪਿਛਲੀਆਂ ਸਜ਼ਾਵਾਂ ਦਾ ਖੁਲਾਸਾ ਨਾ ਕਰਨ 'ਤੇ ਉਮੀਦਵਾਰ ਨੂੰ ਅਯੋਗ ਕਰਾਰ ਦੇ ਦਿੱਤਾ ਜਾਵੇਗਾ। ਜਸਟਿਸ ਪੀ.ਐੱਸ. ਨਰਸਿਮਹਾ ਅਤੇ ਜਸਟਿਸ ਏ.ਐੱਸ. ਚੰਦੂਰਕਰ ਦੇ ਬੈਂਚ ਨੇ ਇਹ ਹੁਕਮ ਸਾਬਕਾ ਕੌਂਸਲਰ ਪੂਨਮ ਦੁਆਰਾ ਦਾਇਰ ਅਪੀਲ 'ਤੇ ਦਿੱਤਾ, ਜਿਸ ਨੂੰ ਚੋਣ ਲਈ ਨਾਮਜ਼ਦਗੀ ਫਾਰਮ ਵਿੱਚ ਇੱਕ ਮਾਮਲੇ ਵਿੱਚ ਆਪਣੀ ਪਿਛਲੀ ਸਜ਼ਾ ਦਾ ਖੁਲਾਸਾ ਨਾ ਕਰਨ ਕਾਰਨ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ। ਮੱਧ ਪ੍ਰਦੇਸ਼ ਦੇ ਭੀਖਨਗਾਓਂ ਨਗਰ ਪ੍ਰੀਸ਼ਦ ਵਿੱਚ ਪੂਨਮ ਨੂੰ ਨਗਰ ਕੌਂਸਲਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ। ਪੂਨਮ ਨੂੰ ਚੈੱਕ ਬਾਊਂਸਿੰਗ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਇੱਕ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ। ਉਸ ਨੂੰ ਮੁਆਵਜ਼ਾ ਦੇਣ ਦਾ ਵੀ ਨਿਰਦੇਸ਼ ਦਿੱਤਾ ਗਿਆ ਸੀ।

## ਜਲੰਧਰ ਦਾ ਦਮੋਰੀਆ ਪੁਲ 15 ਦਿਨਾਂ ਲਈ ਬੰਦ

**ਜਲੰਧਰ** : ਅੰਮ੍ਰਿਤਸਰ ਰੇਲਵੇ ਲਾਈਨ 'ਤੇ 160 ਸਾਲ ਤੋਂ ਵੱਧ ਪੁਰਾਣੇ ਦਮੋਰੀਆ ਪੁਲ 'ਤੇ ਸੈਂਟਰਲ ਬ੍ਰਿਜ ਅਤੇ ਰੇਲਵੇ ਲਾਈਨ ਦੇ ਹੇਠਾਂ ਵਿਛਾਈਆਂ ਗਈਆਂ ਲੋਹੇ ਦੀਆਂ ਚਾਦਰਾਂ ਨੂੰ ਬਦਲਣ ਦਾ ਕੰਮ ਸ਼ੁਰੂ ਹੋ ਗਿਆ ਹੈ।

ਇਸ ਕਾਰਨ ਦਮੋਰੀਆ ਪੁਲ ਦੇ ਹੇਠਾਂ ਤੋਂ ਲੰਘਣ ਵਾਲੀ ਆਵਾਜਾਈ ਬੰਦ ਹੋ ਗਈ ਹੈ। ਰੇਲਵੇ ਨੇ ਇਸ ਮਕਸਦ ਲਈ ਇਸ ਸਮੇਂ ਤਿੰਨ ਘੰਟੇ ਦਾ ਬੈਰੀਅਰ ਲਗਾਇਆ ਹੈ। ਕੰਮ ਨੂੰ ਪੂਰਾ ਹੋਣ ਵਿੱਚ ਲੱਗਭੱਗ 15 ਦਿਨ ਲੱਗਣਗੇ।

ਇਸ ਸਮੇਂ ਦੌਰਾਨ ਸਲੀਪਰ ਵੀ ਬਦਲੇ ਜਾਣਗੇ ਅਤੇ ਫਿਰ ਦੋ ਦਿਨਾਂ ਦਾ ਬਲਾਕ ਲਗਾਇਆ ਜਾਵੇਗਾ। ਇਸ ਸਮੇਂ ਦੌਰਾਨ ਰੇਲ ਗੱਡੀਆਂ ਵੀ ਰੱਦ ਕਰ ਦਿੱਤੀਆਂ ਜਾਣਗੀਆਂ। ਉਦੋਂ ਤੱਕ ਵਾਹਨ ਚਾਲਕਾਂ ਨੂੰ ਦਮੋਰੀਆ ਪੁਲ ਉੱਤੇ ਫਲਾਈਓਵਰ ਦੀ ਵਰਤੋਂ ਕਰਨੀ ਪਵੇਗੀ।



## ਵਾਤਾਵਰਣ ਸੰਭਾਲ ਤੇ ਨਸ਼ਿਆਂ ਦੀ ਰੋਕਥਾਮ ਲਈ ਰੈਲੀਆਂ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਐਨ.ਐਸ.ਐਸ. ਯੂਨਿਟ ਤੇ ਪਲਾਸਟਿਕ ਬੈਨ ਕਮੇਟੀ ਵੱਲੋਂ ਵਾਤਾਵਰਣ ਦੀ ਸਾਂਭ-ਸੰਭਾਲ ਤੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਡਾਇਰੈਕਟੋਰੇਟ ਆਫ਼ ਯੁਵਕ ਸੇਵਾਵਾਂ, ਪੰਜਾਬ ਦੇ ਸਹਿਯੋਗ ਨਾਲ ਵੱਖ-ਵੱਖ ਪਿੰਡਾਂ ਵਿੱਚ ਰੈਲੀਆਂ ਕੱਢੀਆਂ ਗਈਆਂ।ਵਲੰਟੀਅਰ ਵਿਦਿਆਰਥੀਆਂ ਨੇ ਸਭ ਤੋਂ ਪਹਿਲਾਂ ਸ਼ਰਧਾ ਭਾਵਨਾ ਨਾਲ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ ਤੇ ਉਸ ਤੋਂ ਬਾਅਦ ਉਹ ਜਖਵਾਲੀ ਪਿੰਡ ਵਿੱਚ ਗਏ, ਜਿੱਥੇ ਉਨ੍ਹਾਂ ਨੇ ਨਸ਼ਿਆਂ ਨੂੰ ਖ਼ਤਮ ਕਰਨ ਲਈ ਨਾਅਰੇ ਲਾਏ ਅਤੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ। ਇਸ ਤੋਂ ਬਾਅਦ ਵਿਦਿਆਰਥੀ ਪੰਜੋਲੀ ਕਲਾਂ ਪਿੰਡ ਵਿੱਚ ਗਏ, ਜਿੱਥੇ ਉਨ੍ਹਾਂ ਫ਼ਸਲਾਂ ਦੀ ਵਾਢੀ ਤੋਂ ਬਾਅਦ ਨਾੜ ਨੂੰ ਨਾ ਸਾੜਨ ਲਈ ਰੈਲੀ ਕੱਢੀ ਗਈ।ਇਸ ਦੇ ਨਾਲ ਹੀ ਵਲੰਟੀਅਰਾਂ ਨੇ ਲੋਕਾਂ ਨੂੰ ਪਰਾਲੀ ਸਾੜਨ ਤੇ ਪਲਾਸਟਿਕ ਦੇ ਇਸਤੇਮਾਲ ਨਾਲ ਸਾਡੇ ਵਾਤਾਵਰਣ ਉੱਪਰ ਪੈ ਰਹੇ ਘਾਤਕ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਸਾਰੂ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਬਚਾਉਣ ਤੇ ਨਸ਼ਾ ਮੁਕਤੀ ਵੱਲ ਨੌਜਵਾਨ ਪੀੜ੍ਹੀ ਦੀ ਜਾਗਰੂਕ ਭਾਗੀਦਾਰੀ ਸਮਾਜ ਲਈ ਪ੍ਰੇਰਨਾਦਾਇਕ ਹੈ।

# ਸਰਕਾਰ ਤੇ ਪਾਵਰਕਾਮ, ਟਰਾਂਸਕੋ ਮੈਨੇਜਮੈਂਟ ਦੀਆਂ ਨੀਤੀਆਂ ਵਿਰੁੱਧ ਰੋਸ ਪ੍ਰਦਰਸ਼ਨ



**ਮੋਗਾ, (ਇਕਬਾਲ ਸਿੰਘ ਖਹਿਰਾ)**

ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੀ ਮਾਸਿਕ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਦੇ ਕਾਮਰੇਡ ਸਤੀਸ਼ ਲੂੰਬਾ ਭਵਨ ਵਿੱਚ ਪੈਨਸ਼ਨਰਜ਼ ਯੂਨੀਅਨ ਏ ਆਈ ਟੀ ਯੂ ਸੀ ਦੇ ਪ੍ਰਧਾਨ ਗੁਰਮੇਲ ਸਿੰਘ ਨਾਹਰ ਅਤੇ ਸੀਨੀਅਰ ਮੀਤ ਪ੍ਰਧਾਨ ਸਵਰਨ ਜੀਤ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਦੇ ਸੂਬਾਈ ਜਨਰਲ ਸਕੱਤਰ ਅਮਰੀਕ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਮੀਟਿੰਗ ਵਿੱਚ ਕਈ ਸਾਥੀ ਪੈਨਸ਼ਨਰਾਂ ਨੇ ਹਿੱਸਾ ਲਿਆ।

ਮੀਟਿੰਗ ਵਿੱਚ ਪੈਨਸ਼ਨਰ ਆਗੂ ਅਮਰੀਕ ਸਿੰਘ ਮਸਿਤਾਨ, ਗੁਰਮੇਲ ਸਿੰਘ ਨਾਹਰ, ਪ੍ਰਿਯਵਰਤ ਗੁਪਤਾ, ਵੀ ਪੀ ਸੇਠੀ, ਤੇਜਾ ਸਿੰਘ ਬਰਾੜ, ਜਗਿੰਦਰ ਸਿੰਘ, ਗੁਰਮੀਤ ਸਿੰਘ ਧਾਲੀਵਾਲ ਨੇ ਪੰਜਾਬ ਸਰਕਾਰ ਅਤੇ ਪਾਵਰ ਕਾਮ ਟਰਾਂਸਕੋ ਮੈਨੇਜਮੈਂਟ ਦੀਆਂ ਟਾਲ-ਮਟੋਲ ਤੇ ਕਾਮਿਆਂ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਬਾਰੇ ਆਪਣੇ ਵਿਚਾਰ ਵਿਸਥਾਰ ਵਿੱਚ ਸਾਂਝੇ ਕੀਤੇ।ਆਪਣੇ ਸੰਬੋਧਨ ਵਿੱਚ ਅਮਰੀਕ ਸਿੰਘ ਮਸਿਤਾਨ, ਪ੍ਰਿਯਵਰਤ ਗੁਪਤਾ, ਗੁਰਮੇਲ ਸਿੰਘ ਨਾਹਰ ਤੇ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਬਿਜਲੀ ਨਿਗਮ ਅਤੇ ਹੋਰ ਵਿਭਾਗਾਂ ਦੀਆਂ ਜਾਇਦਾਦਾਂ ਨੂੰ ਬੇਤੇ ਜਿਹੇ ਮੁੱਲ 'ਤੇ ਵੇਚਣ ਦੀਆਂ ਯੋਜਨਾਵਾਂ ਨੂੰ ਤੇਜ਼ੀ ਨਾਲ ਲਾਗੂ ਕਰ ਰਹੀ ਹੈ।ਲੁਧਿਆਣਾ ਦੇ ਅਮੀਰ ਇਲਾਕਿਆਂ ਵਿੱਚ ਲਗਭਗ ਦਸ ਅਰਬ ਰੁਪਏ ਦੀਆਂ ਜਾਇਦਾਦਾਂ ਮੁਫ਼ਤ ਵਿੱਚ ਵੇਚੀਆਂ ਜਾ ਰਹੀਆਂ ਹਨ।ਭਾਰਤੀ ਕਿਸਾਨ ਯੂਨੀਅਨ ਦੇ ਨਾਲ-ਨਾਲ ਕਈ ਪਾਵਰ ਕਾਰਪੋਰੇਸ਼ਨ ਟ੍ਰਾਂਸਕੋ ਸੰਗਠਨਾਂ ਨੇ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਪ੍ਰਬੰਧਨ ਦੀਆਂ ਇਨ੍ਹਾਂ ਗਲਤ ਨੀਤੀਆਂ ਦਾ ਸਖ਼ਤ ਵਿਰੋਧ ਕੀਤਾ ਹੈ, ਚੇਤਾਵਨੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਨੇ ਇਸ ਮਨਮਾਨੀ ਫ਼ਰਮਾਨ ਨੂੰ ਵਾਪਸ ਨਹੀਂ ਲਿਆ ਤਾਂ ਉਨ੍ਹਾਂ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ।ਇਸ ਲਈ 'ਆਪ' ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਪ੍ਰਬੰਧਨ ਜ਼ਿੰਮੇਵਾਰ ਹੋਵੇਗਾ।ਕੇਂਦਰ ਸਰਕਾਰ ਨੇ ਬਿਜਲੀ ਐਕਟ 2025 ਦੇ ਖਰੜੇ ਬਾਰੇ ਵੀ ਵਿਆਪਕ ਚਰਚਾ ਕੀਤੀ।ਜੇਕਰ ਪਾਸ ਹੋ ਜਾਂਦਾ ਹੈ, ਤਾਂ ਹਰ ਖਪਤਕਾਰ ਮਹਿੰਗੀ ਬਿਜਲੀ ਖਰੀਦਣ ਲਈ ਮਜਬੂਰ ਹੋਵੇਗਾ। ਮੀਟਿੰਗ ਵਿੱਚ ਗੁਰਮੇਲ ਸਿੰਘ ਨਾਹਰ, ਗੁਰਮੀਤ ਸਿੰਘ ਧਾਲੀਵਾਲ, ਜਗਿੰਦਰ ਸਿੰਘ ਤੇ ਵੀ.ਪੀ. ਸੇਠੀ ਨੇ ਕਾਮਿਆਂ ਅਤੇ ਪੈਨਸ਼ਨਰਾਂ ਦੀਆਂ ਭਖਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ।

ਉਨ੍ਹਾਂ ਨੇ ਸਰਕਾਰ ਅਤੇ ਮੈਨੇਜਮੈਂਟ ਦੀਆਂ ਟਾਲ-ਮਟੋਲ ਅਤੇ ਮਨਮਾਨੀ ਨੀਤੀਆਂ ਦਾ ਸਖ਼ਤ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ, ਬਿਜਲੀ ਕਾਮਿਆਂ ਏਕਤਾ ਮੰਚ ਦਾ ਸਾਂਝਾ ਮੰਚ, ਪੈਨਸ਼ਨਰਜ਼ ਯੂਨੀਅਨ (ਏ.ਆਈ.ਟੀ.ਯੂ.ਸੀ.) ਅਤੇ ਹੋਰ ਸੰਬੰਧਿਤ ਸੰਗਠਨ 9 ਨਵੰਬਰ ਨੂੰ ਤਰਨਤਾਰਨ ਵਿਧਾਨ ਸਭਾ ਹਲਕੇ ਵਿੱਚ ਇੱਕ ਵਿਰੋਧ ਪ੍ਰਦਰਸ਼ਨ ਤੇ ਮਾਰਚ ਕਰਨਗੇ, ਜਿੱਥੇ 11 ਨਵੰਬਰ ਨੂੰ ਉਪ-ਚੋਣਾਂ ਹੋਣੀਆਂ ਹਨ।ਪੈਨਸ਼ਨਰਾਂ ਦੀਆਂ ਭਖਦੀਆਂ ਅਤੇ ਜਾਇਜ਼ ਮੰਗਾਂ ਨੂੰ ਲੈ ਕੇ 16 ਨਵੰਬਰ ਨੂੰ ਧੂਰੀ ਵਿੱਚ ਧਰਨਾ ਤੇ ਰੈਲੀ ਵੀ ਕੀਤੀ ਜਾਵੇਗੀ।

## ਅੱਜ-ਨਾਮਾ

ਫੜਿਆ ਭੀੜ ਨੇ ਰਾਹ ਵਿੱਚ ਇੱਕ ਮੁੰਡਾ,
ਪਿਆ ਸੀ ਸ਼ੱਕ ਜਾਂ ਮੁੰਡਾ ਸੀ ਚੋਰ ਬੇਲੀ।
ਹਵਾਲੇ ਪੁਲਸ ਦੇ ਕਰਨ ਦੀ ਨਹੀਂ ਸੋਚੀ,
ਕੁਟਾਪੇ ਚਾੜ੍ਹਨ ਦਾ ਲੱਗਿਆ ਜ਼ੋਰ ਬੇਲੀ।
ਪੁੱਜਾ ਭੀੜ ਤੋਂ ਕੋਈ ਛੁਡਾਉਣ ਹੈ ਨਹੀਂ,
'ਮਾਰੋ-ਮਾਰੋ' ਦਾ ਸੁਣੇ ਬੱਸ ਸ਼ੋਰ ਬੇਲੀ।
ਜਦ ਤੱਕ ਪੁੱਜੀ ਸੀ ਪੁਲਸ ਛੁਡਾਵਣੇ ਨੂੰ,
ਟੁੱਟ'ਗੀ ਮੁੰਡੇ ਦੇ ਜੀਵਨ ਦੀ ਡੋਰ ਬੇਲੀ।
ਭੜਕੀ ਭੀੜ ਤਾਂ ਪੁਲਸ ਨਾ ਕੋਲ ਜਾਂਦੀ,
ਸਾਊ ਲੋਕਾਂ ਦੀ ਜਾਵੇ ਨਹੀਂ ਪੇਸ਼ ਬੇਲੀ।
ਲੋਕਤੰਤਰ ਤਾਂ ਰਿਹਾ ਬੱਸ ਨਾਂਅ ਤੀਕਰ,
ਬਣਿਆ ਭੀੜ ਦਾ ਤੰਤਰ ਹੈ ਦੇਸ਼ ਬੇਲੀ।


-ਤੀਸ ਮਾਰ ਖਾਂ

## ਯੂਰੋ ਕਿਡਜ਼ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਵਿਖੇ ਪ੍ਰਕਾਸ਼ ਪੁਰਬ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਸ਼ਹਿਰ ਦੋਰਾਹਾ ਦੀ ਨਾਮਵਰ ਵਿੱਦਿਅਕ ਸੰਸਥਾ ਯੂਰੋ ਕਿਡਜ਼ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਦੋਰਾਹਾ ਵਿਖੇ ਚੇਅਰਮੈਨ ਜਤਿੰਦਰ ਸ਼ਰਮਾ, ਡਾਇਰੈਕਟਰ ਰਜਤ ਸ਼ਰਮਾ ਦੀ ਸਾਂਝੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਪੁਰਬ ਮਨਾਇਆ ਗਿਆ।ਇਸ ਸਮੇਂ ਪ੍ਰਿੰਸੀਪਲ ਸੁਰਿੰਦਰਪਾਲ ਕੌਰ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸਿੱਖਿਆਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਸਮੇਂ ਬੱਚਿਆਂ ਵੱਲੋਂ ਪਾਠ ਤੇ ਸ਼ਬਦ ਗਾਇਨ ਕੀਤਾ ਗਿਆ।ਪ੍ਰਿੰਸੀਪਲ ਤੇ ਅਧਿਆਪਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਦਰਸਾਏ ਹੋਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਸਮੇਂ ਮੁੱਖ ਮਹਿਮਾਨ ਚੇਅਰਮੈਨ ਜਤਿੰਦਰ ਸ਼ਰਮਾ, ਡਾਇਰੈਕਟਰ ਨੀਰਜ ਸ਼ਰਮਾ, ਸੁਮਨ ਸ਼ਰਮਾ, ਸੋਨੀਆ ਸ਼ਰਮਾ, ਸ਼ੁਭਮ ਸ਼ਰਮਾ, ਪ੍ਰਿੰਸੀਪਲ ਸੁਰਿੰਦਰਪਾਲ ਕੌਰ ਤੋਂ ਇਲਾਵਾ ਅਮਨਦੀਪ ਕੌਰ, ਜਸਵਿੰਦਰ ਕੌਰ, ਕੋਮਲ ਸ਼ਰਮਾ, ਨਵਪ੍ਰੀਤ ਕੌਰ, ਜਸ਼ਪ੍ਰੀਤ ਕੌਰ, ਨਵਦੀਪ ਕੌਰ, ਮੁਸ਼ਕਾਨ ਭਾਟੀਆ, ਰਾਜਵਿੰਦਰ ਕੌਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੱਚੇ ਹਾਜ਼ਰ ਸਨ।

## ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸਕੂਲ ਦੇ ਵਿਦਿਆਰਥੀਆਂ ਵੱਲੋਂ ਜਗਤਜੀਤ ਇੰਡਸਟ੍ਰੀਜ਼ ਦਾ ਦੌਰਾ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਦੇ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਨੇ ਜਗਤਜੀਤ ਗਰੁੱਪ ਆਫ ਇੰਡਸਟ੍ਰੀਜ਼, ਚੀਮਾ ਦਾ ਦੌਰਾ ਕਰਕੇ ਕੀਮਤੀ ਉਦਯੋਗਿਕ ਤਜਰਬਾ ਪ੍ਰਾਪਤ ਕੀਤਾ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਉਤਪਾਦਨ ਪ੍ਰਕਿਰਿਆ, ਮਾਰਕੀਟਿੰਗ ਤਰੀਕੇ ਤੇ ਕਾਰੋਬਾਰੀ ਪ੍ਰਬੰਧਨ ਬਾਰੇ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ।ਇਹ ਤਜਰਬਾ ਵਿਦਿਆਰਥੀਆਂ ਲਈ ਬਹੁਤ ਹੀ ਸਿੱਖਿਆਜਨਕ ਤੇ ਪ੍ਰੇਰਨਾਦਾਇਕ ਸਾਬਤ ਹੋਇਆ, ਜਿਸ ਨਾਲ ਉਨ੍ਹਾਂ ਵਿੱਚ ਵਪਾਰ ਤੇ ਉਦਯਮਿਤਾ ਦੇ ਖੇਤਰ ਵਿੱਚ ਨਵੇਂ ਆਕਾਸ਼ ਛੂਹਣ ਦੀ ਪ੍ਰੇਰਨਾ ਜਾਗੀ।ਦੌਰੇ ਦੀ ਅਗਵਾਈ ਕਾਮਰਸ ਵਿਭਾਗ ਦੇ ਅਧਿਆਪਕ ਕੁਲਦੀਪ ਸਿੰਘ ਵੱਲੋਂ ਕੀਤੀ ਗਈ।ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਉਦਯੋਗਿਕ ਦੌਰੇ ਵਿਦਿਆਰਥੀਆਂ ਨੂੰ ਪੁਸਤਕਾਂ ਤੋਂ ਪਰੇ ਜਾ ਕੇ ਅਸਲੀ ਦੁਨੀਆ ਦੇ ਤਜਰਬੇ ਨਾਲ ਜੋੜਦੇ ਹਨ, ਜਿਸ ਨਾਲ ਉਨ੍ਹਾਂ ਦੀ ਸਿੱਖਣ ਦੀ ਸਮਰੱਥਾ ਤੇ ਵਿਸ਼ਲੇਸ਼ਣ ਸ਼ਕਤੀ ਵਿੱਚ ਵਾਧਾ ਹੁੰਦਾ ਹੈ।ਸਕੂਲ ਪ੍ਰਬੰਧ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ ਪ੍ਰਬੰਧਕ ਸਤੀਸ਼ ਕੁਮਾਰ ਵੱਲੋਂ ਜਗਤਜੀਤ ਗਰੁੱਪ ਆਫ ਇੰਡਸਟ੍ਰੀਜ਼ਦੀ ਮੈਨੇਜਮੈਂਟ ਦਾ ਸਨੇਹੀ ਸਵਾਗਤ ਤੇ ਮਾਰਗਦਰਸ਼ਨ ਲਈ ਹਾਰਦਿਕ ਧੰਨਵਾਦ ਕੀਤਾ ਗਿਆ।

## ਵਿਧਾਇਕ ਦਹੀਆ ਨੇ ਹੜ੍ਹ ਪ੍ਰਭਾਵਤ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਦੇ ਪੱਤਰ ਸੌਂਪੇ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪਿਛਲੇ ਦਿਨੀਂ ਹੋਈਆਂ ਭਾਰੀ ਬਰਸਾਤਾਂ ਤੇ ਦਰਿਆ ਸਤਲੁਜ 'ਚ ਆਏ ਭਿਆਨਕ ਹੜ੍ਹਾਂ ਨਾਲ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਦਰਿਆ ਨਾਲ ਲਗਦੇ ਇਲਾਕੇ ਵਿੱਚ ਜਿਹੜੇ ਵੀ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ ਹੈ, ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਬਣਦੀ ਰਾਸ਼ੀ ਮੁਹੱਈਆ ਕਰਵਾਈ ਜਾ ਰਹੀ ਹੈ ਤਾਂ ਜੋ ਉਹ ਆਪਣੇ ਪਰਵਾਰਾਂ ਦੇ ਪੇਟ ਪਾਲਣ ਦੇ ਨਾਲ ਨਾਲ ਅਗਲੀਆਂ ਫਸਲਾਂ ਦੀ ਬਿਜਾਈ ਕਰ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਪਿੰਡ ਲੱਖਾ ਸਿੰਘ ਵਾਲਾ ਹਿਠਾੜ ਵਿਖ਼ੇ ਹੜ੍ਹਾਂ ਨਾਲ ਪ੍ਰਭਾਵਤ ਹੋਏ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਦੇ ਪੱਤਰ ਵੰਡਣ ਸਮੇਂ ਕੀਤਾ। ਉਨ੍ਹਾ ਕਿਹਾ ਕਿ ਖਰਾਬ ਹੋਈਆਂ ਫਸਲਾਂ ਦੀ ਭਰਪਾਈ ਕਰ ਸਕਣਾ ਬਹੁਤ ਮੁਸ਼ਕਲ ਹੈ, ਪਰੰਤੂ ਫਿਰ ਵੀ ਸਰਕਾਰ ਵੱਲੋਂ ਵੀਹ ਹਜ਼ਾਰ ਰੁਪਏ ਪ੍ਰਤੀ ਏਕੜ ਦੀ ਜੋ ਮੁਆਵਜ਼ਾ ਰਾਸ਼ੀ ਐਲਾਨੀ ਗਈ ਹੈ, ਉਹ ਅੱਜ ਵੰਡੀ ਜਾਣੀ ਹੈ। ਉਨ੍ਹਾ ਕਿਹਾ ਕਿ ਇਸ ਪਿੰਡ ਲੱਖਾ ਸਿੰਘ ਵਾਲਾ ਹਿਠਾੜ ਦੇ 210 ਕਿਸਾਨਾਂ ਨੂੰ 50 ਲੱਖ ਰੁਪਏ ਦੇ ਕਰੀਬ ਰਾਸ਼ੀ ਤਿੰਨ ਕਿਸ਼ਤਾਂ ਵਿੱਚ ਵੰਡੀ ਜਾਣੀ ਹੈ ਜੋ ਕਿ ਅੱਜ ਪਹਿਲੀ ਕਿਸ਼ਤ ਵਜੋਂ 75 ਕਿਸਾਨ ਪਰਿਵਾਰਾਂ ਨੂੰ 50 ਲੱਖ ਰੁਪਏ ਦੇ ਕਰੀਬ ਰਾਸ਼ੀ ਵੰਡੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਇਸ ਤੋਂ ਬਾਅਦ ਅਗਲੇ ਕੁਝ ਦਿਨਾਂ ਵਿੱਚ ਹੀ ਅਗਲੀਆਂ ਦੋ ਕਿਸ਼ਤਾਂ ਰਾਹੀਂ ਪ੍ਰਭਾਵਤ ਕਿਸਾਨਾਂ ਨੂੰ ਬਣਦੀ ਰਾਸ਼ੀ ਵੰਡੀ ਜਾਵੇਗੀ। ਇਸ ਮੌਕੇ ਉਨ੍ਹਾ ਨਾਲ ਸ੍ਰੀ ਅਵਿਨਾਸ਼ ਚੰਦਰ ਨਾਇਬ ਤਹਿਸੀਲਦਾਰ ਮਮਦੋਟ, ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ, ਨਿਰਵੈਰ ਸਿੰਘ ਸਿੰਧੀ ਜ਼ਿਲ੍ਹਾ ਮੀਡੀਆ ਇੰਚਾਰਜ ਸੋਨੂੰ ਗੇਡਰ, ਕੁਲਦੀਪ ਸਿੰਘ ਤੇ ਰਮਨ ਧਵਨ ਪਟਵਾਰੀ ਵੀ ਸਨ।

## ਰਾਜਾ ਵੜਿੰਗ ਖਿਲਾਫ਼ ਲੜਾਈ ਜਾਰੀ ਰੱਖਾਂਗੇ : ਜੋਧਪੁਰੀ, ਦਲਿਤ ਸੈਨਾ ਪੰਜਾਬ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਦਲਿਤ ਸਮਾਜ ਦੇ ਸਨਮਾਨਤ ਤੇ ਸੀਨੀਅਰ ਲੀਡਰ ਰਹੇ ਬੂਟਾ ਸਿੰਘ 'ਤੇ ਰੰਗ, ਜਾਤ ਤੇ ਨਸਲ ਭੇਦੀ ਟਿੱਪਣੀ ਕਰਕੇ ਅਪਮਾਨਤ ਕਰਨ ਖਿਲਾਫ਼ ਅਮਰਿੰਦਰ ਸਿੰਘ ਰਾਜਾ ਵੜਿੰਗ ਸੰਸਦ ਮੈਂਬਰ ਤੇ ਪੰਜਾਬ ਪ੍ਰਧਾਨ ਕਾਂਗਰਸ ਤੇ ਐਸ.ਸੀ.ਐਸ.ਟੀ ਐਕਟ ਅਧੀਨ ਪਰਚਾ ਦਰਜ ਕਰਨ ਸਬੰਧੀ ਦਲਿਤ ਸੈਨਾ ਪੰਜਾਬ ਦੇ ਵਫ਼ਦ ਵੱਲੋਂ ਐਸ.ਐਸ.ਪੀ ਬਠਿੰਡਾ ਨੂੰ ਦਿੱਤਾ ਗਿਆ ਲਿਖਤੀ ਪੱਤਰ।ਇਸ ਮੌਕੇ ਦਲਿਤ ਸੈਨਾ ਪੰਜਾਬ ਦੇ ਪ੍ਰਧਾਨ ਗੁਰਤੇਜ ਸਿੰਘ ਜੋਧਪੁਰੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਤੇ ਦਲਿਤ ਸਮਾਜ ਦੇ ਮਜ਼ਬੀ ਸਿੱਖ ਪਰਿਵਾਰ 'ਚ ਪੈਦਾ ਹੋਏ ਅਤੇ ਬੀਏ, ਐਮਏ ਤੇ ਪੀਐਚਡੀ ਤੱਕ ਦੀ ਉੱਚ ਸਿੱਖਿਆ ਪ੍ਰਾਪਤ ਇੱਕ ਸਨਮਾਨਤ ਨੇਤਾ ਵਜੋਂ ਪੰਜਾਬ ਤੇ ਭਾਰਤ ਦੀ ਰਾਜਨੀਤੀ ਵਿੱਚ ਵਿਚਰੇ ਮਰਹੂਮ ਬੂਟਾ ਸਿੰਘ ਜਿੱਥੇ ਉਹ ਵੱਖ-ਵੱਖ ਵਿਭਾਗਾਂ ਵਿੱਚ ਮੰਤਰੀ ਰਹੇ, ਉੱਥੇ ਉਨ੍ਹਾਂ ਨੇ ਭਾਰਤ ਦੇ ਗ੍ਰਹਿ ਮੰਤਰੀ, ਬਿਹਾਰ ਦੇ ਰਾਜਪਾਲ ਤੇ ਨੈਸ਼ਨਲ ਐਸੀ ਕਮਿਸ਼ਨ ਦੇ ਚੇਅਰਮੈਨ ਵਜੋਂ ਵੀ ਆਪਣੀ ਵੱਡੀ ਭੂਮਿਕਾ ਨਿਭਾਈ।ਮੌਜੂਦਾ ਚੱਲ ਰਹੀ ਤਰਨਤਾਰਨ ਦੀ ਜ਼ਿਮਨੀ ਚੋਣ 'ਚ ਅਮਰਿੰਦਰ ਸਿੰਘ ਰਾਜਾ ਵੜਿੰਗ ਪੰਜਾਬ ਪ੍ਰਧਾਨ ਕਾਂਗਰਸ ਵੱਲੋਂ ਉਨ੍ਹਾਂ ਖਿਲਾਫ ਉਨ੍ਹਾਂ ਦੇ ਰੰਗ, ਜਾਤ ਤੇ ਨਸਲੀ ਭੱਦੀ ਟਿੱਪਣੀ ਕਰਕੇ ਉਨ੍ਹਾਂ ਦੇ ਸਾਰੇ ਸਮਾਜ ਨੂੰ ਅਪਮਾਨਤ ਕੀਤਾ ਗਿਆ ਹੈ।ਇਸ 'ਤੇ ਸਾਰੇ ਦਲਿਤ ਸਮਾਜ ਦੇ ਹਿਰਦੇ ਵਲੂੰਧਰੇ ਗਏ ਹਨ।

# ਠੇਕਾ ਮੁਲਾਜ਼ਮਾਂ ਵੱਲੋਂ ਤਰਨ ਤਾਰਨ ਹਲਕੇ 'ਚ ਝੰਡਾ ਮਾਰਚ ਕਰਨ ਦਾ ਐਲਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ, ਪਵਨਦੀਪ ਸਿੰਘ, ਜਗਰੂਪ ਸਿੰਘ, ਗੁਰਵਿੰਦਰ ਸਿੰਘ ਪੰਨੂੰ, ਸਿਮਰਨਜੀਤ ਸਿੰਘ ਨੀਲੋਂ, ਸ਼ੇਰ ਸਿੰਘ ਖੰਨਾ, ਜਸਪ੍ਰੀਤ ਸਿੰਘ ਗਗਨ, ਗੁਰਪ੍ਰੀਤ ਸਿੰਘ ਢਿੱਲੋਂ, ਰਮਨਦੀਪ ਸਿੰਘ ਨੇ ਕਿਹਾ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ 'ਚ ਆਈ 'ਆਪ ਸਰਕਾਰ' ਨੇ ਆਪਣੇ ਪੌਣੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਹਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ ਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀ-ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜ਼ਬੂਰ ਕੀਤਾ ਹੋਇਆ ਹੈ। ਸਰਕਾਰੀ ਵਿਭਾਗਾਂ ਜਿਵੇਂ ਕਿ ਜਲ ਸਪਲਾਈ ਤੇ ਸੈਨੀਟੇਸ਼ਨ, ਪਾਵਰਕਾਮ ਤੇ ਟ੍ਰਾਂਸਕੋ ਸਮੇਤ ਸਮੂਹ ਸਰਕਾਰੀ ਥਰਮਲ ਪਲਾਂਟਾਂ ਤੇ ਹਾਈਡਲ ਪ੍ਰਾਜੈਕਟਾਂ, ਵੇਰਕਾ ਮਿਲਕ ਤੇ ਕੈਟਲ ਫੀਡ ਪਲਾਂਟਾਂ, ਵਾਟਰ ਸਪਲਾਈ ਤੇ ਸੀਵਰੇਜ਼ ਬੋਰਡ, ਲੋਕ ਨਿਰਮਾਣ ਵਿਭਾਗ (ਬਿਜਲੀ ਵਿੰਗ) ਤੇ ਫ਼ਰਦ ਕੇਂਦਰਾਂ ਆਦਿ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ ਤੇ ਤਨਦੇਹੀ ਨਾਲ ਸੇਵਾਵਾਂ ਦੇ ਰਹੇ ਆਊਟਸੋਰਸ਼ਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਗਿਆ, ਜਿਸ ਤੋਂ ਸਿੱਧ ਹੁੰਦਾ ਹੈ ਕਿ 'ਆਪ ਸਰਕਾਰ' ਵੀ ਪਿਛਲੀਆਂ ਸਰਕਾਰਾਂ ਦੀ ਤਰਾਂ ਆਊਟਸੋਰਸ਼ਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨਾਲ਼ ਨੰਗਾ-ਚਿੱਟਾ ਧੋਖਾ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਕੇਂਦਰ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ ਤੇ ਨਿੱਜੀਕਰਨ ਦਾ ਹੱਲਾ ਵਿੱਢਿਆ ਹੋਇਆ ਹੈ ਤੇ ਨਿੱਜੀਕਰਨ ਦੇ ਇਸ ਹੱਲੇ ਤਹਿਤ ਹੀ ਸਮੂਹ ਸਰਕਾਰੀ ਵਿਭਾਗਾਂ ਵਿੱਚੋਂ ਕੰਮ-ਭਾਰ ਨੀਤੀ ਮੁਤਾਬਿਕ ਤਹਿ ਕੀਤੀਆਂ ਪੱਕੀਆਂ ਅਸਾਮੀਆਂ ਦਾ ਖਾਤਮਾ ਕੀਤਾ ਜਾ ਰਿਹਾ ਹੈ

# ਪੰਜਾਬ 'ਵਰਸਿਟੀ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ



**ਜਗਰਾਓਂ (ਨਛੱਤਰ ਸੰਧੂ)**

ਸਥਾਨਕ ਕਮੇਟੀ ਪਾਰਕ 'ਚ ਇਕੱਠੇ ਹੋ ਕੇ ਜਨਤਕ ਜਥੇਬੰਦੀਆਂ ਦੇ ਵਰਕਰਾਂ ਨੇ ਪੰਜਾਬ ਯੂਨੀਵਰਸਿਟੀ ਦੇ ਜਮਹੂਰੀ ਢਾਂਚੇ ਨੂੰ ਤਬਾਹ ਕਰਕੇ ਉਸ ਨੂੰ ਕੇਂਦਰ ਸਰਕਾਰ ਦੇ ਕੰਟਰੋਲ 'ਚ ਲਿਆਉਣ ਦੀ ਕੋਸ਼ਿਸ਼ ਦਾ ਰੋਸ ਪ੍ਰਦਰਸ਼ਨ ਕਰਕੇ ਜ਼ਬਰਦਸਤ ਵਿਰੋਧ ਦਾ ਇਜ਼ਹਾਰ ਕੀਤਾ।ਇਸ ਸਮੇਂ ਕਾਲਜ ਟੀਚਰਜ਼ ਐਸੋਸੀਏਸ਼ਨ ਦੇ ਆਗੂ ਡਾ. ਵਰੁਣ ਗੋਇਲ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਕੰਵਲਜੀਤ ਖੰਨਾ, ਏਟਕ ਆਗੂ ਗੁਰਦੀਪ ਸਿੰਘ ਮੌਂਜੀ, ਦਲਜੀਤ ਕੌਰ ਹਠੂਰ ਪਰਿੰਸੀਪਲ, ਅਵਤਾਰ ਸਿੰਘ ਨਗਰ ਸੁਧਾਰ ਸਭਾ, ਗੁਰਮੇਲ ਸਿੰਘ ਰੂਮੀ ਆਦਿ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਤਹਿਤ ਸਿੱਖਿਆ ਦੇ ਨਿੱਜੀਕਰਨ, ਵਪਾਰੀ ਕਰਨ, ਕੇਂਦਰੀਕਰਨ ਦੀ ਨੀਤੀ ਤਹਿਤ ਦੇਸ ਭਰ ਦੇ ਵਿੱਦਿਅਕ ਅਦਾਰਿਆਂ ਦਾ ਜਮਹੂਰੀ ਢਾਂਚਾ ਤਬਾਹ ਕਰ ਕੇ ਭਗਵਾਕਰਨ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਸਿੱਖਿਆ ਰਾਜ ਸਰਕਾਰਾਂ ਦਾ ਵਿਸ਼ਾ ਹੈ, ਪਰ ਨਵੀਂ ਸਿੱਖਿਆ ਨੀਤੀ 2020 ਤਹਿਤ ਸਿੱਖਿਆ ਦਾ ਹੱਕ ਬਹੁਗਿਣਤੀ ਆਮ ਲੋਕਾਂ ਤੋਂ ਖੋਹਣ ਲਈ ਜੇ ਐੱਨ ਯੂ ਵਾਂਗ ਸਾਰੀਆਂ ਯੂਨੀਵਰਸਿਟੀਆਂ ਤੇ ਲੋਕ ਵਿਰੋਧੀ ਫ਼ਰਮਾਨ ਠੋਸੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਸ਼ਾਨਾਂਮੱਤੀ ਵਿਰਾਸਤ ਤੇ ਡਾਕੇ ਖਿਲਾਫ ਕਿਸਾਨ ਅੰਦੋਲਨ ਦੀ ਤਰਜ਼ ਤੇ ਸੰਘਰਸ਼ ਲੜਿਆ ਜਾਵੇਗਾ।ਇਸ ਸਮੇਂ ਕਮੇਟੀ ਪਾਰਕ ਤੋਂ ਝਾਂਸੀ ਚੌਂਕ ਤਕ ਰੋਸ ਮਾਰਚ ਕੀਤਾ।ਰਾਣੀ ਝਾਂਸੀ ਚੌਂਕ 'ਚ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ ਖਿਲਾਫ ਨੋਟੀਫਿਕੇਸ਼ਨ ਦੀ ਕਾਪੀ ਪੈਨਸ਼ਨਰ ਸਾਂਝਾ ਫਰੰਟ ਦੇ ਆਗੂ ਜਸਵੰਤ ਸਿੰਘ ਕਲੇਰ ਨੇ ਅੱਗ ਲਗਾ ਕੇ ਸਾੜ ਕੇ ਰੋਸ ਪ੍ਰਗਟ ਕੀਤਾ।ਇਸ ਸਮੇਂ ਬੀ ਕੇ ਯੂ ਡਕੌਂਦਾ ਦੇ ਆਗੂ ਜਥੇਦਾਰ ਬਲਬੀਰ ਸਿੰਘ ਅਗਵਾੜ ਲੋਪੋ, ਜਗਦੀਸ਼ ਸਿੰਘ ਕਾਉਂਕੇ, ਮਾਸਟਰ ਹਰਭਜਨ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਨਸ਼ਾ ਤਕਸਰ ਦੀ 24 ਲੱਖ ਰੁਪਏ ਦੀ ਪ੍ਰਾਪਰਟੀ ਫਰੀਜ਼, ਲਾਇਆ ਨੋਟਿਸ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਾ. ਅਖਿਲ ਚੌਧਰੀ ਆਈ.ਪੀ.ਐਸ, ਐਸ.ਐਸ.ਪੀ ਵੱਲੋਂ ਨਸ਼ਾ ਤਸਕਰਾਂ ਖਿਲਾਫ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ।

ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜਿਨ੍ਹਾਂ ਨਸ਼ਾ ਤਸਕਰਾਂ ਖਿਲਾਫ ਐਨ.ਡੀ.ਪੀ.ਐਸ ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮੇ ਦਰਜ ਹਨ, ਉਨ੍ਹਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਪ੍ਰਾਪਰਟੀ ਨੂੰ ਫਰੀਜ਼ ਕਰਾਉਣ ਲਈ 68-ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜਿਆ ਜਾ ਰਿਹਾ ਹੈ।ਈਸ਼ਾਨ ਸਿੰਗਲਾ ਡੀ.ਐਸ.ਪੀ, (ਲੰਬੀ) ਤੇ ਇੰਸਪੈਕਟਰ ਗੁਰਵਿੰਦਰ ਸਿੰਘ ਮੁੱਖ ਅਫਸਰ ਥਾਣਾ ਲੰਬੀ ਵੱਲੋਂ ਜਸਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਕੱਖਾਂਵਾਲੀ ਦੀ ਪ੍ਰਾਪਰਟੀ ਨੂੰ ਕਾਨੂੰਨੀ ਪ੍ਰੀਕਿਰਿਆ ਅਨੁਸਾਰ ਫ਼ਰੀਜ ਕਰਾਇਆ ਗਿਆ ਹੈ ਅਤੇ ਕੰਪੀਟੈਂਟ ਅਥਾਰਟੀ ਵੱਲੋਂ ਜਾਰੀ ਫਰੀਜਿੰਗ ਆਡਰਾਂ ਨੂੰ ਦਾਰਾ ਸਿੰਘ ਦੀ ਪ੍ਰਾਪਰਟੀ ਦੇ ਬਾਹਰ ਲਾਇਆ ਗਿਆ। ਜਾਣਕਾਰੀ ਅਨੁਸਾਰ ਜਸਵਿੰਦਰ ਸਿੰਘ ਸ਼ਿੰਦੂ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਕੱਖਾਂਵਾਲੀ ਦੇ ਖਿਲਾਫ ਮੁਕੱਦਮਾ ਐਨ.ਡੀ.ਪੀ.ਐਸ ਐਕਟ ਥਾਣਾ ਲੰਬੀ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮਾ ਦਰਜ ਹੈ, ਜਿਸ ਪਾਸੋਂ ਭੁੱਕੀ ਚੂਰਾ ਪੋਸਤ ਬਰਾਮਦ ਕੀਤੀ ਗਈ ਸੀ, ਜਿਸ ਵੱਲੋਂ ਨਸ਼ਾ ਤਸਕਰੀ ਕਰਕੇ ਪ੍ਰਾਪਰਟੀ ਬਣਾਈ ਗਈ ਸੀ, ਜਿਸ ਪ੍ਰਾਪਰਟੀ ਦੀ ਕੁੱਲ ਕੀਮਤ 24,00,000 ਰੁਪਏ ਬਣਦੀ ਸੀ, ਜਿਸ 'ਤੇ ਜਸਵਿੰਦਰ ਸਿੰਘ 0 ਸ਼ਿੰਦੂ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਕੱਖਾਂਵਾਲੀ ਦੀ ਉਕਤ ਪ੍ਰਾਪਰਟੀ ਨੂੰ ਫਰੀਜ਼ ਕਰਾਉਣ ਲਈ 68-ਐਫ. ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਨੂੰ ਭੇਜਿਆ ਸੀ, ਜਿਸ ਦੇ ਆਰਡਰ ਮੌਸੂਲ ਹੋਣ 'ਤੇ ਉਸਦੀ ਪ੍ਰਾਪਰਟੀ ਦੇ ਬਾਹਰ ਫਰੀਜਿੰਗ ਆਰਡਰ ਨੂੰ ਲਾਇਆ ਗਿਆ ਹੈ।ਜਸਵਿੰਦਰ ਸਿੰਘ ਸ਼ਿੰਦੂ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਕੱਖਾਂਵਾਲੀ ਇਹ ਪ੍ਰਾਪਰਟੀ ਵੇਚ ਨਹੀ ਸਕੇਗਾ ਤੇ ਜਿਸ ਸਬੰਧੀ ਕੇਸ ਕੰਪੀਟੈਂਟ ਅਥਾਰਟੀ ਪਾਸ ਚੱਲੇਗਾ।ਐਸ.ਐਸ.ਪੀ. ਨੇ ਦੱਸਿਆ ਕਿ ਸਾਲ 2025 ਤੋਂ ਲੈ ਕੇ ਅੱਜ ਤੱਕ ਕੁੱਲ 30 ਕੇਸ 68-ਐਫ ਐਨ.ਡੀ.ਪੀ.ਐਸ. ਐਕਟ ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 28 ਕੇਸ ਮਨਜ਼ੂਰ ਹੋ ਚੁੱਕੇ ਹਨ, ਜਿਨ੍ਹਾਂ ਦੀ ਪ੍ਰਾਪਰਟੀ ਦੀ ਕੁੱਲ ਕੀਮਤ 3,56,16,798 ਰੁਪਏ ਹੈ।ਬਾਕੀ 1 ਕੇਸ ਅਜੇ ਵੀ ਪੈਂਡਿੰਗ ਹਨ।ਐਸ.ਐਸ.ਪੀ. ਨੇ ਇਹ ਵੀ ਦੱਸਿਆ ਕਿ ਜਿਹੜੇ ਵੀ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਹਨ ਤੇ ਜਿਨ੍ਹਾਂ ਵੱਲੋਂ ਨਸ਼ਾ ਤਸਕਰੀ ਕਰਕੇ ਪ੍ਰਾਪਰਟੀ/ਜਾਇਦਾਦਾਂ ਬਣਾਈਆਂ ਗਈਆਂ ਹਨ, ਨੂੰ ਵੈਰੀਫਾਈ ਕਰਕੇ ਕੰਪੀਟੈਂਟ ਅਥਾਰਟੀ ਪਾਸੋਂ ਫਰੀਜ਼ ਕਰਾਇਆ ਜਾਵੇਗਾ।

## ਅਣਪਛਾਤੇ ਵਿਅਕਤੀ ਦੀ ਹਸਪਤਾਲ 'ਚ ਮੌਤ, ਲਾਸ਼ ਸ਼ਨਾਖਤ ਲਈ ਰੱਖੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਰਾਮਪੁਰਾ ਫੂਲ ਦੇ ਵਿੱਚ ਅੰਬਾਲਾ ਤੋਂ ਬਠਿੰਡਾ ਆ ਰਹੀ ਪਸਿੰਜਰ ਰੇਲ ਗੱਡੀ ਵਿੱਚੋਂ ਸਥਿਤ ਗਿੱਲ ਕਲਾਂ ਫਾਟਕ ਦੇ ਨਜ਼ਦੀਕ 29-06-25 ਨੂੰ ਇੱਕ ਵਿਅਕਤੀ ਡਿੱਗਿਆ ਸੀ, ਜੋ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਸੀ, ਜਿਸ ਨੂੰ ਸਹਾਰਾ ਦੀ ਐਬੂਲੈਂਸ ਰਾਹੀਂ ਸਿਵਲ ਹਸਪਤਾਲ ਵਿੱਚ ਲਿਆਂਦਾ ਗਿਆ ਸੀ, ਉਸ ਦੀ ਹਾਲਤ ਬਹੁਤ ਨਾਜ਼ੁਕ ਸੀ। ਡਾਕਟਰਾਂ ਵੱਲੋਂ ਇਲਾਜ ਉਪਰੰਤ ਤੁਰੰਤ ਉਸ ਨੂੰ ਏਮਜ ਹਸਪਤਾਲ ਬਠਿੰਡਾ ਰੈਫਰ ਕਰ ਦਿੱਤਾ ਗਿਆ ਸੀ ਤਾਂ ਸਹਾਰਾ ਦੀ ਟੀਮ ਨੇ ਉਸ ਨੂੰ ਏਮਜ਼ ਦਾਖਲ ਕਰਾਇਆ ਗਿਆ। ਡਾਕਟਰਾਂ ਮੁਤਾਬਕ ਇਹ ਵਿਅਕਤੀ ਕੋਮਾਂ ਵਿੱਚ ਜਾ ਚੁੱਕਿਆ ਸੀ। ਇਸ ਵਿਅਕਤੀ ਕੋਲੋਂ ਕੋਈ ਵੀ ਪਛਾਣ ਪੱਤਰ ਨਹੀਂ ਮਿਲਿਆ ਸੀ। ਜੀ.ਆਰ.ਪੀ, ਰੇਲਵੇ ਪੁਲਿਸ, ਚੌਂਕੀ ਰਾਮਪੁਰਾ ਫੂਲ ਤੇ ਸਹਾਰਾ ਵੱਲੋਂ ਇਸ ਦੀ ਸ਼ਨਾਖਤ ਸਬੰਧੀ ਵਿਸ਼ੇਸ਼ ਉਪਰਾਲੇ ਕੀਤੇ ਗਏ, ਪਰ ਇਸਦੀ ਸ਼ਨਾਖਤ ਨਹੀਂ ਹੋਈ। ਚਾਰ ਮਹੀਨਿਆਂ ਤੋਂ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੇ ਇਸ ਨਾਮਲੂਮ ਵਿਅਕਤੀ ਨੇ ਦਮ ਤੋੜ ਦਿੱਤਾ। ਲਾਸ਼ ਨੂੰ ਰੇਲਵੇ ਪੁਲਸ ਦੀ ਨਿਗਰਾਨੀ ਹੇਠ ਏਮਜ਼ ਹਸਪਤਾਲ ਬਠਿੰਡਾ ਦੀ ਮੋਰਚਰੀ ਵਿੱਚ ਪੋਸਟਮਾਰਟਮ ਤੇ 72 ਘੰਟੇ ਸ਼ਨਾਖਤ ਲਈ ਰੱਖਿਆ ਗਿਆ ਹੈ। ਇਸ ਵਿਅਕਤੀ ਦਾ ਕੱਦ 5 ਫੁੱਟ 6-7 ਇੰਚ, ਰੰਗ ਸਾਫ਼, ਕਲੀਨ ਸ਼ੇਵ, ਸਿਹਤ ਮਜਬੂਤ, ਫਿੱਕੀ ਖਾਕੀ ਪੈਂਟ 'ਤੇ ਬੈਲਟ, ਅਸਮਾਨੀ ਰੰਗ ਦੀ ਸ਼ਰਟ ਪਹਿਨੀ ਹੋਈ ਹੈ। ਉਮਰ ਕਰੀਬ 50 ਸਾਲ ਜਾਪ ਰਹੀ ਹੈ।

# ਕੇਂਦਰ ਦਾ ਪੰਜਾਬ 'ਵਰਸਿਟੀ ਸੰਬੰਧੀ ਫੈਸਲਾ ਵਿਦਿਆਰਥੀ ਤੇ ਸਿੱਖਿਆ ਵਿਰੋਧੀ : ਡੀ ਟੀ ਐੱਫ



**ਪਟਿਆਲਾ (ਰਾਜਿੰਦਰ ਥਿੰਦ)**

ਡੀ.ਟੀ.ਐੱਫ. ਵੱਲੋਂ ਕੇਂਦਰ ਸਰਕਾਰ ਦੇ ਪੰਜਾਬ ਯੂਨੀਵਰਸਿਟੀ ਸਬੰਧੀ ਫੈਸਲੇ ਖਿਲਾਫ ਖੜੀ ਹੋਈ ਵਿਦਿਆਰਥੀ ਲਹਿਰ ਨਾਲ ਇੱਕਜੁੱਟਤਾ ਪ੍ਰਗਟਾਉਂਦੇ ਹੋਏ ਕੇਂਦਰ ਸਰਕਾਰ ਦੇ ਇਸ ਫੈਸਲੇ ਵਿਰੁੱਧ ਪਟਿਆਲਾ ਜਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਬਾਹਰ ਸਿੱਖਿਆ ਤੇ ਪੰਜਾਬ ਦੇ ਹਿੱਤਾਂ ਨਾਲ ਸਰੋਕਾਰ ਰੱਖਦੇ ਸਥਾਨਕ ਲੋਕਾਂ ਨੂੰ ਨਾਲ ਲੈ ਕੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਸਬੰਧੀ ਵਿਸਤ੍ਰਤ ਜਾਣਕਾਰੀ ਦਿੰਦਿਆਂ ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਰੱਖੜਾ, ਸਕੱਤਰ ਜਸਪਾਲ ਚੌਧਰੀ ਅਤੇ ਖਜ਼ਾਨਚੀ ਰਾਜਿੰਦਰ ਸਿੰਘ ਸਮਾਨਾ ਨੇ ਦੱਸਿਆ ਕਿ ਇਸ ਫੈਸਲੇ ਅਧੀਨ ਸੈਨੇਟ ਦੀ ਤਾਕਤ ਮੌਜੂਦਾ 97 ਮੈਂਬਰਾਂ ਤੋਂ ਘਟਾ ਕੇ 31 ਕਰ ਦਿੱਤੀ ਗਈ ਹੈ, ਜਿਸ ਵਿੱਚ ਹੁਣ 16 ਚੁਣੇ ਹੋਏ ਅਤੇ 8 ਨਾਮਜ਼ਦ ਮੈਂਬਰ ਹੀ ਸ਼ਾਮਿਲ ਹੋਣਗੇ, ਇਸ ਤਰ੍ਹਾਂ ਲੋਕਤੰਤ੍ਰਿਕ ਪ੍ਰਕਿਰਿਆ ਅਧੀਨ ਪੰਜਾਬ ਤੇ ਚੰਡੀਗੜ੍ਹ ਦੇ ਰਜਿਸਟਰਡ ਗਰੈਜੂਏਟਾਂ ਰਾਹੀਂ 15 ਮੈਂਬਰ ਚੁਣਨ ਦਾ ਪੁਰਾਣਾ ਚਲਣ ਮੁੱਢੋਂ ਖ਼ਤਮ ਕਰ ਦਿੱਤਾ ਗਿਆ ਹੈ ਅਤੇ ਪੰਜਾਬ ਦੀ ਨੁਮਾਇੰਦਗੀ ਨੂੰ ਘੱਟ ਗਿਣਤੀ 'ਚ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਸਿੰਡੀਕੇਟ ਦੀ ਤਾਕਤ ਨੂੰ ਵੀ ਸੀਮਤ ਕਰਕੇ, ਸਾਰੀ ਫ਼ੈਸਲਾਕੁੰਨ ਤਾਕਤ ਵਾਈਸ ਚਾਂਸਲਰ ਨੂੰ ਦੇ ਦਿੱਤੀ ਹੈ, ਜੋ ਸਿੱਧਾ ਕੇਂਦਰ ਅਧੀਨ ਕੰਮ ਕਰੇਗਾ। ਜ਼ਿਕਰਯੋਗ ਹੈ ਕਿ ਨਵੇਂ ਨੋਟੀਫਿਕੇਸ਼ਨ ਅਨੁਸਾਰ ਸਿੰਡੀਕੇਟ ਦੇ 15 ਮੈਂਬਰਾਂ ਵਿੱਚੋਂ 10 ਮੈਂਬਰ ਵੀ ਹੁਣ ਕਿਸੇ ਤਰ੍ਹਾਂ ਦੀ ਚੋਣ ਪ੍ਰਕਿਰਿਆ ਦੀ ਥਾਂ ਵਾਈਸ ਚਾਂਸਲਰ ਵੱਲੋਂ ਸਿੱਧਾ ਨਾਮਜਦ ਕੀਤੇ ਜਾਣਗੇ। ਇਸ ਪ੍ਰਕਾਰ ਇਹ ਫ਼ੈਸਲਾ ਪੰਜਾਬ ਤੋਂ ਪੰਜਾਬ ਯੂਨੀਵਰਸਿਟੀ ਖੋਹਣ ਵਾਲਾ ਅਤੇ ਸਿੱਖਿਆ ਦੇ ਖੇਤਰ ਵਿੱਚ ਕੇਂਦਰ ਸਰਕਾਰ ਦੀ ਕੇਂਦਰੀਕਰਨ ਦੀ ਨੀਤੀ ਤਹਿਤ ਸੈਨੇਟ ਵਰਗੇ ਮਹੱਤਵ ਪੂਰਨ ਅਦਾਰੇ ਨੂੰ ਤੱਤ ਰੂਪ ਵਿੱਚ ਖ਼ਤਮ ਕਰਨ ਵਾਲਾ ਫ਼ੈਸਲਾ ਹੈ।

## ਮਨੁੱਖੀ ਦ੍ਰਿੜ੍ਹਤਾ ਤੇ ਪ੍ਰਤਿਭਾ ਸਭ ਤੋਂ ਸ਼ੁੱਧ ਪਲੇਟਫਾਰਮ : ਡਾ. ਅਰੁਣ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਕ੍ਰਿਕਟ ਪ੍ਰੇਮੀ ਤੇ ਖਿਡਾਰੀ ਡਾ. ਅਰੁਣ ਨੇ ਸਮਝਾਇਆ ਕਿ ਖੇਡ ਦਾ ਮੈਦਾਨ ਮਨੁੱਖੀ ਦ੍ਰਿੜਤਾ ਤੇ ਪ੍ਰਤਿਭਾ ਲਈ ਸਭ ਤੋਂ ਸ਼ੁੱਧ ਪਲੇਟਫਾਰਮ ਹੈ।ਇੱਥੇ ਕੋਈ ਪਛਾਣ ਮਾਇਨੇ ਨਹੀਂ ਰੱਖਦੀ-ਸਿਵਾਏ ਉਸ ਦੇ ਜੋ ਬੱਲੇ, ਗੇਂਦ ਜਾਂ ਦੌੜ ਨਾਲ ਪ੍ਰਦਰਸ਼ਨ ਦੁਆਰਾ ਬਣਾਈ ਗਈ ਹੋਵੇ।ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਬੱਲੇਬਾਜ਼ ਜੇਮੀਮਾ ਰੌਡਰਿਗਜ਼ ਦੀ ਮੈਚ ਜੇਤੂ ਪਾਰੀ ਸਿਰਫ਼ ਇੱਕ ਸਕੋਰਬੋਰਡ ਨਹੀਂ ਸੀ, ਇਹ ਸਾਲਾਂ ਦੀ ਸਖ਼ਤ ਮਿਹਨਤ, ਅਟੱਲ ਫੋਕਸ ਅਤੇ ਅੰਦਰੂਨੀ ਤਾਕਤ ਦਾ ਇੱਕ ਸ਼ਾਨਦਾਰ ਪ੍ਰਦਰਸ਼ਨ ਸੀ।ਜਦੋਂ ਮੈਚ ਤੋਂ ਬਾਅਦ ਥਕਾਵਟ ਨਾਲ ਜੂਝਦਿਆਂ ਉਸਨੇ ਬਾਈਬਲ ਦੀ ਆਇਤ ਸਟੈਂਡ ਸਟਿਲ ਐਂਡ ਗੌਡ ਵਿਲ ਫਾਈਟ ਫਾਰ ਯੂ ਦਾ ਪਾਠ ਕੀਤਾ, ਕੁਝ ਲੋਕਾਂ ਨੇ ਇਸਨੂੰ ਖੇਡਾਂ ਅਤੇ ਧਰਮ ਦਾ ਮੇਲ ਕਿਹਾ।ਹਰ ਮਹਾਨ ਖਿਲਾੜੀ ਆਪਣੇ ਸਿਖਰਲੇ ਪਲਾਂ ਵਿੱਚ ਇੱਕ ਨਿੱਜੀ ਜ਼ੀਰੋ ਪੁਆਇੰਟ ਤੋਂ ਪ੍ਰੇਰਨਾ ਲੈਂਦਾ ਹੈ।ਇਹ ਇੱਕ ਡੂੰਘਾ ਨਿੱਜੀ, ਪਵਿੱਤਰ ਸਰੋਤ ਹੈ।ਕੁੱਝ ਲਈ ਇਹ ਪ੍ਰੇਰਣਾ ਸਾਲਾਂ ਦੀ ਸਖ਼ਤ ਅਭਿਆਸ ਦੀ ਯਾਦ ਹੋ ਸਕਦੀ ਹੈ, ਦੂਜਿਆਂ ਲਈ ਬਚਪਨ ਦੇ ਕੋਚ ਦਾ ਮੰਤਰ, ਕਈਆਂ ਲਈ, ਪਰਵਾਰ ਦਾ ਹੌਸਲਾ ਤੇ ਕਈਆਂ ਲਈ ਇਹ ਡੂੰਘੀ ਨਿਹਚਾ ਤੋਂ ਪੈਦਾ ਹੋਇਆ ਵਿਸ਼ਵਾਸ ਹੋ ਸਕਦਾ ਹੈ।

## ...ਸ.ਫਾ 1 ਦੇ ਬਾਕੀ

### ਹਰਮਿੰਦਰ ਕੋਹਾਰਵਾਲਾ...

ਤਕਨੀਕ ਨੂੰ ਸਮੁੱਚੀ ਮਨੁੱਖਤਾ ਦੇ ਭਲੇ ਲਈ ਵਰਤਿਆ ਜਾਵੇ, ਇਸ ਨਾਲ ਸਾਰੇ ਮਨੁੱਖਾਂ ਦੀਆਂ ਲੋੜਾਂ ਨੂੰ ਪੂਰਿਆਂ ਕੀਤਾ ਜਾ ਸਕਦਾ ਹੈ।'ਗੁਰੂ ਤੇਗ ਬਹਾਦਰ ਜੀ ਦੀ ਬਾਣੀ ਦਾ ਇਤਿਹਾਸਕ ਮਹੱਤਵ' ਵਿਸ਼ੇ 'ਤੇ ਗੱਲ ਕਰਦਿਆਂ ਉੱਘੇ ਚਿੰਤਕ ਪ੍ਰੋਫੈਸਰ ਸੁਖਦੇਵ ਸਿਰਸਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਲੋਕਾਂ ਦੇ ਹੱਕਾਂ ਤੇ ਸਰਮਾਏਦਾਰੀ ਪ੍ਰਬੰਧ ਫਾਸ਼ੀਵਾਦ, ਨਿੱਜੀਕਰਨ, ਉਦਾਰੀਕਰਨ ਵਰਗੇ ਤਰੀਕਿਆਂ ਨਾਲ ਡਾਕਾ ਮਾਰ ਰਿਹਾ ਹੈ, ਉਸ ਵੇਲੇ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਅਤੇ ਸ਼ਹਾਦਤ ਦਾ ਮਹੱਤਵ ਹੋਰ ਵਧ ਜਾਂਦਾ ਹੈ।ਇਸ ਮੌਕੇ ਮਨੁੱਖ ਗੁਰੂ ਤੇਗ ਬਹਾਦਰ ਦੇ ਦਿੱਤੇ ਹੋਏ ਰਸਤੇ 'ਤੇ ਨਿਰਭਓ ਅਤੇ ਨਿਰਵੈਰ ਰਹਿ ਕੇ ਹੀ ਮਨੁੱਖਤਾ ਦੇ ਭਲੇ ਲਈ ਇਸ ਪ੍ਰਬੰਧ 'ਤੇ ਜਿੱਤ ਪ੍ਰਾਪਤ ਕਰ ਸਕਦਾ ਹੈ। 'ਅਧਿਆਪਕ ਅੰਦੋਲਨ ਅਤੇ ਨਵੀਂ ਸਿੱਖਿਆ ਨੀਤੀ' ਦੇ ਵਿਸ਼ੇ 'ਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਲੇਖਕ ਤੇ ਆਲੋਚਕ ਡਾਕਟਰ ਸੁਰਜੀਤ ਸਿੰਘ ਬਰਾੜ ਨੇ ਕਿਹਾ ਕਿ ਸਾਨੂੰ ਨਵੀਂ ਸਿੱਖਿਆ ਨੀਤੀ 2020 ਦੇ ਹਮਲਿਆਂ ਦਾ ਡਟ ਕੇ ਟਾਕਰਾ ਕਰਨਾ ਪੈਣਾ ਹੈ।ਇਹ ਸਿੱਖਿਆ ਨੀਤੀ ਵਿਦਿਆਰਥੀਆਂ ਤੋਂ ਵਿਗਿਆਨਕ, ਧਰਮ ਨਿਰਪੱਖ ਅਤੇ ਸਮਾਜਵਾਦੀ ਸਿੱਖਿਆ ਖੋਹ ਕੇ ਕੁਝ ਲੋਕਾਂ ਦੇ ਹੱਕ ਵਿੱਚ ਭੁਗਤਣ ਵਾਲੀ ਵਿੱਦਿਆ ਦੇਣ ਵਾਲੀ ਹੈ, ਜਿਸ ਨਾਲ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੂੰ ਸਿੱਖਿਆ ਦੇ ਹੱਕ ਤੋਂ ਵਾਂਝਾ ਕੀਤਾ ਜਾਵੇਗਾ।ਉਹਨਾ ਕਿਹਾ ਕਿ ਚਿੰਤਾ ਦੀ ਗੱਲ ਹੈ ਕਿ ਇਸ ਨੀਤੀ ਤਹਿਤ ਇਤਿਹਾਸ ਦੀ ਥਾਂ ਮਿਥਹਾਸ ਪੜ੍ਹਾਇਆ ਜਾ ਰਿਹਾ ਹੈ, ਜਿਸ ਨਾਲ ਸਾਡੇ ਦੇਸ਼ ਦਾ ਪੂਰੀ ਦੁਨੀਆਂ ਵਿੱਚ ਮਜ਼ਾਕ ਬਣ ਰਿਹਾ ਹੈ।ਕਵੀ ਹਰਮਿੰਦਰ ਸਿੰਘ ਕੋਹਾਰਵਾਲਾ, ਹਾਸ ਵਿਅੰਗ ਲੇਖਕ ਕੇ ਐੱਲ ਗਰਗ ਅਤੇ ਸਾਬਕਾ ਅਧਿਆਪਕ ਆਗੂ ਬਲਵੀਰ ਸਿੰਘ ਰਾਮੂੰਵਾਲਾ ਨੂੰ ਉਹਨਾਂ ਦੀਆਂ ਸਮਾਜ ਨੂੰ ਦਿੱਤੀਆਂ ਸੇਵਾਵਾਂ ਬਦਲੇ ਭਾਰਤੀ ਕਮਿਊਨਿਸਟ ਪਾਰਟੀ ਮੋਗਾ ਅਤੇ ਸਮੂਹ ਬੋਹਨਾ ਪਰਵਾਰ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਦੀਪ ਸਿੰਘ ਮੋਤੀ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਸਰਪੰਚ ਸੁਖਮੰਦਰ ਸਿੰਘ ਬਹੋਨਾ, ਹੰਸ ਰਾਜ ਗੋਲਡਨ, ਸੁਖਦੇਵ ਸ਼ਰਮਾ, ਹਰਪਾਲ ਕੌਰ ਜੀਵਨ ਸਾਥਣ ਕਾਮਰੇਡ ਰਣਧੀਰ ਗਿੱਲ, ਡਾਕਟਰ ਇੰਦਰਵੀਰ ਗਿੱਲ, ਡਾਕਟਰ ਜਸਜੀਤ ਕੌਰ ਗਿੱਲ, ਸੁਖਦੇਵ ਭੋਲਾ , ਗੁਰਦਿੱਤ ਦੀਨਾ, ਸਿਕੰਦਰ ਮਧੇਕੇ, ਬਲਵਿੰਦਰ ਸਿੰਘ ਬੁੱਧ ਸਿੰਘ ਵਾਲਾ, ਸੁਖਜਿੰਦਰ ਮਹੇਸਰੀ, ਕਰਮਵੀਰ ਕੌਰ ਬੱਧਨੀ, ਜਗਸੀਰ ਖੋਸਾ, ਬੂਟਾ ਸਿੰਘ ਭੱਟੀ, ਕੁਲਬੀਰ ਢਿੱਲੋਂ, ਸਟੇਟ ਐਵਾਰਡੀ ਹਰਨੇਕ ਸਿੰਘ ਰੋਡੇ, ਚਰਨਜੀਤ ਛਾਂਗਾਰਾਏ, ਸ਼ੇਰ ਸਿੰਘ ਦੌਲਤਪੁਰਾ, ਕਿਸਾਨ ਆਗੂ ਭਰਪੂਰ ਸਿੰਘ ਸਵੱਦੀ, ਸੂਰਤ ਸਿੰਘ ਧਰਮਕੋਟ, ਭੁਪਿੰਦਰ ਸਿੰਘ ਸੇਖੋਂ, ਰਾਜ ਕੁਮਾਰ, ਟਵਿੰਕਲ ਦੀਪ, ਪਰਮਿੰਦਰ ਸਿੰਘ, ਵਿਦਿਆਰਥੀ ਆਗੂ ਸੁਖਵਿੰਦਰ ਮਲੋਟ, ਸਵਰਾਜ ਖੋਸਾ, ਬੋਹੜ ਬੁੱਟਰ, ਜਸਪ੍ਰੀਤ ਬੱਧਨੀ, ਨਵਜੀਤ ਸੰਗਰੂਰ, ਹਰਬੰਸ ਸਾਗਰ, ਹਰਪਾਲ ਸਿੰਘ ਐਡਵੋਕੇਟ ਆਦਿ ਆਗੂ ਹਾਜ਼ਰ ਸਨ।

### ਕੇਂਦਰ ਪੰਜਾਬ ਦੇ...

ਧੱਕੇਸ਼ਾਹੀ ਕਰਨ ਤੋਂ ਬਾਜ਼ ਆਵੇ।ਪੰਜਾਬ ਆਪਣੇ ਹੱਕਾਂ ਲਈ ਲੜਨਾ ਵੀ ਜਾਣਦਾ ਹੈ ਅਤੇ ਹੱਕ ਲੈਣਾ ਵੀ ਜਾਣਦਾ ਹੈ।ਇਸ ਦੌਰਾਨ ਨਵ-ਨਿਯੁਕਤ ਨੌਜਵਾਨਾਂ ਨੇ ਮੁੱਖ ਮੰਤਰੀ ਸਾਹਮਣੇ ਭਾਵੁਕ ਹੁੰਦਿਆਂ ਆਪਣੇ ਮਨ ਦੇ ਵਲਵਲੇ ਵੀ ਸਾਂਝੇ ਕੀਤੇ।ਇਸ ਮੌਕੇ ਪੰਜਾਬ ਰਾਜ ਬਿਜਲੀ ਨਿਗਮ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਬਸੰਤ ਗਰਗ ਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

### ਹਰਿਆਣਾ 'ਚ ਗੁੰਡਿਆਂ...

ਤੇ ਡੰਡਿਆਂ ਨਾਲ ਹਮਲਾ ਕਰ ਦਿੱਤਾ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਮਲਾਵਰ ਮੌਕੇ ਤੋਂ ਇੱਕ ਕਾਰ ਅਤੇ ਦੋ ਦੋਪਹੀਆ ਵਾਹਨ ਛੱਡ ਕੇ ਭੱਜ ਗਏ ਸਨ। ਸੂਚਨਾ ਮਿਲਦੇ ਹੀ ਸੀਨੀਅਰ ਪੁਲਸ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮਾਂ ਖ਼ਿਲਾਫ਼ ਕਤਲ ਦਾ ਕੇਸ ਦਰਜ ਕਰ ਲਿਆ ਹੈ ਅਤੇ ਜੁਰਮ ਵਾਲੀ ਥਾਂ 'ਤੇ ਛੱਡੇ ਗਏ ਵਾਹਨਾਂ ਨੂੰ ਵੀ ਜ਼ਬਤ ਕਰ ਲਿਆ ਹੈ। ਪੁਲਸ ਨੇ ਫਰਾਰ ਮੁਲਜ਼ਮਾਂ ਨੂੰ ਫੜਨ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਹੈ।

### ਦੇਸ਼ ਦਾ ਨਾਂਅ ...

ਗਿਆ।ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਹਿਲਾਂ ਹੀ ਵੀਡੀਓ ਕਾਲ ਰਾਹੀਂ ਟੀਮ ਕਪਤਾਨ ਹਰਮਨਪ੍ਰੀਤ ਕੌਰ, ਹਰਲੀਨ ਦਿਓਲ ਅਤੇ ਅਮਨਜੋਤ ਕੌਰ ਨੂੰ ਇਸ ਇਤਿਹਾਸਕ ਪ੍ਰਾਪਤੀ 'ਤੇ ਵਧਾਈ ਦਿੱਤੀ ਸੀ। ਹਰਪਾਲ ਸਿੰਘ ਚੀਮਾ ਅਤੇ ਮੀਤ ਹੇਅਰ ਨੇ ਕਿਹਾ ਕਿ ਸਾਡੀਆਂ ਇਹਨਾਂ ਧੀਆਂ ਨੇ ਨਾ ਸਿਰਫ ਪੰਜਾਬ, ਬਲਕਿ ਪੂਰੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾ ਐਲਾਨ ਕੀਤਾ ਕਿ ਕਪਤਾਨ ਹਰਮਨਪ੍ਰੀਤ ਕੌਰ ਦੇ ਪੰਜਾਬ ਪਰਤਣ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਤਿੰਨਾਂ ਖਿਡਾਰਨਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।

## ਡਾ. ਹਰਜੋਤ ਕਮਲ ਦੀ ਅਗਵਾਈ ਹੇਠ ਕਰਾਇਆ ਆਤਮਨਿਰਭਰ ਭਾਰਤ ਸਹੁੰ ਚੁੱਕ ਸਮਾਗਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਅਗਵਾਈ ਹੇਠ ਜ਼ਿਲ੍ਹਾ ਭਾਜਪਾ ਦਫ਼ਤਰ ਵਿਖੇ ਆਤਮਨਿਰਭਰ ਭਾਰਤ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਭਾਜਪਾ ਸਕੱਤਰ ਅਤੇ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਸਾਬਕਾ ਪ੍ਰਧਾਨ ਰੇਣੂ ਥਾਪਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਈਆਂ।ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਤੇਜ਼ੀ ਨਾਲ ਆਤਮਨਿਰਭਰਤਾ ਵੱਲ ਵਧ ਰਿਹਾ ਹੈ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਨੇ ਜਿਸ ਗਤੀ ਨਾਲ ਤਰੱਕੀ ਦੇ ਨਵੇਂ ਆਯਾਮ ਸਥਾਪਤ ਕੀਤੇ ਹਨ। ਉਹ 2030 ਤੱਕ ਭਾਰਤ ਨੂੰ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣਾ ਦੇਵੇਗਾ।ਰੇਣੂ ਥਾਪਰ ਸ਼ੁੱਕਰਵਾਰ ਨੂੰ ਭਾਜਪਾ ਜ਼ਿਲ੍ਹਾ ਦਫ਼ਤਰ ਵਿਖੇ ਆਯੋਜਤ ਆਤਮਨਿਰਭਰ ਭਾਰਤ ਵਿਧਾਨ ਸਭਾ ਸੰਮੇਲਨ ਵਿੱਚ ਮੁੱਖ ਬੁਲਾਰੇ ਸਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ 'ਵੋਕਲ ਫਾਰ ਲੋਕਲ' ਤੇ 'ਮੇਕ ਇਨ ਇੰਡੀਆ' ਵਰਗੇ ਮੁਹਿੰਮਾਂ ਨੇ ਦੇਸ਼ ਵਿੱਚ ਉਤਪਾਦਨ, ਨਵੀਨਤਾ ਤੇ ਰੁਜ਼ਗਾਰ ਪੈਦਾ ਕਰਨ ਵਿੱਚ ਇੱਕ ਨਵੀਂ ਕ੍ਰਾਂਤੀ ਲਿਆਂਦੀ ਹੈ।ਇਸ ਮੌਕੇ ਉਨ੍ਹਾਂ ਸਾਰਿਆਂ ਨੂੰ ਸਵਦੇਸ਼ੀ ਉਤਪਾਦਾਂ ਨੂੰ ਅਪਣਾਉਣ ਦੀ ਅਪੀਲ ਵੀ ਕੀਤੀ।ਉਨ੍ਹਾਂ ਕਿਹਾ ਕਿ ਭਾਰਤ ਨਾ ਸਿਰਫ਼ ਰੱਖਿਆ, ਪੁਲਾੜ, ਡਿਜੀਟਲ ਤਕਨਾਲੋਜੀ ਤੇ ਸਟਾਰਟਅੱਪ ਦੇ ਖੇਤਰਾਂ ਵਿੱਚ ਸਵੈ-ਨਿਰਭਰ ਹੋ ਰਿਹਾ ਹੈ, ਸਗੋਂ ਇਨ੍ਹਾਂ ਖੇਤਰਾਂ ਵਿੱਚ ਦੂਜੇ ਦੇਸ਼ਾਂ ਨੂੰ ਦਿਸ਼ਾ ਵੀ ਪ੍ਰਦਾਨ ਕਰ ਰਿਹਾ ਹੈ।ਰੇਣੂ ਥਾਪਰ ਨੇ ਕਿਹਾ ਕਿ ਹਰ ਭਾਰਤੀ ਨੂੰ ਮਾਣ ਹੋਣਾ ਚਾਹੀਦਾ ਹੈ ਕਿ ਭਾਰਤ ਵਿਸ਼ਵ ਪੱਧਰ 'ਤੇ ਇੱਕ ਮਜ਼ਬੂਤ ? ?ਅਤੇ ਫੈਸਲਾਕੁੰਨ ਭੂਮਿਕਾ ਨਿਭਾਅ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਸਵੈ-ਨਿਰਭਰ ਭਾਰਤ ਬਣਾਉਣ ਵਿੱਚ ਆਪਣੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਦਾ ਸੱਦਾ ਦਿੱਤਾ ਤਾਂ ਜੁ ਭਵਿੱਖ ਦਾ ਭਾਰਤ ਨਾ ਸਿਰਫ਼ ਸ਼ਕਤੀਸ਼ਾਲੀ ਬਣ ਸਕੇ, ਸਗੋਂ ਸਵੈ-ਮਾਣ ਵਾਲਾ ਤੇ ਖੁਸ਼ਹਾਲ ਵੀ ਬਣ ਸਕੇ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਐਸਪੀ ਮੁਖਤਿਆਰ ਸਿੰਘ ਨੇ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਭਾਰਤ ਨੂੰ ਸਵੈ-ਨਿਰਭਰ ਬਣਾਉਣ ਲਈ ਸਵਦੇਸ਼ੀ ਅਪਨਾਉਣ ਲਈ ਉਤਸ਼ਾਹਤ ਕੀਤਾ। ਮੰਚ ਸੰਚਾਲਨ ਕੈਪਟਨ ਅਮਰਜੀਤ ਸਿੰਘ ਕੋਕਰੀ ਨੇ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਪੀਯੂ ਬਾਬਤ ਕੇਂਦਰ ਦੇ ਫੈਸਲੇ ਤੋਂ ਨਾਰਾਜ਼ ਡੀਟੀਐੱਫ ਨੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ

**ਕਲਾਨੌਰ (ਮਨਦੀਪ ਕੋਹਲੀ)**- ਕਲਾਨੌਰ ਦੇ ਪੀਐੱਮ ਸ਼੍ਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਗੇਟ ਅੱਗੇ ਡੀਟੀਐੱਫ ਦੇ ਆਗੂਆਂ ਹਰਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਡੀਟੀਐੱਫ ਅਤੇ ਸਤਬੀਰ ਸਿੰਘ ਮੱਲੀ ਬਲਾਕ ਪ੍ਰਧਾਨ ਡੀਟੀਐੱਫ ਦੀ ਅਗਵਾਈ ਵਿੱਚ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਮੌਕੇ ਗੱਲਬਾਤ ਕਰਦਿਆਂ ਡੀਟੀਐੱਫ ਦੇ ਸੂਬਾ ਮੀਤ ਪ੍ਰਧਾਨ ਪੰਜਾਬ ਹਰਜਿੰਦਰ ਸਿੰਘ ਵਡਾਲਾ ਬਾਂਗਰ ਨੇ ਕਿਹਾ ਕਿ ਅੱਜ ਜਿਹੜੀਆਂ ਇਹ ਕਾਪੀਆਂ ਸਾੜੀਆਂ ਗਈਆਂ ਨੇ ਉਹ ਨੋਟੀਫਿਕੇਸ਼ਨ ਦੀਆਂ ਕਾਪੀਆਂ ਨੇ ਜਿਸਦੇ ਵਿੱਚ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ 'ਤੇ ਸਿੱਧਾ ਹਮਲਾ ਹੈ।ਜਿਹੜਾ ਕੇਂਦਰ ਸਰਕਾਰ ਦਾ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਦਖ਼ਲਅੰਦਾਜ਼ੀ ਹੈ, ਕਿਉਂਕਿ ਸਿੱਖਿਆ ਇੱਕ ਸਟੇਟ ਦਾ ਵਿਸ਼ਾ ਹੈ ਤੇ ਸਮਵਰਤੀ ਸੂਚੀ ਵਿੱਚ ਹੈ ਪਰ ਕੇਂਦਰ ਸਰਕਾਰ ਸਟੇਟ ਦੇ ਅਧਿਕਾਰਾਂ ਤੇ ਹਮਲਾ ਕਰਨ ਜਾ ਰਹੀ ਹੈ।ਜੇਕਰ ਅੱਜ ਅਸੀਂ ਇਕੱਠੇ ਹੋ ਕੇ ਇਸ ਦਾ ਵਿਰੋਧ ਨਹੀਂ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਸਾਰੀ ਹੀ ਸਿੱਖਿਆ ਪ੍ਰਣਾਲੀ ਦਾ ਕੇਂਦਰੀਕਰਨ ਹੋ ਜਾਵੇਗਾ, ਕਿਉਂਕਿ ਪੰਜਾਬ ਦੇ ਕਈ ਸਕੂਲ ਪਹਿਲਾਂ ਹੀ ਕੇਂਦਰ ਨੇ ਆਪਣੇ ਅਧਿਕਾਰਾਂ ਵਿੱਚ ਲੈ ਲਏ ਹਨ।ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਯੂਨੀਵਰਸਿਟੀ ਦਾ ਫੈਸਲਾ ਵਾਪਸ ਨਾ ਲਿਆ ਤਾਂ ਸੰਘਰਸ਼ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਬੀਰ ਸਿੰਘ ਮੱਲੀ ਬਲਾਕ ਪ੍ਰਧਾਨ ਡੀਟੀਐੱਫ ਕਲਾਨੌਰ, ਮੈਡਮ ਗੁਰਮਨਜੀਤ ਕੌਰ, ਕੁਲਵਿੰਦਰਜੀਤ ਕੌਰ, ਮੈਡਮ ਰਚਨਾ, ਰਵਿੰਦਰਜੀਤ, ਲਖਵਿੰਦਰ ਕੌਰ, ਰਜੇਸ਼ ਕੁਮਾਰ, ਪਲਵਿੰਦਰਜੀਤ, ਰੋਹਿਤ ਕੁਮਾਰ, ਦਿਲਜੀਤ, ਦਿਲਪ੍ਰੀਤ ਸਿੰਘ, ਗਗਨਦੀਪ ਸਿੰਘ, ਰਾਜਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।



# ਗਰੀਬ ਵਰਗ ਦੇ ਹਿੱਤ ਸਿਰਫ ਕਾਂਗਰਸ ਰਾਜ 'ਚ ਹੀ ਸੁਰੱਖਿਅਤ : ਚਰਨਜੀਤ ਸਿੰਘ ਚੰਨੀ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਝਬਾਲ ਪੁਖਤਾ ਅਤੇ ਝਬਾਲ ਖਾਮ ਦੀ ਚੇਅਰਮੈਨ ਰਮਨ ਕੁਮਾਰ ਅਤੇ ਸਾਬਕਾ ਸਰਪੰਚ ਨਰਿੰਦਰ ਪੱਪਾ ਦੇ ਉਦਮ ਸਦਕਾ ਭਰਵੀਂ ਕਾਂਗਰਸ ਦੀ ਰੈਲੀ ਹੋਈ ਜਿਸ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਨੇ ਪਹੁੰਚ ਕੇ ਲੋਕਾਂ ਨੂੰ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੂੰ ਵੋਟ ਪਾਉਣ ਲਈ ਜਾਗਰੂਕ ਕੀਤਾ।ਇਸ ਸਮੇਂ ਬੋਲਦਿਆਂ ਸਾਬਕਾ ਮੁੱਖ ਮੰਤਰੀ ਅਤੇ ਐਮਪੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਗਰੀਬ ਵਰਗ ਦੇ ਹਿੱਤ ਸਿਰਫ ਕਾਂਗਰਸ ਰਾਜ ਵਿੱਚ ਹੀ ਸੁਰਖਿਅਤ ਹਨ।ਉਹਨਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਆਉਣ ਤੇ ਕਿਸਾਨਾਂ ਅਤੇ ਗਰੀਬ ਵਰਗ ਨੂੰ ਵਿਸ਼ੇਸ਼ ਰਿਆਇਤਾਂ ਦਿਆਂਗੇ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਸਿਰਫ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ।ਇਸ ਸਮੇਂ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੋਟਾਂ ਕਾਂਗਰਸ ਨੂੰ ਪਾਉਣ।ਇਸ ਸਮੇਂ ਰਾਜ ਕੁਮਾਰ ਵੇਰਕਾ, ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ, ਸਾਬਕਾ ਮੰਤਰੀ ਬਲਬੀਰ ਸਿੰਘ ਸਿੱਧੂ, ਸਾਬਕਾ ਮੰਤਰੀ, ਗੁਰਪ੍ਰੀਤ ਸਿੰਘ ਕਾਂਗੜ, ਸਾਬਕਾ ਵਿਧਾਇਕ ਇੰਦਰਬੀਰ ਸਿੰਘ ਬੁਲਾਰੀਆ, ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ, ਸੀਨੀਅਰ ਆਗੂ ਅਮਰੀਕ ਸਿੰਘ ਵਰਪਾਲ, ਰੇਸ਼ਮ ਸਿੰਘ ਛੀਨਾ, ਚੇਅਰਮੈਨ ਲਖਬੀਰ ਸਿੰਘ ਬੁਰਜ, ਚੇਅਰਮੈਨ ਰਮਨ ਕੁਮਾਰ, ਸਾਬਕਾ ਸਰਪੰਚ ਹਰਸ਼ਰਨ ਸਿੰਘ ਮੱਲਾ, ਸਾਬਕਾ ਸਰਪੰਚ ਸੁੱਖ ਝਬਾਲ, ਪਿੰਨੀ ਸੂਦ, ਅਸ਼ੋਕ ਕੁਮਾਰ ਝਬਾਲ, ਸਾਬਕਾ ਸਰਪੰਚ ਮਿਲਖਾ ਸਿੰਘ, ਗੁਰਜਿੰਦਰ ਸਿੰਘ ਸੰਧੂ, ਗੁਲਜ਼ਾਰ ਸਿੰਘ ਦੋਬਲੀਆ, ਮੈਂਬਰ ਹਰਮਿੰਦਰ ਸਿੰਘ, ਸਤਵੰਤ ਸਿੰਘ ਬੰਟੀ ਦੋਬਲੀਆ, ਮਾਸਟਰ ਪ੍ਰਿਤਪਾਲ ਸਿੰਘ, ਜਸਪਾਲ ਸਿੰਘ, ਮੈਂਬਰ ਬਲਵਿੰਦਰ ਸਿੰਘ, ਮਨਜੀਤ ਸਿੰਘ ਕੇਬਲ ਵਾਲਾ, ਸਾਬਕਾ ਸਰਪੰਚ ਕੁਲਦੀਪ ਸਿੰਘ, ਮੈਂਬਰ ਬਲਬੀਰ ਚੰਦ, ਮੇਜਰ ਸਿੰਘ ਪੱਤੀ ਪਾਡੋਕੀ, ਮੈਂਬਰ ਸੁਖਵਿੰਦਰ ਸਿੰਘ ਬਿੱਟੂ ਆਦਿ ਹਾਜ਼ਰ ਸਨ।





# ਮਾਨ ਸਰਕਾਰ ਵੱਲੋਂ 9ਵੇਂ ਪਾਤਸ਼ਾਹ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਭਾਵਨਾ ਨਾਲ ਮਨਾਉਣਾ ਸ਼ਲਾਘਾਯੋਗ : ਹਰਮੀਤ ਸੰਧੂ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਆਮ ਆਦਮੀ ਪਾਰਟੀ (ਆਪ) ਦੇ ਤਰਨਤਾਰਨ ਵਿਧਾਨ ਸਭਾ ਹਲਕੇ ਤੋਂ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਉਣ ਦੇ ਫੈਸਲੇ ਦੀ ਸ਼ਲਾਘਾ ਕੀਤੀ ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਪੰਜਾਬ ਦੇ ਵਿਕਾਸ ਦੇ ਨਾਲ-ਨਾਲ ਸੂਬੇ ਦੀ ਅਮੀਰ ਧਾਰਮਿਕ ਵਿਰਾਸਤ ਅਤੇ ਸੱਭਿਆਚਾਰ ਨੂੰ ਸੰਭਾਲਣ ਲਈ ਵੀ ਪੂਰੀ ਤਰ੍ਹਾਂ ਵਚਨਬੱਧ ਹੈ।ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਮਾਨ ਸਰਕਾਰ ਵੱਲੋਂ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਦੇਖ-ਰੇਖ ਹੇਠ ਚਾਰ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ, ਜੋ ਪੂਰੇ ਪੰਜਾਬ ਵਿੱਚ ਗੁਰੂ ਸਾਹਿਬ ਦੀ ਸ਼ਹਾਦਤ ਦਾ ਸੰਦੇਸ਼ ਦੇਣਗੇ।ਉਨ੍ਹਾਂ ਖਾਸ ਤੌਰ ਤੇ ਜ਼ਿਕਰ ਕੀਤਾ ਕਿ 20 ਨਵੰਬਰ ਨੂੰ ਮਾਝਾ-ਦੁਆਬਾ ਰੂਟ 'ਤੇ ਗੁਰਦਾਸਪੁਰ ਤੋਂ ਸ਼ੁਰੂ ਹੋਣ ਵਾਲਾ ਨਗਰ ਕੀਰਤਨ ਬਟਾਲਾ, ਬਾਬਾ ਬਕਾਲਾ, ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਹੁੰਦਾ ਹੋਇਆ ਤਰਨ ਤਾਰਨ ਦੀ ਪਵਿੱਤਰ ਧਰਤੀ 'ਤੇ ਵੀ ਪਹੁੰਚੇਗਾ।ਸੰਧੂ ਨੇ ਕਿਹਾ ਕਿ ਇਹ ਸਾਡੇ ਹਲਕੇ ਲਈ ਵੱਡੇ ਭਾਗਾਂ ਵਾਲੀ ਗੱਲ ਹੈ ਕਿ ਇਹ ਪਵਿੱਤਰ ਨਗਰ ਕੀਰਤਨ ਸਾਡੇ ਸ਼ਹਿਰ ਵਿੱਚੋਂ ਦੀ ਹੋ ਕੇ ਗੁਜ਼ਰੇਗਾ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਲੋਕਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ, ਪਰ ਆਪ ਸਰਕਾਰ ਨੇ ਸੱਤਾ ਵਿੱਚ ਆਉਂਦਿਆਂ ਹੀ ਗੁਰੂ ਸਾਹਿਬਾਨ ਦੇ ਦਿਹਾੜਿਆਂ ਨੂੰ ਵੱਡੇ ਪੱਧਰ ਤੇ ਮਨਾਉਣਾ ਯਕੀਨੀ ਬਣਾਇਆ ਹੈ।ਉਨ੍ਹਾਂ ਤਰਨਤਾਰਨ ਹਲਕੇ ਦੀ ਸਮੂਹ ਸੰਗਤ ਨੂੰ ਹੱਥ ਜੋੜ ਕੇ ਅਪੀਲ ਕੀਤੀ ਕਿ ਉਹ 20 ਨਵੰਬਰ ਨੂੰ ਤਰਨਤਾਰਨ ਪਹੁੰਚ ਰਹੇ ਇਸ ਇਤਿਹਾਸਕ ਨਗਰ ਕੀਰਤਨ ਵਿੱਚ ਪਰਿਵਾਰਾਂ ਸਮੇਤ ਹੁੰਮ-ਹੁਮਾ ਕੇ ਸ਼ਾਮਲ ਹੋਣ, ਗੁਰੂ ਸਾਹਿਬ ਨੂੰ ਆਪਣੀ ਸ਼ਰਧਾ ਭੇਟ ਕਰਨ ਅਤੇ ਆਪ ਸਰਕਾਰ ਦੇ ਇਸ ਉਪਰਾਲੇ ਦਾ ਹਿੱਸਾ ਬਣਨ।ਉਨ੍ਹਾਂ ਕਿਹਾ ਕਿ ਤਰਨਤਾਰਨ ਦੇ ਲੋਕ ਆਪ ਸਰਕਾਰ ਦੇ ਇਸ ਧਰਮ-ਪੱਖੀ ਅਤੇ ਲੋਕ-ਪੱਖੀ ਏਜੰਡੇ ਤੇ ਮੋਹਰ ਲਾਉਣਗੇ ਅਤੇ ਜ਼ਿਮਨੀ ਚੋਣ ਵਿੱਚ ਉਨ੍ਹਾਂ ਨੂੰ ਜਿਤਾ ਕੇ ਮਾਨ ਸਰਕਾਰ ਦੇ ਹੱਥ ਮਜ਼ਬੂਤ ਕਰਨਗੇ।



# ਰਾਜਪੁਰਾ ਵਿਖੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦਾ ਮੁਫਤ ਬੀਜ ਵੰਡਿਆ

**ਪਠਾਨਕੋਟ (ਦਵਿੰਦਰ ਸਿੰਘ)**- ਹੜ੍ਹ ਪ੍ਰਭਾਵਿਤ ਪਿੰਡ ਰਾਜਪੁਰਾ ਬਲਾਕ ਧਾਰਕਲਾਂ ਵਿਖੇ ਕਣਕ ਦਾ ਬੀਜ ਹਲਕਾ ਇੰਚਾਰਜ ਆਪ ਪਾਰਟੀ, ਮਾਨਯੋਗ ਅਮਿਤ ਸਿੰਘ ਮੰਟੂ ਵੱਲੋਂ ਜਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾਕਟਰ, ਡਾ. ਜੰਗੀਰ ਸਿੰਘ ਗਿੱਲ ਦੀ ਹਾਜ਼ਰੀ ਵਿੱਚ ਵੰਡਿਆ ਗਿਆ।ਇਸ ਮੌਕੇ ਉਨ੍ਹਾਂ ਨਾਲ ਖੇਤੀਬਾੜੀ ਵਿਭਾਗ ਦੇ ਖੇਤੀਬਾੜੀ ਵਿਕਾਸ ਅਫਸਰ ਡਾ. ਪ੍ਰਿਤਪਾਲ ਸਿੰਘ, ਡਾ. ਅਰਜੁਨ ਸਿੰਘ ਖੇਤੀਬਾੜੀ ਵਿਕਾਸ ਅਫਸਰ (ਪੀਪੀ), ਡਾ. ਟਵਿੰਕਲ, ਖੇਤੀਬਾੜੀ ਵਿਕਾਸ ਅਫਸਰ ਬਲਾਕ ਧਾਰਕਲਾਂ, ਸੁਭਾਸ਼ ਚੰਦਰ ਖੇਤੀਬਾੜੀ ਵਿਸਥਾਰ ਅਫਸਰ, ਘੋਹ, ਪੂਰਨ ਚੰਦ, ਏਐੱਸਆਈ, ਰਕੇਸ਼ ਕੁਮਾਰ ਬੇਲਦਾਰ ਤੋਂ ਇਲਾਵਾ ਪਿੰਡ ਦੇ ਸਰਪੰਚ ਚੇਤਨ ਸਿੰਘ ਠਾਕੁਰ, ਕਿਸਾਨ ਲਾਭ ਸਿੰਘ, ਕੇਵਲ ਸਿੰਘ, ਇੰਦਰਜੀਤ ਸਿੰਘ, ਪ੍ਰਭਾਤ ਸਿੰਘ, ਕਰਨੈਲ ਸਿੰਘ ਤੋਂ ਇਲਾਵਾ ਹੋਰ ਲਾਭਪਾਤਰੀ ਕਿਸਾਨ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਅਮਿਤ ਸਿੰਘ ਮੰਟੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੜ ਪ੍ਰਭਾਵਿਤ ਲੋਕਾਂ ਨਾਲ ਜੋ ਵਾਅਦਾ ਕੀਤਾ ਸੀ ਉਹ ਪੂਰਾ ਕੀਤਾ ਹੈ ਪਹਿਲਾਂ ਕਿਸਾਨਾਂ ਨੂੰ ਫਸਲਾਂ ਦਾ ਮੁਆਵਜ਼ਾ ਦਿੱਤਾ ਗਿਆ ਅਤੇ ਹੁਣ ਕਿਸਾਨਾਂ ਨੂੰ ਨਵੀਆਂ ਫਸਲਾਂ ਦੀ ਬਿਜਾਈ ਲਈ ਕਣਕ ਦਾ ਬੀਜ ਬਿਲਕੁਲ ਫ੍ਰੀ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅਸੀਂ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦੇ ਹਾਂ ਕਿ ਜਿਹੜਾ ਔਖੀ ਘੜੀ ਵਿੱਚ ਲੋਕਾਂ ਦਾ ਸਾਥ ਦਿੱਤਾ।



# ਪ੍ਰਕਾਸ਼ ਪੁਰਬ ਮੌਕੇ ਪਿੰਡ ਮੁਰੀਦਕੇ ਵਿਖੇ ਅਲੌਕਿਕ ਨਗਰ ਕੀਰਤਨ ਸਜਾਇਆ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਬੰਧਿਤ ਪਿੰਡ ਮੁਰੀਦਕੇ ਦੇ ਗੁਰਦੁਆਰਾ ਸਿੰਘ ਸਭਾ 'ਚ ਨਗਰ ਦੀ ਸਮੂਹ ਸਾਧ ਸੰਗਤ ਵੱਲੋ ਲੜੀਵਾਰ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ ਅਤੇ ਪ੍ਰਭਾਤ ਫੇਰੀਆਂ ਵੀ ਕੱਢੀਆਂ ਗਈਆਂ।ਲੜੀਵਾਰ ਚੱਲ ਰਹੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ ਜਿਸ ਦੀ ਸ਼ੁਰੂਆਤ ਪਿੰਡ ਦੇ ਗੁਰਦੁਆਰਾ ਸਾਹਿਬ ਤੋਂ ਹੋਈ।ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਪਿੰਡ ਦੀ ਸਮੂਹ ਸਾਧ ਸੰਗਤ ਵੱਲੋਂ ਗੁਰੂ ਮਹਾਰਾਜ ਦੀ ਉਸਤਤਿ ਕਰਦੇ ਹੋਏ ਇਸ ਨਗਰ ਕੀਰਤਨ ਦੀ ਆਰੰਭਤਾ ਕੀਤੀ ਗਈ।ਸੰਗਤਾਂ ਨੂੰ ਵੱਖੋ-ਵੱਖ ਪੜਾਵਾਂ 'ਤੇ ਵੰਨ-ਸੁਵੰਨੇ ਲੰਗਰ ਪਕਵਾਨ ਛਕਾਏ ਗਏ।ਨਗਰ ਕੀਰਤਨ ਦੀ ਮੁੜ ਗੁਰਦੁਆਰਾ ਸਾਹਿਬ ਵਿਖੇ ਸਮਾਪਤੀ ਹੋਈ ਅਤੇ ਸਮੂਹ ਸਾਧ ਸੰਗਤ ਵੱਲੋਂ ਰਾਤਰੀ ਦੀਵਾਨ ਸਜਾ ਕੇ ਗੁਰਬਾਣੀ ਦਾ ਜਸ ਗਾਇਨ ਕੀਤਾ ਗਿਆ।ਇਸ ਦੌਰਾਨ ਗ੍ਰੰਥੀ ਹਰਮਿੰਦਰ ਸਿੰਘ, ਗ੍ਰੰਥੀ ਪ੍ਰੇਮ ਸਿੰਘ, ਮਾ: ਹਰਦਿਆਲ ਸਿੰਘ, ਚੰਨਣ ਸਿੰਘ, ਜੋਗਾ ਸਿੰਘ, ਸ਼ਮਸ਼ੇਰ ਸਿੰਘ, ਸਤਨਾਮ ਸਿੰਘ, ਸਕੱਤਰ ਸਿੰਘ, ਹਰਦੇਵ ਸਿੰਘ, ਗੁਰਮੀਤ ਸਿੰਘ, ਨਰਿੰਦਰ ਸਿੰਘ, ਮਲਕੀਤ ਸਿੰਘ, ਹੀਰਾ ਸਿੰਘ, ਗੁਰਦੇਵ ਸਿੰਘ, ਜਸਨਦੀਪ ਸਿੰਘ, ਅਜੀਤ ਸਿੰਘ, ਸੰਦੀਪ ਸਿੰਘ, ਅਮਰਬੀਰ ਸਿੰਘ, ਜਸਵਿੰਦਰ ਸਿੰਘ, ਜਸਪਾਲ ਸਿੰਘ, ਦਿਲਦਾਰ ਸਿੰਘ, ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ, ਬਲਜਿੰਦਰ ਸਿੰਘ, ਗੁਲਜ਼ਾਰ ਸਿੰਘ, ਹਰਜੀਤ ਸਿੰਘ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਮੋਹਨ ਸਿੰਘ, ਰਘਬੀਰ ਸਿੰਘ, ਹਰਜਿੰਦਰ ਸਿੰਘ, ਬਾਵਾ ਸਿੰਘ, ਪਰਮਿੰਦਰ ਸਿੰਘ, ਮੁਖਤਾਰ ਸਿੰਘ, ਰਾਜਵਿੰਦਰ ਸਿੰਘ, ਸੁਰਿੰਦਰ ਸਿੰਘ, ਹਰਪਾਲ ਸਿੰਘ, ਬਿਕਰਮਜੀਤ ਸਿੰਘ, ਬਲਕਾਰ ਸਿੰਘ, ਹਰਵੰਤ ਸਿੰਘ, ਤੀਰਥ ਸਿੰਘ, ਸੂਬਾ ਸਿੰਘ, ਵੱਸਣ ਸਿੰਘ, ਗੁਰਦੀਪ ਸਿੰਘ, ਬਲਰਾਜ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ, ਗੁਰਵੀਰ ਸਿੰਘ, ਗੁਰਵੇਲ ਸਿੰਘ, ਰਣਯੋਧ ਸਿੰਘ, ਗੁਰਸੇਵਕ ਸਿੰਘ, ਹੀਰਾ ਸਿੰਘ ਅਤੇ ਸੁਖਮਨੀ ਸੋਸਾਇਟੀ ਬੀਬੀਆ ਸਮੇਤ ਸੰਗਤ ਸੰਗਤਾਂ ਹਾਜ਼ਰ ਸਨ।



# ਸੂਬੇ ਦੀਆਂ ਦਰਪੇਸ਼ ਮੁਸ਼ਕਿਲਾਂ ਦਾ ਸ਼੍ਰੋਮਣੀ ਅਕਾਲੀ ਦਲ ਹੀ ਇੱਕੋ ਇੱਕ ਹੱਲ : ਸੁਖਬੀਰ ਸਿੰਘ ਬਾਦਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ ਸੂਬੇ ਦੀਆਂ ਮੁਸ਼ਕਿਲਾਂ ਅਤੇ ਕਾਂਗਰਸ ਤੇ ਆਮ ਆਦਮੀ ਪਾਰਟੀ (ਆਪ) ਦੇ ਭ੍ਰਿਸ਼ਟ ਤੇ ਘੁਟਾਲਿਆਂ ਭਰੇ ਕੁਸ਼ਾਸਨ ਦਾ ਇਕੋ ਇਕ ਜਵਾਬ ਪੰਜਾਬੀ ਦੀ ਆਪਣੀ ਖੇਤਰੀ ਪਾਰਟੀ ਹੈ ਅਤੇ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਮਨੀ ਚੋਣ ਵਿਚ ਅਕਾਲੀ ਦਲ ਦੀ ਦਿਲੋਂ ਹਮਾਇਤ ਕਰਨ।ਅਕਾਲੀ ਦਲ ਦੇ ਪ੍ਰਧਾਨ, ਜਿਹਨਾਂ ਨੇ ਚੋਣ ਜਲਿਸਆਂ ਦੇ ਨਾਲ-ਨਾਲ ਬਾਰ ਕੌਂਸਲ ਦੀ ਮੀਟਿੰਗ ਨੂੰ ਵੀ ਸੰਬੋਧਨ ਕੀਤਾ, ਨੇ ਕਿਹਾ ਕਿ ਜੇਕਰ ਹਰਿਆਣਾ ਨਾਲ ਕੋਈ ਟਕਰਾਅ ਹੁੰਦਾ ਹੈ ਤਾਂ ਸਿਰਫ ਅਕਾਲੀ ਦਲ ਹੀ ਪੰਜਾਬ ਪੱਖੀ ਸਟੈਂਡ ਲੈ ਸਕਦਾ ਹੈ।ਉਨ੍ਹਾਂ ਕਿਹਾ ਕਿ ਦੂਜੇ ਪਾਸੇ ਹੋਰ ਸਾਰੀਆਂ ਕੌਮੀ ਪਾਰਟੀਆਂ ਦੋਵੇਂ ਪਾਸੇ ਦੀ ਖੇਡ ਖੇਡਦੀਆਂ ਹਨ ਤੇ ਉਹ ਕਦੇ ਵੀ ਤੁਹਾਡੀਆਂ ਆਸਾਂ ਪੂਰੀਆਂ ਨਹੀਂ ਕਰ ਸਕਦੀਆਂ।ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਾਂਗਰਸ ਪਾਰਟੀ ਵੱਲੋਂ ਦਲਿਤ ਭਾਈਚਾਰੇ ਨੂੰ ਜ਼ਲੀਲ ਕਰਨ ਅਤੇ ਗੁਰੂ ਸਾਹਿਬਾਨ ਦਾ ਅਪਮਾਨ ਕਰਨ 'ਤੇ ਵੀ ਦੁੱਖ ਪ੍ਰਗਟਾਇਆ।ਉਹਨਾਂ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ ਵੱਲੋਂ ਮਾਣਮੱਤੇ ਮਜ਼ਹਬੀ ਭਾਈਚਾਰੇ ਦੇ ਖਿਲਾਫ ਜਾਤੀਸੂਚਕ ਤੇ ਅਪਮਾਨਜਨਕ ਟਿੱਪਣੀਆਂ ਕਰਨ ਤੋਂ ਬਾਅਦ ਹੁਣ ਉਹਨਾਂ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਭਾਈ ਜੀਵਨ ਸਿੰਘ (ਭਾਈ ਜੈਤਾ ਜੀ) ਦਾ ਅਪਮਾਨ ਕੀਤਾ ਹੈ।ਉਨ੍ਹਾਂ ਨੇ ਕੋਰਟ ਕੰਪਲੈਕਸ ਵਿਚ ਬਾਰ ਐਸੋਸੀਏਸ਼ਨ ਦੇ ਦਫਤਰ ਪਹੁੰਚ ਕੇ ਵਕੀਲਾਂ ਨਾਲ ਗੱਲਬਾਤ ਕੀਤੀ ਜਿਨ੍ਹਾਂ ਨੇ ਭਰੋਸਾ ਦੁਆਇਆ ਕਿ ਉਹ ਪ੍ਰਿੰਸੀਪਲ ਰੰਧਾਵਾ ਦੀ ਹਮਾਇਤ ਕਰਨਗੇ।ਉਨ੍ਹਾਂ ਪੰਡੋਰੀ ਤਖ਼ਤ ਮੱਲ, ਦਬੁਰਜੀ, ਗੁਰਦੁਆਰਾ ਝੂਲਨੇ ਮਹਿਲ, ਠੱਠੀ, ਮੱਲੀਆਂ, ਬੀਹਲਾ, ਮੁਰਾਦਪੁਰ ਖੁਰਦ ਅਤੇ ਤਰਨ ਤਾਰਨ ਸ਼ਹਿਰ ਵਿਚ ਚੋਣ ਮੀਟਿੰਗਾਂ ਨੂੰ ਸੰਬੋਧਨ ਕੀਤਾ।ਇਸ ਮੌਕੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ, ਸ਼ਰਨਜੀਤ ਸਿੰਘ ਢਿੱਲੋਂ, ਸੁਖਦੀਪ ਸਿੰਘ ਸ਼ੁਕਰ, ਬਲਦੇਵ ਖਹਿਰਾ, ਗੁਰਇਕਬਾਲ ਸਿੰਘ ਮਾਹਲ, ਜੇ ਐਸ ਢਿੱਲੋਂ, ਗੌਰਵ ਵਲਟੋਹਾ, ਸਰਬਜੀਤ ਸਿੰਘ ਝਿੰਜਰ, ਜਸਪਾਲ ਗਿਆਸਪੁਰਾ, ਪ੍ਰਭਜੋਤ ਧਾਲੀਵਾਲ, ਰਵਿੰਦਰ ਖਹਿਰਾ, ਆਕਾਸ਼ਦੀਪ ਮਿੱਡੂਖੇੜਾ ਅਤੇ ਜਗਜੀਤ ਸਿੰਘ ਜੱਗੀ ਵੀ ਹਾਜ਼ਰ ਸਨ।



# ਐੱਸ ਐੱਸ ਐੱਮ ਕਾਲਜ ਦੀਨਾਨਗਰ 'ਚ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਨੇ ਵਿਸ਼ੇਸ਼ ਟ੍ਰੇਨਿੰਗ ਹਾਸਿਲ ਕੀਤੀ

**ਫਤਿਹਗੜ੍ਹ ਚੂੜੀਆਂ, ਦੀਨਾਨਗਰ (ਜਸਦੇਵ ਮਾਨ, ਬਲਵਿੰਦਰ ਸਿੰਘ ਬਿੱਲਾ)**- ਐਸ.ਐਸ.ਐਮ. ਕਾਲਜ ਦੀਨਾਨਗਰ ਵਿੱਚ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਦੇ ਤਹਿਤ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਲਈ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਆਯੋਜਿਤ ਕੀਤਾ ਗਿਆ।ਇਸ ਮੌਕੇ ਉਪ ਮੰਡਲ ਮੈਜਿਸਟਰੇਟ ਦੀਨਾਨਗਰ ਜਸਪਿੰਦਰ ਸਿੰਘ, ਹਾਜ਼ਰ ਰਹੇ ।ਟ੍ਰੇਨਿੰਗ ਦੌਰਾਨ ਡੀ. ਐੱਸ. ਪੀ. ਰਜਿੰਦਰ ਮਨਹਾਸ, ਚੇਅਰਮੈਨ ਮਾਰਕਿਟ ਕਮੇਟੀ, ਪ੍ਰਿੰਸੀਪਲ ਐੱਸ. ਐੱਸ. ਐੱਮ. ਕਾਲਜ, ਤਹਿਸੀਲਦਾਰ ਦੀਨਾਨਗਰ, ਅਤੇ ਬੀਡੀਪੀਓ ਦੀਨਾਨਗਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਟ੍ਰੇਨਿੰਗ ਦੌਰਾਨ ਕਮੇਟੀ ਮੈਂਬਰਾਂ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ।ਉਨ੍ਹਾਂ ਨੂੰ ਦੱਸਿਆ ਗਿਆ ਕਿ ਨਸ਼ਿਆਂ ਖ਼ਿਲਾਫ਼ ਜੰਗ ਵਿਚ ਪਿੰਡ ਪੱਧਰ ਤੇ ਜਾਗਰੂਕਤਾ ਪੈਦਾ ਕਰਨਾ, ਸ਼ੱਕੀ ਗਤੀਵਿਧੀਆਂ ਦੀ ਸੂਚਨਾ ਪੁਲਿਸ ਨੂੰ ਦੇਣਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਸਭ ਤੋਂ ਜ਼ਰੂਰੀ ਹੈ।ਮਾਣਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਇਸ ਮੌਕੇ ਵਰਚੁਅਲ ਸੰਦੇਸ਼ ਰਾਹੀਂ ਗ੍ਰਾਮ ਡਿਫੈਂਸ ਕਮੇਟੀਆਂ ਨੂੰ ਸੰਬੋਧਨ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਪੂਰਨ ਖਾਤਮੇ ਲਈ ਵਚਨਬੱਧ ਹੈ ।ਡੀ. ਜੀ. ਪੀ. ਪੰਜਾਬ ਵੱਲੋਂ ਵੀ ਸੁਨੇਹਾ ਭੇਜਿਆ ਗਿਆ, ਜਿਸ ਵਿੱਚ ਪੁਲਸ ਅਤੇ ਕਮੇਟੀਆਂ ਵਿਚਕਾਰ ਸਾਂਝੇ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ।ਐੱਸ. ਡੀ. ਐੱਮ. ਦੀਨਾਨਗਰ ਜਸਪਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਸੀਂ ਸਭ 'ਪਿੰਡਾਂ ਦੇ ਪਹਿਰੇਦਾਰ' ਹਾਂ, ਅਸੀਂ ਆਪਣੇ ਪਿੰਡਾਂ ਨੂੰ ਨਸ਼ਿਆਂ ਤੋਂ ਮੁਕਤ ਕਰਨਾ ਹੈ ਅਤੇ ਹਰ ਨੌਜਵਾਨ ਨੂੰ ਸੁਰੱਖਿਅਤ ਤੇ ਸਵਸਥ ਭਵਿੱਖ ਦੇਣਾ ਹੈ।ਉਨ੍ਹਾਂ ਨੇ ਕਿਹਾ ਕਿ ਡਿਫੈਂਸ ਕਮੇਟੀ ਦੇ ਮੈਂਬਰ ਪਿੰਡ ਪੱਧਰ 'ਤੇ ਸਰਕਾਰ ਅਤੇ ਪੁਲਸ ਦੀਆਂ ਅੱਖਾਂ ਤੇ ਕੰਨ ਹਨ ਅਤੇ ਉਨ੍ਹਾਂ ਦੀ ਸਾਵਧਾਨੀ ਨਾਲ ਨਸ਼ਿਆਂ ਦੀਆਂ ਜੜ੍ਹਾਂ ਤੋੜੀਆਂ ਜਾ ਸਕਦੀਆਂ ਹਨ।ਡੀਐੱਸਪੀ ਰਜਿੰਦਰ ਮਨਹਾਸ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਦਾ ਕਾਨੂੰਨ-ਵਿਵਸਥਾ ਬਣਾਈ ਰੱਖਣ ਤੇ ਨਸ਼ਿਆਂ ਦੀ ਰੋਕਥਾਮ ਵਿੱਚ ਬਹੁਤ ਵੱਡਾ ਯੋਗਦਾਨ ਹੈ ।ਉਨ੍ਹਾਂ ਨੇ ਮੈਂਬਰਾਂ ਨੂੰ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਆਪਣਾ ਫਰਜ਼ ਨਿਭਾਉਣ ਦੀ ਅਪੀਲ ਕੀਤੀ ।ਸਮਾਗਮ ਦੇ ਅੰਤ ਵਿੱਚ ਸਭ ਮੈਂਬਰਾਂ ਨੇ ਨਸ਼ਾ-ਮੁਕਤ ਦੀਨਾਨਗਰ ਦੀ ਕਸਮ ਖਾਈ ਅਤੇ ਇਹ ਵਚਨ ਦਿੱਤਾ ਕਿ ਉਹ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਨੂੰ ਪਿੰਡ ਪੱਧਰ ਤੱਕ ਮਜ਼ਬੂਤੀ ਨਾਲ ਲੈ ਕੇ ਜਾਣਗੇ।




# ਮੁੱਖ ਮੰਤਰੀ ਮਾਨ ਵੱਲੋਂ ਬਟਾਲਾ ਦੇ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਅੱਜ

## ਡੀ ਸੀ ਆਦਿੱਤਿਆ ਉੱਪਲ ਨੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ, ਤਿਆਰੀਆਂ ਦਾ ਲਿਆ ਜਾਇਜ਼ਾ

**ਬਟਾਲਾ (ਡਾ. ਮਲਵਿੰਦਰ ਸਿੰਘ)**- ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਵੱਲੋਂ 8 ਨਵੰਬਰ ਨੂੰ ਨਵੇਂ ਤਹਿਸੀਲ ਕੰਪਲੈਕਸ ਬਟਾਲਾ ਦਾ ਉਦਘਾਟਨ ਕੀਤਾ ਜਾਵੇਗਾ ਜਿਸ ਸਬੰਧੀ ਅਧਿਕਾਰੀਆਂ ਵੱਲੋਂ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ।ਇਸ ਸਬੰਧੀ ਡਿਪਟੀ ਕਮਿਸ਼ਨਰ ਆਦਿੱਤਿਆ ਉਪਲ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਆਮਦ ਨੂੰ ਲੈ ਕੇ ਸਬੰਧਤ ਅਧਿਕਾਰੀਆਂ ਨੂੰ ਤਿਆਰੀਆਂ ਮੁਕੰਮਲ ਕਰਨ ਦੇ ਦਿਸ਼ਾ ਨਿਰਦੇਸ਼ ਦਿੱਤੇ ਗਏ।ਡੀਸੀ ਨੇ ਕਿਹਾ ਕਿ ਬਟਾਲਾ ਵਾਸੀਆਂ ਨੂੰ ਇਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮੰਤਵ ਨਾਲ ਕਚਹਿਰੀਆਂ ਬਟਾਲਾ ਦੇ ਨਜ਼ਦੀਕ ਨਵਾ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ ਜਿਸ ਵਿੱਚ ਲੋਕਾਂ ਨੂੰ ਇਕ ਹੀ ਥਾਂ ਤੇ ਫਰਦ ਅਤੇ ਪਟਵਾਰਖਾਨੇ ਆਦਿ ਦੀਆਂ ਸਹੂਲਤਾਂ ਮਿਲਣ ਗਈਆਂ।ਇਸ ਤਹਿਸੀਲ ਕੰਪਲੈਕਸ ਵਿੱਚ ਐੱਸਡੀਐੱਮ. ਦਫਤਰ, ਤਹਿਸੀਲਦਾਰ, ਕਨੂੰਗੋ, ਪਟਵਾਰੀ ਅਤੇ ਸੇਵਾਂ ਕੇਂਦਰ ਅਤੇ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਈਜ਼ੀ ਦਫਤਰ ਸਥਿਤ ਹੈ। ਲੋਕਾਂ ਦੇ ਬੈਠਣ ਲਈ ਵੈਟਿੰਗ ਰੂਮ, ਕੁਰਸੀਆਂ ਅਤੇ ਪੀਣ ਲਈ ਸਾਫ-ਸੁੱਥਰਾ ਪਾਣੀ ਉਪਲੱਬਧ ਹੈ ਅਤੇ ਲਿਫਟ ਦੀ ਸਹੂਲਤ ਵੀ ਉਪਲੱਬਧ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਆਦਿੱਤਿਆ ਗੁਪਤਾ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ, ਮੈਡਮ ਨਵਜੋਤ ਸ਼ਰਮਾ, ਆਰ. ਟੀ. ਏ. ਵਿਕਰਮਜੀਤ ਸਿੰਘ ਪਾਂਥੇ ਐੱਸ. ਡੀ. ਐੱਮ ਬਟਾਲਾ, ਮਨਜੀਤ ਸਿੰਘ ਰਾਜਲਾ ਐੱਸ. ਡੀ. ਐੱਮ. ਗੁਰਦਾਸਪੁਰ, ਪ੍ਰੋ.ਰਾਜ ਕੁਮਾਰ ਸ਼ਰਮਾ, ਡੀ. ਐੱਸ. ਪੀ. ਤੇਜਿੰਦਰਪਾਲ ਸਿੰਘ, ਐੱਸ. ਡੀ. ਓ. ਨਿਰਮਲ ਸਿੰਘ, ਪਰਮਿੰਦਰ ਸਿੰਘ ਸ਼ੈਣੀ ਜਿਲਾ ਗਾਈਡੈਂਸ ਕੌਸ਼ਲਰ, ਨੀਰਜ ਸ਼ਰਮਾ ਫਾਈਰ ਅਫਸਰ, ਨਿਰਮਲ ਸਿੰਘ, ਸੁਪਰਡੈਂਟ ਸੁੰਦਰ ਸ਼ਰਮਾ, ਲਖਬੀਰ ਸਿੰਘ, ਰਾਜਵਿੰਦਰ ਸਿੰਘ ਅਤੇ ਵੱਖ-ਵੱਖ ਅਧਿਕਾਰੀ ਮੌਜੂਦ ਸਨ।



# ਸਕੋਡਾ ਆਟੋ ਇੰਡੀਆ ਨੇ ਸਾਲ-2025 'ਚ ਤੋੜਿਆ ਸੇਲਜ਼ ਦਾ ਸਾਰੇ ਸਮਿਆਂ ਦਾ ਰਿਕਾਰਡ

**ਜਲੰਧਰ** : ਸ਼ਕੋਡਾ ਆਟੋ ਇੰਡੀਆ ਨੇ ਕੇਵਲ ਦੱਸ ਮਹੀਨਿਆਂ ਵਿੱਚ ਆਪਣੀਆਂ ਸਭ ਤੋਂ ਵੱਧ ਸਾਲਾਨਾ ਵਿਕਰੀਆਂ ਦਾ ਰਿਕਾਰਡ ਤੋੜ ਦਿੱਤਾ ਹੈ। ਕੰਪਨੀ ਨੇ ਜਨਵਰੀ ਤੋਂ ਅਕਤੂਬਰ 2025 ਤੱਕ 61,607 ਕਾਰਾਂ ਵੇਚ ਕੇ 2022 ਦੇ 53,721 ਕਾਰਾਂ ਦੇ ਪੁਰਾਣੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ।ਅਕਤੂਬਰ ਮਹੀਨਾ ਕੰਪਨੀ ਲਈ ਸਭ ਤੋਂ ਵੱਧ ਵਿਕਰੀ ਵਾਲਾ ਮਹੀਨਾ ਰਿਹਾ, ਜਿਸ ਵਿੱਚ 8,252 ਯੂਨਿਟ ਵਿਕੇ।ਇਸ ਸ਼ਾਨਦਾਰ ਪ੍ਰਦਰਸ਼ਨ ਦੇ ਪਿੱਛੇ ਸ਼ਕੋਡਾ ਦੀ ਪਹਿਲੀ ਸਬ-4 ਮੀਟਰ ਕਾਇਲਾਕ ਦੀ ਜ਼ਬਰਦਸਤ ਮੰਗ, ਨਾਲ ਹੀ ਕੋਡਿਆਕ, ਕੁਸ਼ਾਕ ਅਤੇ ਸਲਾਵੀਆ ਮਾਡਲਾਂ ਦੀ ਮਜ਼ਬੂਤ ਹਿਸੇਦਾਰੀ ਹੈ।ਉਚ ਪ੍ਰਦਰਸ਼ਨ ਵਾਲੀ ਆਕਟੇਵੀਆ ਆਰ.ਐਸ. ਕਾਰ ਲਾਂਚ ਤੋਂ ਕੇਵਲ 20 ਮਿੰਟਾਂ ਵਿੱਚ ਹੀ ਸੋਲਡ ਆਊਟ ਹੋ ਗਈ।ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਅਸ਼ੀਸ਼ ਗੁਪਤਾ ਨੇ ਕਿਹਾ ਕਿ ਇਹ ਉਪਲਬਧੀ ਕੰਪਨੀ ਦੀ ਮਜ਼ਬੂਤ ਰਣਨੀਤੀ, ਗਾਹਕ ਕੇਂਦਰਿਤ ਦ੍ਰਿਸ਼ਟੀਕੋਣ ਅਤੇ 180 ਸ਼ਹਿਰਾਂ ਵਿੱਚ 318 ਕਸਟਮਰ ਟਚਪੋਇੰਟਸ ਤੱਕ ਦੇ ਵਿਸਤਾਰ ਦਾ ਨਤੀਜਾ ਹੈ।ਭਾਰਤ ਵਿੱਚ ਆਪਣੇ 25ਵੇਂ ਸਾਲ ਦਾ ਜਸ਼ਨ ਮਨਾਉਂਦੇ ਹੋਏ ਸਕੋਡਾ ਨੇ 2 ਲੱਖ ਤੋਂ ਵੱਧ ਲੋਕਲ ਤੌਰ 'ਤੇ ਬਣੀਆਂ ਕਾਰਾਂ ਵੇਚਣ ਦਾ ਮੀਲ ਪੱਥਰ ਵੀ ਹਾਸਲ ਕਰ ਲਿਆ ਹੈ। ਕੰਪਨੀ ਹੁਣ ਸੇਲਜ਼ ਅਤੇ ਆਫਟਰਸੇਲਜ਼ ਟੀਮਾਂ ਨੂੰ 50% ਵਧਾਉਣ ਅਤੇ 25,000 ਟ੍ਰੇਨਿੰਗ ਦਿਨਾਂ ਵਿੱਚ ਨਿਵੇਸ਼ ਕਰਨ ਦੀ ਯੋਜਨਾ ਬਣਾ ਰਹੀ ਹੈ।

# ਭਿਖਾਰੀਆਂ ਦੀ ਦਿਨੋਂ-ਦਿਨ ਵਧਦੀ ਜਾ ਰਹੀ ਗਿਣਤੀ ਚਿੰਤਾ ਦਾ ਵਿਸ਼ਾ!

**ਗੁਰਦਾਸਪੁਰ (ਜਨਕ ਮਹਾਜਨ)**- ਭਿਖਾਰੀਆਂ ਦੀ ਗਿਣਤੀ ਦਿਨ-ਬ-ਦਿਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਧਦੀ ਜਾ ਰਹੀ ਹੈ ਜਿਸ ਤੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਗੰਭੀਰ ਨਹੀਂ ਹੈ। ਇਸ ਮਸਲੇ 'ਤੇ ਸਰਕਾਰ ਵੱਲੋਂ ਪਾਬੰਦੀ ਲਗਾਉਣ ਦੇ ਬਾਵਜੂਦ ਭਿਖਾਰੀ ਵੱਡੇ-ਵੱਡੇ ਮਾਲ, ਸ਼ੋਅਰੂਮ ਅਤੇ ਖਾਣ ਪੀਣ ਵਾਲੀਆਂ ਦੁਕਾਨਾਂ ਦੇ ਬਾਹਰ ਖੜੇ ਰਹਿੰਦੇ ਹਨ ਅਤੇ ਇੱਥੇ ਖਾਣ ਪੀਣ ਅਥਵਾ ਸਾਮਾਨ ਆਦਿ ਖਰੀਦਣ ਵਾਲੇ ਲੋਕਾਂ ਦੇ ਪਿੱਛੇ ਪੈ ਜਾਂਦੇ ਹਨ ਅਤੇ ਉਨ੍ਹਾਂ ਤੋਂ ਪੈਸੇ ਮੰਗਣ ਲੱਗ ਜਾਂਦੇ ਹਨ। ਇਨ੍ਹਾਂ ਭਿਖਾਰੀਆਂ ਵਿਚ ਮਰਦ ਅਤੇ ਜ਼ਿਆਦਾਤਰ ਔਰਤਾਂ ਨੇ ਆਪਣੇ ਨਾਲ ਛੋਟੇ-ਛੋਟੇ ਬੱਚੇ ਵੀ ਚੁੱਕੇ ਹੁੰਦੇ ਹਨ ਜਿਸ ਨਾਲ ਲੋਕਾਂ ਦਾ ਮਨ ਪੈਸੇ ਦੇਣ ਨੂੰ ਪਿਗਲ ਜਾਂਦਾ ਹੈ। ਸੁਣਨ ਵਿੱਚ ਆਉਂਦਾ ਹੈ ਕਿ ਇਨ੍ਹਾਂ ਭਿਖਾਰੀਆਂ ਵਿੱਚ ਕੁਝ ਸ਼ਾਮ ਨੂੰ ਸ਼ਰਾਬ ਮੀਟ ਅੱਜ ਦਾ ਸੇਵਨ ਵੀ ਕਰਦੇ ਹਨ। ਇਨ੍ਹਾਂ ਭਿਖਾਰੀ ਔਰਤਾਂ ਵਿੱਚ ਜ਼ਿਆਦਾਤਰ ਔਰਤਾਂ ਆਪਣੇ ਬੱਚਿਆਂ ਲਈ ਦੁੱਧ, ਰੋਟੀ ਆਦਿ ਲੈਣ ਲਈ ਪੈਸੇ ਮੰਗਦੇ ਹਨ ਅਤੇ ਲੋਕਾਂ ਨੂੰ ਇਹ ਮਸੂਮ ਬੱਚੇ ਵੇਖ ਕੇ ਪੈਸੇ ਦੇਣ ਲਈ ਮਜਬੂਰ ਕਰ ਦਿੰਦੇ ਹਨ। ਕਈ ਭਿਖਾਰੀ ਔਰਤਾਂ ਤੇ ਬੱਚੇ ਲੋਕਾਂ ਦੀਆਂ ਕਮੀਜ਼ਾਂ ਪੈਂਟਾਂ ਦੀ ਤੱਕ ਪਾੜ ਦਿੰਦੇ ਹਨ। ਕਈ ਵਾਰ ਪੈਸੇ ਨਾ ਮਿਲਣ 'ਤੇ ਇਹ ਭਿਖਾਰੀ ਲੋਕਾਂ ਨੂੰ ਮਾੜਾ ਚੰਗਾ ਬੋਲ ਵੀ ਬੋਲ ਦਿੰਦੇ ਹਨ। ਲੋਕਾਂ ਦੀ ਸਿਵਲ ਖ਼ਾਸਕਰ ਪੁਲਿਸ ਪ੍ਰਸ਼ਾਸਨ ਪਾਸੋਂ ਮੰਗ ਹੈ ਕਿ ਅਜਿਹੇ ਭਿਖਾਰੀਆਂ 'ਤੇ ਨਕੇਲ ਪਾਈ ਜਾਵੇ ਅਤੇ ਇਨ੍ਹਾਂ ਨੂੰ ਅਜਿਹਾ ਕੰਮ ਕਰਨ ਤੋਂ ਰੋਕਿਆ ਜਾਵੇ ਤਾਂ ਜੋ ਬਾਜਾਰਾਂ ਵਿਚ ਖ਼ਰੀਦਦਾਰੀ ਕਰਨ ਵਾਲੇ ਲੋਕਾਂ ਨੂੰ ਇਸ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।

# ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ ਅਮਿੱਟ ਛਾਪ ਛੱਡਦੀਆਂ ਸਫ਼ਲਤਾਪੂਰਵਕ ਸੰਪੰਨ

## ਓਵਰਆਲ ਟਰਾਫ਼ੀ ਬਲਾਕ ਬਟਾਲਾ-1 ਨੇ ਜਿੱਤੀ

**ਬਟਾਲਾ (ਡਾ. ਮਲਵਿੰਦਰ ਸਿੰਘ)**- ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰ/ਐਲੀ: ਪਰਮਜੀਤ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡਾ. ਅਨਿਲ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਨਾਲ ਸਿੱਖਿਆ ਵਿਭਾਗ ਐਲੀ: ਗੁਰਦਾਸਪੁਰ ਦੀਆਂ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜੈਤੋ ਸਰਜਾ ਬਲਾਕ ਬਟਾਲਾ 1 ਦੇ ਖੇਡ ਮੈਦਾਨ ਵਿਖੇ ਸਫ਼ਲਤਾ ਪੂਰਵਕ ਸੰਪੰਨ ਹੋ ਗਈਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਬਟਾਲ-1 ਸ. ਜਸਵਿੰਦਰ ਸਿੰਘ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਜਾਰੀ ਖੇਡ ਕੈਲੰਡਰ ਅਨੁਸਾਰ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ 03 ਅਤੇ 04 ਨਵੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜੈਤੋ ਸਰਜਾ ਬਲਾਕ ਬਟਾਲਾ 1 ਦੇ ਖੇਡ ਮੈਦਾਨ ਵਿਖੇ ਪ੍ਰਿੰਸੀਪਲ ਜਸਬੀਰ ਕੌਰ ਦੇ ਸਹਿਯੋਗ ਨਾਲ ਕਰਵਾਈਆਂ ਗਈਆਂ ਹਨ ਜਿਸ ਵਿੱਚ ਜ਼ਿਲ੍ਹੇ ਦੇ 19 ਬਲਾਕਾਂ ਦੇ ਜੇਤੂ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ।ਉਨ੍ਹਾਂ ਜਾਣਕਾਰੀ ਦਿੱਤੀ ਕਿ ਖੇਡਾਂ ਦੇ ਸ਼ੁੱਭ ਆਰੰਭ ਦੌਰਾਨ ਬੱਚਿਆਂ ਵੱਲੋਂ ਪ੍ਰਭਾਵਸ਼ਾਲੀ ਢੰਗ ਨਾਲ ਮਾਰਚ ਪਾਸਟ ਕਰਕੇ ਕੀਤਾ ਗਿਆ ਹੈ।ਇਸ ਦੌਰਾਨ ਚੇਅਰਮੈਨ ਨਗਰ ਸੁਧਾਰ ਟਰੱਸਟ ਯਸ਼ਪਾਲ ਚੌਹਾਨ ਵੱਲੋਂ ਪਹੁੰਚ ਕੇ ਜੇਤੂ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸਨਮਾਨ ਚਿੰਨ੍ਹ ਵੰਡੇ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਜ਼ਿਕਰਯੋਗ ਹੈ ਕਿ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀ ਰਾਜ ਪੱਧਰੀ ਹੋਣ ਵਾਲੇ ਖੇਡ ਮੁਕਾਬਲਿਆਂ ਵਿੱਚ ਭਾਗ ਲੈਣਗੇ।ਇਸ ਦੌਰਾਨ ਗਲਾਈਡਰ ਦੁਆਰਾ ਕੀਤੀ ਫੁੱਲਾਂ ਦੀ ਵਰਖਾ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ।ਇਸ ਮੌਕੇ ਪਿੰਡ ਜੈਤੋਸਰਜਾ ਦੀ ਪੰਚਾਇਤ, ਸਪੋਰਟਸ ਕਮੇਟੀ ਤੇ ਪਿੰਡ ਵਾਸੀਆਂ ਨੇ ਬੱਚਿਆਂ ਨੂੰ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।



# ਖਾਲਸਾ ਕਾਲਜ ਵਿਖੇ ਦੋ ਰੋਜ਼ਾ ਵਰਮੀਕੰਪੋਸਟਿੰਗ ਟ੍ਰੇਨਿੰਗ ਵਰਕਸ਼ਾਪ ਕਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖਾਲਸਾ ਕਾਲਜ ਦੇ ਜੀਵ ਵਿਗਿਆਨ ਵਿਭਾਗ ਦੀ ਜ਼ੂਆਲੌਜੀਕਲ ਸੋਸਾਇਟੀ ਵੱਲੋਂ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ, ਚੰਡੀਗੜ੍ਹ ਦੇ ਸਹਿਯੋਗ ਨਾਲ ਦੋ ਰੋਜ਼ਾ ਵਰਮੀਕੰਪੋਸਟਿੰਗ: ਵੇਸਟ ਤੋਂ ਵੈਲਥ ਤੱਕ ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਵਰਮੀਕੰਪੋਸਟਿੰਗ ਦੀ ਪ੍ਰਕਿਰਿਆ ਸਬੰਧੀ ਟ੍ਰੇਨਿੰਗ ਦੇਣਾ ਅਤੇ ਠੋਸ ਕੂੜੇ ਦੇ ਪ੍ਰਬੰਧਨ ਦੁਆਰਾ ਵਾਤਾਵਰਣ ਨੂੰ ਸਾਫ਼ ਅਤੇ ਹਰਾ-ਭਰਾ ਰੱਖਣ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ ਜਿਸ 'ਚ ਜ਼ਿਲ੍ਹੇ ਦੇ ਸਕੂਲਾਂ ਦੇ ਲਗਭਗ 120 ਅਤੇ 100 ਕਾਲਜ ਵਿਦਿਆਰਥੀਆਂ, 30 ਅਧਿਆਪਕਾਂ ਨੇ ਭਾਗ ਲਿਆ।ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਵਰਕਸ਼ਾਪ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੇ 'ਵਾਤਾਵਰਣ ਸਿੱਖਿਆ ਪ੍ਰੋਗਰਾਮ' ਤਹਿਤ ਆਯੋਜਿਤ ਕੀਤਾ ਗਿਆ ਸੀ।ਉਨ੍ਹਾਂ ਸਮਾਜ ਲਈ ਵਰਮੀਕੰਪੋਸਟਿੰਗ ਦੇ ਫ਼ਾਇਦਿਆਂ ਬਾਰੇ ਵਿਚਾਰ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵਰਕਸ਼ਾਪ ਵਿਦਿਆਰਥੀਆਂ ਨੂੰ ਪਰਿਆਵਰਣਕ ਮੁੱਦਿਆਂ ਸਬੰਧੀ ਜਾਗਰੂਕ ਕਰਨ ਅਤੇ ਉਨ੍ਹਾਂ ਦੇ ਹੱਲ ਲੱਭਣ 'ਚ ਮਦਦਗਾਰ ਸਾਬਤ ਹੋ ਸਕਦੇ ਹਨ।ਇਸ ਮੌਕੇ ਵਰਕਸ਼ਾਪ ਦੇ ਆਯੋਜਕ ਸਕੱਤਰ ਡਾ. ਅਮਨਦੀਪ ਸਿੰਘ ਨੇ ਵਰਕਸ਼ਾਪ ਅਤੇ ਪਰਿਆਵਰਨ ਸਿੱਖਿਆ ਪ੍ਰੋਗਰਾਮ ਦੀ ਸੰਖੇਪ ਜਾਣਕਾਰੀ ਦਿੱਤੀ।ਵਿਭਾਗ ਮੁਖੀ ਡਾ. ਜਸਵਿੰਦਰ ਸਿੰਘ ਨੇ ਵਰਮੀਕੰਪੋਸਟਿੰਗ ਦੀ ਪ੍ਰਕਿਰਿਆ ਅਤੇ ਇਸ ਦੇ ਉਪਯੋਗਾਂ ਦਾ ਪ੍ਰਦਰਸ਼ਨ ਕਰਦਿਆਂ ਕਿਹਾ ਕਿ ਰਸੋਈ ਅਤੇ ਡੇਅਰੀ ਕੂੜੇ ਨੂੰ ਇਸ ਤਕਨੀਕ ਰਾਹੀਂ ਆਸਾਨੀ ਨਾਲ ਕੀਮਤੀ ਖਾਦ 'ਚ ਬਦਲਿਆ ਜਾ ਸਕਦਾ ਹੈ, ਜਿਸ ਨਾਲ ਵਾਤਾਵਰਣ ਸਾਫ਼ ਰਹਿੰਦਾ ਹੈ।ਇਸ ਮੌਕੇ ਕਾਲਜ ਦੇ ਫਾਰਮਰ ਟ੍ਰੇਨਿੰਗ ਸੈਂਟਰ ਦੇ ਖੇਤੀਬਾੜੀ ਅਧਿਕਾਰੀ ਸ: ਜਸਵਿੰਦਰ ਸਿੰਘ ਭਾਟੀਆ ਨੇ ਵਿਦਿਆਰਥੀਆਂ ਨੂੰ ਵੇਰਮੀਕੰਪੋਸਟਿੰਗ ਸਬੰਧੀ ਟ੍ਰੇਨਿੰਗ ਦਿੱਤੀ ਅਤੇ ਉਨ੍ਹਾਂ ਦੇ ਪ੍ਰਸ਼ਨਾਂ ਦੇ ਜਵਾਬ ਦਿੱਤੇ।ਪ੍ਰੋਗਰਾਮ ਦੌਰਾਨ ਡਾ. ਅਮਨਦੀਪ ਸਿੰਘ ਨੇ ਸਮੂੰਹ ਭਾਗੀਦਾਰਾਂ ਅਤੇ ਫੈਕਲਟੀ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵਾਤਾਵਰਣ ਨੂੰ ਸਾਫ਼ ਅਤੇ ਹਰਾ-ਭਰਾ ਰੱਖਣ ਦੀ ਸਹੁੰ ਚੁੱਕੀ।ਇਸ ਪ੍ਰੋਗਰਾਮ ਦੇ ਵਿਦਾਇਗੀ ਸੈਸ਼ਨ ਦੌਰਾਨ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਪ੍ਰਿੰ: ਡਾ. ਰੰਧਾਵਾ ਵੱਲੋਂ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਇਸ ਮੌਕੇ ਡਾ. ਜੋਰਾਵਰ ਸਿੰਘ, ਸ: ਰਣਦੀਪ ਸਿੰਘ, ਡਾ. ਰਜਬੀਰ ਕੌਰ, ਡਾ. ਸਤਿੰਦਰ ਕੌਰ, ਡਾ. ਮੁਹੰਮਦ ਅਲੀ, ਡਾ. ਅੰਕਿਤਾ ਠਾਕੁਰ, ਡਾ. ਦੀਪਕ, ਡਾ. ਸੰਦੀਪ ਕੌਰ, ਡਾ. ਡਿੰਪਲ ਮੰਡਲਾ, ਸੁ. ਯਸ਼ਮੀ, ਜਸਪਿੰਦਰ ਕੌਰ, ਹਰਨੀਤ ਕੌਰ, ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।



# ਔਰਤਾਂ ਨੂੰ ਸਸ਼ਕਤ ਬਣਾਉਣ ਲਈ ਰਾਜ ਪੱਧਰੀ ਮਹਿਲਾ ਸਿਹਤ ਤੇ ਰੋਜ਼ਗਾਰ ਕੈਂਪ ਸ਼ੁਰੂ : ਅਮਨਦੀਪ ਅਰੋੜਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮਹਿਲਾ ਵਿੰਗ ਦੀ ਪ੍ਰਧਾਨ ਅਤੇ ਵਿਧਾਇਕ ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਸਿਰਫ਼ ਵਾਅਦੇ ਨਹੀਂ ਕਰਦੀ, ਸਗੋਂ ਔਰਤਾਂ ਸਮੇਤ ਹਰ ਵਰਗ ਦੀ ਭਲਾਈ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਦਿਖਾ ਰਹੀ ਹੈ। ਉਨ੍ਹਾਂ ਨੇ ਆਪ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਰਾਜ ਪੱਧਰੀ ਮਹਿਲਾ ਸਿਹਤ ਅਤੇ ਰੋਜ਼ਗਾਰ ਕੈਂਪ ਲੜੀ ਦੀ ਸ਼ਲਾਘਾ ਕਰਦਿਆਂ ਇਸ ਨੂੰ ਔਰਤਾਂ ਦੇ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਦੱਸਿਆ।ਵਿਧਾਇਕ ਅਰੋੜਾ ਨੇ ਤਰਨ ਤਾਰਨ ਜ਼ਿਮਨੀ ਚੋਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਆਪ ਸਰਕਾਰ ਦੀ ਇਸੇ ਲੋਕ-ਪੱਖੀ ਕਾਰਗੁਜ਼ਾਰੀ ਦੇ ਆਧਾਰ 'ਤੇ ਤਰਨ ਤਾਰਨ ਦੇ ਲੋਕ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦਾ ਮਨ ਬਣਾ ਚੁੱਕੇ ਹਨ।ਅਰੋੜਾ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਰਾਹੀਂ ਹੁਣ ਤਕ 16 ਕੰਪਨੀਆਂ ਨੇ ਹਿੱਸਾ ਲਿਆ ਅਤੇ 500 ਦੇ ਕਰੀਬ ਲੜਕੀਆਂ ਨੇ ਰਜਿਸਟ੍ਰੇਸ਼ਨ ਕਰਵਾਈ। ਸਭ ਤੋਂ ਸ਼ਲਾਘਾਯੋਗ ਗੱਲ ਇਹ ਹੈ ਕਿ 295 ਦੀ ਚੋਣ ਕੀਤੀ ਗਈ ਅਤੇ 72 ਤੋਂ ਵੱਧ ਲੜਕੀਆਂ ਨੂੰ ਮੌਕੇ 'ਤੇ ਹੀ ਨੌਕਰੀ ਦੇ ਪੱਤਰ ਸੌਂਪੇ ਗਏ। ਉਨ੍ਹਾਂ ਕਿਹਾ ਕਿ ਇਹ ਆਪ ਸਰਕਾਰ ਦਾ ਰੋਜ਼ਗਾਰ ਮਾਡਲ ਹੈ, ਜੋ ਗੱਲਾਂ 'ਤੇ ਨਹੀਂ, ਸਗੋਂ ਕੰਮ 'ਤੇ ਯਕੀਨ ਰੱਖਦਾ ਹੈ।ਉਨ੍ਹਾਂ ਤਰਨ ਤਾਰਨ ਦੇ ਵੋਟਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਲਕੇ ਦੇ ਵਿਕਾਸ ਨੂੰ ਹੋਰ ਤੇਜ਼ ਗਤੀ ਦੇਣ ਅਤੇ ਆਪ ਸਰਕਾਰ ਦੇ ਹੱਥ ਮਜ਼ਬੂਤ ਕਰਨ ਲਈ ਤਰਨ ਤਾਰਨ ਦੇ ਲੋਕ ਜ਼ਿਮਨੀ ਚੋਣ ਵਿੱਚ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਵੱਡੀ ਲੀਡ ਨਾਲ ਵੋਟ ਪਾ ਕੇ ਕਾਮਯਾਬ ਬਣਾਉਣ।



# ਸ਼ਹਿਰ ਅੰਦਰ ਲੱਗੇ ਗੰਦਗੀ ਦੇ ਢੇਰਾਂ ਤੋਂ ਲੋਕ ਪ੍ਰੇਸ਼ਾਨ; ਬਿਮਾਰੀਆਂ ਫੈਲਣ ਦਾ ਡਰ

**ਗੁਰਦਾਸਪੁਰ (ਜਨਕ ਮਹਾਜਨ)**- ਸ਼ਹਿਰ ਅਤੇ ਆਲੇ ਦੁਆਲੇ ਦੇ ਕਸਬਿਆਂ ਵਿਚ ਵਿਚ ਗੰਦਗੀ ਦੇ ਢੇਰ ਖ਼ਤਮ ਹੋਣ ਦਾ ਨਾਮ ਨਹੀਂ ਲੈ ਰਹੇ ਜਿਸ ਨਾਲ ਲੋਕ ਬਦਬੂ ਅਤੇ ਕਈ ਬਿਮਾਰੀਆਂ ਦੀ ਗ੍ਰਿਫਤ ਵਿਚ ਫਸ ਰਹੇ ਹਨ। ਇਸ ਪਾਸੇ ਸੰਬੰਧਿਤ ਵਿਭਾਗ ਦਾ ਧਿਆਨ ਨਾ ਹੋਣ ਕਾਰਨ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਸ਼ਹਿਰ ਵਾਸੀਆਂ ਅਤੇ ਸਮਾਜ ਸੇਵੀ ਜਥੇਬੰਦੀਆਂ ਨੇ ਦੱਸਿਆ ਕਿ ਪ੍ਰਸ਼ਾਸਨ ਦੀਆਂ ਲੱਖਾਂ ਕੋਸ਼ਿਸ਼ਾਂ ਦੇ ਬਾਵਜੂਦ ਵੀ ਕੂੜੇ ਦੇ ਢੇਰ ਸ਼ਰੇਆਮ ਸੜਕਾਂ 'ਤੇ ਪਏ ਹੋਏ ਹਨ। ਇਨ੍ਹਾਂ ਕੂੜੇ ਦੇ ਢੇਰਾਂ 'ਤੇ ਕੁਝ ਲੋਕਾਂ ਵਲੋਂ ਅੱਗ ਲਗਾ ਦਿੱਤੀ ਹੈ ਜਿਸ ਤੋਂ ਉਠਦੇ ਧੂੰਏਂ ਕਾਰਨ ਲੋਕਾਂ ਨੂੰ ਸਾਹ ਲੈਣ ਵਿਚ ਜਿੱਥੇ ਮੁਸ਼ਕਿਲ ਪੇਸ਼ ਆਉਂਦੀ ਹੈ ਉਥੇ ਹੀ ਲੋਕ ਖ਼ਤਰਨਾਕ ਬਿਮਾਰੀਆਂ ਦੇ ਦੀ ਗ੍ਰਿਫਤ ਵਿਚ ਆਉਣ ਦਾ ਡਰ ਬਣਿਆ ਰਹਿੰਦਾ ਹੈ। ਲੋਕ ਵੇਲੇ-ਕਵੇਲੇ ਘਰਾਂ ਦਾ ਗੰਦ ਸੜਕਾਂ ਜਾਂ ਗਲੀਆਂ ਕਿਨਾਰੇ ਸੁੱਟ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰਾਂ ਨੇ ਕੂੜਾ ਡੰਪ ਦੀ ਯੋਜਨਾ ਬਣਾਈ ਸੀ ਜੋ ਸਿਰੇ ਨਹੀਂ ਚੜ੍ਹ ਸਕੀ। ਇਲਾਕਾ ਵਾਸੀਆਂ ਨੇ ਕਿਹਾ ਜਦੋਂ ਮੀਂਹ ਪੈਂਦਾ ਹੈ ਤਾਂ ਕੂੜੇ ਦੇ ਢੇਰਾਂ ਅੰਦਰ ਮੱਖੀ ਮੱਛਰ ਪੈਦਾ ਹੁੰਦਾ ਹੈ ਜਿਸ ਨਾਲ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸ਼ਹਿਰ ਅਤੇ ਪਿੰਡਾਂ ਅੰਦਰ ਕੂੜਾ ਡੰਪ ਕਰਵਾਉਣ ਲਈ ਕੋਈ ਜਗ੍ਹਾ ਨਿਸਚਿਤ ਕੀਤੀ ਜਾਵੇ ਜਿਸ ਨਾਲ ਲੋਕਾਂ ਨੂੰ ਗੰਦਗੀ ਤੋਂ ਰਾਹਤ ਮਿਲ ਸਕੇ।



# 8ਵੀਂ ਤਰਨਤਾਰਨ ਤਾਈਕਵਾਂਡੋ ਚੈਂਪੀਅਨਸ਼ਿਪ 'ਚ ਮਾਰੀਆਂ ਮੱਲਾਂ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੇ ਵਿਦਿਆਰਥੀਆਂ ਨੇ 8ਵੀਆਂ ਤਰਨਤਾਰਨ ਤਾਈਕਵਾਂਡੋ ਚੈਂਪੀਅਨਸ਼ਿਪ ਵਿੱਚ ਭਾਗ ਲੈ ਕੇ ਚੰਗਾ ਪ੍ਰਦਰਸ਼ਨ ਕਰਦਿਆਂ ਹੋਇਆਂ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਹ ਮੁਕਾਬਲੇ 2 ਅਤੇ 3 ਨਵੰਬਰ ਨੂੰ ਦੀ ਅਲਪਾਈਨ ਇੰਟਰਨੈਸ਼ਨਲ ਸਕੂਲ (ਸੰਘਾ) ਵਿਖੇ ਕਰਵਾਏ ਗਏ ਸਨ।ਅੰਡਰ-12 ਵਰਗ ਵਿੱਚੋਂ ਨਕਸ਼ਦੀਪ ਸਿੰਘ, ਰਣਵੀਰ ਸਿੰਘ ਨੇ ਗੋਲਡ ਮੈਡਲ ਸਮਰਦੀਪ ਸਿੰਘ, ਮਨਕੀਰਤ ਸਿੰਘ ਨੇ ਸਿਲਵਰ ਮੈਡਲ ਅਤੇ ਰਾਜਵੀਰ ਸਿੰਘ ਨੇ ਬਰੌਂਜ਼ ਮੈਡਲ ਪ੍ਰਾਪਤ ਕੀਤਾ।ਅੰਡਰ-14 ਵਰਗ ਵਿੱਚੋਂ ਏਕਮਜੀਤ ਸਿੰਘ ਨੇ ਗੋਲਡ ਮੈਡਲ ਸੁਰਤਾਜ ਸਿੰਘ, ਵਰੁਣਦੀਪ ਸਿੰਘ, ਸਨਮਪ੍ਰੀਤ ਸਿੰਘ ਨੇ ਸਿਲਵਰ ਮੈਡਲ ਅਭੀਜੋਤ ਸਿੰਘ, ਅਨੁਰਾਗ ਸ਼ਰਮਾ ਨੇ ਬਰੌਂਜ ਮੈਡਲ ਪ੍ਰਾਪਤ ਕੀਤਾ।ਅੰਡਰ- 17 ਵਰਗ ਵਿੱਚੋਂ ਗੁਰਨਿਸ਼ਾਨ ਸਿੰਘ, ਏਕਮਦੀਪ ਸਿੰਘ ਨੇ ਸਿਲਵਰ ਮੈਡਲ ਅਤੇ ਸਾਹਿਬਦੀਪ ਸਿੰਘ, ਦਮਨਪ੍ਰੀਤ ਸਿੰਘ, ਅਭੀਨੂਰ ਸਿੰਘ, ਅਰਸ਼ਦੀਪ ਸਿੰਘ, ਸਹਿਜਪ੍ਰੀਤ ਸਿੰਘ ਨੇ ਬਰੌਂਜ ਮੈਡਲ ਪ੍ਰਾਪਤ ਕੀਤੇ। ਅੰਡਰ-19 ਵਰਗ ਵਿੱਚੋਂ ਰਾਜਨਪ੍ਰੀਤ ਸਿੰਘ ਨੇ ਗੋਲਡ ਮੈਡਲ ਅਤੇ ਗੁਰਨੂਰ ਸਿੰਘ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ।ਓਵਰਆਲ ਨਤੀਜੇ ਵਿੱਚੋਂ ਸਬ-ਜੂਨੀਅਰ ਅੰਡਰ- 12 ਨੇ ਪਹਿਲਾ, ਕੈਡਿਟ ਅੰਡਰ-14 ਨੇ ਦੂਸਰਾ ਅਤੇ ਸੀਨੀਅਰ ਅੰਡਰ- 19 ਨੇ ਪਹਿਲਾ ਸਥਾਨ ਹਾਸਿਲ ਕਰ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਮੈਂਬਰ ਇੰਚਾਰਜ ਸ.ਮਨਜੀਤ ਸਿੰਘ ਢਿੱਲੋਂ, ਸ. ਆਦਰਸ਼ਪਿੰਦਰ ਸਿੰਘ ਮਾਨ, ਸ. ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੂਗੀਤ ਬਾਵਾ ਨੇ ਇਨ੍ਹਾਂ ਵਿਦਿਆਰਥੀਆਂ ਅਤੇ ਇਨ੍ਹਾਂ ਦੇ ਕੋਚ, ਡੀ. ਪੀ. ਨੂੰ ਵਧਾਈ ਦਿੰਦਿਆਂ ਇਸੇ ਤਰ੍ਹਾਂ ਜ਼ਿੰਦਗੀ ਵਿੱਚ ਕਰੜੀ ਮਿਹਨਤ ਨੂੰ ਯਾਰੀ ਰੱਖਦਿਆਂ ਹੋਇਆਂ ਉਚੇ ਮੁਕਾਮ 'ਤੇ ਪਹੁੰਚਣ ਦਾ ਆਸ਼ੀਰਵਾਦ ਦਿੱਤਾ।



8-Nov-PAGE-4.qxd 11/7/2025 8:35 PM Page 1



# ਜੇ ਐੱਨ ਯੂ ਦੇ ਫਤਵੇ ਦਾ ਸੁਨੇਹਾ

ਕੇਂਦਰ ਸਰਕਾਰ, ਸਿੱਖਿਆ ਮੰਤਰਾਲਾ ਤੇ ਯੂਨੀਵਰਸਿਟੀ ਪ੍ਰਸ਼ਾਸਨ ਦੇ ਅਸਾਧਾਰਨ ਦਖਲ, ਪਿਛਲੇ ਵਰ੍ਹਿਆਂ ਵਿੱਚ ਨਿਯੁਕਤੀਆਂ 'ਚ ਆਰ ਐੱਸ ਐੱਸ ਨਾਲ ਸੰਬੰਧਤ ਲੋਕਾਂ ਦੀ ਭਰਤੀ, ਖੋਜਾਰਥੀਆਂ ਦੀ ਗਿਣਤੀ 'ਚ ਵੱਡੀ ਕਟੌਤੀ ਤੇ ਦਿੱਲੀ ਪੁਲਸ ਦੀ ਮਦਦ ਨਾਲ ਸੱਤਾ ਤੋਂ ਅਸਹਿਮਤ ਵਿਦਿਆਰਥੀ ਜਥੇਬੰਦੀਆਂ ਵਿਰੁੱਧ ਦਹਿਸ਼ਤ ਪੈਦਾ ਕਰਨ ਵਾਲੀਆਂ ਹਿੰਸਕ ਘਟਨਾਵਾਂ ਦੇ ਬਾਵਜੂਦ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਵਿੱਚ ਖੱਬੇ-ਪੱਖੀ ਵਿਦਿਆਰਥੀ ਜਥੇਬੰਦੀਆਂ ਨੇ ਪ੍ਰਧਾਨ ਸਣੇ ਚਾਰੇ ਅਹੁਦੇ ਜਿੱਤ ਕੇ ਇੱਕ ਵਾਰ ਫਿਰ ਲਾਲ ਪਰਚਮ ਲਹਿਰਾਇਆ ਹੈ। ਇਸ ਦੀ ਇੱਕ ਵਜ੍ਹਾ ਇਹ ਵੀ ਹੈ ਕਿ ਜੇ ਐੱਨ ਯੂ ਸਟੂਡੈਂਟਸ ਯੂਨੀਅਨ ਦੀਆਂ ਚੋਣਾਂ ਦਾ ਸੰਚਾਲਨ ਵਿਦਿਆਰਥੀਆਂ ਦੀ ਹੀ ਸਰਬਸੰਮਤੀ ਨਾਲ ਚੁਣੀ ਹੋਈ ਇਕਾਈ ਕਰਵਾਉਂਦੀ ਹੈ। ਜੇ ਇਹ ਕੰਮ ਗਿਆਨੇਸ਼ ਕੁਮਾਰ ਗੁਪਤਾ (ਮੁੱਖ ਚੋਣ ਕਮਿਸ਼ਨਰ) ਦੇ ਹੱਥ ਵਿੱਚ ਹੁੰਦਾ ਤਾਂ ਨਤੀਜੇ ਯਕੀਨਨ ਕੁਝ ਹੋਰ ਹੁੰਦੇ।

ਆਰ ਐੱਸ ਐੱਸ ਦੀ ਪੈਦਾਵਾਰ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏ ਬੀ ਵੀ ਪੀ) ਨੇ ਸੱਤਾਧਾਰੀਆਂ ਦੀ ਮਦਦ ਨਾਲ ਖੱਬੇ-ਪੱਖੀ ਜਥੇਬੰਦੀਆਂ ਨੂੰ ਹਰਾਉਣ ਲਈ ਪੂਰਾ ਜ਼ੋਰ ਲਾਇਆ, ਪਰ ਖੱਬੇ-ਪੱਖੀਆਂ ਦੀ ਏਕਤਾ ਨੇ ਉਸ ਦਾ ਹੱਲਾ ਨਾਕਾਮ ਕਰ ਦਿੱਤਾ। 1971 ਤੋਂ ਸ਼ੁਰੂ ਹੋਈਆਂ ਸਟੂਡੈਂਟਸ ਯੂਨੀਅਨ ਚੋਣਾਂ ਵਿੱਚ ਹਮੇਸ਼ਾ ਖੱਬੇ-ਪੱਖੀਆਂ ਦਾ ਦਬਦਬਾ ਰਿਹਾ ਹੈ। ਪ੍ਰਧਾਨ ਦੇ ਅਹੁਦੇ 'ਤੇ ਹੁਣ ਤੱਕ ਐੱਸ ਐੱਫ ਆਈ ਨੇ 22 ਵਾਰ, ਏ ਆਈ ਐੱਸ ਆਈ ਨੇ 12 ਵਾਰ ਤੇ ਏ ਆਈ ਐੱਸ ਐੱਫ ਨੇ ਇੱਕ ਵਾਰ ਜਿੱਤ ਹਾਸਲ ਕੀਤੀ ਹੈ, ਜਿਹੜੀ ਖੱਬੇ-ਪੱਖੀ ਵਿਰਾਸਤ ਨੂੰ ਦਰਸਾਉਂਦੀ ਹੈ। ਏ ਬੀ ਵੀ ਪੀ ਇੱਕ ਵਾਰ 2000 ਵਿੱਚ ਜਿੱਤੀ ਸੀ ਤੇ ਉਸ ਦਾ ਉਮੀਦਵਾਰ ਸੰਦੀਪ ਮਹਾਪਾਤਰਾ ਜੇਤੂ ਰਿਹਾ ਸੀ। ਐੱਨ ਐੱਸ ਯੂ ਆਈ ਦਾ ਤਨਵੀਰ ਅਖਤਰ 1991 ਵਿੱਚ ਪ੍ਰਧਾਨ ਬਣਿਆ ਸੀ। ਕੋਵਿਡ-19 ਕਾਰਨ ਚਾਰ ਸਾਲ ਬਾਅਦ 2023 ਵਿੱਚ ਹੋਈਆਂ ਚੋਣਾਂ ਵਿੱਚ ਖੱਬੀ-ਏਕਤਾ ਨੇ ਫਿਰ ਤੋਂ ਚਾਰੇ ਅਹੁਦੇ ਜਿੱਤ ਕੇ ਆਪਣੀ ਪਕੜ ਮਜ਼ਬੂਤ ਕੀਤੀ ਸੀ। ਇਸ ਵਾਰ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਏ ਆਈ ਐੱਸ ਏ), ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ (ਐੱਸ ਐੱਫ ਆਈ) ਤੇ ਡੈਮੋਕਰੇਟਿਕ ਸਟੂਡੈਂਟਸ ਫੈਡਰੇਸ਼ਨ (ਡੀ ਐੱਸ ਐੱਫ) ਨੇ ਲੈੱਫਟ ਯੂਨਿਟੀ ਦੇ ਨਾਂਅ ਹੇਠ ਚੋਣਾਂ ਲੜ ਕੇ ਪ੍ਰਧਾਨ, ਮੀਤ ਪ੍ਰਧਾਨ, ਜਨਰਲ ਸਕੱਤਰ ਤੇ ਜਾਇੰਟ ਸਕੱਤਰ ਦੇ ਅਹੁਦਿਆਂ 'ਤੇ ਜਿੱਤ ਦਰਜ ਕਰਕੇ ਇਤਿਹਾਸ ਦੁਹਰਾਇਆ ਹੈ। ਆਦਿਤੀ ਮਿਸ਼ਰਾ ਪ੍ਰਧਾਨ, ਕੇ. ਗੋਪਿਕਾ ਮੀਤ ਪ੍ਰਧਾਨ, ਸੁਨੀਲ ਯਾਦਵ ਜਨਰਲ ਸਕੱਤਰ ਤੇ ਦਾਨਿਸ਼ ਅਲੀ ਜਾਇੰਟ ਸਕੱਤਰ ਚੁਣੇ ਗਏ ਹਨ। ਪਿਛਲੀਆਂ ਚੋਣਾਂ ਵਿੱਚ ਏ ਆਈ ਐੱਸ ਤੇ ਡੀ ਐੱਸ ਐੱਫ ਮਿਲ ਕੇ ਲੜੇ ਸਨ, ਜਦਕਿ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ, ਬਿਰਸਾ ਅੰਬੇਡਕਰ ਫੂਲੇ ਸਟੂਡੈਂਟਸ ਐਸੋਸੀਏਸ਼ਨ ਤੇ ਪ੍ਰੋਗਰੈਸਿਵ ਸਟੂਡੈਂਟਸ ਐਸੋਸੀਏਸ਼ਨ ਵੱਖਰਾ ਗੱਠਜੋੜ ਕਰਕੇ ਲੜੇ ਸਨ। ਜੇ ਐੱਨ ਯੂ ਸਟੂਡੈਂਟਸ ਯੂਨੀਅਨ ਦੀਆਂ ਚੋਣਾਂ ਦੇ ਫਤਵੇ ਨੇ ਮੁੜ ਦਰਸਾਇਆ ਹੈ ਕਿ ਖੱਬੀਆਂ ਸ਼ਕਤੀਆਂ ਦੀ ਏਕਤਾ ਨਾਲ ਹੀ ਫਾਸ਼ੀਵਾਦੀ ਤਾਕਤਾਂ ਨੂੰ ਭਾਂਜ ਦਿੱਤੀ ਜਾ ਸਕਦੀ ਹੈ। ਏਕਤਾ ਵਿੱਚ ਹੀ ਬਲ ਹੈ!

## ਮਰੇ ਪਸ਼ੂ ਦੇ ਦੰਦਾਂ ਵਰਗਾ !

ਪਾਣੀ ਤੋਂ ਬਿਨਾਂ ਚਿੜੀ ਮਰ ਗਈ,
ਲੋਕ ਤਮਾਸ਼ਾ ਦੇਖਣ ਆ ਗਏ।
ਮਰੇ ਪਸ਼ੂ ਦੇ ਦੰਦਾਂ ਵਰਗਾ,
ਮੂੰਹ ਦਾ ਹਾਸਾ ਦੇਖਣ ਆ ਗਏ।
ਲੂਣ ਦੀ ਪਹਿਰੇਦਾਰੀ ਕਰਦੇ,
ਭੋਰਨ ਲਈ ਪਤਾਸਾ ਆ ਗਏ।
ਜਦੋਂ ਅਕਲ ਦਾ ਬੀੜਾ ਚੁੱਕਿਆ,
ਲੈ ਕੇ ਕੋਲ ਗਡਾਸਾ ਆ ਗਏ।
ਆਪਣਾ ਪੱਖ ਬਚਾ ਕੇ ਰੱਖੀਂ,
ਧੁੰਦ ਦੇ ਬੱਦਲ ਹਟ ਜਾਵਣਗੇ।
ਮਨਾਂ ਦੇ ਅੰਦਰ ਤਪਦੇ ਗੋਲੇ,
ਇੱਕ ਦਿਨ ਤਾਂ ਫਟ ਜਾਵਣਗੇ।

-ਗੁਲਪੁਰ

# ਪੰਜਾਬ ਨੂੰ ਖੋਰੇ 'ਤੇ ਖੋਰਾ ਕਿਉਂ ?

**ਸੁਖਪਾਲ ਸਿੰਘ ਗਿੱਲ**

'ਭਾਰਤ ਹੈ ਵਾਂਗ ਮੁੰਦਰੀ ਵਿੱਚ ਨਗ ਪੰਜਾਬ ਦਾ' ਕਵਿਤਾ ਨੇ ਭਾਰਤ ਮਾਤਾ ਅਤੇ ਪੰਜਾਬ ਨੂੰ ਇੱਕ ਦੂਜੇ ਪ੍ਰਤੀ ਕੀਮਤੀ ਕਿਹਾ ਸੀ।ਭਾਰਤ ਮਾਤਾ ਦਾ ਕਾਬਲੇ-ਤਾਰੀਫ਼ ਸਪੁੱਤਰ ਪੰਜਾਬ ਬਹੁਤੀ ਵਾਰੀ ਆਪਣੇ ਅਤੀਤ ਨੂੰ ਝੂਰਦਾ ਰਹਿੰਦਾ ਹੈ ।ਹੁਣ ਪੰਜਾਬ ਦਿਵਸ 'ਤੇ ਪੰਜਾਬ ਯੂਨੀਵਰਸਿਟੀ ਦਾ ਸੱਪ ਕੱਢ ਲਿਆ ਗਿਆ ।ਪੰਜਾਬ ਦੀ ਰੂਹ-ਏ-ਰਵਾਂ ਪੰਜਾਬ ਯੂਨੀਵਰਸਿਟੀ ਪੰਜਾਬ ਦਾ ਧੜਕਦਾ ਦਿਲ ਵੀ ਹੈ ।18 ਨਵੰਬਰ 1882 ਲਾਹੌਰ ਵਿੱਚ ਇਸ ਦਾ ਉਦਘਾਟਨ ਸਰਪ੍ਰਸਤ ਲਾਰਡ ਰਿਪਨ ਦੀ ਹਾਜ਼ਰੀ 'ਚ ਹੋਇਆ ਸੀ ।1889 ਵਿੱਚ ਪੰਜਾਬ ਯੂਨੀਵਰਸਿਟੀ ਦੀ ਹੋਂਦ ਨੂੰ ਮਾਨਤਾ ਮਿਲੀ ਸੀ ।ਇਸ ਤੋਂ ਇਲਾਵਾ1896 ਵਿੱਚ ਕੈਂਬਰਿਜ ਯੂਨੀਵਰਸਿਟੀ ਵੱਲੋਂ ਵੀ ਪੰਜਾਬ ਯੂਨੀਵਰਸਿਟੀ ਨੂੰ ਮਾਨਤਾ ਮਿਲੀ ਸੀ । 59 ਸਾਲ ਤੋਂ ਲੋਕਤੰਤਰਿਕ ਢੰਗ ਨਾਲ ਚਲਦੀ ਪੰਜਾਬ ਯੂਨੀਵਰਸਿਟੀ ਗਵਰਨਿੰਗ ਬਾਡੀ, ਸੈਨੇਟ ਅਤੇ ਸਿੰਡੀਕੇਟ ਨੂੰ ਕਿਨਾਰੇ ਕਰਕੇ 28 ਅਕਤੂਬਰ 2025 ਨੂੰ ਨਵੇਂ ਨੋਟੀਫਿਕੇਸ਼ਨ ਅਨੁਸਾਰ ਦੋਵੇਂ ਬਾਡੀਆਂ ਦੀ ਗਿਣਤੀ ਘਟਾ ਦਿੱਤੀ ਗਈ ਹੈ ਅਤੇ ਮੈਂਬਰ ਕੇਂਦਰ ਨਾਮਜ਼ਾਦ ਕਰੇਗਾ ।ਇਸ ਨਾਲ ਪੰਜਾਬ ਨੂੰ ਖੋਰਾ ਲੱਗੇਗਾ । ਪੰਜਾਬ ਨੇ ਕਿਹਾ ਕਿ ਇਹ ਗੈਰ-ਸੰਵਿਧਾਨਕ ਹੈ, ਪੰਜਾਬ ਰੀ-ਆਰਗੇਨਾਈਜ਼ੇਸ਼ਨ ਐਕਟ 1966 ਦੇ ਸਬ-ਸੈਕਸ਼ਨ 3 ਦੇ ਮੁਤਾਬਕ ਪੰਜਾਬ ਯੂਨੀਵਰਸਿਟੀ ਐਕਟ 1947 ਵਿੱਚ ਪਾਸ ਹੋਇਆ ਸੀ, ਜੋ ਐਕਟ ਵਿਧਾਨ ਸਭਾ 'ਚ ਬਣਿਆ ਹੋਵੇ, ਉਸ ਨੂੰ ਕੇਂਦਰ ਰੱਦ ਨਹੀਂ ਕਰ ਸਕਦਾ।' 1951 ਵਿੱਚ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਬਣਾਉਣ ਦੇ ਨਾਲ ਯੂਨੀਵਰਸਿਟੀ ਵੀ ਬਣਾਈ ਗਈ। ਇਸੇ ਕਰਕੇ ਪੰਜਾਬ ਦਾ ਦਾਅਵਾ ਸੱਚਾ ਅਤੇ ਢੁਕਵਾਂ ਹੈ।ਇਸ ਹੱਕ ਨੂੰ ਗੁਆਉਣ ਤੋਂ ਪਹਿਲਾਂ ਹੀ ਪੰਜਾਬੀ ਸੱਭਿਆਚਾਰ ਅਤੇ ਸੱਭਿਅਤਾ ਨੂੰ ਹਰ ਪੱਖੋਂ ਗ੍ਰਹਿਣ ਲੱਗ ਚੁੱਕਾ ਹੈ । ਹੁਣ ਭਾਵੇਂ ਯੂ ਟਰਨ ਲਿਆ ਹੈ, ਨੋਟੀਫਿਕੇਸ਼ਨ ਪੋਸਟਪੋਨ ਕੀਤਾ ਹੈ, ਪਰ ਨੀਅਤ 'ਤੇ ਸ਼ੱਕ ਹੈ । ਪਤਾ ਨਹੀਂ ਪੰਜਾਬ ਨੂੰ ਖੋਰੇ 'ਤੇ ਖੋਰਾ ਲਾਉਣ ਦੀ ਕੋਸ਼ਿਸ਼ ਕਿਉਂ ਕੀਤੀ ਜਾਂਦੀ ਹੈ ?

ਰਸੂਲ ਹਮਜ਼ਾਤੋਵ ਦੀ ਕਿਤਾਬ ਪੜ੍ਹਦਿਆਂ ਪੰਜਾਬ ਯੂਨੀਵਰਸਿਟੀ ਦੇ ਨਾਲ-ਨਾਲ ਗਿਰੇਬਾਨ ਵਿੱਚ ਝਾਤੀ ਮਾਰੀਏ ਤਾਂ ਪੰਜਾਬੀ ਮਾਂ ਬੋਲੀ ਬਾਰੇ ਗਹਿਰੀ ਚਿੰਤਾ ਲੱਗ ਜਾਂਦੀ ਹੈ । ਕਿਤਾਬ ਵਿੱਚ ਅੰਕਿਤ ਹੈ, ਜੋ ਲੋਕ ਆਪਣੀ ਭਾਸ਼ਾ ਵਿਸਾਰ ਦਿੰਦੇ ਹਨ, ਉਹ ਰੂਹ ਵੀ ਗੁਆ ਬਹਿੰਦੇ ਹਨ ਇਹਨਾਂ ਸਤਰਾਂ ਨਾਲ ਮੇਰਾ ਧਿਆਨ ਸਰਕਾਰੀ ਕਾਲਜ ਰੂਪਨਗਰ ਦੇ ਮੇਰੇ ਅਧਿਆਪਕ ਭੂਸ਼ਨ ਧਿਆਨਪੁਰੀ ਵੱਲ ਗਿਆ। ਇਕ ਵਾਰ ਆਪਣੇ ਅੰਦਾਜ਼ ਵਿੱਚ ਉਹਨਾ ਕਿਹਾ ਸੀ-ਜਦੋਂ ਵੀ ਕੋਈ ਪੰਜਾਬੀ ਹਿੰਦੀ ਬੋਲਦਾ ਹੈ ਤਾਂ ਪਹਿਲੀ ਝਲਕੇ ਇਉਂ ਲੱਗਦਾ ਹੈ ਕਿ ਝੂਠ ਬੋਲਦਾ ਹੈ । ਹੌਲੀ-ਹੌਲੀ ਰੋਜ਼ਮਰ੍ਹਾ ਬੀਤਦੀ ਜ਼ਿੰਦਗੀ ਨਾਲ ਹੁਣ ਇਹ ਤੱਥ ਅਸਰਦਾਰ ਵੀ ਲੱਗਦਾ ਹੈ। ਥਾਮਸ ਮਾਨ ਦਾਰਸ਼ਨਿਕ ਨੇ ਕਿਹਾ ਸੀ ਕਿ ਭਾਸ਼ਾ ਖੁਦ ਸਭਿੱਅਤ ਹੈ। ਇਸੇ ਤਰਜ਼ 'ਤੇ ਦੇਖੀਏ ਤਾਂ ਮਾਂ ਬੋਲੀ ਹੀ ਸੱਭਿਅਕ ਮਨੁੱਖ ਦਾ ਨਿਰਮਾਣ ਕਰਦੀ ਹੈ। ਸਾਡੀ ਭਾਸ਼ਾ ਹੀ ਸੰਪਰਕ ਦਾ ਸਾਧਨ ਬਣਦਾ ਹੈ। ਜੇ ਇੱਕੋ ਖਿੱਤੇ ਦੇ ਲੋਕ ਦਿਖਾਵੇ ਲਈ ਇੱਕ ਪੰਜਾਬੀ ਬੋਲੇ ਦੂਜਾ ਕੋਈ ਹੋਰ ਭਾਸ਼ਾ ਬੋਲੇ ਤਾਂ ਇੱਕ-ਦੂਜੇ ਨਾਲੋਂ ਓਪਰੇ ਜਿਹੇ ਲੱਗਦਾ ਹੈ। ਵੱਖਰਾ ਦਿਖਾਉਣ ਲਈ ਖੁਦ ਝੂਠਾ ਲੱਗਦਾ ਹੈ। ਗੂੜ੍ਹ ਪੰਜਾਬੀਆਂ ਲਈ ਪੰਜਾਬੀ ਬੋਲੀ ਦੀ ਮਿਠਾਸ ਅੱਗੇ ਬਾਕੀ ਬੋਲੀਆਂ ਫਿੱਕੀਆਂ ਪੈ ਜਾਂਦੀਆਂ ਹਨ। ਭਾਵੇਂ ਹਰ ਇੱਕ ਨੂੰ ਆਪਣੀ ਭਾਸ਼ਾ ਪਿਆਰੀ ਹੁੰਦੀ ਹੈ, ਇੱਥੋਂ ਤੱਕ ਕਿ ਜੀਵ ਜੰਤੂ ਵੀ ਆਪਣੀ ਬੋਲੀ ਬੋਲਦੇ ਹਨ, ਇਹ ਉਹਨਾਂ ਨੂੰ ਪਿਆਰੀ ਲੱਗਦੀ ਹੈ। ਤਿੱਤਰ ਬਾਰੇ ਇਕ ਦੰਦ ਕਥਾ ਆਉਂਦੀ ਹੈ ਕਿ ਇੱਕ ਤਿੱਤਰ ਤੋਂ ਬਾਅਦ ਦੂਜਾ ਤਿੱਤਰ ਬੋਲਦਾ ਹੈ। ਪਹਿਲਾ ਤਿੱਤਰ ਕਹਿੰਦਾ ਹੈ-ਪਿਦਰਮ ਸੁਲਤਾਨ ਬੂਦ। ਇਸ ਦਾ ਮਤਲਬ ਹੈ ਕਿ ਮੇਰਾ ਪਿਤਾ ਬਾਦਸ਼ਾਹ ਸੁਲਤਾਨ ਹੈ । ਦੂਜਾ ਤਿੱਤਰ ਝੱਟ ਉੱਤਰ ਦਿੰਦਾ ਹੈ-ਤੂਰਾਚ ਤੁਰਾ ਚਿਹ। ਇਸ ਦਾ ਮਤਲਬ ਹੈ ਤੂੰ ਕਿਆ ਹੈ ? ਚਲੋ ਖੈਰ, ਗੱਲ ਕਰਦੇ ਹਾਂ ਆਪਣੀ ਮਾਂ ਬੋਲੀ ਪੰਜਾਬੀ ਦੀ, ਜਿਸ ਨੂੰ ਚੁਫੇਰਿਓ ਗ੍ਰਹਿਣ ਲੱਗਦਾ ਜਾਂਦਾ ਹੈ । ਕੁਝ ਸਕੂਲ ਪੰਜਾਬੀ ਬਾਰੇ ਵਿਰੋਧ ਵਿੱਚ ਰਹਿੰਦੇ ਹਨ । ਬੱਚਿਆਂ ਨੂੰ ਪੰਜਾਬੀ ਨਾਲੋਂ ਤੋੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ ।

ਪੰਜਾਬੀ ਬੋਲੀ ਸੱਭਿਆਚਾਰ, ਸੰਸਕ੍ਰਿਤੀ ਅਤੇ ਸੱਭਿਅਤਾ ਦੀ ਤ੍ਰਿਵੈਣੀ ਹੈ ।ਰਾਜਨੀਤਕ ਸੱਭਿਆਚਾਰ ਵਿੱਚ ਹਮੇਸ਼ਾ ਖੇਤਰੀ ਪਾਰਟੀਆਂ ਨੇ ਆਪਣੀ ਮਾਂ ਬੋਲੀ ਲਈ ਕੁਝ ਕਰਨ ਦਾ ਯਤਨ ਕੀਤਾ ਹੈ।ਇਸ ਯਤਨ ਪਿੱਛੇ ਸ਼ਾਇਦ ਉਹਨਾਂ ਦੀ ਰੁਚੀ ਘੱਟ, ਬਲਕਿ ਮਜਬੂਰੀ ਵੱਧ ਹੁੰਦੀ ਹੈ। ਇਹਨਾਂ ਦੇ ਬੱਚਿਆਂ ਨੇ ਸਿੱਖਿਆ ਕਿੱਥੋਂ ਲਈ ? ਇਸ ਜਵਾਬ ਵਿੱਚ ਸਭ ਕੁਝ ਨੰਗਾ ਹੋ ਜਾਵੇਗਾ। ਅੱਜ ਪੰਜਾਬੀਆਂ ਨੇ 6-7 ਬੈਂਡ ਲੈਣ ਦੇ ਚੱਕਰ ਵਿੱਚ ਪੰਜਾਬੀ ਨੂੰ ਹੋਰ ਦੁਰਕਾਰਿਆ, ਉਹਨਾਂ ਦੀ ਮਜਬੂਰੀ ਹੈ ਕਿ ਰਿਜ਼ਕ ਨਾਲ ਭਾਸ਼ਾ ਦਾ ਸੰਬੰਧ ਹੁੰਦਾ ਹੈ।

ਵੰਡ ਨੇ ਪੰਜਾਬੀ ਮਾਂ ਬੋਲੀ ਨੂੰ ਉਧੇੜਿਆਂ। ਪੰਜਾਬੀ ਦਾ ਹਾਲ ਉੱਧਰਲੇ ਪੰਜਾਬ ਅਤੇ ਇੱਧਰਲੇ ਪੰਜਾਬ ਵਿੱਚ ਇਕੋ ਜਿਹਾ ਹੈ। ਉੱਥੇ ਉਰਦੂ ਠੋਸਣ ਦੇ ਯਤਨ ਹੁੰਦੇ ਹਨ, ਇੱਧਰ ਹਿੰਦੀ ਠੋਸਣ ਦੇ ਯਤਨ ਹੁੰਦੇ ਹਨ। ਮਾਂ ਬੋਲੀ ਪੰਜਾਬੀ ਭਾਸ਼ਾ ਹੀ ਰਹਿੰਦੀ ਹੈ, ਮਾਸੀ ਉਰਦੂ ਹਿੰਦੀ ਕੋਈ ਵੀ ਹੋ ਸਕਦੀ ਹੈ। ਸਤਿਕਾਰ ਬਰਾਬਰ ਹੁੰਦਾ ਹੈ। 1948 ਵਿੱਚ ਭਾਸ਼ਾਈ ਕਮਿਸ਼ਨ ਦੀ ਰਿਪੋਰਟ ਵਿੱਚ ਪੰਜਾਬੀ ਸਭ ਤੋਂ ਵੱਡੀ ਭਾਸ਼ਾ ਸੀ। ਜਨਵਰੀ 1968 ਤੋਂ ਪੰਜਾਬੀ ਭਾਸ਼ਾ ਦੀ ਵਰਤੋਂ ਲਈ ਅਧਿਸੂਚਨਾ ਜਾਰੀ ਹੋਈ। 1998 ਤੱਕ 10.40 ਕਰੋੜ ਪੰਜਾਬੀ ਬੋਲਦੇ ਸਨ । 1967 ਵਿੱਚ ਪੰਜਾਬੀ ਰਾਜ ਭਾਸ਼ਾ ਐਕਟ ਬਣਨ ਨਾਲ ਪੰਜਾਬੀ ਰਾਜ ਭਾਸ਼ਾ ਬਣੀ, ਪਰ ਪੰਜਾਬੀ ਜਾਏ ਹੋਰ ਪਾਸੇ ਮੂੰਹ ਮਾਰਨ ਵਿੱਚ ਯਕੀਨ ਰੱਖਣ ਲੱਗੇ:-

'ਇੱਕੋ ਗੱਲ ਮਾੜੀ ਇਹਦੇ ਛੈਲ ਬਾਂਕੇ, ਬੋਲੀ ਆਪਣੀ ਮੰਨੋ ਭੁਲਾਈ ਜਾਂਦੇ, ਪਿੱਛੇ ਸਿੱਪੀਆਂ ਦੇ ਖਾਂਦੇ ਗੋਤੇ, ਪੰਜ ਆਬ ਦੇ ਮੋਤੀ ਰੁਲਾਈ ਜਾਂਦੇ।'

ਸਕੂਲਾਂ ਵਿੱਚ ਆਮ ਤੌਰ 'ਤੇ ਹਿੰਦੀ ਦੀ ਪੰਜਾਬੀ ਤੋਂ ਵੱਧ ਪ੍ਰਫੁੱਲਤਾ ਦਾ ਰੌਲਾ ਪੰਜਾਬੀ ਪਾਉਂਦੇ ਰਹਿੰਦੇ ਹਨ,ਕਿਉਂਕ ਵਿੱਦਿਅਕ ਅਦਾਰੇ ਚਾਨਣ ਮੁਨਾਰਿਆਂ ਵਾਂਗ ਹੁੰਦੇ ਹਨ, ਇਸ ਲਈ ਜ਼ਰੂਰੀ ਵੀ ਹੈ।

ਇੱਕ ਗੱਲ ਜ਼ਰੂਰ ਹੈ ਕਿ ਸੱਭਿਆਚਾਰ ਨੇ ਪੰਜਾਬੀ ਜਿਉਂਦੀ ਅਤੇ ਮਾਣਮੱਤੀ ਰੱਖੀ ਹੋਈ ਹੈ । ਪੰਜਾਬੀ ਗੀਤ, ਸੰਗੀਤ ਦੇ ਟੱਪੇ ਉੱਤੇ ਹਰ ਕਿਸੇ ਦਾ ਪੈਰ ਉੱਠਦਾ ਹੈ । ਭੰਗੜਾ, ਗਿੱਧਾ, ਬੋਲੀਆਂ, ਸਿੱਠਣੀਆਂ ਅਤੇ ਟੱਪੇ ਪੰਜਾਬੀ ਬੋਲੀ ਨਾਲ ਹੀ ਸੋਂਹਦੇ ਹਨ । ਇਹ ਪੰਜਾਬੀ ਬੋਲੀ ਤੋਂ ਬਿਨਾਂ ਰੂਹ ਤੋਂ ਸੱਖਣੇ ਲੱਗਦੇ ਹਨ। ਬੁੱਲ੍ਹਾ, ਵਾਰਿਸ, ਪਾਤਰ, ਅੰਮ੍ਰਿਤਾ ਅਤੇ ਪ੍ਰੋ. ਮੋਹਨ ਸਿੰਘ ਵਗੈਰਾ ਨੇ ਸ਼ਿੰਗਾਰੀ ਪੰਜਾਬੀ ਬੋਲੀ ਵਿੱਚ ਬਲਵਾਨ ਵਿਰਸਾ ਪੰਜਾਬ ਵਿੱਚ ਜਾਨ ਪਾਈ ਰੱਖਦਾ ਹੈ।ਕਿਸਾਨੀ ਅੰਦੋਲਨ ਵਿੱਚ ਗੀਤਾਂ, ਗਾਇਕਾਂ ਨੇ ਹੱਲਾ-ਹੁਲਾਰਾ ਮਾਰ ਕੇ ਮਾਂ ਬੋਲੀ ਦੇ ਸਿਰ 'ਤੇ ਹੀ ਬਾਜ਼ੀ ਜਿੱਤੀ ਸੀ।ਇਹ ਅਜੋਕੇ ਜ਼ਮਾਨੇ ਦਾ ਸੁਨੇਹਾ ਹੈ ।ਬਾਹਰ ਜਾ ਕੇ ਪੰਜਾਬੀ ਹੋਣ ਦਾ ਮਾਣ ਦੱਸਦੇ ਹੋਏ ਇੱਥੇ ਬੱਚਿਆਂ ਲਈ ਅੰਗਰੇਜ਼ੀ ਹਿੰਦੀ ਨੂੰ ਪਹਿਲ ਦਿੰਦੇ ਹਨ। ਪੰਜਾਬੀ ਕਵੀਆਂ ਨੇ ਵੱਖ-ਵੱਖ ਰੁਚੀਆਂ, ਤਰੁੱਟੀਆਂ ਨੂੰ ਅੰਦਾਜ਼ ਵਿੱਚ ਕਰਕੇ ਵਾਰਿਸ ਨੇ ਹੀਰ ਲਿਖ ਕੇ ਨਾਰੀਵਾਦ ਨੂੰ ਉਤਸ਼ਾਹਤ ਕੀਤਾ, ਸ਼ਿਵ ਕੁਮਾਰ ਨੇ ਇਸ਼ਕ ਆਸ਼ਿਕੀ ਅਤੇ ਸੰਤ ਰਾਮ ਉਦਾਸੀ ਨੇ ਗੁਰੂਆਂ ਦਾ ਫ਼ਲਸਫ਼ਾ ਅੱਗੇ ਤੋਰ ਕੇ ਜਾਤ-ਪਾਤ 'ਤੇ ਕਰਾਰੀ ਚੋਟ ਮਾਰੀ। ਸਮਾਜ ਵਿੱਚ ਪੀੜ੍ਹੀ ਦਾ ਪਾੜਾ ਵੀ ਮਾਂ ਬੋਲੀ ਨੂੰ ਪਿੱਛੇ ਛੱਡ ਰਿਹਾ ਹੈ।ਇਸ ਪਿੱਛੇ ਵਿਚਾਰਧਾਰਾ ਵਾਲੇ ਕਾਰਕ ਹਨ। ਇਹਨਾਂ ਦੀ ਪਰਖ ਪੜਚੋਲ ਹਰ ਜਾਗਰੂਕ ਪੰਜਾਬੀ ਨੂੰ ਕਰਨੀ ਚਾਹੀਦੀ ਹੈ। ਬਹੁਤੇ ਕਵੀਆਂ ਨੇ ਪਹਿਲਾਂ ਹੀ ਮਾਂ ਬੋਲੀ ਨੂੰ ਹਿਰਦੇ ਵਿੱਚ ਵਸਾਉਣ ਲਈ ਹੋਕਾ ਦਿੱਤਾ ਹੈ, ਉਹਨਾਂ ਨੂੰ ਨੀਤੀਆਂ ਦਾ ਅਤਾ ਪਤਾ ਹੋਣ ਕਰਕੇ ਕਲਮ ਚੁੱਕਣ ਲਈ ਮਜਬੂਰ ਹੋਣਾ ਪਿਆ ਸੀ।1954 ਵਿੱਚ ਹੀ ਫ਼ਿਰੋਜ਼ਦੀਨ ਸ਼ਰਫ਼ ਨੇ ਜਾਗਰੂਕ ਕਰਨ ਦਾ ਹੋਕਾ ਦਿੱਤਾ ਸੀ:-

'ਮੁੱਠਾਂ ਮੀਟ ਕੇ ਨੁੱਕਰੇ ਰਹਾਂ ਬੈਠੀ,
ਟੁੱਟੀ ਹੋਈ ਸਤਾਰ ਰਬਾਬੀਆਂ ਦੀ,
ਪੁੱਛੀ ਜਿਹਨਾਂ ਨੇ ਸਾਰ ਨਾ ਸ਼ਰਫ਼ ਮੇਰੀ,
ਵੇਖ ਮੈਂ ਬੋਲੀ ਹਾਂ ਉਹਨਾਂ ਪੰਜਾਬੀਆਂ ਦੀ।'

ਅੱਜ ਇਸ ਚਿੱਕੜਨੁਮਾ ਵਰਤਾਰੇ ਵਿੱਚੋਂ ਮਾਂ ਬੋਲੀ ਦੇ ਕਮਲ ਬਣਕੇ ਉਪਜੀਏ। ਮਾਂ ਬੋਲੀ ਬੋਲਣ ਨਾਲ ਹੀ ਮਾਂ ਨੂੰ ਸਿੱਜਦਾ ਅਤੇ ਸ਼ਰਧਾਂਜਲੀ ਹੁੰਦੀ ਹੈ । ਪੰਜਾਬੀਆਂ ਅਤੇ ਪੰਜਾਬ ਦੀ ਊਰਜਾ ਮਾਂ ਬੋਲੀ ਪੰਜਾਬੀ ਹੀ ਹੈ । ਪੰਜਾਬੀਆਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਭਾਸ਼ਾ ਹੀ ਮਨੁੱਖ ਦੇ ਅਸਲੀ ਰੂਪ ਨੂੰ ਦਰਸਾਉਂਦੀ ਹੈ । ਪੰਜਾਬੀ ਭਾਸ਼ਾ ਤੋਂ ਬਿਨਾਂ ਪੰਜਾਬੀ ਅਖਵਾਉਣ ਦਾ ਹੱਕ ਹੀ ਨਹੀਂ ਹੈ।'ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾਂ' ਦਾ ਵਰਕਾ ਫਰੋਲਦਿਆਂ ਪੰਜਾਬ ਨੂੰ ਚੁਫੇਰਿਓਂ ਲੱਗਦੇ ਖੋਰੇ ਨੂੰ ਬਚਾਉਣ ਲਈ ਹਰ ਪੰਜਾਬੀ ਅੱਗੇ ਆਵੇ । ਪੰਜਾਬ ਯੂਨੀਵਰਸਿਟੀ ਦਾ ਨੋਟੀਫਿਕੇਸ਼ਨ ਕੇਂਦਰ ਨੂੰ ਵਾਪਸ ਲੈਣਾ ਪੰਜਾਬ ਦੀ ਸਰਬਸੰਮਤੀ ਵਾਲੀ ਮੰਗ ਬਣ ਚੁੱਕੀ ਹੈ।ਆਪਣੇ ਅੰਦਰ ਝਾਤੀ ਮਾਰਨ ਦੇ ਨਾਲ-ਨਾਲ ਫਰਜ਼ ਅਤੇ ਹੱਕ ਪਹਿਚਾਨਣੇ ਚਾਹੀਦੇ ਹਨ।ਇਸ ਕਰਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਜ਼ਿੰਦਾਬਾਦ ਰਹੇਗੀ। ਪੰਜਾਬੀਆਂ ਨੂੰ 'ਦੱਬਦਾ ਕਿੱਥੇ ਹੈ ?' ਦਾ ਸਬਕ ਪੱਲੇ ਬੰਨ੍ਹਣਾ ਚਾਹੀਦਾ ਹੈ।

**# ਸੰਪਰਕ : 98781-11445**

# ਆਓ, ਭਰੂਣ ਹੱਤਿਆ ਨੂੰ ਰੋਕਣ ਲਈ ਯਤਨਸ਼ੀਲ ਹੋਈਏ

**ਵਰਿੰਦਰ ਸ਼ਰਮਾ**

ਸਮਾਂ ਬੇਹੱਦ ਗੰਭੀਰ ਸਮੱਸਿਆਵਾਂ ਧਾਰਨ ਕਰਦਾ ਜਾ ਰਿਹਾ ਹੈ । ਸਮਾਂ ਹਮੇਸ਼ਾ ਦੀ ਤਰ੍ਹਾਂ ਆਪਣੀ ਤੇਜ਼ ਰਫਤਾਰ ਭੱਜਿਆ ਜਾ ਰਿਹਾ ਹੈ । ਸਮੇਂ ਦੇ ਬਦਲਣ ਨਾਲ ਅੱਜ ਦੁਨੀਆ 'ਚ ਬਹੁਤ ਕੁਝ ਬਦਲਦਾ ਜਾ ਰਿਹਾ । ਘਰ ਬੈਠ ਮਨੀ ਟਰਾਂਸਫਰ, ਏਟੀਮ, ਆਨ ਲਾਈਨ ਬੈਂਕਿੰਗ, ਆਨ ਲਾਈਨ ਪੜ੍ਹਾਈ ਆਦਿ । ਇਸ ਵਿਗਿਆਨਕ ਯੁੱਗ 'ਚ ਦੁਨੀਆ ਇਕ ਪਿੰਡ ਦੇ ਸਮਾਨ ਹੈ । ਇਕ ਪਲ 'ਚ ਹੀ ਦੁਨੀਆ ਦੇ ਇਕ ਕੋਨੇ ਤੋਂ ਦੂਜੇ ਕੋਨੇ 'ਚ ਪਲ 'ਚ ਹੀ ਕਿਸੇ ਵੀ ਘਟਨਾ ਦਾ ਪਤਾ ਲਗਾਇਆ ਜਾ ਸਕਦਾ ਹੈ ਨਿਰਸੰਦੇਹ ਸਾਇੰਸ ਨੇ ਬੇਹੱਦ ਤਰੱਕੀ ਕਰ ਲਈ ਹੈ ।

ਆਓ, ਅਸੀਂ ਇਸ ਗੰਭੀਰ ਡਰਾਉਣੀ ਸਮੱਸਿਆ ਵੱਲ ਧਿਆਨ ਦੇਈਏ। ਸਮੂਹ ਦੁਨੀਆ 'ਚ ਮੰਡਰਾਅ ਰਿਹਾ ਜੰਗ ਦਾ ਖਤਰਾ, ਦੁਨੀਆ 'ਚ ਫੈਲ ਰਿਹਾ ਅੱਤਵਾਦ, 2020 ਸਾਲ 'ਚ ਕੋਰੋਨਾ ਸੰਕ੍ਰਮਣ ਨਾਲ ਅਣਗਿਣਤ ਲੋਕਾਂ ਦੀ ਮੌਤ ਆਦਿ । ਇਹ ਤਾਂ ਹੈ ਕੁਦਰਤੀ ਕਹਿਰ, ਪਰ ਹੁਣ ਅਸੀਂ ਅਸਲ ਕੇਂਦਰਤ ਗੱਲ 'ਤੇ ਝਾਤ ਮਾਰੀਏ ।

ਪੁਰਾਤਨ ਸਮੇਂ 'ਚ ਕਿਸੇ ਵੀ ਜੀਵ -ਹੱਤਿਆ ਨੂੰ ਮਹਾਂ-ਪਾਪ ਸਮਝਿਆ ਜਾਂਦਾ ਸੀ, ਪਰ ਅਫਸੋਸ ਹੁਣ ਅਸੀਂ ਕੁਦਰਤ ਦੇ ਕਾਦਰ ਦੀ ਤੌਹੀਨ ਕਰ ਰਹੇ ਹਾਂ । ਨਿਰਸੰਦੇਹ ਜੀਵ ਆਤਮਾ 'ਚ ਪਰਮਾਤਮਾ ਦਾ ਹੀ ਵਾਸ ਹੈ । ਇਹ ਕੀ ਹੋ ਰਿਹਾ ਹੈ ? ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਅਸੀਂ ਸੰਸਾਰ ਦੇ ਖਾਤਮੇ ਵੱਲ ਨੂੰ ਵੱਧ ਰਹੇ ਹਾਂ ।ਭਰੂਣ ਹੱਤਿਆ ਦਾ ਵਧਦਾ ਰੁਝਾਨ ਇਕ ਖਤਰਨਾਕ ਮੋੜ ਵੱਲ ਜਾ ਰਿਹਾ ਹੈ ।

ਕਿੰਨੀ ਗੰਭੀਰ ਗੱਲ ਹੈ ਕਿ ਗਰਭਵਤੀ ਮਾਂ ਦਾ ਗਰਭਪਾਤ ਲੜਕੀ ਹੋਣ ਤੋਂ ਪਹਿਲਾਂ ਹੀ ਕਰਵਾ ਦਿੱਤਾ ਜਾਂਦਾ ਹੈ । ਇਹ ਮਾਦਾ ਭਰੂਣ-ਹੱਤਿਆ ਦਾ ਵਾਧਾ ਹਰ ਰੋਜ਼ ਦਿਨੋ-ਦਿਨ ਚੋਰੀ-ਛਿਪੇ ਵਧ ਰਿਹਾ ਹੈ । ਅੱਜ ਅਲਟਰਾਸਾਊਂਡ ਸਕੈਨ ਰਾਹੀਂ ਨਰ ਜਾਂ ਮਾਦਾ ਭਰੂਣ ਦਾ ਪਤਾ ਲੱਗਣ ਨਾਲ ਅਜਿਹਾ ਹੋ ਰਿਹਾ ਹੈ । 1980 ਈ 'ਚ ਸਾਡੇ ਦੇਸ਼ ਭਾਰਤ 'ਚ ਅਲਟਰਾਸਾਊਂਡ ਸਕੈਨ ਪਹਿਲੀ ਵਾਰ ਆਈ। ਅਲਟਰਾਸਾਊਂਡ ਸਕੈਨ ਮਸ਼ੀਨ ਦਾ ਮੁੱਖ ਮਕਸਦ ਗਰਭਪਾਤੀ ਔਰਤ ਦੇ ਅੰਦਰਲੇ ਰੋਗਾਂ ਦਾ ਪਤਾ ਲਗਾਉਣਾ ਸੀ, ਪਰ ਅਫਸੋਸ ਅਸੀਂ ਇਸ ਮਸ਼ੀਨ ਦੀ ਦੁਰਵਰਤੋਂ ਕਰਨੀ ਸ਼ੁਰੂ ਕਰ ਦਿੱਤੀ । ਮਾਦਾ ਭਰੂਣ ਦੀ ਸਫਾਈ ਕਰਵਾਈ ਜਾਣ ਲੱਗ ਪਈ । ਇਸ ਨਾਲ ਸਮਾਜ ਦਾ ਭਿਆਨਕ ਚਿੱਤਰ ਸਾਹਮਣੇ ਆਉਣ ਲੱਗਿਆ। ਇਸ ਵਿੱਚ ਕੋਈ ਦੋ ਰਾਵਾਂ ਨਹੀਂ ਕਿ ਭਰੂਣ ਹੱਤਿਆ ਦੇ ਕੁਝ ਕੁ ਮੁੱਖ ਕਾਰਨ ਹਨ, ਜਿਨ੍ਹਾਂ ਦਾ ਹੱਲ ਕੱਢਿਆ ਜਾਵੇ ।ਹੁਣ ਵੀ ਔਰਤ ਉਤੇ ਬੇਹੱਦ ਚਿੰਤਾਜਨਕ ਜ਼ੁਲਮ ਹੋ ਰਹੇ ਹਨ ।ਉਦਾਹਰਣ ਵਜੋਂ ਬਲਾਤਕਾਰ, ਕਤਲ, ਦਾਜ, ਤਲਾਕ ।ਇਸ ਲਈ ਔਰਤ ਵੀ ਦੁਨੀਆ 'ਚ ਇਕ ਹੋਰ ਔਰਤ ਨਹੀਂ ਆਉਣ ਦੇਣਾ ਚਾਹੁੰਦੀ। ਇਸ ਲਈ ਔਰਤ ਵੀ ਬੇਵੱਸ ਹੋ ਕੇ ਇਹ ਕੁਕਰਮ ਕਰ ਬੈਠਦੀ ਹੈ। ਲੜਕੀਆਂ ਦਾ ਅਨੁਪਾਤ ਮੁੰਡਿਆਂ ਦੇ ਮੁਕਾਬਲੇ ਘਟਦਾ ਗਿਆ ਤਾਂ ਦੇਸ਼ ਦੀਆਂ ਸਰਕਾਰਾਂ ਨੇ ਇਸ ਗੰਭੀਰ ਸਮੱਸਿਆ ਨੂੰ ਸਮਝਿਆ, ਪਰ ਅਫਸੋਸ ! ਸਖ਼ਤ ਕਦਮ ਚੁੱਕਣ ਦੇ ਬਾਵਜੂਦ ਸਮੱਸਿਆ ਉੱਥੇ ਦੀ ਉੱਥੇ ਹੈ । ਸਜ਼ਾ ਦਾ ਕੋਈ ਡਰ ਨਹੀਂ । ਦਰਅਸਲ, ਦੇਸ਼ ਦਾ ਸਿਸਟਮ ਬੁਰੀ ਤਰ੍ਹਾਂ ਨਾਲ ਫੇਲ ਹੈ । ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ ।ਰਾਜਨੀਤੀ ਅਫਸਰਸ਼ਾਹੀ 'ਤੇ ਭਾਰੂ ਹੈ । ਲਿੰਗ ਨਿਰਧਾਰਨ ਟੈਸਟ ਕਾਨੂੰਨੀ ਰੂਪ ਨਾਲ ਮੁਕੰਮਲ ਬੰਦ ਹਨ, ਪਰ ਅਜੇ ਵੀ ਚੋਰੀ-ਛਿਪੇ ਇਹ ਗੈਰ-ਕਾਨੂੰਨੀ ਧੰਦਾ ਮਿਲੀਭੁਗਤ ਨਾਲ ਕਿਤੇ ਨਾ ਕਿਤੇ ਚੱਲ ਹੀ ਰਿਹਾ ਹੈ । ਨੌਜਵਾਨਾਂ ਨੂੰ ਨੈਤਿਕ ਸਿੱਖਿਆ ਦਿੱਤੀ ਜਾਣੀ ਬਹੁਤ ਜ਼ਰੂਰੀ ਹੈ । ਪਰਵਾਰਕ ਮਾਹੌਲ ਠੀਕ ਹੋਵੇ । ਮੁੰਡੇ-ਕੁੜੀਆਂ ਦੇ ਅਨੁਪਾਤ ਦਾ ਖਿਆਲ ਰੱਖਿਆ ਜਾਵੇ । ਭਰੂਣ ਹੱਤਿਆ ਕਿਸੇ ਵੀ ਤਰ੍ਹਾਂ ਉਚਿਤ ਨਹੀਂ ।ਅਜੇ ਵੀ ਸਮੇਂ ਹੈ ਸਾਨੂੰ ਆਪਣੀ ਸੋਚ ਬਦਲਣ ਦੀ ਕੋਸ਼ਿਸ਼ ਕਰਨ ਦਾ, ਨਹੀਂ ਤਾਂ ਦੁਨੀਆ ਦਾ ਖਾਤਮਾ ਬਹੁਤ ਜਲਦ ਹੈ ।

**# ਸੰਪਰਕ: 94172-80333**

# ਬਿਜਲੀ ਨਿਗਮ ਦੀਆਂ ਜ਼ਮੀਨਾਂ ਦਾ ਸਾਰਥਕ ਹੱਲ

**ਇੰਜ: ਜਗਜੀਤ ਸਿੰਘ ਕੰਡਾ ਕੋਟਕਪੂਰਾ**

ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਹੁਣ ਪਾਵਰਕਾਮ ਤੇ ਟ੍ਰਾਂਸਕੋ ਦੀਆਂ ਲੁਧਿਆਣਾ ਵਿਖੇ 50 ਏਕੜ ਤੇ ਪਟਿਆਲਾ ਦੀਆਂ 40 ਏਕੜ ਕਮਰਸ਼ੀਅਲ ਜ਼ਮੀਨਾਂ ਨੂੰ ਪਲੱਜ਼ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਚੁਣਿਆ ਹੈ। ਕਾਰਨ ਚਿੱਟੇ ਦਿਨ ਵਾਂਗ ਸਪੱਸ਼ਟ ਹੈ। ਸਰਕਾਰ ਲੋਕਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਖੈਰਾਤਾ ਵੰਡ ਕੇ ਕਰਜ਼ੇ ਤੇ ਕਰਜ਼ਾ ਚੁੱਕ ਰਹੀ ਹੈ। ਬਿਜਲੀ ਸਬਸਿਡੀ, ਮੁਫ਼ਤ ਬੱਸ ਸਫਰ, ਮੁਫ਼ਤ ਆਟਾ ਦਾਲ ਆਦਿ ਸਕੀਮਾਂ ਨੇ ਲੋਕਾਂ ਨੂੰ ਨਿਕੰਮੇ ਤੇ ਬੁਜ਼ਦਿਲ ਬਣਾਇਆ ਹੈ। ਮੁਫ਼ਤ ਦਾ ਖਾ ਕੇ ਸਾਰੀ ਉਮਰ ਨਹੀਂ ਲੰਘਾਈ ਜਾ ਸਕਦੀ।

ਅੱਜ ਆਪਾਂ ਇਸੇ ਲੈਂਡ ਪੂਲਿੰਗ ਪਾਲਸੀ ਵਿੱਚੋਂ ਨਿਕਲੇ ਬਿਜਲੀ ਨਿਗਮ ਦੀਆਂ ਕਮਰਸ਼ੀਅਲ ਪ੍ਰਾਪਰਟੀਆਂ ਵੇਚਣ ਵਾਲੇ ਪਲਾਨ ਦੀ ਗੱਲ ਕਰਕੇ ਉਸ ਦੇ ਸਾਰਥਿਕ ਹੱਲ ਤੁਹਾਡੇ ਅਤੇ ਸਰਕਾਰ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕਰਾਂਗੇ।

ਬਿਜਲੀ ਨਿਗਮ ਦੀਆਂ ਕੀਮਤੀ ਜ਼ਮੀਨਾਂ ਨੂੰ ਵੇਚਣ ਦੀ ਪਹਿਲ ਕਦਮੀ ਸਾਲ 2016 ਵਿੱਚ ਅਕਾਲੀ-ਭਾਜਪਾ ਸਰਕਾਰ ਨੇ ਕੀਤੀ ਸੀ, ਪਰੰਤੂ ਬਿਜਲੀ ਕਰਮਚਾਰੀਆਂ ਦੇ ਵਿਰੋਧ ਕਾਰਨ ਸਰਕਾਰ ਦੋ ਕਦਮ ਪਿੱਛੇ ਹਟ ਗਈ ਤੇ ਉਹਨਾਂ ਫਿਰ ਦੁਬਾਰਾ ਇਹ ਕੋਸ਼ਿਸ਼ ਨਹੀਂ ਕੀਤੀ । ਉਸ ਤੋਂ ਬਾਅਦ ਸੱਤਾ ਹਾਸਲ ਕਾਂਗਰਸ ਸਰਕਾਰ ਨੇ ਵੀ ਇਸ ਤਰ੍ਹਾਂ ਦੀ ਕੋਈ ਕੋਸ਼ਿਸ਼ ਨਹੀਂ ਕੀਤੀ, ਪ੍ਰੰਤੂ ਕਾਂਗਰਸ ਸਰਕਾਰ ਵੱਲੋਂ ਸਾਡੇ ਬਹੁਤ ਹੀ ਕੀਮਤੀ ਤੇ ਸਸਤੀ ਬਿਜਲੀ ਪੈਦਾ ਕਰਨ ਵਾਲੇ ਸਰਕਾਰੀ ਥਰਮਲ ਪਲਾਂਟ ਬਠਿੰਡਾ ਨੂੰ ਪੱਕੇ ਤੌਰ 'ਤੇ ਬੰਦ ਕਰਕੇ ਢਾਹੁਣ ਦੀਆਂ ਸਕੀਮਾਂ ਜ਼ਰੂਰ ਘੜੀਆਂ ਸਨ । ਵਿੱਤ ਮੰਤਰੀ ਜੋ ਕਈ ਰਾਜਨੀਤਕ ਪਾਰਟੀਆਂ ਦੀ ਸੈਰ ਕਰ ਆਏ, ਹੁਣ ਭਾਜਪਾ ਵਿੱਚ ਹਨ, ਉਦੋਂ ਕਹਿੰਦੇ ਸਨ ਕਿ ਜਦ ਮੈਂ ਥਰਮਲ ਕੋਲ ਦੀ ਲੰਘਦਾ ਹਾਂ ਤਾਂ ਬੰਦ ਪਈਆਂ ਚਿਮਨੀਆਂ ਦੇਖ ਕੇ ਮੇਰੀਆਂ ਅੱਖਾਂ ਵਿੱਚ ਹੰਝੂ ਆ ਜਾਂਦੇ ਹਨ । ਜਦ ਕੈਪਟਨ ਸਾਹਿਬ ਮੁੱਖ ਮੰਤਰੀ ਬਣੇ ਤਾਂ ਸਭ ਤੋਂ ਪਹਿਲਾਂ ਮੈਂ ਇਸਨੂੰ ਚਾਲੂ ਕਰਾਂਗਾ । ਉਸ ਝੂਠੇ ਨੇ ਹੀ ਬੰਦ ਕਰਵਾ ਕੇ ਢਹਾਇਆ ਸੀ । ਅਕਾਲੀ-ਭਾਜਪਾ ਸਰਕਾਰ ਨੇ ਉਦੋਂ ਹੀ 750 ਕਰੋੜ ਰੁਪਏ ਨਵੀਨੀਕਰਨ ਲਈ ਖਰਚੇ ਸਨ, ਜਿਸ ਨਾਲ ਬਠਿੰਡਾ ਥਰਮਲ ਪਲਾਂਟ ਚੱਲਣ ਦੀ ਮਿਆਦ 2031 ਤੱਕ ਦੀ ਸੀ। ਉਸੇ ਬਠਿੰਡਾ ਦੇ ਢਾਏ ਹੋਏ ਥਰਮਲ ਦੀ ਥਰਮਲ ਕਲੋਨੀ ਵਿੱਚ ਪੰਜਾਬ ਸਰਕਾਰ ਨੇ ਕਬਜ਼ਾ ਕਰਨ ਦੀ ਨੀਅਤ ਨਾਲ ਥਰਮਲ ਕਲੋਨੀ ਵਿੱਚ ਆਪਣੇ ਕਈ ਮਹਿਕਮਿਆਂ ਦੇ ਦਫਤਰ ਖੋਲ੍ਹ ਦਿੱਤੇ ਹਨ। ਸਰਕਾਰਾਂ ਵੱਲੋਂ ਪਬਲਿਕ ਸੈਕਟਰ ਦੀਆਂ ਜ਼ਮੀਨਾਂ ਵੇਚਣ ਵਾਲਾ ਰੁਝਾਨ ਰੁਕਣਾ ਤਾਂ ਨਹੀਂ ਹੈ, ਅੱਜ ਨਹੀਂ ਤਾਂ ਕੱਲ, ਸਿੱਧੀ ਉਂਗਲ ਨਾਲ ਨਹੀਂ ਤਾਂ ਕਿਸੇ ਹੋਰ ਤਰੀਕੇ ਸਰਕਾਰਾਂ ਨੇ ਇਹ ਜ਼ਮੀਨਾਂ ਵੇਚ ਹੀ ਦੇਣੀਆਂ ਹਨ । ਬਿਜਲੀ ਨਿਗਮ ਦੀਆਂ ਸਾਰੀਆਂ ਹੀ ਜਥੇਬੰਦੀਆਂ ਦੇ ਵੱਡੇ ਪ੍ਰਧਾਨਾਂ ਨੂੰ ਮੇਰਾ ਸਵਾਲ ਹੈ ਕਿ ਤੁਸੀਂ ਅੱਜ ਸਿਰਫ 50-100 ਏਕੜ ਜ਼ਮੀਨਾਂ ਨੂੰ ਲੈ ਕੇ ਜੋ ਝੰਡਾ ਬੁਲੰਦ ਕੀਤਾ ਹੈ ਕੀ ਬਠਿੰਡਾ ਥਰਮਲ ਵਾਲੀ 1764 ਏਕੜ ਜ਼ਮੀਨ, ਜਿਸ 'ਤੇ ਸਰਕਾਰ ਲਗਾਤਾਰ ਕਬਜ਼ਾ ਕਰਕੇ ਆਪਣੇ ਤਰੀਕੇ ਉਸ ਨੂੰ ਕਾਰਪੋਰੇਟ ਘਰਾਣਿਆਂ ਨੂੰ ਇੱਕ ਰੁਪਏ ਏਕੜ ਦੇ ਕੇ ਅੰਦਰਖਾਤੇ ਪਤਾ ਨਹੀਂ ਕੀ-ਕੀ ਕਰਨ ਜਾ ਰਹੀ ਹੈ, ਉਸ ਬਾਰੇ ਕਦੋਂ ਤੇ ਕਿੱਥੇ ਸੰਘਰਸ਼ ਦੇ ਬਿਗਲ ਵਜਾਏ ਸਨ ?

ਅੱਜ ਦੇਖਣ ਵਾਲੀ ਗੱਲ ਇਹ ਹੈ ਕਿ ਜ਼ਮੀਨਾਂ ਬਚਾਈਆਂ ਜਾ ਸਕਦੀਆਂ ਹਨ ? ਇਹ ਸਵਾਲ ਦਾ ਉੱਤਰ ਤਾਂ ਸਿਰਫ ਪੰਜਾਬ ਦੇ ਲੋਕ ਹੀ ਦੇ ਸਕਦੇ ਹਨ। ਉਨ੍ਹਾਂ ਵਿੱਚ ਸਾਰੇ ਵਰਗਾਂ ਦੇ ਮੁਲਾਜ਼ਮ, ਮਜ਼ਦੂਰ, ਕਿਸਾਨ, ਦੁਕਾਨਦਾਰ ਆ ਜਾਂਦੇ ਹਨ । 'ਕੱਲਿਆਂ ਦੇ ਕਾਫਲੇ ਛੇਤੀ ਕੀਤਿਆਂ ਪੂਰ ਨਹੀਂ ਚੜ੍ਹਦੇ। ਸਰਕਾਰਾਂ ਇਹਨਾਂ ਮਾਮਲਿਆਂ 'ਤੇ ਕੁਝ ਵੀ ਕਰਨ ਨੂੰ ਤਿਆਰ ਹੁੰਦੀਆਂ ਹਨ। ਮੂੰਹ ਤੋੜਵਾਂ ਜਵਾਬ ਅਸੀਂ ਤਾਂ ਹੀ ਦੇ ਸਕਦੇ ਹਾਂ, ਪਹਿਲਾਂ ਆਪਣੇ ਘਰ ਦੇ ਜੀਆਂ ਨੂੰ ਭਾਵ ਬਿਜਲੀ ਨਿਗਮ ਦੀਆਂ ਸਾਰੀਆਂ ਜਥੇਬੰਦਕ ਧਿਰਾਂ ਨੂੰ ਆਪੋ-ਆਪਣੇ ਮਖੌਟੇ ਲਾਹ ਕੇ ਇੱਕ ਹੋਣਾ ਪਵੇਗਾ। ਬਾਕੀ ਸਾਰੇ ਮੰਗ ਪੱਤਰ ਫਰੀਜ਼ ਕਰਕੇ ਸਿਰਫ ਜ਼ਮੀਨਾਂ ਦੇ ਮੁੱਦੇ ਵਾਲੀ ਇੱਕੋ ਮੰਗ ਹੀ ਮੰਗ ਪੱਤਰ ਵਿੱਚ ਹੋਵੇ । ਜਦ ਸਾਡਾ ਘਰ ਵਿਕ ਜਾਵੇ, ਘਰ ਦੇ ਜੀਅ ਜਿੰਨਾ ਮਰਜ਼ੀ ਜ਼ਿੱਦ ਕਰੀ ਜਾਣ, ਖਰੀਦਣ ਵਾਲਾ ਅਦਾਲਤੀ ਆਰਡਰ ਲੈ ਕੇ ਪੁਲਸ ਰਾਹੀਂ ਕਬਜ਼ਾ ਲੈ ਹੀ ਲੈਂਦਾ ਹੈ। ਉਦੋਂ ਸਮਾਨ ਚੁੱਕਿਆ ਨਹੀਂ ਚੁੱਕ ਕੇ ਬਾਹਰ ਮਾਰਿਆ ਜਾਂਦਾ ਹੈ। ਇਹ ਨੌਬਤ ਆਉਣ ਤੋਂ ਪਹਿਲਾਂ ਸਾਨੂੰ ਇੱਕ ਹੋਣਾ ਪਵੇਗਾ, ਨਹੀਂ ਤਾਂ ਰੱਬ ਹੀ ਰਾਖਾ ਹੈ। ਜੇਕਰ ਅਸੀਂ ਆਪਣੀਆਂ ਨਿੱਜੀ ਮੰਗਾਂ ਪਾਸੇ ਰੱਖ ਕੇ ਅੱਜ ਸੰਘਰਸ਼ ਦੇ ਮੈਦਾਨ ਵਿੱਚ ਨਾ ਨਿੱਤਰੇ ਤਾਂ ਸਾਡਾ ਹਾਲ ਵੀ ਅਜਿਹਾ ਹੋਣ ਵਿੱਚ ਸਮਾਂ ਨਹੀਂ ਲੱਗੇਗਾ । ਹਾਂ, ਅੱਜ ਜੇਕਰ ਸਾਰੀਆਂ ਧਿਰਾਂ ਨੇ ਏਕੇ ਦਾ ਸਬੂਤ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਅਸੀਂ ਆਪਣੀਆਂ ਬਾਕੀ ਮੰਗਾਂ ਵੀ ਮੈਨੇਜਮੈਂਟਾਂ ਤੇ ਸਰਕਾਰਾਂ ਕੋਲੋਂ ਮਨਵਾ ਸਕਦੇ ਹਾਂ, ਨਹੀਂ ਤਾਂ ਫਿਰ ਜਿਸ ਤਰ੍ਹਾਂ ਪ੍ਰਾਈਵੇਟ ਬੈਂਕਾਂ ਵਾਲੇ ਕਰਮਚਾਰੀ ਸੁਭਾ 9 ਵਜੇ ਤੋਂ ਰਾਤ 9 ਵਜੇ ਤੱਕ ਘੱਟ ਤਨਖਾਹਾਂ 'ਤੇ ਵੱਧ ਕੰਮ ਕਰਦੇ ਹਨ, ਠੀਕ ਉਸੇ ਤਰ੍ਹਾਂ ਅਸੀਂ ਵੀ 12-12 ਘੰਟੇ ਦੀ ਸ਼ਿਫਟ ਕਰਾਂਗੇ ਤੇ ਤਨਖਾਹ ਵੀ ਕਾਰਪੋਰੇਟ ਆਪਣੀ ਮਰਜ਼ੀ ਮੁਤਾਬਕ ਦੇਣਗੇ ।ਸਾਰਿਆਂ ਨੂੰ ਆਪਣੇ ਗਿਲੇ-ਸ਼ਿਕਵੇ ਭੁਲਾ ਕੇ ਇੱਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਇੱਕ ਹੀ ਥਾਂ ਤੋਂ ਇੱਕ ਹੀ ਸਟੇਜ ਤੋਂ ਸੰਘਰਸ਼ ਦੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ, ਨਾ ਕਿ ਅੱਡੋ-ਅੱਡ ਡਫਲੀ ਵਜਾਉਣੀ ਚਾਹੀਦੀ ਹੈ।

ਜੇਕਰ ਮਾਨ ਸਰਕਾਰ ਨੇ 2027 ਵਿੱਚ ਦੁਬਾਰਾ ਸੱਤਾ ਹਾਸਲ ਕਰਨੀ ਹੈ ਤਾਂ ਉਹਦੇ ਲਈ ਜ਼ਮੀਨਾਂ ਵੇਚਣ ਵਾਲੇ ਮੁੱਦੇ 'ਤੇ ਸੁਝਾਅ ਪੇਸ਼ ਹਨ। ਸਰਕਾਰ ਬਿਜਲੀ ਨਿਗਮ ਦੀ ਜਿੰਨੀ ਵੀ ਜ਼ਮੀਨ ਪਲੱਜ਼ ਕਰਕੇ ਕਾਰਪੋਰੇਟ ਘਰਾਣਿਆਂ ਹੱਥ ਵੇਚਣਾ ਚਾਹੁੰਦੀ ਹੈ ਉਸ ਦਾ ਸਰਵੇ ਜਨਤਕ ਕਰੇ ਤੇ ਬਿਜਲੀ ਨਿਗਮ ਨੂੰ ਉਨੇ ਏਕੜ ਜ਼ਮੀਨ ਪੰਜਾਬ ਦੇ ਵੱਖ-ਵੱਖ ਪਿੰਡਾਂ ਸ਼ਹਿਰਾਂ ਵਿੱਚ ਪਹਿਲਾਂ ਲੈ ਕੇ ਦੇਵੇ, ਜਿਹੜੀ ਬਿਜਲੀ ਨਿਗਮ ਦੇ ਮੁਤਾਬਕ ਬਿਜਲੀ ਸਿਸਟਮ ਦੇ ਕੰਮ ਆ ਸਕੇ, ਕਿਉਂਕਿ ਇਕੱਠੀ ਜ਼ਮੀਨ ਕਿਸੇ ਵੀ ਜਗ੍ਹਾ ਮਿਲਣੀ ਮੁਸ਼ਕਲ ਹੈ। ਜਿਹੜੀਆਂ ਜ਼ਮੀਨਾਂ ਪਲੱਜ਼ ਕਰਨੀਆਂ ਹਨ, ਲੈਂਡ ਪੂਲਿੰਗ ਪਾਲਸੀ ਦੇ ਤਹਿਤ ਉਨ੍ਹਾਂ ਵਿੱਚ ਇੱਕ-ਇੱਕ ਦਫਤਰ ਪੀ ਐਸ ਪੀ ਸੀ ਐਲ ਦੀ ਮਾਰਫਤ ਬਣਾ ਕੇ ਦੇਵੇ। ਜਿਹੜੇ ਦਫਤਰ ਜਾਂ ਹੋਰ ਬਿਜਲੀ ਘਰ ਬਿਜਲੀ ਨਿਗਮ ਦੀਆਂ ਬਿਲਡਿੰਗਾਂ ਜਾਂ ਖਾਲੀ ਜ਼ਮੀਨਾਂ ਭਾਵੇਂ ਸੰਘਣੀ ਆਬਾਦੀ ਵਿੱਚ ਆ ਗਏ ਹਨ, ਪਰੰਤੂ ਸੰਬੰਧਤ ਮੁਲਾਜ਼ਮਾਂ ਨੇ ਤਾਂ ਉੱਥੇ ਆਪਣੀ ਡਿਊਟੀ ਕਰਨੀ ਹੈ ਜਿਸ ਤਰ੍ਹਾਂ ਲੁਧਿਆਣਾ ਵਿਖੇ ਪੀ ਏ ਯੂ ਦੇ ਸਾਹਮਣੇ ਵਾਲੀ ਪੀ ਐਸ ਪੀ ਸੀ ਐਲ ਦੀ ਜ਼ਮੀਨ ਜੋ ਕਈ ਏਕੜ ਹੈ, ਉਸ ਵਿੱਚ ਬਹੁਤ ਸਾਰੇ ਦਫਤਰ ਆਦਿ ਬਣੇ ਹਨ। ਸੰਘਣੀ ਆਬਾਦੀ ਅਤੇ ਮੇਨ ਹਾਈਵੇ 'ਤੇ ਹੋਣ ਕਾਰਨ ਹੁਣ ਜ਼ਮੀਨ ਕਮਰਸ਼ੀਅਲ ਬਣ ਗਈ ਹੈ, ਇਸ ਦੇ ਬਦਲੇ ਓਨੇ ਹੀ ਏਕੜ ਜ਼ਮੀਨ ਸਰਕਾਰ ਲੈ ਕੇ ਦੇਵੇ, ਜਿਸ ਵਿੱਚ ਬਿਜਲੀ ਨਿਗਮ ਦੇ ਦਫ਼ਤਰ, ਵਰਕਸ਼ਾਪਾਂ, ਸਟੋਰ ਆਦਿ ਬਣਾਏ ਜਾ ਸਕਣ ਤੇ ਬਾਕੀ ਕਮਰਸ਼ੀਅਲ ਰੇਟ, ਜੋ ਪੇਂਡੂ ਖੇਤਰ ਦੀ ਜ਼ਮੀਨ ਤੋਂ ਵੱਧ ਰੇਟ ਮਿਲੇਗਾ, ਉਸ ਨਾਲ ਸਰਕਾਰ ਪੀ ਐਸ ਪੀ ਸੀ ਐਲ ਦਾ ਕਰਜ਼ਾ ਉਤਾਰੇ, ਬਾਕੀ ਦੇ ਸਰਕਾਰ ਆਪਣੀਆਂ ਸਕੀਮਾਂ ਮੁਤਾਬਕ ਵਰਤ ਕੇ ਡਿਵੈਲਪਮੈਂਟ 'ਤੇ ਖਰਚ ਕਰ ਸਕਦੀ ਹੈ । ਇਸ ਤਰ੍ਹਾਂ ਕਰਨ ਤੋਂ ਬਾਅਦ ਵੀ ਸਰਕਾਰ ਮੁਨਾਫੇ ਵਿੱਚ ਰਹੇਗੀ, ਕਿਉਂਕਿ ਜ਼ਮੀਨ ਦੀ ਕੀਮਤ ਸੋਨੇ ਦੇ ਭਾਅ ਮਿਲੇਗੀ, ਨਾਲ-ਨਾਲ ਸਰਕਾਰ ਦੇ ਦੋਵੇਂ ਹੱਥ ਲੱਡੂ ਹੋਣਗੇ, ਬਿਜਲੀ ਮੁਲਾਜ਼ਮ ਤੇ ਪੰਜਾਬ ਦੇ ਲੋਕ ਵੀ ਖੁਸ਼ ਨਾਲੇ, 2027 ਵਿੱਚ ਦੁਬਾਰਾ ਸੱਤਾ ਹਾਸਲ ਕਰਨ ਲਈ ਬਲ ਮਿਲੇਗਾ ਕਿ ਭਾਈ ਇਹ ਆਪ ਵਾਲੇ ਪੰਜਾਬ ਦੇ ਹਿੱਤਾਂ ਲਈ ਕੰਮ ਕਰਦੇ ਹਨ । ਵੋਟਾਂ ਮੰਗਣ ਵੇਲੇ ਇਹ ਵੀ ਪ੍ਰਚਾਰ ਕੀਤਾ ਜਾ ਸਕਦਾ ਹੈ।

ਅੱਜ ਬਿਜਲੀ ਮਨੁੱਖ ਦਾ ਛੇਵਾਂ ਤੱਤ ਹੈ, ਲੋਕ ਬਿਜਲੀ ਤਾਂ ਚਾਹੁੰਦੇ ਹਨ, ਪ੍ਰੰਤੂ ਬਿਜਲੀ ਦਾ ਖੰਭਾ ਨਹੀਂ ਲੱਗਣ ਦੇਣਾ ਚਾਹੁੰਦੇ, ਅਜਿਹਾ ਕਰਨ ਨਾਲ ਬਿਜਲੀ ਘਰਾਂ ਨੂੰ ਬਾਹਰ ਆਬਾਦੀ ਤੋਂ ਦੂਰ ਬਣਾ ਕੇ ਲੋਕਾਂ ਦੀ ਵਾਹ-ਵਾਹ ਖੱਟੀ ਜਾ ਸਕਦੀ ਹੈ । ਬਹੁਤੇ ਥਾਈਂ ਸੰਘਣੀ ਆਬਾਦੀ ਹੋਣ ਕਾਰਨ ਬਿਜਲੀ ਘਰ ਬਣਾਇਆ ਨਹੀਂ ਜਾ ਸਕਦਾ। ਸਰਕਾਰ ਦੀ ਅਸਲ ਮਨਸ਼ਾ ਤਾਂ ਪੰਜਾਬ ਦੀ ਤਰੱਕੀ ਹੀ ਹੈ, ਜੇਕਰ ਇਹ ਸੱਚ ਹੈ ਤਾਂ ਸਰਕਾਰ ਜਿੰਨੀਂ ਵੀ ਪੀ ਐਸ ਪੀ ਸੀ ਐਲ ਦੀ ਕਮਰਸ਼ੀਅਲ ਜਮੀਨ ਲੈਣਾ ਚਾਹੁੰਦੀ ਹੈ, ਲੈ ਲਵੇ ਸਮੇਤ ਬਠਿੰਡਾ ਥਰਮਲ ਦੀ 1764 ਏਕੜ, ਪ੍ਰੰਤੂ ਉਸ ਦੇ ਬਦਲੇ ਪੂਰੇ ਪੰਜਾਬ ਵਿੱਚ ਵੱਖ-ਵੱਖ ਥਾਈ ਹਜ਼ਾਰਾਂ ਏਕੜ ਜ਼ਮੀਨ ਭਾਵ ਉਨੀਂ ਜ਼ਮੀਨ ਪੀ ਐਸ ਪੀ ਸੀ ਐਲ ਨੂੰ ਲੈ ਦੇਵੇ । ਉਹ ਜ਼ਮੀਨ ਪੀ ਐਸ ਪੀ ਸੀ ਐਲ ਜਦ ਤੱਕ ਉਥੇ ਕਿਸੇ ਬਿਜਲੀ ਘਰ ਆਦਿ ਦੇ ਉਸਾਰਨ ਦੀ ਨਾ ਲੋੜ ਹੋਵੇ ਠੇਕੇ 'ਤੇ ਦੇ ਕੇ ਰੈਵੇਨਿਊ ਇਕੱਠਾ ਕਰਕੇ ਪੀ ਐਸ ਪੀ ਸੀ ਐੱਲ ਦੀ ਤਰੱਕੀ ਵਿੱਚ ਵੱਡਾ ਯੋਗਦਾਨ ਪਾ ਸਕਦਾ ਹੈ, ਕਿਉਂਕਿ ਅੱਜ ਠੇਕਾ ਵੀ ਇਕ ਲੱਖ ਰੁਪਏ ਪ੍ਰਤੀ ਕਿੱਲਾ ਹੋ ਚੁੱਕਾ ਹੈ । ਵਿਭਾਗ ਨੂੰ ਉੱਥੇ ਮੋਟਰਾਂ ਆਦਿ ਲਾਉਣ ਲਈ ਵੀ ਬਹੁਤਾ ਖਰਚ ਨਹੀਂ ਕਰਨਾ ਪਵੇਗਾ, ਸਭ ਕੁਝ ਉਸ ਕੋਲ ਹੈ । ਮਾਨ ਸਰਕਾਰ ਇਹ ਕੰਮ ਕਰਕੇ ਦੂਜੀਆਂ ਸਰਕਾਰਾਂ ਨੂੰ ਮਾਰਗ-ਦਰਸ਼ਕ ਤੌਰ 'ਤੇ ਵੀ ਪਹਿਲਕਦਮੀ ਕਰ ਸਕਦੀ ਹੈ। ਲੋਕ ਵੀ ਆਪ ਨੂੰ ਦੁਬਾਰਾ ਚੁਣਨ ਵਿੱਚ ਦਿੱਕਤ ਮਹਿਸੂਸ ਨਹੀਂ ਕਰਨਗੇ, ਅਸਲ ਵਿੱਚ ਪਬਲਿਕ ਚਾਹੁੰਦੀ ਵੀ ਤਾਂ ਯੋਗ ਹੱਲ ਹੈ।

**# ਸੰਪਰਕ : 96462-00468**

## ਪਾਠਕ-ਸੱਥ

### ਘਟ ਰਹੀ ਸਹਿਣਸ਼ੀਲਤਾ

ਅਜੋਕੇ ਸਮੇਂ ਸਹਿਣਸ਼ੀਲਤਾ ਵਿੱਚ ਇਸ ਕਦਰ ਨਿਘਾਰ ਆ ਚੁੱਕਿਆ ਹੈ ਕਿ ਛੋਟੀਆਂ-ਛੋਟੀਆਂ ਗੱਲਾਂ ਦੇ ਹੀ ਵੱਡੇ ਮਤਲਬ ਕੱਢ ਅਸੀਂ ਹਿੰਸਕ ਰੂਪ ਧਾਰਨ ਕਰਦੇ ਹੋਏ ਲੜਾਈ-ਝਗੜੇ ਤੇ ਉੱਤਰ ਆਉਂਦੇ ਹਾਂ, ਜਿਸ ਦਾ ਨਤੀਜਾ ਕਈ ਵਾਰ ਬਹੁਤ ਭਿਆਨਕ ਨਿਕਲਦਾ ਹੈ।ਅਜਿਹੀ ਹੀ ਇੱਕ ਘਟਨਾ ਬੀਤੇ ਦਿਨ ਮੁਹਾਲੀ ਦੇ ਕੁਰਾਲੀ ਵਿਚ ਵਾਪਰੀ, ਜਿੱਥੇ ਇੱਕ ਪਿਕਅੱਪ ਗੱਡੀ ਦੇ ਡਰਾਈਵਰ ਨੇ ਪੰਜਾਬ ਰੋਡਵੇਜ਼ ਬੱਸ ਦੇ ਡਰਾਈਵਰ ਦਾ ਰਾਡ ਮਾਰ ਕੇ ਕਤਲ ਕਰ ਦਿੱਤਾ।ਰਾਡ ਇੰਨੀ ਜ਼ੋਰ ਦੀ ਵੱਜੀ ਕਿ ਰੋਡਵੇਜ਼ ਦੇ ਡਰਾਈਵਰ ਦੀ ਥਾਂ 'ਤੇ ਹੀ ਮੌਤ ਹੋ ਗਈ।ਕੁੱਝ ਚਸ਼ਮਦੀਦ ਇਹ ਦੱਸਦੇ ਹਨ ਕਿ ਸਾਈਡ ਦੇਣ ਨੂੰ ਲੈ ਕੇ ਦੋਵਾਂ ਵਿੱਚ ਪਿੱਛੇ ਤੋਂ ਹੀ ਬਹਿਸਬਾਜ਼ੀ ਹੋ ਰਹੀ ਸੀ, ਪ੍ਰੰਤੂ ਜਦੋਂ ਕੁਰਾਲੀ ਆ ਕੇ ਬੱਸ ਰੁਕੀ ਤਾਂ ਇਸ ਬਹਿਸਬਾਜ਼ੀ ਨੇ ਹਿੰਸਾ ਦਾ ਰੂਪ ਧਾਰਨ ਕਰ ਲਿਆ, ਜਿਸ ਵਿੱਚ ਇੱਕ ਵਿਅਕਤੀ ਦੀ ਜਾਨ ਚਲੀ ਗਈ । ਗ਼ੁਨਾਹਗਾਰ ਕੋਈ ਵੀ ਹੁੰਦਾ, ਚਾਹੇ ਰੋਡਵੇਜ਼ ਦੇ ਡਰਾਈਵਰ ਦੀ ਲੱਖ ਗ਼ਲਤੀ ਹੁੰਦੀ, ਪ੍ਰੰਤੂ ਕਿਸੇ ਨੂੰ ਜਾਨੋਂ ਮਾਰ ਦੇਣਾ ਜਿਥੇ ਕਾਨੂੰਨ ਅਤੇ ਪ੍ਰਸ਼ਾਸਨ ਦੀਆਂ ਧੱਜੀਆਂ ਉਡਾਉਣਾ ਹੈ, ਉਥੇ ਮਨੁੱਖਤਾ ਨੂੰ ਵੀ ਇਹ ਸੋਚਣ ਲਈ ਮਜਬੂਰ ਕਰਦਾ ਹੈ ਕਿ ਜੰਗਲਾਂ ਵਿੱਚੋਂ ਤਾਂ ਅਸੀਂ ਬਹੁਤ ਪਹਿਲਾਂ ਦੇ ਨਿਕਲ ਚੁੱਕੇ ਹਾਂ, ਪ੍ਰੰਤੂ ਪਸ਼ੂ ਬਿਰਤੀ ਅਸੀਂ ਅੱਜ ਤੱਕ ਨਹੀਂ ਛੱਡ ਸਕੇ ।ਗੱਲ-ਗੱਲ 'ਤੇ ਅਸੀਂ ਆਪਣਾ ਆਪਾ ਖੋਹਬੈਠਦੇ ਹਾਂ। ਛੋਟੇ ਛੋਟੇ ਝਗੜੇ ਕਦੋਂ ਵੱਡੇ ਹੋ ਜਾਣ, ਪਤਾ ਹੀ ਨਹੀਂ ਲੱਗਦਾ। ਇਹ ਝਗੜੇ ਸਮੇਂ ਸਿਰ ਨਿਬੜ ਜਾਣ ਤਾਂ ਠੀਕ, ਨਹੀਂ ਤਾਂ ਕਈ ਜ਼ਿੰਦਗੀਆਂ ਤਬਾਹ ਕਰ ਦਿੰਦੇ ਹਨ ।ਇਹ ਘਟਨਾ ਭਾਵੇਂ ਪਹਿਲਾਂ ਦੋ ਵਿਅਕਤੀਆਂ ਦੀ ਸੀ, ਪ੍ਰੰਤੂ ਹੁਣ ਵੱਡੀ ਹੋ ਕੇ ਪਰਵਾਰਾਂ ਤੱਕ ਪਹੁੰਚ ਚੁੱਕੀ ਹੈ, ਜਿਸ ਨੇ ਬੱਸ ਡਰਾਈਵਰ ਨੂੰ ਨੁਕਸਾਨ ਪਹੁੰਚਾਇਆ, ਉਸ ਨੂੰ ਵੀ ਤਾਂ ਆਖ਼ਿਰ ਸਜ਼ਾ ਮਿਲੇਗੀ, ਇਸ ਤਰ੍ਹਾਂ ਥੋੜ੍ਹੀ ਜਿਹੀ ਜਲਦਬਾਜ਼ੀ ਅਤੇ ਹਿੰਸਾ ਨੇ ਵਸਦੇ ਘਰਾਂ ਨੂੰ ਉਜਾੜ ਕੇ ਰੱਖ ਦਿੱਤਾ। ਜੰਗਾਂ ਨੇ ਕਦੇ ਵੀ ਘਰ ਆਬਾਦ ਨਹੀਂ ਕੀਤੇ। ਯੂਕਰੇਨ ਅਤੇ ਹਮਾਸ ਇਸ ਗੱਲ ਦੀ ਸ਼ਾਹਦੀ ਭਰਦੇ ਹਨ ਕਿ ਜੰਗਾਂ ਕਿੰਨੀਆਂ ਭਿਆਨਕ ਹਨ, ਜੋ ਮਨੁੱਖ ਦੇ ਹਿੰਸਕ, ਈਰਖਾ ਅਤੇ ਹਊ ਮੈਂ ਤੋਂ ਉਪਜਦੀਆਂ ਹਨ । ਜਦੋਂ ਇਹ ਵਿਕਾਰ ਪੈਦਾ ਹੋ ਜਾਣ ਤਾਂ ਸਹਿਣਸ਼ੀਲਤਾ ਨੂੰ ਢਾਅ ਲੱਗਦੀ ਹੈ ਅਤੇ ਨਤੀਜੇ ਭਿਆਨਕ ਨਿਕਲਦੇ ਹਨ, ਜੋ ਮਨੁੱਖਤਾ ਦਾ ਵਿਨਾਸ਼ ਕਰਨ ਵੱਲ ਲੈ ਕੇ ਜਾਂਦੇ ਹਨ । ਲੋੜ ਹੈ ਕਿਤਾਬਾਂ, ਧਰਮ ਅਤੇ ਮਨੁੱਖਤਾ ਨੂੰ ਸਮਝਣ ਦੀ, ਇਹਨਾਂ ਕਦੇ ਵੈਰ-ਵਿਰੋਧ ਕਰਨਾ ਨਹੀਂ ਸਿਖਾਇਆ, ਸਗੋਂ ਇਹ ਸੰਦੇਸ਼ ਦਿੱਤਾ ਹੈ ਕਿ ਮਨੁੱਖ ਨੇ ਮੁਸ਼ਕਲ ਤੋਂ ਮੁਸ਼ਕਲ ਸਮੇਂ ਵਿੱਚ ਆਪਣੇ ਆਪ 'ਤੇ ਕਾਬੂ ਕਿਵੇਂ ਪਾਉਣਾ ਹੈ । ਜੇਕਰ ਅਸੀਂ ਆਪਣੇ ਆਪ 'ਤੇ ਕਾਬੂ ਪਾਉਣਾ ਸਿੱਖ ਲਈਏ ਤਾਂ ਦੁਨੀਆ 'ਤੇ ਕਦੇ ਵੀ ਹਿੰਸਕ ਘਟਨਾਵਾਂ ਨਹੀਂ ਹੋਣਗੀਆਂ ਅਤੇ ਪੂਰੀ ਦੁਨੀਆ ਮੁਹੱਬਤ ਦੀ ਇੱਕ ਮਾਲਾ ਵਿੱਚ ਪਰੋਈ ਜਾ ਸਕਦੀ ਹੈ।

- **ਰਜਵਿੰਦਰ ਪਾਲ ਸ਼ਰਮਾ**, 70873-67969

8-NOV-PAGE-5.qxd 11/7/2025 8:19 PM Page 1



# ਮੁਕਤਸਰ-ਫਿਰੋਜ਼ਪੁਰ ਰੋਡ ਨੂੰ ਮੁਕੰਮਲ ਕਰਵਾਉਣ ਲਈ ਇਲਾਕਾ ਵਾਸੀਆਂ ਵੱਲੋਂ ਧਰਨਾ

## 20 ਤੋਂ ਸੜਕ ਦਾ ਕੰਮ ਮੁੜ ਚਾਲੂ ਕਰਨ ਦਾ ਪ੍ਰਸ਼ਾਸਨ ਵੱਲੋਂ ਭਰੋਸਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਕਿਰਤੀ ਕਿਸਾਨ ਯੂਨੀਅਨ ਤੇ ਕੌਮੀ ਕਿਸਾਨ ਯੂਨੀਅਨ ਵੱਲੋਂ ਮੁਕਤਸਰ-ਫਿਰੋਜ਼ਪੁਰ ਰੋਡ ਨੂੰ ਮੁਕੰਮਲ ਕਰਵਾਉਣ ਲਈ ਪਿੰਡ ਬੂੜਾ ਗੁੱਜਰ ਵਿਖੇ ਪਿੰਡ ਵਾਸੀਆਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਧਰਨਾ ਲਗਾਇਆ ਗਿਆ, ਜਿਸ ਦੌਰਾਨ ਸੜਕ ਨੂੰ ਲੰਬੇ ਸਮੇਂ ਤੱਕ ਮੁਕੰਮਲ ਤੌਰ ’ਤੇ ਜਾਮ ਕੀਤਾ ਗਿਆ। ਮੌਕੇ ’ਤੇ ਪ੍ਰਸ਼ਾਸਨ ਅਧਿਕਾਰੀ ਤਹਸੀਲ ਦਾਰ ਡਾਕਟਰ ਗੁਰਪ੍ਰੀਤ ਸਿੰਘ ਡੀ ਐੱਸ ਪੀ ਅਮਨਦੀਪ ਸਿੰਘ ਤੇ ਪੀ ਡਬਲਯੂ ਡੀ ਦੇ ਐੱਸ ਡੀ ਓ ਹਰਜਿੰਦਰ ਸਿੰਘ ਨੇ ਸੜਕ ਦਾ ਕੰਮ 20 ਨਵੰਬਰ ਤੱਕ ਸ਼ੁਰੂ ਕਰਨ ਦਾ ਭਰੋਸਾ ਦਿੱਤਾ, ਜਿਸ ਤੋਂ ਬਾਅਦ ਧਰਨਾ ਉਠਾਇਆ ਗਿਆ। ਜ਼ਿਕਰਯੋਗ ਹੈ ਕਿ ਮੁਕਤਸਰ-ਫਿਰੋਜ਼ਪੁਰ ਨੈਸ਼ਨਲ ਹਾਈਵੇ ਸੜਕ ਦਾ ਕੰਮ ਲੰਮੇ ਸਮੇਂ ਤੋਂ ਲਟਕਿਆ ਆ ਰਿਹਾ। ਪਿਛਲੇ ਦਿਨੀਂ ਕਿਰਤੀ ਕਿਸਾਨ ਯੂਨੀਅਨ ਵੱਲੋਂ ਚਾਰ ਅਕਤੂਬਰ ਤੋਂ ਲੈ ਕੇ 10 ਅਕਤੂਬਰ ਤੱਕ ਦਿਨ-ਰਾਤ ਦਾ ਧਰਨਾ ਪਿੰਡ ਲੁਬਾਣਿਆਂ ਵਾਲੀ ਕੋਲ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਸੜਕ ਮਹਿਕਮਾ ਹਰਕਤ ’ਚ ਆਇਆ ਤੇ ਕੁਝ ਦਿਨਾਂ ਤੱਕ ਉਕਤ ਸੜਕ ਬਣਾਉਣ ਦਾ ਕੰਮ ਚਾਲੂ ਕੀਤਾ ਗਿਆ ਸੀ, ਪਰ ਫਿਰ ਅਚਾਨਕ ਕੰਮ ਨੂੰ ਬੰਦ ਕਰ ਦਿੱਤਾ ਗਿਆ। ਜਥੇਬੰਦੀਆਂ ਦੇ ਆਗੂਆਂ ਵੱਲੋਂ ਮਸਲੇ ਨੂੰ ਵਾਰ-ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਗਿਆ ਤਾਂ ਜੋ ਸੜਕ ਬਣਾਉਣ ਦਾ ਰੁਕਿਆ ਹੋਇਆ ਕੰਮ ਦੁਬਾਰਾ ਚਾਲੂ ਹੋ ਸਕੇ, ਪਰ ਇਸ ਦੇ ਬਾਵਜੂਦ ਪ੍ਰਸ਼ਾਸਨ ਟਸ ਤੋਂ ਮਸ ਨਾ ਹੋਇਆ, ਮਜਬੂਰੀ ਵਸ ਲੋਕਾਂ ਨੂੰ ਦੁਬਾਰਾ ਫੇਰ ਸੜਕ ’ਤੇ ਆਉਣਾ ਪਿਆ। ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲ ਵਾਲੀ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਤੇ ਕੌਮੀ ਕਿਸਾਨ ਯੂਨੀਅਨ ਦੇ ਆਗੂ ਜਸਕਰਨ ਸਿੰਘ ਨੇ ਦੱਸਿਆ ਕਿ ਵੱਡੇ ਵੱਡੇ ਟੋਇਆਂ ’ਤੇ ਮਿੱਟੀ ਨਾਲ ਭਰੀ ਪਈ ਸੜਕ ਦੀ ਬੇਹੱਦ ਮੰਦੀ ਹਾਲਤ ਕਰਕੇ ਸੜਕ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਦਾ ਜਿਉਣਾ ਦੁੱਭਰ ਹੋਇਆ ਪਿਆ। ਸੜਕ ’ਤੇ ਲਗਾਤਾਰ ਉਡਦੀ ਧੂੜ ਕਾਰਨ ਲੋਕਾਂ ਨੂੰ ਅਲਰਜ਼ੀ ਤੇ ਸਾਹ ਜਿਹੀਆਂ ਭਿਆਨਕ ਬਿਮਾਰੀਆਂ ਦੀ ਲਾਗ ਲੱਗਣ ਦਾ ਖਤਰਾ ਬਣ ਰਿਹਾ। ਪਿਛਲੇ ਦਿਨੀਂ ਵਾਪਰੀਆਂ ਮੰਦਭਾਗੀਆਂ ਘਟਨਾਵਾਂ ਕਰਕੇ ਕਈ ਕੀਮਤੀ ਜਾਨਾਂ ਵੀ ਚਲੀਆਂ ਗਈਆਂ। ਆਗੂਆਂ ਨੇ ਕਿਹਾ ਕਿ ਖੱਜਲ ਖੁਆਰ ਹੋ ਰਹੇ ਲੋਕਾਂ ਦੀ ਕਦੇ ਵੀ ਕਿਸੇ ਰਾਜਨੀਤਕ ਨੇਤਾ ਨੇ ਸਾਰ ਤੱਕ ਨਹੀਂ ਲਈ, ਜਿਸ ਤੋਂ ਸਾਫ ਹੋ ਜਾਂਦਾ ਹੈ ਕਿ ਰਾਜਨੀਤਕ ਨੇਤਾਵਾਂ ਨੂੰ ਵੋਟਾਂ ਲੈਣ ਤੋਂ ਸਿਵਾਏ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਕੋਈ ਵਾਹ ਵਾਸਤਾ ਨਹੀਂ।

ਇਸ ਸਮੇਂ ਜ਼ਿਲ੍ਹਾ ਆਗੂ ਜਸਵੀਰ ਸਿੰਘ ਸਰਾਏਨਾਗਾ, ਦਵਿੰਦਰ ਸਿੰਘ ਲੁਬਾਣਿਆਂ ਵਾਲੀ, ਜਸਵੰਤ ਸਿੰਘ ਡੋਡਾਂ ਵਾਲੀ, ਜਗਦੇਵ ਸਿੰਘ ਸੰਗਰਾਣਾ ਤੇ ਜਗਸੀਰ ਸਿੰਘ ਸੱਕਾਂਵਾਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੱਤਾ ’ਚ ਆਉਣ ਤੋਂ ਪਹਿਲਾਂ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਦੇ ਵੱਡੇ ਵੱਡੇ ਵਾਅਦੇ ਕੀਤੇ, ਪਰ ਵਫਾ ਨਹੀਂ ਹੋਏ। ਅੱਜ ਹਰ ਵਰਗ ਦੇ ਲੋਕਾਂ ਨੂੰ ਆਪਣੀਆਂ ਹੱਕੀ ਮੰਗਾਂ ਮਨਾਉਣ ਲਈ ਬਿਨਾਂ ਧਰਨਿਆਂ ਤੋਂ ਹੋਰ ਕੋਈ ਰਾਹ ਨਹੀਂ ਦਿਸ ਰਿਹਾ। ਆਗੂਆਂ ਨੇ ਪ੍ਰਸ਼ਾਸਨ ਨੂੰ ਚਤਾਵਨੀ ਦਿੱਤੀ ਕਿ ਜੇਕਰ ਸੜਕ ਬਣਾਉਣ ਦਾ ਕੰਮ 20 ਨਵੰਬਰ ਤੱਕ ਸ਼ੁਰੂ ਨਾ ਕੀਤਾ ਤਾਂ ਲੋਕਾਂ ਨੂੰ ਮੁੜ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ। ਇਸ ਸਮੇਂ ਜਸਪਾਲ ਸਿੰਘ ਬੂੜਾ ਗੁਜਰ, ਲੱਖਾਂ ਵੜਿੰਗ ਗੁਰਮੀਤ ਸਿੰਘ ਸੰਗਰਾਣਾ ਬਲਕਰਨ ਸਿੰਘ ਵੜਿੰਗ, ਭੁਪਿੰਦਰ ਸਿੰਘ ਥਾਂਦੇਵਾਲਾ ਕੁਲਵੰਤ ਸਿੰਘ, ਗੁਰਮੇਲ ਸਿੰਘ, ਜੁਗਰਾਜ ਸਿੰਘ ਲੁਬਾਣਿਆਂ ਵਾਲੀ, ਕਾਹਨ ਸਿੰਘ, ਬਲਵਿੰਦਰ ਸਿੰਘ, ਮਨਪ੍ਰੀਤ ਸਿੰਘ, ਮਨੀ ਜਸਵੀਰ ਡਾਕਟਰ ਤੇ ਵੱਡੀ ਗਿਣਤੀ ਵਿੱਚ ਬੀਬੀਆਂ ਹਾਜ਼ਰ ਸਨ।

# ਬੇਅੰਤ ਸਿੰਘ ਚੌਕ ’ਚ ਰਾਜਾ ਵੜਿੰਗ ਦਾ ਪੁਤਲਾ ਫੂਕਿਆ




**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੱਲੋਂ ਐੱਸ ਸੀ ਭਾਈਚਾਰੇ ਬਾਰੇ ਦਿੱਤੇ ਗਏ ਵਿਵਾਦਤ ਬਿਆਨ ਦੇ ਵਿਰੋਧ ’ਚ ਦੋਰਾਹਾ ਦੇ ਬੇਅੰਤ ਸਿੰਘ ਚੌਕ ਵਿਖੇ ਸਮਾਜ ਸੇਵੀ ਨੀਤੂ ਸਿੰਘ ਦੀ ਅਗਵਾਈ ’ਚ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦਾ ਪੁਤਲਾ ਫੂਕਿਆ ਗਿਆ।ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਸਮਾਜ ਸੇਵੀ ਨੀਤੂ ਸਿੰਘ ਵੱਲੋਂ ਕੀਤੀ ਗਈ।ਇਸ ਮੌਕੇ ਨੀਤੂ ਸਿੰਘ ਦੀ ਪੂਰੀ ਟੀਮ ਸਮੇਤ ਐੱਸ ਸੀ ਭਾਈਚਾਰੇ ਦੇ ਕਈ ਵਰਕਰਾਂ ਨੇ ਹਿੱਸਾ ਲਿਆ ਤੇ ਰਾਜਾ ਵੜਿੰਗ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਐੱਸ ਸੀ ਭਾਈਚਾਰੇ ਦੀਆਂ ਭਾਵਨਾਵਾਂ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਕਾਂਗਰਸ ਨੇਤਾ ਨੂੰ ਆਪਣੇ ਬਿਆਨ ਲਈ ਖੁੱਲ੍ਹੇ ਤੌਰ ’ਤੇ ਮਾਫ਼ੀ ਮੰਗਣੀ ਚਾਹੀਦੀ ਹੈ।ਸਮਾਜ ਸੇਵੀ ਨੀਤੂ ਸਿੰਘ ਨੇ ਇਸ ਮੌਕੇ ਕਿਹਾ ਕਿ ਰਾਜਾ ਵੜਿੰਗ ਦਾ ਬਿਆਨ ਸਿਰਫ਼ ਐੱਸ. ਸੀ. ਭਾਈਚਾਰੇ ਨਹੀਂ, ਸਗੋਂ ਪੂਰੇ ਪੰਜਾਬ ਦੀਆਂ ਭਾਵਨਾਵਾਂ ਦਾ ਅਪਮਾਨ ਹੈ।ਇਹ ਕਾਂਗਰਸ ਦੀ ਸੋਚ ਨੂੰ ਬੇਨਕਾਬ ਕਰਦਾ ਹੈ।ਜੇਕਰ ਉਨ੍ਹਾਂ ਤੁਰੰਤ ਮਾਫ਼ੀ ਨਾ ਮੰਗੀ ਤਾਂ ਅਸੀਂ ਇਹ ਰੋਸ ਪ੍ਰਦਰਸ਼ਨ ਹੋਰ ਅੱਗੇ ਵਧਾਏਂਗੇ।

ਇਸ ਮੌਕੇ ਸਮਾਜ ਸੇਵੀ ਨੀਤੂ ਸਿੰਘ ਰੌਕੀ ਪ੍ਰਧਾਨ ਦੋਰਾਹਾ, ਮਨਜੀਤ ਸਿੰਘ ਸਰਪੰਚ ਬੀਜਾ, ਦਰਸ਼ਨ ਸਿੰਘ ਨੈਣੇਵਾਲ ਪ੍ਰਧਾਨ, ਸਤਵਿੰਦਰ ਸਿੰਘ ਸਰਪੰਚ, ਰੁਪਿੰਦਰ ਕੌਰ, ਮਨੋਜ ਕੁਮਾਰ ਪੰਡਿਤ, ਕੀਮਤੀ ਲਾਲ਼, ਲਵਲੀ, ਲਾਲੀ ਦੋਰਾਹਾ, ਨੀਰੂ, ਸੁਰਿੰਦਰ ਕੌਰ ਮਾਂਗਟ, ਮਨਦੀਪ ਕੌਰ ਟੂਸਾ, ਰਾਜੂ ਟੂਸਾ, ਸੁਰਿੰਦਰ ਕੌਰ, ਸੁਮਨ, ਦਲਜੀਤ ਸਿੰਘ, ਡੰਪੀ ਪ੍ਰਧਾਨ, ਹਨੀ, ਹੈਪੀ, ਪਾਰਥ, ਰਾਣਾ, ਮਨਜੀਤ ਕੌਰ, ਹਰਪ੍ਰੀਤ ਕੌਰ, ਦਵਿੰਦਰ, ਮਰਿੰਦਰ ਸਿੰਘ, ਜੱਸੀ, ਅਵਤਾਰ ਸਿੰਘ, ਨਰੰਜਨ ਸਿੰਘ, ਅੰਮ੍ਰਿਤ ਕੁਮਾਰ, ਦੀਪਕ ਕੁਮਾਰ, ਨਵੀਨ, ਸੁੱਖੀ, ਰਾਹੁਲ, ਗੱਗੀ, ਰਾਕੇਸ਼ ਕੁਮਾਰ ਮੇਟ, ਸੰਜੀਵ ਗਿਆਨੀ, ਨੀਰਜ ਕੁਮਾਰ, ਸੋਨੀ ਕੁਮਾਰ, ਬਬਲਾ, ਜਤਿੰਦਰ ਹੈਪੀ, ਧਰਮਪਾਲ, ਮੋਤੀ ਲਾਲ, ਅਸ਼ਵਨੀ ਕੁਮਾਰ, ਰਾਹੁਲ, ਅਮਨ ਤੇ ਸ਼ਹਿਰ ਦਾ ਸਮੁੱਚਾ ਵਾਲਮੀਕਿ ਭਾਈਚਾਰਾ ਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

# ਮਾਨ ਸਰਕਾਰ ਨੇ ਫ਼ਸਲਾਂ ਦੇ ਖ਼ਰਾਬੇ ਦਾ ਸਭ ਤੋਂ ਵੱਧ ਮੁਆਵਜ਼ਾ ਦੇ ਕੇ ਔਖੀ ਘੜੀ ’ਚ ਕਿਸਾਨਾਂ ਦੀ ਬਾਂਹ ਫੜੀ : ਅਮਨ ਅਰੋੜਾ

## ਸੁਨਾਮ ਹਲਕੇ ਦੇ 11 ਪਿੰਡਾਂ ਦੇ 88 ਕਿਸਾਨ ਪਰਵਾਰਾਂ ਨੂੰ ਮੁਆਵਜ਼ੇ ਦੇ ਮਨਜ਼ੂਰੀ ਪੱਤਰ ਸੌਂਪੇ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਰਕਾਰ ਦੇ ਸੀਨੀਅਰ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਸੁਨਾਮ ਹਲਕੇ ਦੇ 11 ਪਿੰਡਾਂ ਦੇ 88 ਕਿਸਾਨ ਪਰਵਾਰਾਂ ਨੂੰ 20.72 ਲੱਖ ਰੁਪਏ ਦੇ ਫ਼ਸਲ ਖ਼ਰਾਬੇ ਦੇ ਮੁਆਵਜ਼ੇ ਦੇ ਮਨਜ਼ੂਰੀ ਪੱਤਰ ਸੌਂਪੇ। ਇਸ ਮੌਕੇ ਉਨ੍ਹਾਂ ਕਿਹਾ ਕਿ ਫ਼ਸਲਾਂ ਦੇ ਖ਼ਰਾਬੇ ਦਾ ਦੇਸ਼ ਵਿਚ ਸਭ ਤੋਂ ਵੱਧ ਪ੍ਰਤੀ ਏਕੜ ਮੁਆਵਜ਼ਾ ਦੇ ਕੇ ਪੰਜਾਬ ਸਰਕਾਰ ਨੇ ਇਸ ਔਖੀ ਘੜੀ ਵਿੱਚ ਕਿਸਾਨਾਂ ਦੀ ਬਾਂਹ ਫੜੀ ਹੈ।

ਕੈਬਨਿਟ ਮੰਤਰੀ ਨੇ ਪਿੰਡ ਲੌਂਗੋਵਾਲ ਦੇ 24 ਕਿਸਾਨਾਂ ਸਮੇਤ ਪਿੰਡ ਪੱਤੀ ਭਰਾਜ ਦੇ 4, ਢੱਡਰੀਆਂ ਦੇ 20, ਪਿੰਡ ਲੋਹਾਖੇੜਾ ਦੇ 2, ਪਿੰਡ ਮੰਡੇਰ ਕਲਾਂ 4, ਮੰਡੇਰ ਖ਼ੁਰਦ ਦੇ 3 ਕਿਸਾਨ, ਪਿੰਡ ਬੁੱਗਰ, ਸਾਹੋਕੇ ਤੇ ਤਕੀਪੁਰ ਦੇ 2-2 ਕਿਸਾਨਾਂ ਨੂੰ ਮੁਆਵਜ਼ੇ ਦੇ ਮਨਜ਼ੂਰੀ ਪੱਤਰ ਸੌਂਪੇ।ਇਸ ਤੋਂ ਇਲਾਵਾ ਪਿੰਡ ਤੋਗਾਵਾਲ ਦੇ 17 ਕਿਸਾਨਾਂ ਤੇ ਪਿੰਡ ਰੱਤੋਕੇ ਦੇ 7 ਕਿਸਾਨਾਂ ਨੂੰ ਮੁਆਵਜ਼ੇ ਦੇ ਮਨਜ਼ੂਰੀ ਪੱਤਰ ਸੌਂਪਦਿਆਂ ਕਿਹਾ ਕਿ ਪੰਜਾਬ ਸਰਕਾਰ ਹਰੇਕ ਪੀੜਤ ਪਰਵਾਰ ਨੂੰ ਉਸ ਦੇ ਨੁਕਸਾਨ ਦਾ ਮੁਆਵਜ਼ਾ ਦੇਣ ਲਈ ਵਚਨਬੱਧ ਹੈ।

ਸ੍ਰੀ ਅਰੋੜਾ ਨੇ ਕਿਹਾ ਕਿ ਇਸ ਸਾਲ ਭਾਰੀ ਮੀਂਹ ਤੇ ਹੜ੍ਹਾਂ ਕਾਰਨ ਪੰਜਾਬ ਦੇ ਕਿਸਾਨਾਂ ਦੀ ਲੱਖਾਂ ਏਕੜ ਫ਼ਸਲ ਦਾ ਨੁਕਸਾਨ ਹੋਇਆ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨ ਪਰਵਾਰਾਂ ਦਾ ਨੁਕਸਾਨ ਹੋਇਆ, ਉਨ੍ਹਾਂ ਨੂੰ ਸਮੇਂ ਸਿਰ ਮੁਆਵਜ਼ਾ ਦੇਣ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਬਣਦੀ ਸੀ, ਜੋ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਮੇਂ ਸਿਰ ਨਿਭਾਈ ਹੈ, ਜਿਸ ਤਹਿਤ ਅੱਜ ਸੁਨਾਮ ਹਲਕੇ ਦੇ 11 ਪਿੰਡਾਂ ਦੇ 88 ਕਿਸਾਨ ਪਰਵਾਰਾਂ ਨੂੰ 20 ਲੱਖ 72 ਹਜ਼ਾਰ ਰੁਪਏ ਦੇ ਮੁਆਵਜ਼ਾ ਮਨਜ਼ੂਰੀ ਪੱਤਰ ਸੌਂਪੇ ਹਨ ਤੇ ਇਹ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿੱਚ ਟਰਾਂਸਫ਼ਰ ਕਰ ਦਿੱਤੀ ਗਈ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀ ਸਰਕਾਰਾਂ ਸਮੇਂ ਪੀੜਤ ਮੁਆਵਜ਼ੇ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾ ਕੇ ਅੱਕ ਤੇ ਥੱਕ ਜਾਂਦੇ ਸਨ, ਪਰ ਮੁਆਵਜ਼ਾ ਨਹੀਂ ਮਿਲਦਾ ਸੀ।ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੀੜਤਾਂ ਨੂੰ ਘਰ ਬੈਠਿਆਂ ਹੀ ਮੁਆਵਜ਼ਾ ਉਨ੍ਹਾਂ ਦੇ ਖਾਤਿਆਂ ਵਿੱਚ ਪਾ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਸੁਨਾਮ ਹਲਕੇ ਦੇ ਪ੍ਰਭਾਵਿਤ ਪਰਵਾਰਾਂ ਨੂੰ ਕਰੀਬ 60 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ।

# ਟੀ ਐੱਸ ਯੂ ਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਰੋਸ ਰੈਲੀ



**ਭੀਖੀ (ਗੁਰਿੰਦਰ ਸਿੰਘ ਔਲਖ)**-ਟੈਕਨੀਕਲ ਸਰਵਿਸ ਯੂਨੀਅਨ ਤੇ ਪਾਵਰ ਕਾਮ ਐਂਡ ਟਰਾਂਸਕੋਟ ਠੇਕਾ ਮੁਲਾਜ਼ਮ ਯੂਨੀਅਨ ਤੇ ਪੈਨਸ਼ਨਰ ਐਸੋਸੀਏਸ਼ਨ ਆਜਾਰ ਵੱਲੋਂ ਸੂਬਾ ਕਮੇਟੀ ਦੇ ਸੱਦੇ ’ਤੇ ਸਾਂਝੇ ਤੌਰ ’ਤੇ ਭੀਖੀ ਸਬ ਸਟੇਸ਼ਨ ’ਤੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਨੀਤੀਆਂ ਖਿਲਾਫ ਰੋਸ ਰੈਲੀ ਕੀਤੀ ਗਈ।ਰੈਲੀ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਬੋਰਡ ਨੂੰ ਮੁਕੰਮਲ ਨਿੱਜੀਕਰਨ ਲਈ, ਜੋ ਖਰੜਾ ਪੇਸ਼ ਕੀਤਾ ਗਿਆ ਹੈ, ਉਹ ਨਿੱਜੀਕਰਨ ਲੋਕਾਂ ਲਈ ਘਾਤਕ ਸਿੱਧ ਹੋਵੇਗਾ ਤੇ ਲੋਕਾਂ ਨੂੰ ਮਿਲਦੀਆਂ ਸਹੂਲਤਾਂ ’ਤੇ ਕੱਟ ਲੱਗਣਗੇ।ਬਿਜਲੀ ਵੀ ਇੱਕ ਜ਼ਰੂਰੀ ਸੇਵਾਵਾਂ ਵਿੱਚ ਸ਼ਾਮਲ ਹੈ।ਇਸ ਲਈ ਹਰ ਆਮ ਜਨਤਾ ਤੱਕ ਇਸ ਦੀ ਪਹੁੰਚ ਹੋਣੀ ਚਾਹੀਦੀ ਹੈ, ਪਰ ਸਰਕਾਰ ਇਹ ਸਭ ਕੁਝ ਕਾਰਪੋਰੇਟਰਾਂ ਨੂੰ ਸੌਂਪਣਾ ਚਾਹੁੰਦੀ ਹੈ।ਇਸ ਤੋਂ ਇਲਾਵਾ ਜਥੇਬੰਦੀਆਂ ਵੱਲੋਂ ਬਿਜਲੀ ਬੋਰਡ ਤੇ ਹੋਰ ਅਦਾਰਿਆਂ ਦੀ ਜਾਇਦਾਦਾਂ ਨੂੰ ਵੇਚਣ ਦੀ ਨਿਖੇਧੀ ਕੀਤੀ ਗਈ।ਜਨਤਕ ਅਦਾਰਿਆਂ ਨੂੰ ਬਚਾਉਣ ਲਈ ਵੱਡੇ ਸੰਘਰਸ਼ ਵਿੱਢਣ ਦੀ ਤਿਆਰੀ ਕੀਤੀ ਜਾਵੇਗੀ।ਆਗੂਆਂ ਨੇ ਅੱਗੇ ਕਿਹਾ ਕਿ ਪਿਛਲੇ 15 ਸਾਲਾਂ ਤੋਂ ਕੰਮ ਕਰਦੇ ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ।ਰੈਲੀ ਨੂੰ ਇੰਪਲਾਈਜ਼ ਫੈਡਰੇਸ਼ਨ ਦੇ ਉਗਰ ਸਿੰਘ, ਪਾਵਰਕਾਮ ਐਂਡ ਟਰਾਂਸਪੋਰਟ ਦੇ ਕਾਲਾ ਸਿੰਘ, ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਸਤਵਿੰਦਰ ਸਿੰਘ, ਜਸਪਾਲ ਸਿੰਘ ਅਤਲਾ, ਸਤਪਾਲ ਸਿੰਘ ਫਰਮਾਹੀ ਤੇ ਦਿਨੇਸ਼ ਸੋਨੀ ਨੇ ਵੀ ਸੰਬੋਧਨ ਕੀਤਾ।

# ਵਿਸ਼ਵ ਸ਼ਾਂਤੀ, ਨਿਆਂ ਤੇ ਬਰਾਬਰੀ ’ਤੇ ਅਧਾਰਤ ਸਰਬਪੱਖੀ ਵਿਕਾਸ ਲਈ ਸਮਾਜਵਾਦ ਹੀ ਇੱਕੋ-ਇੱਕ ਹੱਲ : ਸੀ ਪੀ ਆਈ

**ਲੁਧਿਆਣਾ (ਐਮ ਐਸ ਭਾਟੀਆ)**

7 ਨਵੰਬਰ 1917 (ਰਸ਼ੀਅਨ ਕੈਲੰਡਰ ਮੁਤਾਬਿਕ 25 ਅਕਤੂਬਰ 1917) ਨੂੰ ਪਹਿਲਾ ਸਮਾਜਵਾਦੀ ਇਨਕਲਾਬ ਕੀਤਾ ਗਿਆ ਅਤੇ ਸੋਵੀਅਤ ਸੰਘ ਦੀ ਸਥਾਪਨਾ ਕਾਮਰੇਡ ਵਲਾਦਿਮੀਰ ਇਲੀਚ ਲੈਨਿਨ ਦੀ ਅਗਵਾਈ ਵਿੱਚ ਕੀਤੀ ਗਈ।ਉਸ ਇਤਿਹਾਸਕ ਘਟਨਾ ਨੂੰ ਯਾਦ ਕਰਨ ਦੇ ਲਈ ਅਤੇ ਸਬਕ ਸਿੱਖਣ ਦੇ ਲਈ ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਵੱਲੋਂ ਈਸੜੂ ਭਵਨ ਵਿਖੇ ਇੱਕ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਡਾਕਟਰ ਅਰੁਣ ਮਿੱਤਰਾ ਨੇ ਕਿਹਾ ਕਿ ਇਸ ਇਤਿਹਾਸਕ ਘਟਨਾ ਨੇ ਦੁਨੀਆਂ ਭਰ ਵਿੱਚ ਰਾਜਨੀਤਿਕ ਤੇ ਆਰਥਿਕ ਸੋਚ ਦੀ ਦਿਸ਼ਾ ਬਦਲ ਦਿੱਤੀ।ਇਹ ਕੇਵਲ ਸੱਤਾ ਪ੍ਰੀਵਰਤਨ ਨਹੀਂ ਸੀ ਬਲਕਿ ਇੱਕ ਅਲੱਗ ਸੋਚ ਸੀ ਜੋ ਕਿ ਸਮਾਜਿਕ, ਆਰਥਿਕ, ਨਿਆਂ ਅਤੇ ਬਰਾਬਰੀ ’ਤੇ ਅਧਾਰਤ ਸੀ। ਸੋਵੀਅਤ ਸੰਘ ਦੇ ਵਿੱਚ ਸਿੱਖਿਆ ਤੇ ਸਿਹਤ ਨੂੰ ਸਰਕਾਰ ਦੀ ਜ਼ਿੰਮੇਵਾਰੀ ਮੰਨਦੇ ਹੋਏ ਲੋਕਾਂ ਨੂੰ ਮੁਫ਼ਤ ਦੇਣ ਦਾ ਐਲਾਨ ਕੀਤਾ ਗਿਆ।ਲਿੰਗ ਭੇਦ ਨੂੰ ਸਮਾਪਤ ਕਰਕੇ ਇਸਤਰੀਆਂ ਦੇ ਲਈ ਵਿਸ਼ੇਸ਼ ਕਾਨੂੰਨ ਬਣਾਏ ਗਏ।ਚੱਲ ਰਹੀਆਂ ਜੰਗਾਂ ਤੋਂ ਦੂਰ ਰਹਿਣ ਦਾ ਫੈਸਲਾ ਕੀਤਾ ਗਿਆ ਅਤੇ ਵਿਸ਼ਵ ਸ਼ਾਂਤੀ ਲਿਆਉਣ ਦੇ ਵਿੱਚ ਪ੍ਰਮੁੱਖ ਭੂਮਿਕਾ ਅਦਾ ਕਰਨ ਦਾ ਫੈਸਲਾ ਕੀਤਾ ਗਿਆ।ਯੁੱਧ ਨੂੰ ਮਾਨਵਤਾ ਵਿਰੋਧੀ ਅਤੇ ਕੁਝ ਸ਼ਕਤੀਆਂ ਵੱਲੋਂ ਦੂਜਿਆਂ ਉੱਪਰ ਗਲਬਾ ਪਾ ਕੇ ਲੁੱਟ ਖਸੁੱਟ ਕਰਨ ਦਾ ਤਰੀਕਾ ਦੱਸਿਆ ਗਿਆ। ਸੋਵੀਅਤ ਰਾਜ ਨੇ ਦੁਨੀਆਂ ਭਰ ਦੇ ਵਿੱਚ ਆਜ਼ਾਦੀ ਲਈ ਚੱਲ ਰਹੀਆਂ ਲਹਿਰਾਂ ਨੂੰ ਭਰਪੂਰ ਸਮਰਥਨ ਦਿੱਤਾ ਅਤੇ ਬਸਤੀਵਾਦ ਦੇ ਖਿਲਾਫ ਸੰਘਰਸ਼ਸ਼ੀਲ ਲੋਕਾਂ ਦੇ ਹੱਕ ਵਿੱਚ ਆਵਾਜ਼ ਉਠਾਈ।ਨਵ ਆਜ਼ਾਦ ਹੋਏ ਦੇਸ਼ਾਂ ਨੂੰ ਆਪਣੇ ਪੈਰਾਂ ਤੇ ਖੜੇ ਹੋਣ ਦੇ ਲਈ ਭਰਪੂਰ ਸਹਾਇਤਾ ਵੀ ਦਿੱਤੀ।ਭਾਰਤ ਨੇ ਜੋ ਆਰਥਿਕ ਵਿਕਾਸ ਦਾ ਮਾਡਲ ਅਪਣਾਇਆ ਉਸ ਤੇ ਇਸ ਸਮਾਜਵਾਦੀ ਇਨਕਲਾਬ ਦਾ ਪ੍ਰਭਾਵ ਸੀ। ਸਾਡੇ ਦੇਸ਼ ਦੇ ਵਿੱਚ ਜਨਤ1ਕ ਖੇਤਰ ਦੇ ਵਿੱਚ ਕਾਰਖਾਨੇ ਅਤੇ ਖੁਦਾਈ ਦੀਆਂ ਖਾਨਾਂ ਜਿਹਨਾਂ ਨੇ ਦੇਸ਼ ਦੇ ਵਿਕਾਸ ਦਾ ਆਧਾਰ ਮੁਹੱਈਆ ਕਰਵਾਇਆ, ਨੂੰ ਬਣਾਉਣ ਦੇ ਵਿੱਚ ਸੋਵੀਅਤ ਸੰਘ ਨੇ ਸਹਾਇਤਾ ਕੀਤੀ। ਵਿਗਿਆਨ ਦੇ ਹਰ ਖੇਤਰ ਵਿੱਚ ਸੋਵੀਅਤ ਸੰਘ ਬਿਨਾਂ ਦੂਜਿਆਂ ਦੀ ਲੁੱਟ ਖਸੁੱਟ ਕੀਤੇ, ਕਿਸੇ ਤੋਂ ਪਿੱਛੇ ਨਹੀਂ ਰਿਹਾ।ਪੁਲਾੜ ਦੇ ਵਿੱਚ ਵੀ ਸਾਡੇ ਪਹਿਲੇ ਪੁਲਾੜ ਯਾਤਰੀ ਰਾਕੇਸ਼ ਸ਼ਰਮਾ ਨੂੰ ਸੋਵੀਅਤ ਰਾਕੇਟ ਵਿੱਚ ਜਾਨ ਦਾ ਮੌਕਾ ਮਿਲਿਆ। ਦੁਨੀਆਂ ਭਰ ਦੇ ਸਾਮਰਾਜੀ ਮੁਲਕ ਸੋਵੀਅਤ ਸੰਘ ਦੇ ਖਿਲਾਫ ਅਨੇਕਾਂ ਸਾਜਿਸ਼ਾਂ ਰਚਦੇ ਰਹੇ, ਜਿਸ ਦਾ ਸੋਵੀਅਤ ਰਾਜ ਸੱਤਾ ਨੂੰ ਮੁਸ਼ਕਿਲਾਂ ਨਾਲ ਮੁਕਾਬਲਾ ਕਰਨਾ ਪਿਆ ਤੇ ਨੁਕਸਾਨ ਵੀ ਹੋਇਆ।ਅਜੋਕੇ ਸਮੇਂ ਚੱਲ ਰਹੇ ਯੁੱਧ ਜਿਨ੍ਹਾਂ ਵਿੱਚ ਲੱਖਾਂ ਲੋਕ ਮਾਰੇ ਜਾ ਰਹੇ ਹਨ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ ਸੋਵੀਅਤ ਰਾਜ ਦੀ ਕਲਪਨਾ ਤੇ ਸ਼ਾਂਤੀ ਦੀ ਗੱਲ ਕਿੰਨੀ ਮਹੱਤਵਪੂਰਨ ਸੀ, ਕਿਉਂਕਿ ਅੱਜ ਦੁਨੀਆਂ ਦੇ ਹਥਿਆਰਾ ਬਣਾਉਣ ਵਾਲੇ ਵੱਡੇ ਕਾਰਪੋਰੇਟ ਦੁਨੀਆਂ ਵਿੱਚ ਜੰਗਾਂ ਲਾ ਕੇ ਸਿੱਧੇ ਢੰਗ ਦੇ ਨਾਲ ਦੂਜੇ ਦੇਸ਼ਾਂ ਦੇ ਉੱਪਰ ਕਬਜ਼ੇ ਕਰਨ ਦੀਆਂ ਵਿਉਂਤਾਂ ਬਣਾ ਰਹੇ ਹਨ। ਕਾਮਰੇਡ ਐਮ ਐਸ ਭਾਟੀਆ ਨੇ ਕਿਹਾ ਕਿ



ਅੱਜ ਸਭ ਪ੍ਰਗਤੀਸ਼ੀਲ ਸ਼ਕਤੀਆਂ ਦਾ ਫ਼ਰਜ਼ ਹੈ ਕਿ ਉਹ ਇਹਨਾਂ ਸਾਜਿਸ਼ਾਂ ਖਿਲਾਫ ਇਕੱਤਰ ਹੋਣ, ਆਵਾਜ਼ ਬੁਲੰਦ ਕਰਨ ਅਤੇ ਵਿਸ਼ਵ ਸ਼ਾਂਤੀ, ਸਮਾਜਿਕ ਨਿਆਂ ਅਤੇ ਬਰਾਬਰੀ ਦੀ ਆਵਾਜ਼ ਨੂੰ ਉਠਾਈ ਰੱਖਣ। ਉਹਨਾਂ ਨੇ ਕਿਹਾ ਕਿ ਪਾਰਟੀ ਮੌਜੂਦਾ ਚੁਣੌਤੀਆਂ ਨੂੰ ਕਬੂਲ ਕਰਨ ਦਾ ਪ੍ਰਣ ਕਰਦੇ ਹਾਂ।ਇਸ ਮੌਕੇ ਉਨ੍ਹਾਂ ਤੋਂ ਇਲਾਵਾ ਪ੍ਰਮੁੱਖ ਹਾਜ਼ਰ ਸਨ ਰਮੇਸ਼ ਰਤਨ, ਚਮਕੌਰ ਸਿੰਘ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਕੁਲਵੰਤ ਕੌਰ ਆਦਿ ।

# ਭਾਕਿਯੂ ਏਕਤਾ-ਉਗਰਾਹਾਂ ਵੱਲੋਂ ਪੀ ਯੂ ਦੇ ਵਿਦਿਆਰਥੀ ਸੰਘਰਸ਼ ਦੀ ਹਮਾਇਤ



**ਚੰਡੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਨੇ ਪੰਜਾਬ ਯੂਨੀਵਰਸਿਟੀ ਦਾ ਸੈਨੇਟ ਢਾਂਚਾ ਭੰਗ ਕਰਨ ਰਾਹੀਂ ਤੇ ਇਸ ਪ੍ਰਕਿਰਿਆ ਨੂੰ ਸਿੱਧੀਆਂ ਹਕੂਮਤੀ ਨਿਯੁਕਤੀਆਂ ਦੀ ਮੁਥਾਜ਼ ਬਣਾਉਣ ਰਾਹੀਂ ਕੇਂਦਰੀ ਹਕੂਮਤ ਦੇ ਕੰਟਰੋਲ ਵਿੱਚ ਲੈਣ ਦੇ ਕਦਮਾਂ ਦਾ ਵਿਰੋਧ ਕੀਤਾ ਹੈ ਤੇ ਕੇਂਦਰੀਕਰਨ ਦੇ ਇਨ੍ਹਾਂ ਕਦਮਾਂ ਨੂੰ ਸਿੱਖਿਆ ਦੇ ਫਿਰਕੂਕਰਨ, ਨਿੱਜੀਕਰਨ ਤੇ ਵਪਾਰੀਕਰਨ ਦੇ ਹਮਲੇ ਨੂੰ ਤੇਜ਼ ਕਰਨ ਦੀ ਵਿਉਂਤ ਦਾ ਹਿੱਸਾ ਕਰਾਰ ਦਿੱਤਾ ਹੈ।

ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਸੂਬਾ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਕਿਹਾ ਹੈ ਕਿ ਯੂਨੀਵਰਸਿਟੀ ਦਾ ਸੈਨੇਟ ਤੇ ਸਿੰਡੀਕੇਟ ਵਾਲਾ ਤੁਰਿਆ ਆਉਂਦਾ ਸਿਸਟਮ ਚਾਹੇ ਆਪਣੇ ਆਪ ਵਿੱਚ ਯੂਨੀਵਰਸਿਟੀ ਦੇ ਪ੍ਰਬੰਧਕੀ ਅਮਲ ’ਚ ਇਸ ਦੇ ਵਿਦਿਆਰਥੀਆਂ ਤੇ ਲੋਕਾਂ ਦੀ ਹਕੀਕੀ ਜਮਹੂਰੀ ਸ਼ਮੂਲੀਅਤ ਦਾ ਕੋਈ ਬਹੁਤਾ ਅਸਰਦਾਰ ਢੰਗ ਨਹੀਂ ਸੀ, ਪਰ ਕੇਂਦਰੀ ਭਾਜਪਾ ਹਕੂਮਤ ਦੀ ਆਪਣੀ ਲੋਕ-ਦੋਖੀ ਧੁੱਸ ਏਨੀ ਜ਼ੋਰਦਾਰ ਹੈ ਕਿ ਉਸ ਨੂੰ ਇਹ ਰਸਮੀ ਅਮਲ ਵੀ ਰੜਕਦਾ ਆ ਰਿਹਾ ਸੀ ਤੇ ਆਪਣਾ ਫਿਰਕੂ ਤੇ ਕਾਰਪੋਰੇਟ ਏਜੰਡਾ ਲਾਗੂ ਕਰਨ ਦੇ ਰਾਹ ’ਚ ਅੜਿੱਕਾ ਜਾਪਦਾ ਸੀ।ਇਸ ਲਈ ਉਸ ਨੇ ਇਸ ਅੜਿੱਕੇ ਨੂੰ ਵੀ ਦੂਰ ਕਰਨ ਤੇ ਯੂਨੀਵਰਸਿਟੀ ਉੱਤੇ ਆਪਣਾ ਮੁਕੰਮਲ ਕੰਟਰੋਲ ਬਣਾਉਣ ਦੀ ਨੀਤ ’ਚੋਂ ਹੀ ਇਹ ਕਦਮ ਚੱਕਿਆ ਹੈ।ਇਹ ਪੰਜਾਬ ਦੇ ਲੋਕਾਂ ਦੀ ਯੂਨੀਵਰਸਿਟੀ ਪ੍ਰਬੰਧਾਂ ’ਚ ਦਖਲ ਦੀ ਬਚੀ ਖੁਚੀ ਨਿਗੂਣੀ ਭੂਮਿਕਾ ਨੂੰ ਵੀ ਖਤਮ ਕਰ ਦੇਵੇਗਾ।ਇਹ ਕਦਮ ਯੂਨੀਵਰਸਟੀ ਉੱਤੇ ਪੰਜਾਬੀ ਕੌਮੀਅਤ ਦੇ ਦਾਅਵੇ ਨੂੰ ਵੀ ਕਮਜ਼ੋਰ ਕਰੇਗਾ।

ਕਿਸਾਨ ਆਗੂਆਂ ਨੇ ਕਿਹਾ ਹੈ ਕਿ ਸਾਡੀ ਜਥੇਬੰਦੀ ਵਿਦਿਆਰਥੀਆਂ ਵੱਲੋਂ ਉਠਾਈ ਜਾ ਰਹੀ ਆਵਾਜ਼ ਦਾ ਜ਼ੋਰਦਾਰ ਸਮਰਥਨ ਕਰਦੀ ਹੈ ਤੇ ਕੇਂਦਰ ਸਰਕਾਰ ਦੇ ਇਸ ਕਦਮ ਦਾ ਵਿਰੋਧ ਕਰਦਿਆਂ ਇਸ ਨੂੰ ਵਾਪਸ ਲੈਣ ਦੀ ਮੰਗ ਕਰਦੀ ਹੈ।ਉਨ੍ਹਾਂ ਕਿਹਾ ਕਿ ਨਾ ਸਿਰਫ ਇਹ ਕਦਮ ਵਾਪਸ ਹੋਣਾ ਚਾਹੀਦਾ ਹੈ, ਸਗੋਂ ਸਿੱਖਿਆ ਦੇ ਕੇਂਦਰੀਕਰਨ, ਨਿੱਜੀਕਰਨ ਤੇ ਵਪਾਰੀਕਰਨ ਦੇ ਸਾਰੇ ਕਦਮ ਰੋਕੇ ਜਾਣੇ ਚਾਹੀਦੇ ਹਨ।

# ਪੰਜਾਬ ਪਬਲਿਕ ਸਕੂਲ ਨੇ ਆਈ ਪੀ ਐੱਸ ਸੀ ਅੰਡਰ-19 ਲੜਕਿਆਂ ਦੀ ਹਾਕੀ ਟਰਾਫੀ ਜਿੱਤੀ

**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ, ਨਾਭਾ ਦੀ ਮੁੰਡਿਆਂ ਦੀ ਹਾਕੀ ਟੀਮ ਨੇ ਆਪਣੇ ਚੰਗੇ ਟੀਮ ਵਰਕ, ਦ੍ਰਿੜ੍ਹਤਾ ਤੇ ਸ਼ਾਨਦਾਰ ਪ੍ਰਦਰਸ਼ਨ ਨਾਲ ਵੱਕਾਰੀ ਆਲ ਇੰਡੀਆ ਆਈ.ਪੀ.ਐੱਸ.ਸੀ. ਅੰਡਰ-19 ਲੜਕਿਆਂ ਦੀ ਹਾਕੀ ਚੈਂਪੀਅਨਸ਼ਿਪ ਜਿੱਤੀ।ਇਹ ਟੂਰਨਾਮੈਂਟ ਪੁਣੇ ਦੇ ਬੀ. ਕੇ. ਬਿਰਲਾ ਸੈਂਟਰ ਫਾਰ ਐਜੂਕੇਸ਼ਨ ਵਿਖੇ ਕਰਵਾਇਆ ਗਿਆ।

ਦੂਨ ਸਕੂਲ ਦੇਹਰਾਦੂਨ ਦੇ ਖਿਲਾਫ ਪੰਜਾਬ ਪਬਲਿਕ ਸਕੂਲ ਨਾਭਾ ਇੱਕ ਰੋਮਾਂਚਕ ਫਾਈਨਲ ਵਿੱਚ ਜੇਤੂ ਰਿਹਾ, ਜਿਸ ਵਿੱਚ ਉਸ ਨੇ 5-2 ਦੀ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ।ਉਨ੍ਹਾਂ ਦੀ ਗਤੀਸ਼ੀਲ ਗੇਮਪਲੇਅ ਤੇ ਰਣਨੀਤਕ ਪ੍ਰਤਿਭਾ ਨੇ ਦਰਸ਼ਕਾਂ ਨੂੰ ਮਨ ਮੋਹ ਲਿਆ ਤੇ ਵਿਰੋਧੀਆਂ ਨੂੰ ਪੂਰੇ ਮੈਚ ਦੌਰਾਨ ਪਿੱਛੇ ਛੱਡ ਦਿੱਤਾ।ਮਨਸੀਰਤ ਸਿੰਘ ਨੂੰ ਸਰਵੋਤਮ ਫਾਰਵਰਡ ਖਿਡਾਰੀ ਤੇ ਬਖਤਾਵਰ ਸਿੰਘ ਨੂੰ ਸਰਵੋਤਮ ਗੋਲਕੀਪਰ ਘੋਸ਼ਿਤ ਕੀਤਾ ਗਿਆ।ਇਸ ਮੌਕੇ ਹੈੱਡਮਾਸਟਰ ਡਾ, ਡੀ ਸੀ ਸ਼ਰਮਾ ਨੇ ਸਮੂਹ ਟੀਮ ਨੂੰ ਮੁਬਾਰਕਬਾਦ ਦਿੱਤੀ ਤੇ ਭਵਿੱਖ ਵਿੱਚ ਵੀ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।



# ਬ੍ਰਿਟਿਸ਼ ਆਰਮੀ ਡੈਲੀਗੇਸ਼ਨ ਵੱਲੋਂ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ

## ਬ੍ਰਿਟਿਸ਼ ਆਰਮੀ ਦਾ ਦੌਰਾ ਇਤਿਹਾਸਕ ਸੈਨਿਕਾਂ ਦੀ ਬਹਾਦਰੀ ਨੂੰ ਸੱਚੀ ਸ਼ਰਧਾਂਜਲੀ : ਆਵਲਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸਰਾਗੜ੍ਹੀ ਦੀ ਇਤਿਹਾਸਕ ਲੜਾਈ ਦੀ 128ਵੀਂ ਵਰ੍ਹੇਗੰਢ ਦੀ ਯਾਦ ਵਿੱਚ ਇੱਕ ਵਿਸ਼ੇਸ਼ ਡੈਲੀਗੇਸ਼ਨ ਸਰਾਗੜ੍ਹੀ ਫਾਊਂਡੇਸ਼ਨ ਦੇ ਚੇਅਰਮੈਨ ਡਾ. ਗੁਰਿੰਦਰਪਾਲ ਸਿੰਘ ਜੌਹਲ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਫਿਰੋਜ਼ਪੁਰ ਪਹੁੰਚਿਆ, ਜਦਕਿ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਡਾ. ਗੁਰਭੇਜ ਸਿੰਘ ਟਿੱਬੀ ਇਸ ਇਤਿਹਾਸਕ ਦੌਰੇ ਦੇ ਸਹਿ-ਸੰਯੋਜਕ ਸਨ।ਇਸ ਮੌਕੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੇ ਸੀਨੀਅਰ ਕਾਂਗਰਸੀ ਆਗੂ ਰਮਿੰਦਰ ਸਿੰਘ ਆਵਲਾ ਨੇ ਡੈਲੀਗੇਸ਼ਨ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।ਇਸ ਮੌਕੇ ਪਹੁੰਚੇ ਡੇਲੀਗੇਸ਼ਨ ਦੇ ਸਮੂਹ ਮੈਂਬਰਾਂ ਤੇ ਫਾਊਂਡੇਸ਼ਨ ਦੇ ਸਮੂਹ ਅਹੁਦੇਦਾਰਾਂ ਨੇ ਸਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਸਰਾਗੜ੍ਹੀ ਦੀ ਲੜਾਈ ਸਿੱਖ ਰੈਜੀਮੈਂਟ ਦੀ ਅਟੱਲ ਸ਼ੂਰਵੀਰਤਾ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ 21 ਸਿੱਖ ਸਿਪਾਹੀਆਂ ਦੀ ਉਹ ਲੜਾਈ, ਜਿਸ ਵਿੱਚ ਉਹ੍ਹਨਾਂ ਨੇ ਹਜ਼ਾਰਾਂ ਵਿਰੋਧੀਆਂ ਦੇ ਸਾਹਮਣੇ ਹਿੰਮਤ ਨਾ ਹਾਰੀ, ਸਦਾ ਲਈ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਨਾਲ ਲਿਖੀ ਗਈ ਹੈ।ਇਸ ਮੌਕੇ ਬੋਲਦਿਆਂ ਰਮਿੰਦਰ ਸਿੰਘ ਆਵਲਾ ਨੇ ਕਿਹਾ ਕਿ ਇਹ ਸਮਾਰੋਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਬਹਾਦਰੀ ਦੀ ਕੋਈ ਜਾਤ ਜਾਂ ਧਰਮ ਨਹੀਂ ਹੁੰਦਾ, ਇਹ ਮਨੁੱਖਤਾ ਦਾ ਸਭ ਤੋਂ ਉੱਚਾ ਗੁਣ ਹੈ।ਉਨ੍ਹਾਂ ਕਿਹਾ ਕਿ ਬ੍ਰਿਟਿਸ਼ ਆਰਮੀ ਦਾ ਇਹ ਦੌਰਾ ਇਤਿਹਾਸਕ ਸੈਨਿਕਾਂ ਦੀ ਬਹਾਦਰੀ ਨੂੰ ਸੱਚੀ ਸ਼ਰਧਾਂਜਲੀ ਹੈ।

ਡੈਲੀਗੇਸ਼ਨ ਨੇ ਬਾਅਦ ਵਿੱਚ ਸਰਾਗੜ੍ਹੀ ਮੈਮੋਰੀਅਲ ਮਿਊਜ਼ੀਅਮ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ 1897 ਦੀ ਲੜਾਈ ਨਾਲ ਸੰਬੰਧਤ ਇਤਿਹਾਸਕ ਤਸਵੀਰਾਂ, ਹਥਿਆਰਾਂ ਤੇ ਦਸਤਾਵੇਜ਼ਾਂ ਦਾ ਅਧਿਐਨ ਕੀਤਾ।ਡਾ. ਗੁਰਿੰਦਰਪਾਲ ਸਿੰਘ ਜੋਸਨ ਨੇ ਇਸ ਮੌਕੇ ਕਿਹਾ ਕਿ ਸਰਾਗੜ੍ਹੀ ਦੀ ਯਾਦ ਸਾਨੂੰ ਦੱਸਦੀ ਹੈ ਕਿ ਫਰਜ਼ ਪ੍ਰਤੀ ਨਿਭਾਅ ਤੇ ਸੱਚਾਈ ਕਿਸੇ ਵੀ ਜਿੱਤ ਨਾਲ ਵੱਧ ਕੀਮਤੀ ਹੁੰਦੇ ਹਨ।ਇਸ ਤੋਂ ਬਾਅਦ ਡੈਲੀਗੇਸ਼ਨ ਨੇ ਐਂਗਲੋ-ਸਿੱਖ ਵਾਰ ਮਿਊਜ਼ੀਅਮ, ਫਿਰੋਜ਼ਪੁਰ ਦਾ ਵੀ ਦੌਰਾ ਕੀਤਾ।ਇੱਥੇ ਉਨ੍ਹਾਂ ਨੇ 1845-46 ਤੇ 1848-49 ਦੀਆਂ ਸਿੱਖ ਯੁੱਧਾਂ ਨਾਲ ਜੁੜੇ ਇਤਿਹਾਸਕ ਪ੍ਰਦਰਸ਼ਨ ਵੇਖੇ ਅਤੇ ਪੰਜਾਬ ਦੀ ਸੈਨਿਕ ਵਿਰਾਸਤ ਦੀ ਪਸ਼ੰਸਾ ਕੀਤੀ।ਬ੍ਰਿਟਿਸ਼ ਆਰਮੀ ਦੇ ਅਧਿਕਾਰੀਆਂ ਨੇ ਕਿਹਾ ਕਿ ਉਹ ਸਿੱਖ ਸਿਪਾਹੀਆਂ ਦੀ ਸੈਨਿਕ ਅਨੁਸ਼ਾਸਨ, ਆਤਮ-ਸਮਰਪਣ ਤੇ ਹਿੰਮਤ ਤੋਂ ਬਹੁਤ ਪ੍ਰਭਾਵਿਤ ਹਨ। ਇਸ ਮੌਕੇ ਵੱਡੀ ਗਿਣਤੀ ਵਿੱਚ ਜਿਲ੍ਹਾ ਫਿਰੋਜ਼ਪੁਰ ਦੀਆਂ ਨਾਮੀ ਹਸਤੀਆਂ ਵੀ ਹਾਜ਼ਰ ਸਨ।

# ਗੁਰਦਵਾਰਾ ਚੇਤ ਸਿੰਘ ਨਗਰ ਤੇ ਮੁਕਤੇਸ਼ਵਰ ਨਿਸ਼ਕਾਮ ਸੇਵਾ ਸੋਸਾਇਟੀ ਵੱਲੋਂ ਅੱਖਾਂ ਤੇ ਦੰਦਾਂ ਦਾ ਮੁਫ਼ਤ ਚੈੱਕਅੱਪ ਕੈਂਪ



**ਲੁਧਿਆਣਾ (ਜਸਦੀਪ ਵਰਤੀਆ)**-ਗੁਰਦਵਾਰਾ ਚੇਤ ਸਿੰਘ ਨਗਰ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰੂਦਵਾਰਾ ਪ੍ਰਬੰਧਕ ਕਮੇਟੀ ਤੇ ਸ੍ਰੀ ਮੁਕਤੇਸ਼ਵਰ ਨਿਸ਼ਕਾਮ ਸੇਵਾ ਸੋਸਾਇਟੀ ਦੇ ਸਹਿਯੋਗ ਨਾਲ ਸੋਹਾਣਾ ਹਸਪਤਾਲ ਵੱਲੋਂ ਅੱਖਾਂ ਤੇ ਦੰਦਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਹਸਪਤਾਲ ਦੇ ਵਿਸ਼ੇਸ਼ ਤੌਰ ਤੇ ਡਾਕਟਰਾਂ ਦੀ ਟੀਮ ਨੇ ਲੋਕਾਂ ਦੀਆਂ ਅੱਖਾਂ ਅਤੇ ਦੰਦਾਂ ਦੀ ਜਾਂਚ ਕੀਤੀ ਤੇ ਲੋੜ ਅਨੁਸਾਰ ਇਲਾਜ ਤੇ ਸਲਾਹ ਦਿੱਤੀ।ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਵੀ ਵੰਡੀਆਂ ਗਈਆਂ।ਇਸ ਕੈਂਪ ਵਿੱਚ 151 ਮਰੀਜ਼ਾਂ ਨੇ ਕੈਂਪ ਦਾ ਲਾਭ ਲਿਆ। ਇਸ ਮੌਕੇ ਸੰਗਤ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਇਸ ਸੇਵਾ ਦੀ ਪ੍ਰਸ਼ੰਸਾ ਕੀਤੀ।ਗੁਰਦਵਾਰਾ ਸਾਹਿਬ ਵੱਲੋਂ ਆਈ ਹੋਈ ਸਮੁੱਚੀ ਟੀਮ ਦਾ ਵਿਸ਼ੇਸ਼ ਤੌਰ ’ਤੇ ਸਨਮਾਨ ਕੀਤਾ ਗਿਆ ਤੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਇਹ ਸੋਸਾਇਟੀ ਜਗ੍ਹਾ ਜਗ੍ਹਾ ਕੈਂਪ ਲਗਵਾ ਕਿ ਬੜਾ ਸ਼ਲਾਘਾ ਯੋਗ ਕੰਮ ਕਰ ਰਹੀ ਹੈ।ਸ੍ਰੀ ਗੁਰੂ ਨਾਨਕ ਦੇਵ ਜੀ ਇਸ ਸੋਸਾਇਟੀ ਤੇ ਡਾਕਟਰਾਂ ਦੀ ਸਮੁੱਚੀ ਟੀਮ ’ਤੇ ਮੇਹਰ ਭਰਿਆ ਹੱਥ ਰੱਖਣ।ਇਸ ਕੈਂਪ ਵਿੱਚ ਸੁਰਿੰਦਰ ਸਿੰਘ, ਹਰਜਿੰਦਰ ਸਿੰਘ, ਬੱਬੂ, ਜਸਪਾਲ ਸਿੰਘ ਰਿਆਤ, ਵਿਜੇ ਭਾਂਬਰੀ, ਨੀਲਕਮਲ ਸ਼ਰਮਾ, ਰਜਨੀਸ਼ ਸ਼ਰਮਾ, ਦੀਪਕ ਅਨੰਦ, ਅਮਨਿੰਦਰ ਸਿੰਘ ਤੇ ਜਗਜੀਤ ਸਿੰਘ ਜੀਤਾ ਹਾਜ਼ਰ ਸਨ।

# ਖਰੋਲਾ ’ਚ ਲੱਗੇ ਜਨ-ਸੁਵਿਧਾ ਕੈਂਪ ਦਾ ਡਿਪਟੀ ਕਮਿਸ਼ਨਰ ਵੱਲੋਂ ਜਾਇਜ਼ਾ

## ਅਧਿਕਾਰੀਆਂ ਨੂੰ ਲੋਕਾਂ ਦੇ ਮਸਲੇ ਤੁਰੰਤ ਹੱਲ ਕਰਨ ਦੀ ਹਦਾਇਤ



**ਰਾਜਪੁਰਾ (ਰਮੇਸ਼ ਕਟਾਰੀਆ)**-ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ‘ਆਪ ਦੀ ਸਰਕਾਰ ਆਪ ਦੇ ਦੁਆਰ’ ਤਹਿਤ ਰਾਜਪੁਰਾ ਦੇ ਪਿੰਡ ਖਰੋਲਾ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪ ਦਾ ਜਾਇਜ਼ਾ ਲਿਆ।ਉਨ੍ਹਾਂ ਨੇ ਮੌਕੇ ’ਤੇ ਮੌਜੂਦ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਤੇ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ’ਚ ਕੋਈ ਢਿੱਲ-ਮੱਠ ਨਾ ਵਰਤੀ ਜਾਵੇ।ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐੱਮ. ਰਾਜਪੁਰਾ ਅਵਿਕੇਸ਼ ਗੁਪਤਾ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਸਰਕਾਰੀ ਐਲੀਮੈਂਟਰੀ ਸਕੂਲ ’ਚ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਸਕੂਲ ’ਚ ਕਰਾਈ ਜਾਂਦੀ ਪੜ੍ਹਾਈ ਤੇ ਮਿੱਡ ਡੇਅ ਮੀਲ ਦਾ ਵੀ ਜਾਇਜ਼ਾ ਲਿਆ।

ਡਾ. ਪ੍ਰੀਤੀ ਯਾਦਵ ਨੇ ਇਸ ਮੌਕੇ ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ, ਕਿਰਤ ਵਿਭਾਗ, ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਸਮਾਜਿਕ ਸੁਰੱਖਿਆ, ਵਣ ਵਿਭਾਗ, ਸਹਿਕਾਰਤਾ ਆਦਿ ਵਿਭਾਗਾਂ ਦੀਆਂ ਸਟਾਲਾਂ ਦਾ ਦੌਰਾ ਕਰਕੇ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕੈਂਪਾਂ ਵਿੱਚ ਆਉਣ ਵਾਲੇ ਨਾਗਰਿਕਾਂ ਦੀ ਪੂਰੀ ਗੰਭੀਰਤਾ ਨਾਲ ਸਮੱਸਿਆ ਸੁਣ ਕੇ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੇ ਨਿਵੇਕਲੇ ਉਪਰਾਲੇ ‘ਆਪ ਦੀ ਸਰਕਾਰ ਆਪ ਦੇ ਦੁਆਰ’ ਤਹਿਤ ਲਗਾਏ ਜਾ ਰਹੇ ਜਨ ਸੁਵਿਧਾ ਕੈਂਪਾਂ ਦਾ ਲਾਭ ਲੈਣ।ਇਸ ਮੌਕੇ ਬੀ.ਡੀ.ਪੀ.ਓ. ਬਨਦੀਪ ਸਿੰਘ, ਪਿੰਡ ਦੇ ਸਰਪੰਚ ਨਾਹਰ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਲਈ ਵਾਰਡ ਤੇ ਪੇਂਡੂ ਡਿਫੈਂਸ ਕਮੇਟੀਆਂ ਦਾ ਯੋਗਦਾਨ ਮਹੱਤਵਪੂਰਨ : ਚੇਤਨ ਬੰਗੜ




**ਅਮਲੋਹ/ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਵਿਧਾਨ ਸਭਾ ਹਲਕਾ ਅਮਲੋਹ ਅਧੀਨ ਕਾਰਜਸ਼ੀਲ ਪੇਂਡੂ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਲਈ ਦੇਸ਼ ਭਗਤ ਯੂਨੀਵਰਸਿਟੀ ਵਿਖੇ ਇਕਰੋਜ਼ਾ ਟ੍ਰੇਨਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਪੇਂਡੂ ਤੇ ਵਾਰਡ ਡਿਫੈਂਸ ਕਮੇਟੀਆਂ ਦੀ ਮਜਬੂਤੀ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ।

ਸਮਾਗਮ ਦੌਰਾਨ ਐਸਡੀਐਮ ਚੇਤਨ ਬੰਗੜ ਤੇ ਮੁੱਖ ਮੰਤਰੀ ਫੀਲਡ ਅਫ਼ਸਰ ਸ਼ੰਕਰ ਸ਼ਰਮਾ ਤੋਂ ਇਲਾਵਾ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਓਂਕਾਰ ਸਿੰਘ ਚੌਹਾਨ, ਵਿਧਾਇਕ ਦੇ ਭਰਾ ਮਨੀ ਬੜਿੰਗ, ਆਪ ਆਗੂ ਇਕਬਾਲ ਸਿੰਘ ਅੰਨੀਆ, ਡੀਐਸਪੀ ਗੁਰਦੀਪ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਚੰਦ ਸਿੰਘ, ਤਹਿਸੀਲਦਾਰ ਚਤਿੰਦਰ ਸ਼ਰਮਾ ਤੇ ਹੋਰ ਨੁਮਾਇੰਦੇ ਹਾਜ਼ਰ ਸਨ।

ਐਸਡੀਐਮ ਚੇਤਨ ਬੰਗੜ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਸ਼ਿਆਂ ਨੂੰ ਜੜ੍ਹੋਂ ਪੁੱਟਣ ਤੇ ਨਸ਼ਾ ਤਸਕਰਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਖੜਾ ਕਰਨ ਨੂੰ ਯਕੀਨੀ ਬਣਾਉਣ ਲਈ ਇੱਕ ਅਟੱਲ ਵਚਨਬੱਧਤਾ ਦਾ ਵਾਅਦਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਨੈੱਟਵਰਕ ਨੂੰ ਖਤਮ ਕਰਨ ਤੇ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਤੌਰ ’ਤੇ ਇਕੱਠੀਆਂ ਕੀਤੀਆਂ ਜਾਇਦਾਦਾਂ ਨੂੰ ਬੁਲਡੋਜ਼ਰ ਨਾਲ ਢਹਿ ਢੇਰੀ ਕਰਨ ਲਈ ਸਰਕਾਰ ਸਾਰਥਿਕ ਕਦਮ ਚੁੱਕ ਰਹੀ ਹੈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਓਂਕਾਰ ਸਿੰਘ ਚੌਹਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੁਲਸ ਵਿਭਾਗ ਨੂੰ ਕਾਰਵਾਈ ਕਰਨ ਦਾ ਪੂਰਾ ਅਧਿਕਾਰ ਦਿੱਤਾ ਗਿਆ ਹੈ ਤੇ ਸੈਂਕੜੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਿਆ ਜਾ ਚੁੱਕਾ ਹੈ।‘ਆਪ’ ਆਗੂ ਮਨੀ ਬੜਿੰਗ ਨੇ ਕਿਹਾ ਕਿ ਪੇਂਡੂ ਡਿਫੈਂਸ ਕਮੇਟੀ, ਪਿੰਡ ਦੇ ਲੋਕਾਂ ਨੂੰ ਜ਼ਮੀਨੀ ਪੱਧਰ ’ਤੇ ਨਸ਼ੇ ਦੇ ਸੰਕਟ ਨਾਲ ਨਜਿੱਠਣ ਲਈ ਸਸ਼ਕਤ ਬਣਾਉਣ ਲਈ ਇੱਕ ਦੂਰਦਰਸ਼ੀ ਪਹਿਲਕਦਮੀ ਹੈ।ਉਨ੍ਹਾਂ ਕਿਹਾ ਕਿ ਪੇਂਡੂ ਡਿਫੈਂਸ ਕਮੇਟੀਆਂ ਆਮ ਲੋਕਾਂ, ਪੁਲਸ ਤੇ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਨਸ਼ਿਆਂ ਦੇ ਖਿਲਾਫ਼ ਲੋਕਾਂ ਨੂੰ ਜਾਗਰੂਕ ਕਰਨ, ਨਸ਼ਿਆਂ ਤੋਂ ਪੀੜਤ ਵਿਅਕਤੀਆਂ ਨੂੰ ਨਸ਼ਾ ਛੱਡਣ ਲਈ ਉਤਸ਼ਾਹਤ ਕਰਨ ਤੇ ਨਸ਼ਾ ਤਸਕਰਾਂ ਦੀਆਂ ਹਰਕਤਾਂ ਬਾਰੇ ਪੁਲਸ ਨਾਲ ਗੁਪਤ ਜਾਣਕਾਰੀ ਨੂੰ ਸਾਂਝਾ ਕਰਨ ਲਈ ਕਾਰਜਸ਼ੀਲ ਹਨ।

ਡੀਐਸਪੀ ਗੁਰਦੀਪ ਸਿੰਘ ਨੇ ਅਪੀਲ ਕੀਤੀ ਕਿ ਨਸ਼ਿਆਂ ਦੀ ਦਲਦਲ ’ਚ ਫਸੇ ਲੋਕਾਂ ਨੂੰ ਤੰਦਰੁਸਤ ਕਰਨ ਲਈ ਤੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਪੁਚਾਉਣ ਲਈ ਚਲਾਈ ਜਾ ਰਹੀ ਇਸ ਮੁਹਿੰਮ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਵਿੱਚ ਹਰੇਕ ਨਾਗਰਿਕ ਵੱਲੋਂ ਸਰਗਰਮ ਸਹਿਯੋਗ ਪਾਉਣਾ ਯਕੀਨੀ ਬਣਾਇਆ ਜਾਵੇ।ਸਮਾਗਮ ਦੌਰਾਨ ਪੇਂਡੂ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਬਣਾਈ ਗਈ ਮੋਬਾਇਲ ਐਪਲੀਕੇਸ਼ਨ ਬਾਰੇ ਵਿਸ਼ੇਸ਼ ਤੌਰ ’ਤੇ ਸਿਖਲਾਈ ਦਿੱਤੀ ਗਈ ਤੇ ਵੱਧ ਤੋਂ ਵੱਧ ਵਰਤੋਂ ਬਾਰੇ ਪ੍ਰੇਰਤ ਕੀਤਾ ਗਿਆ।

# ‘ਆਪ’ ਹਰ ਮੋਰਚੇ ’ਤੇ ਫ਼ੇਲ੍ਹ, ਭਾਜਪਾ ਦੇ ਵਿਕਾਸ ਕਾਰਜ ਹੀ ਪੰਜਾਬ ਦੀ ਅਸਲ ਤਸਵੀਰ : ਹਰਪਾਲਪੁਰ




**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਬੀ ਜੇ ਪੀ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਘਨੌਰ ਦੇ ਇੰਚਾਰਜ ਹਰਵਿੰਦਰ ਸਿੰਘ ਹਰਾਲਪੁਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਮੌਜੂਦਾ ‘ਆਪ’ ਸਰਕਾਰ ਪੰਜਾਬ ਨੂੰ ਪੂਰੀ ਤਰ੍ਹਾਂ ਨਿਰਾਸ਼ ਕਰ ਚੁੱਕੀ ਹੈ ਤੇ ਸੂਬੇ ਚ ਅਰਾਜਕਤਾ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ‘ਆਪ’ ਸਰਕਾਰ ਨੇ ਪੰਜਾਬ ਨੂੰ ਦਿੱਤੀਆਂ ਸਾਰੀਆਂ ਗਰੰਟੀਆਂ ਨੂੰ ਭੁਲਾ ਦਿੱਤਾ ਹੈ ਤੇ ਅੱਜ ਕੋਈ ਵੀ ਵਰਗ ਇਸ ਸਰਕਾਰ ਤੋਂ ਖੁਸ਼ ਨਹੀਂ ਹੈ।ਹਰਪਾਲ ਪੁਰ ਨੇ ‘ਆਪ’ ਸਰਕਾਰ ’ਤੇ ਸਵਾਲ ਚੁੱਕਦਿਆਂ ਕਿਹਾ ਕਿ ਭਾਵੇਂ ਉਹ ਕਾਨੂੰਨ ਵਿਵਸਥਾ ਹੋਵੇ, ਜਿੱਥੇ ਗੈਂਗਸਟਰਵਾਦ ਸਿਰ ਚੁੱਕ ਰਿਹਾ ਹੈ ਜਾਂ ਕਿਸਾਨੀ ਮੁੱਦੇ ਹੋਣ, ਜਿੱਥੇ ਫ਼ਸਲਾਂ ਦੀ ਖਰੀਦ ਤੇ ਮੁਆਵਜ਼ੇ ਲਈ ਕਿਸਾਨਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ‘ਆਪ’ ਸਰਕਾਰ ਹਰ ਮੋਰਚੇ ’ਤੇ ਨਾਕਾਮ ਸਾਬਤ ਹੋਈ ਹੈ।ਉਨ੍ਹਾਂ ਨੌਜਵਾਨਾਂ ਨੂੰ ਨੌਕਰੀਆਂ ਦੇਣ ਦੇ ਵਾਅਦੇ ਦੀ ਪੂਰਤੀ ਨਾ ਹੋਣ ’ਤੇ ਵੀ ਚਿੰਤਾ ਪ੍ਰਗਟਾਈ ਅਤੇ ਦੋਸ਼ ਲਾਇਆ ਕਿ ਸਰਕਾਰੀ ਦਫ਼ਤਰਾਂ ’ਚ ਭ੍ਰਿਸ਼ਟਾਚਾਰ ਫਿਰ ਤੋਂ ਸਿਖਰਾਂ ’ਤੇ ਹੈ।ਉਨ੍ਹਾਂ ਕਿਹਾ ਕਿ ਬੀ ਜੇ ਪੀ ਆਪਣੀ ਵਿਰਾਸਤ ਨੂੰ ਅੱਗੇ ਲੈ ਕੇ ਜਾਵੇਗਾ ਤੇ ਲੋਕਾਂ ਨੂੰ ਨਾਲ ਲੈ ਕੇ ‘ਆਪ’ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਡਟ ਕੇ ਮੁਕਾਬਲਾ ਕਰੇਗਾ।ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਨੂੰ ਤਰੱਕੀ ਦੀ ਰਾਹ ’ਤੇ ਲਿਆਉਣ ਲਈ ਬੀਜੇਪੀ ਦਾ ਸਾਥ ਦੇਣ ਤਾਂ ਕਿ ਸੂਬੇ ’ਚ ਬੀਜੇਪੀ ਲੋਕਾਂ ਦੀ ਆਪਣੀ ਸਰਕਾਰ ਬਣੇ।ਉਨ੍ਹਾਂ ਕਿਹਾ ਕਿ ਤਰਨਤਾਰਨ ਦੀ ਜ਼ਿਮਨੀ ਚੋਣ ਬੀਜੇਪੀ ਆਪਣੀ ਮਜ਼ਬੂਤ ਲੀਡਰਸ਼ਿਪ ਤੇ ਵਰਕਰਾਂ ਦੀ ਮਿਹਨਤ ਸਦਕਾ ਇਹ ਸੀਟ ਭਾਰੀ ਬਹੁਮਤ ਨਾਲ ਜਿੱਤੇਗਾ।

# ਪੰਜਾਬ ਕੋ-ਐਜੂਕੇਸ਼ਨ ਸਕੂਲ ਵਿਖੇ ਦੋ ਰੋਜ਼ਾ ਐਥਲੈਟਿਕ ਮੀਟ ਦਾ ਸ਼ਾਨਦਾਰ ਆਗਾਜ਼

**ਬਾਘਾ ਪੁਰਾਣਾ (ਮਨੀ ਸਿੰਗਲਾ)**




ਮੋਗਾ ਜ਼ਿਲ੍ਹੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਜੋ ਸੰਸਥਾਪਕ ਪ੍ਰਿੰਸੀਪਲ ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ, ਜੋ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਵਚਨਬੱਧ ਹਨ, ਵਿਖੇ ਅੱਜ ਦੋ ਰੋਜ਼ਾ ਐਥਲੈਟਿਕ ਮੀਟ ਦਾ ਸ਼ਾਨਦਾਰ ਤਰੀਕੇ ਨਾਲ ਆਗਾਜ਼ ਹੋਇਆ, ਜਿਸ ਵਿੱਚ ਪੂਰੇ ਸਕੂਲ ਦੇ ਵਿਦਿਆਰਥੀਆਂ ਦੀ ਚਾਰ ਹਾਊਸਜ਼ ਵਿੱਚ ਤਕਸੀਮ ਕੀਤੀ ਗਈ।ਇਸ ਦੀ ਸ਼ੁਰੂਆਤ ਚਾਰ ਹਾਊਸ ਬਲੂ, ਰੈੱਡ, ਗਰੀਨ ਤੇ ਯੈਲੋ ਦੇ ਖਿਡਾਰੀਆਂ ਵੱਲੋਂ ਮਾਰਚ ਪਾਸ ਨਾਲ ਹੋਈ।ਚਾਰੇ ਹਾਊਸ ਦੇ ਲੀਡਰ ਖਿਡਾਰੀਆਂ ਵੱਲੋਂ ਮਿਸਾਲ ਫੜ ਕੇ ਪੂਰੇ ਟਰੈਕ ਦਾ ਚੱਕਰ ਲਗਾਇਆ ਗਿਆ।

ਜੋਤੀ ਪ੍ਰਚੰਡ ਦੀ ਰਸਮ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ, ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਮੈਡਮ ਖੁਸ਼ਪ੍ਰੀਤ ਕੌਰ, ਕੋਆਰਡੀਨੇਟਰ ਮੁਕੇਸ਼ ਅਰੋੜਾ, ਮਿਡਲ ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ, ਹਾਊਸ ਇੰਚਾਰਜ ਮੈਡਮ ਸੰਦੀਪ ਬਰਾੜ, ਰੁਪਾਲੀ ਬਠਲਾ, ਬਲਜਿੰਦਰ ਕੌਰ, ਸਵਰਜੀਤ ਕੌਰ ਵੱਲੋਂ ਨਿਭਾਈ ਗਈ।ਖਿਡਾਰੀਆਂ ਦੇ ਬੁਲੰਦ ਹੌਸਲੇ ਦਾ ਪ੍ਰਤੀਕ ਰੰਗ ਬਿਰੰਗੇ ਗੁਬਾਰੇ ਵੀ ਅਸਮਾਨ ਵਿੱਚ ਉਡਾਏ ਗਏ।

ਐਥਲੈਟਿਕ ਮੀਟ ਦੇ ਪਹਿਲੇ ਦਿਨ ਤੋਂ ਹੀ ਛੇਵੀਂ ਤੇ ਬਾਰਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 100 ਮੀਟਰ, 200 ਮੀਟਰ, 400 ਮੀਟਰ, ਸੈਕਰੇਸ, ਮਟਕਾ ਰੇਸ, ਟਰਿਪਲ ਲੈਗਰੇਸ, ਲੈਮਨ ਸਪੂਨ ਰੇਸ, ਲੰਬੀ ਛਾਲ, ਸ਼ਾਟਪੁੱਟ, ਰੱਸਾ ਕੱਸੀ ਤੇ ਰੀਲੇ ਰੇਸ ਦੇ ਮੁਕਾਬਲੇ ਕਰਵਾਏ ਗਏ।ਇਸ ਮੌਕੇ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲੀ, ਦੂਜੀ ਤੇ ਤੀਸਰੀ ਪੋਜ਼ੀਸ਼ਨ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਸਮੇਂ ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਆਪਣੇ ਵਿਚਾਰ ਸਾਂਝੇ ਕੀਤੇ ਤੇ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਸਟੇਜ ਸੰਚਾਲਨ ਤੇ ਕਮੈਂਟਰੀ ਦੀ ਭੂਮਿਕਾ ਮੈਡਮ ਹਰਦੀਪ ਕੌਰ ਤੇ ਲੈਕਚਰਾਰ ਹਰਜਿੰਦਰ ਪਾਲ ਵੱਲੋਂ ਬਾਖੂਬੀ ਨਿਭਾਈ ਗਈ।ਡੀ. ਪੀ. ਬਲਰਾਜ ਸਿੰਘ, ਕੋਚ ਨਵਨੀਤ ਸਿੰਘ ਤੇ ਕੋਚ ਵਿੱਕੀ ਸਿੰਘ ਵੱਲੋਂ ਖਿਡਾਰੀਆਂ ਨੂੰ ਅਨੁਸਾਸ਼ਨ ਵਿੱਚ ਰਹਿ ਕੇ ਖੇਡਣ ਲਈ ਮਹੱਤਵਪੂਰਨ ਰੋਲ ਨਿਭਾਇਆ।

## ਪਲੇਸਮੈਂਟ ਕੈਂਪ ਦੌਰਾਨ 15 ਪ੍ਰਾਰਥੀਆਂ ਦੀ ਚੋਣ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਹੁਨਰਮੰਦ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਾਉਣ ਲਈ ਪਲੇਸਮੈਂਟ ਕੈਂਪ ਲਾਇਆ ਗਿਆ।ਜ਼ਿਲ੍ਹਾ ਰੋਜ਼ਗਾਰ ਅਫ਼ਸਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਕੋਟਕ ਮਹਿੰਦਰਾ ਤੇ ਇਕੁਇਟਾਸ ਸਮਾਲ ਫਾਈਨੈਂਸ ਬੈਂਕ ਦੇ ਪ੍ਰਤੀਨਿਧਾਂ ਨੇ ਭਾਗ ਲਿਆ ਤੇ ਕੰਪਨੀਆਂ ਵੱਲੋਂ ਪ੍ਰਾਰਥੀਆਂ ਨੂੰ ਮੌਕੇ 'ਤੇ ਹੀ ਆਫਰ ਲੈਟਰ ਦਿੱਤੇ ਗਏ।ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ 47 ਪ੍ਰਾਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 15 ਪ੍ਰਾਰਥੀ ਚੁਣੇ ਗਏ।

## ਬੀ ਐੱਡ ਦੇ ਵਿਦਿਆਰਥੀਆਂ ਲਈ ਫਰੈਸ਼ਰ ਪਾਰਟੀ




**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ (ਸੰਗਰੂਰ) ਵੱਲੋਂ ਕਾਲਜ ਦੇ ਚੇਅਰਮੈਨ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਰਹਿਨੁਮਾਈ ਹੇਠ ਬੀ ਐੱਡ ਦੇ ਵਿਦਿਆਰਥੀਆਂ ਲਈ ਫ਼ਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦੇ ਸਟੇਜ ਸਕੱਤਰ ਦੀ ਭੂਮਿਕਾ ਪ੍ਰੋਫੈਸਰ ਹਰਦੀਪ ਕੌਰ ਵੱਲੋਂ ਬਾਖ਼ੂਬੀ ਨਿਭਾਈ ਗਈ।ਇਸ ਮੌਕੇ ਵੱਖ ਵੱਖ ਵਿਦਿਆਰਥੀਆਂ ਵੱਲੋਂ ਵੱਖ-ਵੱਖ ਲੋਕ ਨਾਚ ਤੇ ਕਲਾਵਾਂ ਦੀ ਪੇਸ਼ਕਾਰੀ ਕੀਤੀ ਗਈ।ਬੀ ਐੱਡ ਦੇ ਵਿਦਿਆਰਥੀਆਂ ਵੱਲੋਂ ਰਵਾਇਤੀ ਪਹਿਰਾਵੇ ਦੀ ਪੇਸ਼ਕਾਰੀ ਵੀ ਕੀਤੀ ਗਈ, ਜਿਸ ਵਿੱਚੋਂ ਤਜਿੰਦਰ ਕੌਰ ਨੂੰ ਮਿਸ ਫਰੈਸ਼ਰ ਤੇ ਅਮਰਿੰਦਰ ਸਿੰਘ ਨੂੰ ਮਿਸਟਰ ਫਰੈਸ਼ਰ ਚੁਣਿਆ ਗਿਆ ਅਤੇ ਵਿਦਿਆਰਥੀਆਂ ਨੂੰ ਕਾਲਜ ਵੱਲੋਂ ਰਿਫੈਰਸ਼ਮੈਂਟ ਦਿੱਤੀ ਗਈ।ਕਾਲਜ ਦੇ ਚੇਅਰਮੈਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਾਲਜ ਵਿੱਚ ਇਹੋ ਜਿਹੇ ਪ੍ਰੋਗਰਾਮ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਸੱਭਿਆਚਾਰ ਦੀਆਂ ਮੂਲ ਜੜ੍ਹਾਂ ਨਾਲ ਜੋੜਨਾ ਹੈ।ਇਸ ਮੌਕੇ ਐਜੂਕੇਸ਼ਨ ਵਿਭਾਗ ਦੇ ਸਮੂਹ ਪ੍ਰੋਫੈਸਰ ਸਾਹਿਬਾਨ ਤੇ ਵਿਦਿਆਰਥੀ ਹਾਜ਼ਰ ਸਨ।

## ਸਰਦਾਰ ਪਟੇਲ ਦੀ ਯਾਦ ਨੂੰ ਸਮਰਪਤ ਮੈਰਾਥਨ ਦੌੜ



**ਦੋਰਾਹਾ (ਹਰਮਿੰਦਰ ਸੇਠ)**-ਸਰਦਾਰ ਵੱਲਭ ਭਾਈ ਪਟੇਲ ਜੀ ਦੀ ਯਾਦ ਨੂੰ ਸਮਰਪਤ ਇੱਕ 5 ਕਿਲੋਮੀਟਰ ਲੰਬੀ ਮੈਰਾਥਨ ਦੌੜ ਪਾਇਲ ਤੋਂ ਘੁਡਾਣੀ ਪ੍ਰੋ. ਭੁਪਿੰਦਰ ਸਿੰਘ ਚੀਮਾ ਜ਼ਿਲ੍ਹਾ ਪ੍ਰਧਾਨ ਬੀਜੇਪੀ ਖੰਨਾ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਬੀਜੇਪੀ ਦੀ ਸਾਰੀ ਜ਼ਿਲ੍ਹਾ ਟੀਮ ਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਪਾਇਲ ਦੇ ਬੱਚਿਆਂ ਤੇ ਸਟਾਫ ਨੇ ਹਿੱਸਾ ਲਿਆ, ਜਿਸ ਵਿੱਚ ਮੁੱਖ ਮਹਿਮਾਨ ਸ਼੍ਰੀਮਤੀ ਰੇਨੂੰ ਥਾਪਰ ਸੈਕਰੇਟਰੀ ਬੀਜੇਪੀ ਪੰਜਾਬ ਸਾਬਕਾ ਪ੍ਰਧਾਨ ਮਹਿਲਾ ਮੋਰਚਾ ਪੰਜਾਬ ਸ਼ਾਮਲ ਹੋਏ ਤੇ ਹਰੇ ਰੰਗ ਦੀ ਝੰਡੀ ਦੇ ਕੇ ਰੇਸ ਦੀ ਸ਼ੁਰੂਆਤ ਕੀਤੀ। ਇਸ ਮੌਕੇ ਜਤਿੰਦਰ ਸ਼ਰਮਾ (ਜਰਨਲ ਸੈਕਟਰੀ), ਹਰਸਿਮਰਤ ਸਿੰਘ (ਜਰਨਲ ਸੈਕਟਰੀ), ਬਲਰਾਮ ਸ਼ਰਮਾ (ਜਰਨਲ ਸੈਕਟਰੀ), ਮਨੀਰੋਲ (ਕਿਸਾਨ ਮੋਰਚਾ ਪ੍ਰਧਾਨ), ਅਸ਼ੀਸ਼ ਸੂਦ, ਸੁਖਵਿੰਦਰ ਲਾਲ (ਮੰਡਲ ਪ੍ਰਧਾਨ), ਜਗਤਾਰ ਸਿੰਘ (ਮੰਡਲ ਪ੍ਰਧਾਨ), ਭਜਨ ਸਿੰਘ (ਮੰਡਲ ਪ੍ਰਧਾਨ), ਰਾਮਪਾਲ (ਮੰਡਲ ਪ੍ਰਧਾਨ), ਗੁਰਵਿੰਦਰ ਸਿੰਘ (ਮੰਡਲ ਪ੍ਰਧਾਨ), ਸੰਦੀਪ ਭਾਰਤੀ (ਮੰਡਲ ਪ੍ਰਧਾਨ), ਕੁਲਦੀਪ ਸਿੰਘ (ਮੰਡਲ ਪ੍ਰਧਾਨ), ਸੁਧੀਰ ਸੋਨੂੰ ਖੰਨਾ, ਨਿਸ਼ੂ ਸ਼ਰਮਾ, ਆਸ਼ੀਸ਼ ਸ਼ਰਮਾ, ਸਪਿੰਦਰ ਸਿੰਘ, ਦੀਪਕ ਸ਼ਰਮਾ, ਨਰੇਸ਼ ਆਨੰਦ, ਬਲਜੀਤ ਸਰਪੰਚ, ਬਲਵੀਰ ਸਰਪੰਚ, ਰਜਤ ਖੁੱਲਰ, ਤਰਸੇਮ ਲਾਲ, ਵਿਕਾਸ ਮਿੱਤਲ, ਨਿਸ਼ੂ ਸ਼ਰਮਾ, ਅਸ਼ੀਸ਼ ਸ਼ਰਮਾ, ਰਵੀ, ਗੁਰਮੁੱਖ ਸਿੰਘ, ਨਿਰਮਲ ਸਿੰਘ, ਮਨੀਸ਼ ਤਿਵਾੜੀ ਸ਼ਾਮਲ ਹੋਏ।

## ਸਟੀਫਨ ਇੰਟਰਨੈਸ਼ਨਲ ਸਕੂਲ ਦਾ ਐਥਲੈਟਿਕਸ ਮੀਟ 'ਚ ਸ਼ਾਨਦਾਰ ਪ੍ਰਦਰਸ਼ਨ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਐਥਲੈਟਿਕਸ ਕੋਚ ਜਸਪ੍ਰੀਤ ਦੀ ਮਾਹਰ ਅਗਵਾਈ ਹੇਠ 69ਵੀਂ ਪੰਜਾਬ ਸਟੇਟ ਸਕੂਲ ਐਥਲੈਟਿਕਸ ਮੀਟ ਵਿੱਚ ਪ੍ਰਭਾਵਸ਼ਾਲੀ 17 ਤਮਗੇ ਜਿੱਤ ਕੇ ਉੱਭਰਿਆ ਹੈ।ਸਕੂਲ ਦੇ ਐਥਲੀਟਾਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੇ ਪ੍ਰਤੀਯੋਗੀਆਂ ਨੂੰ ਪਛਾੜਦੇ ਹੋਏ ਬੇਮਿਸਾਲ ਕੌਸ਼ਲ, ਦ੍ਰਿੜ੍ਹ ਸੰਕਲਪ ਤੇ ਟੀਮ ਵਰਕ ਦਾ ਪ੍ਰਦਰਸ਼ਨ ਕੀਤਾ।ਇਹ ਉਪਲਬਧੀ ਖੇਡ ਉਤਕ੍ਰਿਸ਼ਟਤਾ ਨੂੰ ਹੁਲਾਰਾ ਦੇਣ ਤੇ ਸਰੀਰਕ ਸਿੱਖਿਆ ਨੂੰ ਹੁਲਾਰਾ ਦੇਣ ਦੇ ਲਈ ਸਕੂਲ ਦੀ ਪ੍ਰਤੀਬੱਧਤਾ ਦਾ ਪ੍ਰਮਾਣ ਹੈ।ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਕਿਹਾ ਕਿ ਸਕੂਲ ਪ੍ਰਸ਼ਾਸਨ ਤੇ ਸਟਾਫ ਨੇ ਤਮਗਾ ਜੇਤੂਆਂ, ਭਾਗੀਦਾਰਾਂ ਤੇ ਕੋਚ ਜਸਪ੍ਰੀਤ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਪੰਜਾਬ ਵਿੱਚ ਖੇਡਾਂ ਤੇ ਐਥਲੈਟਿਕਸ ਨੂੰ ਉਤਸ਼ਾਹਤ ਕਰਨ ਵਿੱਚ ਇੱਕ ਮੋਹਰੀ ਸੰਸਥਾ ਵਜੋਂ ਸਕੂਲ ਦੀ ਸਥਿਤੀ ਦੀ ਪੁਸ਼ਟੀ ਕੀਤੀ।

## 'ਗੁਰੂ ਗ੍ਰੰਥ ਸਾਹਿਬ : ਬਹੁ-ਅਨੁਸ਼ਾਸਨੀ ਦ੍ਰਿਸ਼ਟੀਕੋਣ' ਵਿਸ਼ੇ 'ਤੇ ਅੰਤਰਰਾਸ਼ਟਰੀ ਕਾਨਫਰੰਸ




ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸਿੱਖ ਐਜੂਕੇਸ਼ਨ ਕੌਂਸਲ, ਯੂ.ਕੇ. ਦੇ ਸਹਿਯੋਗ ਨਾਲ ਆਯੋਜਤ ਤਿੰਨ-ਰੋਜ਼ਾ ਤੀਜੀ ਅੰਤਰਰਾਸ਼ਟਰੀ ਕਾਨਫਰੰਸ ਸ੍ਰੀ ਗੁਰੂ ਗ੍ਰੰਥ ਸਾਹਿਬ : ਬਹੁ-ਅਨੁਸ਼ਾਸ਼ਨੀ ਪਰਿਪੇਖ ਦੇ ਦੂਜੇ ਦਿਨ ਦੌਰਾਨ ਭਾਸ਼ਾ ਤੇ ਸਮਾਜ ਵਿਗਿਆਨ ਸਮੇਤ ਕਈ ਵਿਭਾਗਾਂ ਵਿੱਚ ਵਿਦਵਾਨਾਂ ਵੱਲੋਂ ਮਹੱਤਵਪੂਰਨ ਅਕਾਦਮਿਕ ਵਿਚਾਰ-ਵਟਾਂਦਰੇ ਕੀਤੇ ਗਏ।

ਦਿਨ ਦੇ ਸੈਸ਼ਨਾਂ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਅਤੇ ਕਾਲਜਾਂ ਤੋਂ ਆਏ ਪ੍ਰਸਿੱਧ ਵਿਦਵਾਨਾਂ, ਫੈਕਲਟੀ ਮੈਂਬਰਾਂ ਅਤੇ ਖੋਜਾਰਥੀਆਂ ਨੇ ਹਿੱਸਾ ਲਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਧਿਆਤਮਿਕ, ਸਾਹਿਤਕ, ਭਾਸ਼ਾਈ ਅਤੇ ਸਮਾਜਸ਼ਾਸਤਰੀ ਪਹਿਲੂਆਂ ਨਾਲ ਜੁੜੇ ਖੋਜ-ਪਰਚੇ ਪੇਸ਼ ਕੀਤੇ।

ਦਿਨ ਦੇ ਵਿਸ਼ੇਸ਼ ਮਹਿਮਾਨਾਂ ਅਤੇ ਚੇਅਰ ਵਿੱਚ ਯੂਨੀਵਰਸਿਟੀ ਟਰੱਸਟ ਮੈਂਬਰ ਐਡਵੋਕੇਟ ਅਮਰਦੀਪ ਸਿੰਘ ਧਾਰਨੀ; ਪ੍ਰੋ. ਸਤਨਾਮ ਸਿੰਘ ਸੰਧੂ, ਸਾਬਕਾ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ; ਪ੍ਰੋ. ਸਵਰਾਜ ਰਾਜ, ਪ੍ਰੋਫੈਸਰ, ਅੰਗਰੇਜ਼ੀ ਵਿਭਾਗ ਪ੍ਰੋ. ਦਲਜੀਤ ਸਿੰਘ, ਪੰਜਾਬੀ ਯੂਨੀਵਰਸਿਟੀ, ਪਟਿਆਲਾ; ਡਾ. ਜਸਵੰਤ ਸਿੰਘ, ਡਾਇਰੈਕਟਰ, ਸਿੱਖ ਰਿਸਰਚ ਇੰਸਟੀਚਿਊਟ; ਤੇ ਹਰਵਿੰਦਰ ਸਿੰਘ, ਸਿੱਖ ਐਜੂਕੇਸ਼ਨ ਕੌਂਸਲ, ਯੂ.ਕੇ. ਸ਼ਾਮਲ ਸਨ।ਉਨ੍ਹਾਂ ਗੁਰੂ ਸਾਹਿਬ ਦੀ ਬਾਣੀ ਦੇ ਵਿਸ਼ਵਵਿਆਪੀ ਸੁਨੇਹੇ ਤੇ ਉਸ ਦੀ ਆਧੁਨਿਕ ਸਮਾਜਕ, ਨੈਤਿਕ ਤੇ ਸਿੱਖਿਆ ਸੰਬੰਧੀ ਪ੍ਰਸੰਗਿਕਤਾ 'ਤੇ ਰੌਸ਼ਨੀ ਪਾਈ।ਮਹਿਮਾਨਾਂ ਦਾ ਸਨਮਾਨ ਡਾ. ਸਿਕੰਦਰ ਸਿੰਘ, ਮੁਖੀ, ਪੰਜਾਬੀ ਵਿਭਾਗ ਤੇ ਡੀਨ ਵਿਦਿਆਰਥੀ ਭਲਾਈ ਡਾ. ਹਰਨੀਤ ਬਿਲਿੰਗ, ਮੁਖੀ, ਸਿੱਖਿਆ ਵਿਭਾਗ ਡਾ. ਅੰਕਦੀਪ ਕੌਰ ਅਟਵਾਲ, ਮੁਖੀ ਅੰਗਰੇਜ਼ੀ ਵਿਭਾਗ ਅਤੇ ਡਾਇਰੈਕਟਰ ਆਈ.ਕਿਊ.ਏ.ਸੀ, ਡਾ. ਨਵ ਸ਼ਗਨਦੀਪ ਕੌਰ, ਮੁਖੀ ਸਮਾਜ ਵਿਗਿਆਨ ਵਿਭਾਗ ਤੇ ਡਾ. ਹਰਪ੍ਰੀਤ ਕੌਰ ਪੰਜਾਬੀ ਵਿਭਾਗ ਵੱਲੋਂ ਕੀਤਾ ਗਿਆ।ਸੈਸ਼ਨਾਂ ਦੌਰਾਨ ਵਿਦਵਾਨਾਂ ਨੇ ਗੁਰੂ ਸਾਹਿਬ ਦੀ ਬਾਣੀ ਦੇ ਗਹਿਰੇ ਅਰਥਾਂ ਤੇ ਉਸ ਦੇ ਬਹੁ-ਅਨੁਸ਼ਾਸ਼ਨੀ ਪਹਿਲੂਆਂ 'ਤੇ ਵਿਚਾਰ ਪ੍ਰਗਟ ਕੀਤੇ।ਚਰਚਾਵਾਂ ਨੇ ਧਾਰਮਿਕ ਅਧਿਐਨ ਨੂੰ ਆਧੁਨਿਕ ਵਿਗਿਆਨਿਕ ਤੇ ਅਕਾਦਮਿਕ ਵਿਚਾਰਧਾਰਾ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ।ਭਾਗੀਦਾਰਾਂ ਨੇ ਯੂਨੀਵਰਸਿਟੀ ਵੱਲੋਂ ਧਾਰਮਿਕ ਸਾਂਝ, ਸੱਭਿਆਚਾਰਕ ਸਮਝ ਤੇ ਖੋਜ 'ਚ ਉੱਤਮਤਾ ਨੂੰ ਉਤਸ਼ਾਹਤ ਕਰਨ ਦੇ ਯਤਨਾਂ ਦੀ ਸਰਾਹਨਾ ਕੀਤੀ।ਕਾਨਫਰੰਸ ਦੇ ਸਹਿ-ਕਨਵੀਨਰ ਡਾ. ਹਰਦੇਵ ਸਿੰਘ, ਡੀਨ ਧਰਮ ਅਧਿਐਨ ਫੈਕਲਟੀ ਨੇ ਦੱਸਿਆ ਕਿ ਕਾਨਫਰੰਸ ਦਾ ਸਮਾਪਨ ਧਾਰਮਿਕ ਅਧਿਐਨ, ਵਿਗਿਆਨ ਤੇ ਇੰਜਨੀਅਰਿੰਗ ਨਾਲ ਸੰਬੰਧਿਤ ਦੋ ਤਕਨੀਕੀ ਸੈਸ਼ਨਾਂ ਤੇ ਸਮਾਪਨ ਸਮਾਰੋਹ ਨਾਲ ਹੋਵੇਗਾ, ਜਿਸ ਨਾਲ ਵਿਸ਼ਵ ਪੱਧਰੀ ਵਿਦਵਾਨਾਂ ਤੇ ਵਿਚਾਰਾਂ ਦਾ ਇਹ ਸੁਫਲ ਮਿਲਾਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਧਿਐਨ ਤੇ ਸਮਝ ਨੂੰ ਸਮਰਪਿਤ ਹੋਵੇਗਾ।

## ਕੇਸਰੀ ਦਿਵਿਆਂਗ ਕ੍ਰਿਕਟ ਟੀ-20 'ਚ ਪੰਜਾਬ ਦੀ ਟੀਮ ਜੇਤੂ

### ਗੁਲਾਮ ਦੀਨ ਟੂਰਨਾਮੈਂਟ ਦਾ ਮੈਨ ਆਫ ਸੀਰੀਜ਼ ਤੇ ਮਨਪ੍ਰੀਤ ਰਿਹਾ ਬੈਸਟ ਬਾਲਰ




**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**-ਹਰਿਆਣਾ ਦੇ ਸੋਨੀਪਤ ਸ਼ਹਿਰ 'ਚ ਕਰਵਾਏ ਗਏ ਚਾਰ ਟੀਮਾਂ ਦੇ ਕੇਸਰੀ ਦਵਿਆਂਗ ਕ੍ਰਿਕਟ ਟੀ-20 ਟੂਰਨਾਮੈਂਟ ਲਈ ਤਹਿਸੀਲ ਸਰਦੂਲਗੜ੍ਹ ਦੇ ਪਿੰਡ ਆਦਮ ਕੇ ਦੇ ਕਪਤਾਨ ਜਸਮੇਲ ਸਿੰਘ ਤੇ ਉੱਪ ਕਪਤਾਨ ਮੰਗਲ ਸਿੰਘ ਟਹਿਣਾ ਦੀ ਅਗਵਾਈ 'ਚ ਪੰਜਾਬ ਦੀ ਦਵਿਆਂਗ ਕ੍ਰਿਕਟ ਟੀਮ ਨੇ ਟੂਰਨਾਮੈਂਟ ਵਿੱਚ ਭਾਗ ਲਿਆ।ਇਸ ਟੂਰਨਾਮੈਂਟ 'ਚ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਦਿੱਲੀ ਦੀਆਂ ਦਵਿਆਂਗ ਟੀਮਾਂ ਨੇ ਭਾਗ ਲਿਆ।ਪੰਜਾਬ ਟੀਮ ਨੇ ਆਪਣਾ ਲੀਗ ਦੇ ਪਹਿਲਾ ਮੁਕਾਬਲਾ ਚੰਡੀਗੜ੍ਹ ਦੀ ਟੀਮ ਨਾਲ ਖੇਡਿਆ, ਜਿਸ 'ਚ ਮਲੂਕੇ ਦੇ ਲਾਡੀ 97 (56) ਤੇ ਕਾਉਣੀ ਦੇ ਬਲਰਾਜ 65 (30), ਮਿਡਲ ਆਰਡਰ 'ਚ ਮੋਨੂੰ ਮਲੂਕਾ ਨੇ 36 (24) ਤਾਬੜਤੋੜ ਬੈਟਿੰਗ ਕਰਦੇ ਹੋਏ ਵਿਸ਼ਾਲ ਸਕੋਰ 226 ਦਾ ਟਾਰਗੇਟ ਚੰਡੀਗੜ੍ਹ ਦੀ ਟੀਮ ਨੂੰ ਦਿੱਤਾ।ਬਾਅਦ 'ਚ ਟਾਰਗੇਟ ਦਾ ਪਿੱਛਾ ਕਰਦੀ ਚੰਡੀਗੜ੍ਹ ਦੀ ਟੀਮ ਨੂੰ ਪੰਜਾਬ ਦੇ ਗਗਨ, ਮਨਪ੍ਰੀਤ ਤੇ ਕਪਤਾਨ ਜਸਮੇਲ ਦੀ ਬਾਲਿੰਗ ਨੇ 155 ਸਕੋਰ 'ਤੇ ਹੀ ਰੋਕ ਲਿਆ ਤੇ ਪੰਜਾਬ ਦੀ ਟੀਮ ਨੇ 70 ਸਕੋਰ 'ਤੇ ਜਿੱਤ ਹਾਸਲ ਕੀਤੀ।ਫਾਈਨਲ ਮੁਕਾਬਲੇ 'ਚ ਪੰਜਾਬ ਦਾ ਮੁਕਾਬਲਾ ਹਰਿਆਣਾ ਦੀ ਟੀਮ ਨਾਲ ਰਿਹਾ, ਜੋ ਪਿਛਲੇ ਮਹੀਨੇ ਦੀ ਵਿਜੇਤਾ ਟੀਮ ਵੀ ਰਹੀ ਸੀ, ਫਾਈਨਲ ਮੁਕਾਬਲੇ 'ਚ ਪੰਜਾਬ ਟੀਮ ਨੇ ਲਾਡੀ ਮਲੂਕਾ ਤੇ ਚਰਤੋਲੀ ਦੇ ਗੁਲਾਮ ਦੀਨ ਦੀ ਤਾਬੜਤੋੜ ਬੱਲੇਬਾਜ਼ੀ ਸਦਕਾ 224 ਦਾ ਇੱਕ ਵੱਡਾ ਟਾਰਗੇਟ ਦਿੱਤਾ।ਸਕੋਰ ਦਾ ਪਿੱਛਾ ਕਰਦੀ ਹਰਿਆਣਾ ਦੀ ਟੀਮ ਦੀ ਸਿਰਫ 179 ਬਣਾ ਹੀ ਬਣਾ ਸਕੀ, ਜਿਸ ਨਾਲ ਪੰਜਾਬ ਟੀਮ 44 ਸਕੋਰ 'ਤੇ ਫਾਈਨਲ ਮੁਕਬਲੇ ਦੀ ਵਿਜੇਤਾ ਟੀਮ ਰਹੀ।ਗੁਲਾਮ ਦੀਨ ਇਸ ਟੂਰਨਾਮੈਂਟ ਦਾ ਮੈਨ ਆਫ ਸੀਰੀਜ਼ ਰਿਹਾ ਤੇ ਮਨਪ੍ਰੀਤ ਸਿੰਘ ਬੈਸਟ ਬਾਲਰ ਰਿਹਾ।

ਪਿੰਡ ਆਦਮ ਕੇ ਪਹੁੰਚਣ 'ਤੇ ਇਨ੍ਹਾਂ ਖਿਡਾਰੀਆਂ ਦਾ ਲੋਕਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਬਾਬਾ ਬੱਗਾ ਸਿੰਘ, ਮੁੱਖ ਗ੍ਰੰਥੀ ਗੁਰਦੁਆਰਾ ਦੁੱਖ ਨਿਵਾਰਨ ਆਦਮ ਕੇ, ਅਮਰੀਕ ਸਿੰਘ ਡਾ. ਜੰਗ ਸਿੰਘ, ਹਰਭਜਨ ਸਿੰਘ, ਜੋਗਿੰਦਰ ਸਿੰਘ ਸਰਾਂ, ਸੱਤਪਾਲ ਸਿੰਘ ਪੰਚ, ਗਿਆਨੀ ਦਰਸ਼ਨ ਸਿੰਘ, ਰਵਿੰਦਰ ਰਵੀ, ਕੁਲਦੀਪ ਫੌਜੀ, ਮਾਸਟਰ ਜਗਸੀਰ ਸਿੰਘ ਆਦਮ ਕੇ, ਬਲਵੀਰ ਸਿੰਘ ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## ਕੰਪਿਊਟਰ ਦੇ ਵਿਦਿਆਰਥੀਆਂ ਏ ਆਈ 'ਤੇ ਕੀਤੀ ਗਰੁੱਪ ਚਰਚਾ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖ਼ਾਲਸਾ ਕਾਲਜ ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ) ਵਿਖੇ ਬੀਤੇ ਦਿਨ ਕਰਵਾਈ ਗਈ ਗਰੁੱਪ ਚਰਚਾ ਦੌਰਾਨ ਕੰਪਿਊਟਰ ਵਿਭਾਗ ਦੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਹ ਚਰਚਾ 'ਆਰਟੀਫੀਸ਼ੀਅਲ ਇੰਟੈਲੀਜੈਂਸ : ਵਰਦਾਨ ਜਾਂ ਸਰਾਪ' ਵਿਸ਼ੇ 'ਤੇ ਕੇਂਦਰਿਤ ਸੀ।ਇਸ ਚਰਚਾ ਦਾ ਉਦੇਸ਼ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ ਨੂੰ ਉਤਸ਼ਾਹਤ ਕਰਨਾ ਤੇ 21ਵੀਂ ਸਦੀ ਦੀ ਸਭ ਤੋਂ ਕ੍ਰਾਂਤੀਕਾਰੀ ਤਕਨਾਲੋਜੀਆਂ ਵਿੱਚੋਂ ਇੱਕ ਬਾਰੇ ਆਪਣੇ ਵਿਚਾਰ ਪ੍ਰਗਟ ਕਰਨ ਲਈ ਇੱਕ ਮੰਚ ਪ੍ਰਦਾਨ ਕਰਨਾ ਸੀ।ਏ. ਆਈ. ਦਾ ਸਮਰਥਨ ਕਰਨ ਵਾਲੇ ਵਿਦਿਆਰਥੀਆਂ ਨੇ ਇਸ ਦੀ ਸਮਰੱਥਾ 'ਤੇ ਜ਼ੋਰ ਦਿੱਤਾ ਕਿ ਇਹ ਉਦਯੋਗਾਂ ਵਿੱਚ ਕ੍ਰਾਂਤੀ ਲਿਆ ਸਕਦਾ ਹੈ ਤੇ ਜੀਵਨ ਪੱਧਰ ਵਿੱਚ ਸੁਧਾਰ ਕਰ ਸਕਦਾ ਹੈ।ਪੱਖ ਵਿੱਚ ਮੁੱਖ ਦਲੀਲਾਂ ਸ਼ਾਮਲ ਸਨ : ਜਿਵੇਂ ਕਿ ਵਧੀ ਹੋਈ ਕੁਸ਼ਲਤਾ ਤੇ ਸ਼ੁੱਧਤਾ, ਸਿਹਤ ਸੰਭਾਲ ਵਿੱਚ ਤਰੱਕੀ, ਵਿਅਕਤੀਗਤ ਸਿੱਖਿਆ, ਨਵੀਨਤਾ ਤੇ ਖੋਜ ਆਦਿ ਬਾਰੇ ਆਪਣੇ ਵਿਚਾਰ ਰੱਖੇ।ਦੂਜੇ ਪਾਸੇ, ਭਾਗੀਦਾਰਾਂ ਨੇ ਬੇਰੋਕ ਏ. ਆਈ. ਵਿਕਾਸ ਨਾਲ ਜੁੜੇ ਨੈਤਿਕ ਤੇ ਸਮਾਜਿਕ ਖਤਰਿਆਂ ਬਾਰੇ ਢੁੱਕਵੀਆਂ ਚਿੰਤਾਵਾਂ ਜ਼ਾਹਰ ਕੀਤੀਆਂ, ਜਿਵੇਂ ਨੌਕਰੀਆਂ ਦਾ ਵਿਸਥਾਪਨ ਤੇ ਆਰਥਿਕ ਅਸਮਾਨਤਾ, ਨੈਤਿਕ ਪੱਖਪਾਤ, ਗੋਪਨੀਯਤਾ ਤੇ ਸੁਰੱਖਿਆ, ਮਨੁੱਖੀ ਹੁਨਰਾਂ ਦਾ ਨੁਕਸਾਨ ਆਦਿ ਏ. ਆਈ. 'ਤੇ ਬਹੁਤ ਜ਼ਿਆਦਾ ਨਿਰਭਰਤਾ ਵਿਦਿਆਰਥੀਆਂ ਤੇ ਪੇਸ਼ੇਵਰਾਂ ਵਿੱਚ ਆਲੋਚਨਾਤਮਕ ਸੋਚ, ਸਮੱਸਿਆ-ਹੱਲ ਕਰਨ ਤੇ ਰਚਨਾਤਮਕਤਾ ਨੂੰ ਘਟਾ ਸਕਦੀ ਹੈ।

ਗਰੁੱਪ ਚਰਚਾ ਕਿਸੇ ਨਿਸ਼ਚਿਤ ਫੈਸਲੇ ਨਾਲ ਖਤਮ ਨਹੀਂ ਹੋਈ, ਪਰ ਏ. ਆਈ. ਦੇ ਜ਼ਿੰਮੇਵਾਰ ਵਿਕਾਸ ਤੇ ਸਖ਼ਤ ਨਿਯਮਾਂ ਦੀ ਲੋੜ 'ਤੇ ਇੱਕ ਸਹਿਮਤੀ ਬਣੀ।ਕੰਪਿਊਟਰ ਵਿਭਾਗ ਦੇ ਸਮੂਹ ਸਟਾਫ਼ ਦੀ ਨਿਗਰਾਨੀ ਹੇਠ ਹੋਈ ਇਸ ਚਰਚਾ ਵਿੱਚ ਏ. ਆਈ. ਦੇ ਫਾਇਦਿਆਂ ਤੇ ਨੁਕਸਾਨ ਬਾਰੇ ਸੰਤੁਲਿਤ ਅਤੇ ਡੂੰਘੀ ਗੱਲਬਾਤ ਹੋਈ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ ਦੀਆਂ ਨਵੀਆਂ ਤਕਨੀਕਾਂ ਦੀ ਆਪਣੇ ਭਵਿੱਖ ਨੂੰ ਸੁਰੱਖਿਅਤ ਤੇ ਬਿਹਤਰ ਬਣਾਉਣ ਲਈ ਸਹੀ ਤੇ ਸੁਚੱਜੇ ਢੰਗ ਨਾਲ ਵਰਤੋਂ ਕਰਨ ਬਾਰੇ ਕਿਹਾ।

## ਨੇਤਰਹੀਣ ਕ੍ਰਿਕਟ ਟੂਰਨਾਮੈਂਟ ਦੇ ਦੂਜੇ ਦਿਨ ਆਸਾਮ ਤੇ ਛੱਤੀਸਗੜ੍ਹ ਜੇਤੂ ਰਹੇ

### ਆਸਾਮ ਦਾ ਅਲਮਨ ਜੋਤੀ ਬਣਿਆ ਮੈਨ ਆਫ ਦਾ ਮੈਚ



**ਲੁਧਿਆਣਾ (ਜਸਦੀਪ ਵਰਤੀਆ)**

ਨੈਸ਼ਨਲ ਨਗੇਸ ਟਰਾਫੀ ਨੇਤਰਹੀਣ ਕ੍ਰਿਕਟ ਟੂਰਨਾਮੈਂਟ ਦੇ ਦੂਜੇ ਦਿਨ ਆਸਾਮ ਦੇ ਤੇਜ਼ਤਰਾਰ ਨੇਤਰਹੀਣ ਖਿਡਾਰੀ ਅਲਮਨ ਜੋਤੀ ਨੇ ਧੂਆਂਧਾਰ ਗੇਂਦਬਾਜ਼ੀ ਕਰਦਿਆਂ 3 ਵਿਕਟਾਂ ਲੈ ਕੇ ਤ੍ਰਿਪੁਰਾ ਨੂੰ 2 ਦੌੜਾਂ ਨਾਲ ਹਰਾਇਆ।ਟਾਸ ਜਿੱਤ ਕੇ ਆਸਾਮ ਨੇ ਪਹਿਲਾ ਬੱਲੇਬਾਜ਼ੀ ਕਰਦਿਆਂ 6 ਵਿਕਟਾਂ ਦੇ ਨੁਕਸਾਨ 'ਤੇ 125 ਦੌੜਾਂ ਬਣਾਈਆ।ਤ੍ਰਿਪੁਰਾ ਦੇ ਖਿਡਾਰੀਆਂ ਨੇ ਲਕਸ਼ ਦਾ ਪਿੱਛਾ ਕਰਦਿਆਂ 122 ਦੌੜਾਂ 'ਤੇ ਹੀ ਆਲ ਅਊਟ ਹੋ ਗਏ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਜ਼ੋਨਲ ਕਮਿਸ਼ਨਰ ਜਸਦੇਵ ਸਿੰਘ ਸੇਖੋਂ ਨੇ ਮੈਨ ਆਫ ਦਾ ਮੈਚ ਬਣੇ ਅਸਾਮ ਦੇ ਅਲਮਨ ਜੋਤੀ ਨੂੰ ਪੰਜ ਹਜ਼ਾਰ ਰੁਪੈ ਨਾਲ ਸਨਮਾਨਤ ਕੀਤਾ ਤੇ ਬਾਕੀ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।ਸ੍ਰ. ਜਸਦੇਵ ਸਿੰਘ ਸੇਖੋਂ ਨਾਲ ਮਾਸਟਰ ਗੁਰਚਰਨ ਸਿੰਘ ਸੁਨੇਤ, ਪਰਮਿੰਦਰ ਸਿੰਘ, ਬਰਜਿੰਦਰ ਸਿੰਘ ਬਰਾੜ, ਪਰਮਿੰਦਰ ਫੁੱਲਾਂਵਾਲ ਆਦਿ ਸਨ।ਦੂਜੇ ਮੈਚ ਵਿੱਚ ਪੰਜਾਬ ਨੇ ਬੱਲੇਬਾਜ਼ੀ ਕਰਦਿਆਂ 5 ਵਿਕਟਾਂ ਦੇ ਨੁਕਸਾਨ 'ਤੇ 151 ਦੌੜਾਂ ਬਣਾਈਆਂ।ਅਰਸਦੀਪ ਸਿੰਘ (ਬੀ 3) ਨੇ 45 ਦੌੜਾਂ, ਮੰਗਲ ਸਿੰਘ (ਬੀ 2) ਨੇ 27 ਤੇ ਸੰਦੀਪ ਸਿੰਘ (ਬੀ1) ਨੇ 20 ਦੌੜਾਂ ਬਣਾਈਆਂ।ਛਤੀਸਗੜ੍ਹ ਨੇ ਬੱਲੇਬਾਜ਼ੀ ਕਰਦਿਆਂ 19.3 ਓਵਰਾਂ ਵਿੱਚ 152 ਦੌੜਾਂ ਬਣਾ ਕੇ ਮੈਚ ਜਿੱਤ ਲਿਆ।ਪੀ.ਏ.ਯੂ. ਦੇ ਖੇਡ ਮੈਦਾਨਾਂ ਵਿੱਚ ਚੱਲ ਰਹੇ ਨੈਸ਼ਨਲ ਨਗੇਸ ਟਰਾਫੀ ਕ੍ਰਿਕਟ ਟੂਰਨਾਮੈਂਟ ਵਿੱਚ ਤਹਿਸੀਲਦਾਰ ਅਮ੍ਰਿਤਵੀਰ ਸਿੰਘ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਉਨ੍ਹਾਂ ਨਾਲ ਕੌਂਸ਼ਲਰ ਕਪਿਲ ਸੋਨੂੰ, ਲੁਧਿਆਣਾ ਭਲਾਈ ਮੰਚ ਦੇ ਪ੍ਰਧਾਨ ਗੋਪਾਲ ਕ੍ਰਿਸ਼ਨ, ਸਿਵ ਕੁਮਾਰ, ਪਟਵਾਰੀ ਨਵਲਪ੍ਰੀਤ ਸਿੰਘ, ਰਾਜਿੰਦਰ ਸੋਨੂੰ, ਸ਼ਸ਼ੀ ਕਾਂਤ ਮੌਂਗਾ, ਮਨਜੋਤ ਸਿੰਘ ਝਾਂਡੇ, ਕ੍ਰਿਕਟ ਐਸੋਸੀਏਸ਼ਨ ਆਫ ਦਾ ਬਲਾਈਡ ਇੰਡੀਆ (ਸੀ.ਏ.ਬੀ.ਆਈ) ਦੇ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਚਾਹਲ ਸਨ। ਇਸ ਮੌਕੇ ਸੀ.ਏ.ਬੀ.ਆਈ ਦੇ ਚੇਅਰਮੈਨ ਯੁਗੇਸ ਤਨੇਜਾ, ਅੰਪਾਇਰ ਰਾਜੀਵ ਬਾਂਸਲ, ਨੇਤਰਹੀਣਾਂ ਦੀ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਬਲਵਿੰਦਰ ਸਿੰਘ ਚਾਹਲ, ਜਰਨਲ ਸਕੱਤਰ ਵਿਵੇਕ ਮੌਂਗਾ ਤੇ ਭਾਰਤ ਨੇਤਰਹੀਣ ਸੇਵਕ ਸਮਾਜ ਦੇ ਪ੍ਰਧਨ ਇਕਬਾਲ ਸਿੰਘ ਜਮਾਲਪੁਰ, ਮੀਤ ਪ੍ਰਧਾਨ ਬਾਬਾ ਜਸਪ੍ਰੀਤ ਸਿੰਘ, ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ 66 ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਦਿੱਤੀ ਸਿਖ਼ਲਾਈ

### ਪਿੰਡਾਂ ਦੇ ਪਹਿਰੇਦਾਰ ਵਜੋਂ ਕੰਮ ਕਰਨਗੇ ਕਮੇਟੀਆਂ ਦੇ ਮੈਂਬਰ : ਵਿਧਾਇਕ ਬੁੱਧ ਰਾਮ



**ਬੁਡਲਾਡਾ (ਅਸ਼ੋਕ ਲਾਕੜਾ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕ੍ਰਿਸ਼ਨਾ ਕਾਲਜ ਰੱਲੀ ਵਿਖੇ ਹਲਕਾ ਬੁਢਲਾਡਾ ਦੇ 66 ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਸਿਖਲਾਈ ਦਿੱਤੀ ਗਈ ਅਤੇ ਉਨ੍ਹਾਂ ਨੂੰ ਪਹਿਚਾਣ ਪੱਤਰ ਤੇ ਬੁੱਕਲੇਟਸ ਦੀ ਵੰਡ ਕੀਤੀ ਗਈ।ਇਸ ਮੌਕੇ ਬੋਲਦਿਆਂ ਵਿਧਾਇਕ ਹਲਕਾ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਅੱਜ ਸਾਰੇ ਹਾਜ਼ਰੀਨ ਨੂੰ ਸੇਫ ਪੰਜਾਬ ਐਪ ਸਬੰਧੀ ਸਿਖਲਾਈ ਦਿੱਤੀ ਗਈ ਹੈ, ਜਿਸ ਵਿੱਚ ਉਹ ਆਪਣੇ ਖੇਤਰ ਵਿੱਚ ਯੁੱਧ ਨਸ਼ਿਆਂ ਵਿਰੁੱਧ ਤਹਿਤ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਦੇ ਵੇਰਵੇ ਦੇਣਗੇ।

ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਡਿਫੈਂਸ ਕਮੇਟੀਆਂ ਪਿੰਡ ਪੱਧਰ ਉੱਤੇ ਨਸ਼ਿਆਂ ਨੂੰ ਠੱਲ੍ਹ ਪਾ ਕੇ ਨਵੇਂ ਸਮਾਜ ਦੀ ਸਿਰਜਣਾ 'ਚ ਆਪਣਾ ਵੱਡਮੁੱਲਾ ਯੋਗਦਾਨ ਪਾਉਣਗੀਆਂ।ਨਸ਼ਾ ਤਸਕਰਾਂ ਬਾਰੇ ਬੇਝਿਜਕ ਗੁਪਤ ਸੂਚਨਾਵਾਂ ਸਾਂਝੀਆਂ ਕੀਤੇ ਜਾਣ ਨਾਲ ਪਿੰਡਾਂ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕੀਤਾ ਜਾ ਸਕੇਗਾ।ਉਨ੍ਹਾਂ ਦੱਸਿਆ ਕਿ ਨਸ਼ਾ ਰੋਕੂ ਮੋਬਾਇਲ ਐਪ, ਗੁਪਤ ਸੂਚਨਾਵਾਂ ਪੁਲਸ ਤੱਕ ਪਹੁੰਚਾਉਣ ਦਾ ਮਾਧਿਅਮ ਹੋਵੇਗੀ ਤੇ ਪੁਲਸ ਸੀਮਤ ਸਮੇਂ ਦੇ ਅੰਦਰ ਅੰਦਰ ਨਸ਼ਾ ਤਸਕਰਾਂ ਖਿਲਾਫ਼ ਕਾਰਵਾਈ ਅਮਲ ਵਿੱਚ ਲਿਆਵੇਗੀ।

ਉਨ੍ਹਾਂ ਦੱਸਿਆ ਕਿ ਨਸ਼ਿਆਂ ਦੀ ਅਲਾਮਤ ਨੂੰ ਜ਼ਿਲ੍ਹੇ ਵਿੱਚੋਂ ਜੜ੍ਹੋਂ ਖਤਮ ਕਰਕੇ ਮੁੱਖ ਮੰਤਰੀ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਦਿਆਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਯੋਗਦਾਨ ਪਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ, ਡਿਫੈਂਸ ਕਮੇਟੀਆਂ ਤੇ ਆਮ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਦਾ ਖਾਤਮਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕਮੇਟੀਆਂ ਵੱਲੋਂ 9779100200 ਸੇਫ ਪੰਜਾਬ ਹੈਲਪਲਾਈਨ ਉੱਤੇ ਨਸ਼ਿਆਂ ਸਬੰਧੀ ਜਾਣਕਾਰੀ ਦੇਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਮੌਕੇ ਐੱਸ.ਡੀ.ਐੱਮ. ਬੁਢਲਾਡਾ ਗਗਨਦੀਪ ਸਿੰਘ, ਚੇਅਰਮੈਨ ਮਾਰਕਿਟ ਕਮੇਟੀ ਬੁਢਲਾਡਾ ਸਤੀਸ਼ ਸਿੰਗਲਾ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

## ਮੋਦੀ ਦੀ ਦੂਰਅੰਦੇਸ਼ੀ ਕਾਰਨ ਭਾਰਤ ਮਜ਼ਬੂਤ ਵਿਸ਼ਵ ਸ਼ਕਤੀ ਤੇ ਆਤਮਨਿਰਭਰ ਬਣ ਰਿਹਾ : ਡਾ. ਸੀਮਾਂਤ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਅੰਦੇਸ਼ੀ ਅਗਵਾਈ ਹੇਠ, ਭਾਰਤ ਇੱਕ ਮਜ਼ਬੂਤ ਵਿਸ਼ਵ ਸ਼ਕਤੀ ਵਜੋਂ ਉੱਭਰ ਰਿਹਾ ਹੈ ਅਤੇ ਦੁਨੀਆ ਵਿੱਚ ਇੱਕ ਮਹੱਤਵਪੂਰਨ ਸਥਾਨ ਪ੍ਰਾਪਤ ਕਰ ਰਿਹਾ ਹੈ।ਜੀਵਨ ਵਿੱਚ ਸਵਦੇਸ਼ੀ ਉਤਪਾਦਾਂ ਨੂੰ ਅਪਣਾ ਕੇ ਅਤੇ ਭਾਰਤੀ ਉੱਦਮੀਆਂ ਤੇ ਕਾਰੀਗਰਾਂ ਦਾ ਸਮਰਥਨ ਕਰਕੇ, ਭਾਰਤ ਇੱਕ ਵਿਸ਼ਵ ਸ਼ਕਤੀ ਬਣਨ ਵੱਲ ਵਧ ਰਿਹਾ ਹੈ।

ਇਸ ਲਈ, ਹਰ ਨਾਗਰਿਕ ਨੂੰ ਭਾਰਤ ਵਿੱਚ ਬਣੇ ਉਤਪਾਦਾਂ ਨੂੰ ਖਰੀਦਣਾ ਅਤੇ ਵਰਤਣਾ ਚਾਹੀਦਾ ਹੈ, ਤਾਂ ਜੁ ਭਾਰਤ ਦੇ ਉਦਯੋਗ ਨੂੰ ਉਤਸ਼ਾਹਤ ਕੀਤਾ ਜਾ ਸਕੇ ਤੇ ਭਾਰਤ ਇੱਕ ਮਜ਼ਬੂਤ ਵਿਸ਼ਵ ਸ਼ਕਤੀ ਬਣ ਸਕੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਫਰੀਦਕੋਟ ਭਾਜਪਾ ਦੇ ਜ਼ਿਲ੍ਹਾ ਇੰਚਾਰਜ ਡਾ. ਸੀਮਾਂਤ ਗਰਗ ਨੇ ਆਫੀਸਰਜ਼ ਕਲੱਬ ਵਿਖੇ ਜ਼ਿਲ੍ਹਾ ਪ੍ਰਧਾਨ ਗੌਰਵ ਕੱਕੜ ਦੀ ਅਗਵਾਈ ਹੇਠ ਆਯੋਜਿਤ ਆਤਮ ਨਿਰਭਰ ਭਾਰਤ ਵਿਸ਼ੇ 'ਤੇ ਸੈਮੀਨਾਰ ਲਈ ਇਕੱਠੇ ਹੋਏ ਵੱਡੀ ਗਿਣਤੀ ਵਿੱਚ ਭਾਜਪਾ ਅਧਿਕਾਰੀਆਂ ਅਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਦੇਸ਼ ਭਰ ਵਿੱਚ ਆਤਮਨਿਰਭਰ ਭਾਰਤ ਤੇ ਸਵਦੇਸ਼ੀ ਹਰ ਘਰ ਅਭਿਆਨ ਸ਼ੁਰੂ ਕੀਤਾ ਹੈ।ਇਹ ਮੁਹਿੰਮ 25 ਦਸੰਬਰ 2025, ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਜਨਮ ਵਰ੍ਹੇਗੰਢ ਤੱਕ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2047 ਤੱਕ ਵਿਕਸਤ ਭਾਰਤ ਬਣਾਉਣ ਦਾ ਵਾਅਦਾ ਕੀਤਾ ਹੈ ਤੇ ਇਸ ਟੀਚੇ ਨੂੰ ਪ੍ਰਾਪਤ ਕਰਨ ਦਾ ਰਸਤਾ ਆਤਮਨਿਰਭਰ ਭਾਰਤ ਰਾਹੀਂ ਹੈ।ਇਸ 90 ਦਿਨ ਦੀ ਮੁਹਿੰਮ ਦੌਰਾਨ, ਭਾਜਪਾ ਅਤੇ ਇਸਦੇ ਵਰਕਰ ਦੇਸ਼ ਭਰ ਦੇ ਲੋਕਾਂ ਤੱਕ ਪਹੁੰਚ ਕਰਨਗੇ ਤੇ ਉਨ੍ਹਾਂ ਨੂੰ ਸਵਦੇਸ਼ੀ ਉਤਪਾਦਾਂ ਦਾ ਸਮਰਥਨ ਕਰਨ ਅਤੇ ਖਰੀਦਣ ਲਈ ਉਤਸ਼ਾਹਤ ਕਰਨਗੇ।

## ਟਰਾਈਡੈਂਟ ਗਰੁੱਪ ਦਾ ਮੈਗਾ ਮੈਡੀਕਲ ਕੈਂਪ ਬਣਿਆ ਆਸ ਦੀ ਕਿਰਨ



**ਬਰਨਾਲਾ (ਰਾਜਿੰਦਰ ਬਰਾੜ)**

ਟਰਾਈਡੈਂਟ ਗਰੁੱਪ ਵੱਲੋਂ 29 ਅਕਤੂਬਰ ਤੋਂ ਸ਼ੁਰੂ ਕੀਤੇ ਗਏ ਫ੍ਰੀ ਮੈਗਾ ਮੈਡੀਕਲ ਕੈਂਪ 2025 ਦਾ 7 ਨਵੰਬਰ ਨੂੰ ਪੰਜਵਾਂ ਦਿਨ ਸੀ ਤੇ ਕੈਂਪ ਵਿੱਚ ਆਉਣ ਵਾਲੇ ਮਰੀਜ਼ਾਂ ਦੀ ਭਾਰੀ ਗਿਣਤੀ ਦੱਸਦੀ ਹੈ ਕਿ ਟਰਾਈਡੈਂਟ ਗਰੁੱਪ ਦਾ ਇਹ ਕਦਮ ਕਿੰਨਾ ਅਹਿਮ ਹੈ।ਮਰੀਜ਼ਾਂ ਨੂੰ ਨਾ ਸਿਰਫ਼ ਮੁਫ਼ਤ ਜਾਂਚ ਅਤੇ ਇਲਾਜ ਦੀ ਸਹੂਲਤ ਮਿਲ ਰਹੀ ਹੈ, ਸਗੋਂ ਉਨ੍ਹਾਂ ਨੂੰ ਲੋੜੀਂਦੀਆਂ ਦਵਾਈਆਂ ਵੀ ਬਿਲਕੁਲ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ। ਇਹ ਕੈਂਪ ਖਾਸ ਕਰਕੇ ਉਨ੍ਹਾਂ ਲੋਕਾਂ ਲਈ ਵੱਡਾ ਸਹਾਰਾ ਬਣਿਆ ਹੈ, ਜੋ ਮਹਿੰਗੇ ਇਲਾਜ ਕਰਾਉਣ ਤੋਂ ਅਸਮਰੱਥ ਹਨ।ਮਰੀਜ਼ਾਂ ਨੇ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਅਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਜਿੰਦਰ ਗੁਪਤਾ, ਸੀ.ਐੱਸ.ਆਰ ਹੈੱਡ ਮੈਡਮ ਮਧੂ ਗੁਪਤਾ ਤੇ ਸੀ.ਐਕਸ.ਓ ਸ਼੍ਰੀ ਅਭਿਸ਼ੇਕ ਗੁਪਤਾ ਦੇ ਸਮਾਜ ਸੇਵਾ ਦੇ ਖੇਤਰ 'ਚ ਏਨੇ ਚੰਗੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਨਾਲ ਹੀ ਬਰਨਾਲਾ ਦਾ ਹਰ ਲੋੜਵੰਦ ਮਰੀਜ਼ ਸੀ.ਐੱਮ.ਸੀ. ਹਸਪਤਾਲ ਦੀਆਂ ਉੱਚ ਪੱਧਰੀ ਸਿਹਤ ਸਹੂਲਤਾਂ ਦਾ ਲਾਹਾ ਲੈ ਸਕਦਾ ਹੈ।ਉਨ੍ਹਾਂ ਕਿਹਾ ਕਿ ਟਰਾਈਡੈਂਟ ਗਰੁੱਪ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰਦਾ ਰਹੇ ਤੇ ਸਮਾਜਸੇਵਾ ਦੇ ਖੇਤਰ 'ਚ ਵੀ ਅਜਿਹੇ ਲਗਾਤਾਰ ਉਪਰਾਲੇ ਜਾਰੀ ਰਹਿਣ।

ਜ਼ਿਕਰਯੋਗ ਹੈ ਕਿ 29 ਅਕਤੂਬਰ ਤੋਂ ਸ਼ੁਰੂ ਹੋਇਆ ਇਹ ਕੈਂਪ 8 ਨਵੰਬਰ, 12, 13, 14 ਨਵੰਬਰ, 19, 20, 21 ਨਵੰਬਰ, 26, 27, 28 ਨਵੰਬਰ ਤੇ 3, 4, 5 ਦਸੰਬਰ ਤੱਕ ਜਾਰੀ ਰਹੇਗਾ।ਕੈਂਪ 'ਚ ਟਰਾਈਡੈਂਟ ਗਰੁੱਪ ਦੇ ਸਟਾਫ਼ ਵੱਲੋਂ ਕੈਂਪ ਇੰਚਾਰਜ ਪਵਨ ਸਿੰਗਲਾ, ਚਰਨਜੀਤ ਸਿੰਘ, ਜਗਰਾਜ ਪੰਡੋਰੀ, ਗੁਰਵਿੰਦਰ ਕੌਰ, ਰੁਪਿੰਦਰ ਕੌਰ, ਰੀਚਾ ਪ੍ਰਭਾਕਰ, ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ, ਚਰਨਜੀਤ ਸਿੰਘ ਤੇ ਨਰਿੰਦਰ ਸਿੰਘ ਮਰੀਜ਼ਾਂ ਦੀ ਹਰ ਸੰਭਵ ਸਹਾਇਤਾ ਕਰ ਰਹੇ ਹਨ। ਮਰੀਜ਼ਾਂ ਦੀ ਰਜਿਸਟ੍ਰੇਸ਼ਨ ਕਰਾਉਣ ਤੋਂ ਲੈ ਕੇ ਡਾਕਟਰਾਂ ਤੋਂ ਜਾਂਚ ਕਰਾਉਣ ਅਤੇ ਮੁਫ਼ਤ ਦਵਾਈਆਂ ਦਵਾਉਣ ਤੱਕ ਟਰਾਈਡੈਂਟ ਗਰੁੱਪ ਦੇ ਸਟਾਫ਼ ਮੈਂਬਰ ਲਗਾਤਾਰ ਯਤਨਸ਼ੀਲ ਹਨ ਤਾਂ ਜੁ ਕਿਸੇ ਵੀ ਮਰੀਜ਼ ਨੂੰ ਕੋਈ ਖੱਜਲ ਖੁਆਰੀ ਨਾ ਹੋਵੇ।ਇਲਾਜ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਲੁਧਿਆਣਾ ਦੇ ਨਾਮਵਰ ਸੀ.ਐਮ.ਸੀ ਹਸਪਤਾਲ ਦੇ ਤਜਰਬੇਕਾਰ ਡਾਕਟਰਾਂ ਦੀ ਟੀਮ ਪੂਰੀ ਲਗਨ ਨਾਲ ਸੇਵਾਵਾਂ ਦੇ ਰਹੀ ਹੈ।ਮਾਹਿਰ ਡਾਕਟਰ ਵੱਖ-ਵੱਖ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਦੀ ਜਾਂਚ ਕਰ ਰਹੇ ਹਨ ਤੇ ਸਹੀ ਸਲਾਹ ਤੇ ਦਵਾਈਆਂ ਦੇ ਕੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਵੱਲ ਮੋੜ ਰਹੇ ਹਨ।ਮਰੀਜ਼ਾਂ ਨੂੰ ਆਮ ਸਿਹਤ ਜਾਂਚ, ਮਾਹਿਰ ਡਾਕਟਰੀ ਸਲਾਹ, ਡੈਂਟਲ ਸਕੇਲਿੰਗ, ਫ਼ਿਲਿੰਗ ਅਤੇ ਐਕਸਟ੍ਰੈਕਸ਼ਨ, ਡਾਇਗਨੋਸਟਿਕ ਟੈਸਟ, ਮੁਫ਼ਤ ਦਵਾਈਆਂ, ਐਕਸ-ਰੇ, ਈ.ਸੀ.ਜੀ., ਮੋਤੀਆ ਬਿੰਦ ਦੀ ਜਾਂਚ, ਅੱਖਾਂ ਦੀ ਪੂਰੀ ਤਬੀ ਜਾਂਚ ਤੇ ਮੁਫ਼ਤ ਚਸ਼ਮਿਆਂ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ।ਮਰੀਜ਼ਾਂ ਦੀ ਰਜਿਸਟ੍ਰੇਸ਼ਨ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਕੀਤੀ ਜਾਂਦੀ ਹੈ, ਤਾਂ ਜੋ ਹਰ ਮਰੀਜ਼ ਨੂੰ ਸਮੇਂ ਸਿਰ ਸੇਵਾ ਮਿਲ ਸਕੇ। ਕੈਂਪ ਦੌਰਾਨ ਈ.ਸੀ.ਜੀ. ਅਤੇ ਐਕਸ-ਰੇ ਟੈਸਟ ਵੀ ਪੂਰੀ ਤਰ੍ਹਾਂ ਮੁਫ਼ਤ ਕੀਤੇ ਜਾ ਰਹੇ ਹਨ।

ਮੁਫ਼ਤ ਮੈਗਾ ਮੈਡੀਕਲ ਕੈਂਪ ਵਿੱਚ ਪਹੁੰਚੇ ਮਰੀਜ਼ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਅਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਾਜਿੰਦਰ ਗੁਪਤਾ ਦਾ ਧੰਨਵਾਦ ਕਰਦੇ ਨਹੀਂ ਥੱਕਦੇ।ਮਰੀਜ਼ਾਂ ਦਾ ਕਹਿਣਾ ਹੈ ਕਿ ਮੈਗਾ ਮੈਡੀਕਲ ਕੈਂਪ ਰਾਹੀਂ, ਟਰਾਈਡੈਂਟ ਗਰੁੱਪ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਕਾਰੋਬਾਰੀ ਸਫਲਤਾ ਦੇ ਨਾਲ-ਨਾਲ ਉਹ ਸਮਾਜਿਕ ਜ਼ਿੰਮੇਵਾਰੀਆਂ ਨੂੰ ਵੀ ਪੂਰੀ ਤਨਦੇਹੀ ਨਾਲ ਨਿਭਾਉਂਦੇ ਹਨ।ਗਰੁੱਪ ਦਾ ਇਹ ਉਪਰਾਲਾ ਦਰਸਾਉਂਦਾ ਹੈ ਕਿ ਸਿਹਤ ਸੇਵਾਵਾਂ ਹਰ ਨਾਗਰਿਕ ਦਾ ਬੁਨਿਆਦੀ ਅਧਿਕਾਰ ਹਨ ਅਤੇ ਗਰੁੱਪ ਇਸ ਅਧਿਕਾਰ ਨੂੰ ਹਕੀਕਤ ਬਣਾਉਣ ਲਈ ਯਤਨਸ਼ੀਲ ਹੈ।ਆਪਣੇ ਪੁੱਤਰ ਲਵਪ੍ਰੀਤ ਪਾਲ ਸਣੇ ਕੈਂਪ 'ਚ ਪੁੱਜੇ ਰਾਮ ਨਰੇਸ਼ ਵਾਸੀ ਬਰਨਾਲਾ ਨੇ ਕਿਹਾ ਕਿ ਉਸ ਨੂੰ ਕਾਫ਼ੀ ਸਮੇਂ ਤੋਂ ਰੀੜ ਦੀ ਹੱਡੀ 'ਚ ਤਕਲੀਫ਼ ਹੈ ਤੇ ਉਸਦੇ ਪੁੱਤਰ ਨੂੰ ਵੀ ਦੰਦਾਂ ਦੀ ਸਮੱਸਿਆ ਹੈ। ਅਖ਼ਬਾਰ ਰਾਹੀਂ ਉਨ੍ਹਾਂ ਨੂੰ ਟਰਾਈਡੈਂਟ ਗਰੁੱਪ ਦੇ ਇਸ ਮੈਡੀਕਲ ਚੈਕਅੱਪ ਕੈਂਪ ਬਾਰੇ ਪਤਾ ਲੱਗਾ। ਜਿਸ ਸਦਕਾ ਉਹ ਇੱਥੇ ਪੁੱਜੇ ਤੇ ਮਾਹਿਰ ਡਾਕਟਰਾਂ ਤੋਂ ਚੰਗੀ ਤਰ੍ਹਾਂ ਜਾਂਚ ਕਰਵਾਕੇ ਉਨ੍ਹਾਂ ਨੂੰ ਦਵਾਈਆਂ ਵੀ ਮੁਫ਼ਤ 'ਚ ਹੀ ਪ੍ਰਾਪਤ ਹੋ ਗਈਆਂ, ਜੋ ਆਮ ਤੌਰ 'ਤੇ ਉਨ੍ਹਾਂ ਦੀ ਪਹੁੰਚ ਤੋਂ ਬਾਹਰ ਸਨ। ਉਨ੍ਹਾਂ ਕਿਹਾ ਕਿ ਟਰਾਈਡੈਂਟ ਗਰੁੱਪ ਦਾ ਇਹ ਨੇਕ ਉਪਰਾਲਾ ਕਾਬਿਲ ਏ ਤਾਰਿਫ਼ ਹੈ।

## ਸਾਂਝਾਂ ਪਿਆਰ ਦੀਆਂ ਅੰਤਰਰਾਸ਼ਟਰੀ ਪੰਜਾਬੀ ਸਾਹਿਤਕ ਮੰਚ ਦਾ ਸਾਲਾਨਾ ਸਮਾਗਮ 16 ਨੂੰ

**ਸੰਗਰੂਰ (ਪ੍ਰਵੀਨ ਸਿੰਘ)** -ਸਾਂਝਾਂ ਪਿਆਰ ਦੀਆਂ ਅੰਤਰ-ਰਾਸ਼ਟਰੀ ਪੰਜਾਬੀ ਸਾਹਿਤਕ ਮੰਚ ਵੱਲੋਂ ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੇ ਸਹਿਯੋਗ ਨਾਲ 16 ਨਵੰਬਰ ਨੂੰ ਸਵੇਰੇ 10:00 ਵਜੇ ਲੇਖਕ ਭਵਨ, ਹਰੇੜੀ ਰੋਡ, ਸੰਗਰੂਰ ਵਿਖੇ ਸਾਲਾਨਾ ਸਨਮਾਨ ਸਮਾਰੋਹ ਤੇ ਸਾਹਿਤਕ ਸਮਾਗਮ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਸਾਲ 2025 ਦਾ ਗ਼ਜ਼ਲ ਸਮਰਾਟ ਪੁਰਸਕਾਰ ਸਿਰਮੌਰ ਪੰਜਾਬੀ ਗ਼ਜ਼ਲਕਾਰ ਤਰਸੇਮ ਨੂਰ ਨੂੰ ਦਿੱਤਾ ਜਾਵੇਗਾ।ਇਸ ਮੌਕੇ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਪ੍ਰਫੁੱਲਤਾ ਵਿੱਚ ਪਾਏ ਵਡਮੁੱਲੇ ਯੋਗਦਾਨ ਲਈ ਮਨਜੀਤ ਬਠਿੰਡਾ, ਵਿਲੀਅਮ ਜੌਨ, ਸੁਖਜੀਤ ਸਿੰਘ, ਅਸ਼ਵਨੀ ਗੁਪਤਾ, ਕਸ਼ਮੀਰ ਨੀਰ, ਮਨਜੀਤ ਕੌਰ ਅੰਬਾਲਵੀ, ਰਜਿੰਦਰ ਕੁਮਾਰੀ ਭਾਈ ਰੂਪਾ ਤੇ ਰਵੇਲ ਸਿੱਧੂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਜਾਣਗੇ।

ਸਾਹਿਤਕ ਮੰਚ ਦੀ ਕਮੇਟੀ ਵੱਲੋਂ ਹਰ ਤਰ੍ਹਾਂ ਦੀ ਧੜੇਬੰਦੀ ਤੋਂ ਉਪਰ ਉੱਠ ਕੇ ਨਿਰਪੱਖ ਢੰਗ ਨਾਲ ਇਨ੍ਹਾਂ ਪੁਰਸਕਾਰਾਂ ਲਈ ਅਣਗੌਲੇ ਕਲਮਕਾਰਾਂ ਦੀ ਚੋਣ ਕੀਤੀ ਜਾਂਦੀ ਹੈ ਤੇ ਸਾਹਿਤਕ ਹਲਕਿਆਂ ਵਿੱਚ ਇਹ ਸਨਮਾਨ ਬੇਹੱਦ ਵੱਕਾਰੀ ਸਮਝੇ ਜਾਂਦੇ ਹਨ।

## ਬਾਦਲ ਪਰਵਾਰ ਨੇ ਪੰਥ ਦਾ ਮਖੌਟਾ ਪਾ ਕੇ ਸਿਰਫ਼ ਨਿੱਜੀ ਕਾਰੋਬਾਰ ਵਧਾਏ : ਹਰਚੰਦ ਸਿੰਘ ਬਰਸਟ




**ਸਮਾਣਾ (ਇਕਬਾਲ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਮੇਸ਼ਾ ਹੀ ਪੰਥ ਦਾ ਮਖੌਟਾ ਪਾ ਕੇ ਗੱਲ ਕੀਤੀ ਜਾਂਦੀ ਹੈ, ਜਦਕਿ ਇਹ ਪੰਥਕ ਨਹੀਂ ਹਨ।ਸਿਰਫ਼ ਤੇ ਸਿਰਫ਼ ਆਪਣੇ ਨਿੱਜੀ ਹਿੱਤਾਂ ਨੂੰ ਪੂਰਾ ਕਰਨ ਲਈ ਅਕਾਲੀ ਦਲ ਵੱਲੋਂ ਪੰਥ ਦੇ ਨਾਮ ਤੇ ਲੋਕਾਂ ਨੂੰ ਗੰਮਰਾਹ ਕੀਤਾ ਜਾਂਦਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਵੱਲੋਂ ਵਿਧਾਨ ਸਭਾ ਹਲਕਾ ਤਰਨਤਾਰਨ ਵਿਖੇ ਚੋਣ ਪ੍ਰਚਾਰ ਦੇ ਦੌਰਾਨ ਕੀਤਾ ਗਿਆ।

ਬਰਸਟ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥਕ ਪਾਰਟੀ ਨਹੀਂ ਹੈ, ਇਹ ਇੱਕ ਪਰਿਵਾਰਕ ਪਾਰਟੀ ਹੈ, ਜਿੱਥੇ ਬਾਦਲ ਪਰਵਾਰ ਤੋਂ ਇਲਾਵਾ ਕਿਸੇ ਦੀ ਕੋਈ ਮਹੱਤਤਾ ਨਹੀਂ ਹੈ।ਬਾਦਲ ਪਰਵਾਰ ਕੇਵਲ ਆਪਣੇ ਨਿੱਜੀ ਹਿੱਤਾਂ ਨੂੰ ਹੀ ਤਰਜੀਹ ਦਿੰਦਾ ਆਇਆ ਹੈ।ਇਨ੍ਹਾਂ ਵੱਲੋਂ ਪੰਥ ਦੇ ਨਾਮ ਤੇ ਲੋਕਾਂ ਨੂੰ ਗੁੰਮਰਾਹ ਕੀਤਾ ਜਾਂਦਾ ਰਿਹਾ ਹੈ, ਜਦਕਿ ਸੁਖਬੀਰ ਬਾਦਲ ਨੂੰ ਪੰਥ ਦਾ ਤਨਖਾਹੀਆ ਵੀ ਕਰਾਰ ਦਿੱਤਾ ਜਾ ਚੁੱਕਾ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਹਮੇਸ਼ਾ ਹੀ ਸੱਤਾ ਦਾ ਦੁਰਉਪਯੋਗ ਕੀਤਾ ਤੇ ਆਪਣੇ ਕਾਰੋਬਾਰ ਨੂੰ ਵਧਾਉਣ ਤੇ ਆਪਣੇ ਨਿੱਜੀ ਹਿੱਤਾਂ ਨੂੰ ਪੂਰਾ ਕਰਨ ਵੱਲ ਧਿਆਨ ਦਿੱਤਾ।ਸੁਖਬੀਰ ਸਿੰਘ ਬਾਦਲ ਨੇ ਸੱਤਾ ਵਿੱਚ ਹੁੰਦਿਆਂ ਸਿਰਫ਼ ਤੇ ਸਿਰਫ਼ ਆਪਣਾ ਕਾਰੋਬਾਰ ਹੀ ਵਧਾਇਆ, ਜਦਕਿ ਲੋਕਾਂ ਨੂੰ ਉਨ੍ਹਾਂ ਦੇ ਹਾਲ ਛੱਡ ਦਿੱਤਾ ਸੀ।ਇਨ੍ਹਾਂ ਨੇ ਸੱਤਾ ਵਿੱਚ ਰਹਿੰਦਿਆਂ ਪੰਜਾਬ ਤੇ ਸੂਬਾ ਵਾਸੀਆਂ ਦੀ ਭਲਾਈ ਲਈ ਕੋਈ ਕੰਮ ਨਹੀਂ ਕੀਤੇ, ਬਲਕਿ ਆਪਣੇ ਕਾਰੋਬਾਰ ਨੂੰ ਵਧਾਉਣ 'ਤੇ ਹੀ ਪੂਰਾ ਜ਼ੋਰ ਦਿੱਤਾ।

ਉਨ੍ਹਾਂ ਕਿਹਾ ਕਿ ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਬਿਹਤਰੀ ਅਤੇ ਸੂਬੇ ਦੇ ਵਿਕਾਸ ਨੂੰ ਹੀ ਤਰਜੀਹ ਦਿੱਤੀ ਜਾ ਰਹੀ ਹੈ। ਆਪ ਸਰਕਾਰ ਵੱਲੋਂ ਆਪਣੇ ਸਾਢੇ 3 ਸਾਲਾਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਬਹੁਤ ਸੁਧਾਰ ਕੀਤੇ ਗਏ ਹਨ।ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।ਖੇਤਾਂ ਨੂੰ ਨਹਿਰਾਂ ਦਾ ਪਾਣੀ ਦਿੱਤਾ ਜਾ ਰਿਹਾ ਹੈ।ਸਰਕਾਰ ਵੱਲੋਂ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੀ 11 ਨਵੰਬਰ ਨੂੰ ਤਰਨਤਾਰਨ ਵਿਖੇ ਹੋਣ ਵਾਲੀ ਜ਼ਿਮਨੀ ਚੋਣ ਵਿੱਚ ਲੋਕ ਸ਼੍ਰੋਮਣੀ ਅਕਾਲੀ ਦਲ ਨੂੰ ਮੂੰਹ ਤੋੜ ਜੁਆਬ ਦੇਣਗੇ ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ੍ਰ. ਹਰਮੀਤ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।


Jeena Sikho LIFECARE

**ਜੀਣਾ ਸੀਖੋ ਲਾਈਫਕੇਅਰ ਲਿਮਟਿਡ**

ਸੀ ਆਈ ਐੱਨ : ਐੱਲ 52601 ਪੀ ਬੀ 2017 ਪੀ ਐੱਲ ਸੀ046545

ਰਜਿ: ਦਫ਼ਤਰ :- ਐੱਸ ਸੀ ਓ 11 ਪਹਿਲੀ ਮੰਜ਼ਲ, ਕਲਗੀਧਰ ਇਨਕਲੇਵ, ਮੋਹਾਲੀ, ਜ਼ੀਰਕਪੁਰ, ਪੰਜਾਬ, ਇੰਡੀਆ, 140604

ਵੈੱਬਸਾਈਟ : www.jeenasikho.com/ । ਈ-ਮੇਲ ਆਈ ਡੀ : cs@jeenasikho.com ਸੰਪਰਕ : 91-0172-513185

**30 ਸਤੰਬਰ 2025 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ**

(ਰੁ. ਲੱਖਾਂ 'ਚ, ਹੋਰ ਤਰ੍ਹਾਂ ਦੱਸੇ ਤੋਂ ਇਲਾਵਾ)

| ਵੇਰਵੇ | ਸਟੈਂਡਲੋਨ ਵਿੱਤੀ ਨਤੀਜੇ | | | | ਏਕੀਕ੍ਰਿਤ ਵਿੱਤੀ ਨਤੀਜਾ |
|---|---|---|---|---|---|
| | ਤਿਮਾਹੀ ਖਤਮ 30-09-2025 (ਅਣ-ਪੜਤਾਲੇ) | ਤਿਮਾਹੀ ਖਤਮ 30-06-2025 (ਅਣ-ਪੜਤਾਲੇ) | ਤਿਮਾਹੀ ਖਤਮ 30-09-2024 (ਅਣ-ਪੜਤਾਲੇ) | ਸਾਲ ਖਤਮ 31-03-2025 (ਪੜਤਾਲੇ) | ਤਿਮਾਹੀ ਖਤਮ 30-09-2025 (ਅਣ-ਪੜਤਾਲੇ) |
| ਕਾਰੋਬਾਰਾਂ ਤੋਂ ਕੁਲ ਵਿਆਪਕ ਆਮਦਨ (ਸ਼ੁੱਧ) | 19,129.00 | 17,535.44 | 11,753.84 | 47,580.73 | 19,129.00 |
| ਸ਼ੁੱਧ ਲਾਭ / (ਹਾਨੀ) ਮਿਆਦ ਲਈ (ਟੈਕਸ ਤੋਂ ਪਹਿਲਾਂ, ਖਾਸ ਅਤੇ/ਜਾਂ ਅਸਧਾਰਨ ਆਈਟਮਾਂ) | 7,876.15 | 6,855.03 | 3,540.28 | 10,757.76 | 7,872.67 |
| ਸ਼ੁੱਧ ਲਾਭ / (ਹਾਨੀ) ਟੈਕਸ ਤੋਂ ਪਹਿਲਾਂ ਮਿਆਦ ਲਈ (ਖਾਸ ਅਤੇ/ਜਾਂ ਅਸਾਧਾਰਨ ਆਇਟਮਾਂ ਤੋਂ ਮਗਰੋਂ) | 7,876.15 | 6,855.03 | 3,540.28 | 10,757.76 | 7,872.67 |
| ਸ਼ੁੱਧ ਲਾਭ / (ਹਾਨੀ) ਟੈਕਸ ਤੋਂ ਬਾਅਦ ਮਿਆਦ ਲਈ (ਖਾਸ ਅਤੇ/ਜਾਂ ਅਸਧਾਰਨ ਆਇਟਮਾਂ ਤੋਂ ਮਗਰੋਂ) | 5,878.58 | 5,131.14 | 2,659.92 | 7,994.33 | 5,875.01 |
| ਮਿਆਦ ਲਈ ਕੁੱਲ ਵਿਆਪਕ ਆਮਦਨ ਮਿਆਦ ਲਈ (ਟੈਕਸ ਤੋਂ ਬਾਅਦ ਹੋਰ ਵਿਆਪਕ ਆਮਦਨ ਅਤੇ ਟੈਕਸ ਤੋਂ ਬਾਅਦ ਮਿਆਦ ਲਈ ਲਾਭ ਸ਼ਾਮਲ) | 5,885.45 | 5,175.31 | 2,659.48 | 7,992.58 | 5,881.88 |
| ਇਕੁਇਟੀ ਸ਼ੇਅਰ ਕੈਪੀਟਲ | 2,486.01 | 2,486.01 | 2,486.01 | 2,486.01 | 2,486.01 |
| ਹੋਰ ਇਕੁਇਟੀ | 0.00 | 0.00 | 0.00 | 0.00 | 0.00 |
| ਕਮਾਈ ਪ੍ਰਤੀ ਸ਼ੇਅਰ (ਸਾਲਾਨਾ ਨਹੀਂ) (10/- ਹਰੇਕ ਫੇਸ ਵੈਲਿਊ ਲਈ) | | | | | |
| ਬੇਸਿਕ : | 4.73 | 4.13 | 2.14 | 6.43 | 4.73 |
| ਡਿਲਿਊਟਿਡ : | 4.72 | 4.12 | 2.14 | 6.42 | 4.72 |

ਟਿੱਪਣੀ :-

1. ਉਪਰੋਕਤ ਸਾਰ ਸੇਬੀ (ਐੱਲ ਓ ਡੀ ਆਰ) ਰੈਗੂਲੇਸ਼ਨ 2015 ਦੇ ਰੈਗੂਲੇਸ਼ਨ 33 ਅਧੀਨ ਐੱਨ ਐੱਸ ਈ ਕੋਲ ਦਾਖਲ ਵਿੱਤੀ ਨਤੀਜੇ ਦੇ ਵੇਰਵੇ ਦਾ ਸਾਰ ਹੈ। ਟਿੱਪਣੀਆਂ ਸਮੇਤ ਮੁਕੰਮਲ ਵਿੱਤੀ ਨਤੀਜਾ ਕੰਪਨੀ ਦੀ ਵੈੱਬਸਾਈਟ www.jeenasikho.com, ਐੱਨ ਐੱਸ ਈ ਵੈੱਬਸਾਈਟ www.nseindia.in 'ਤੇ ਅਤੇ ਬੀ ਐੱਸ ਈ ਵੈੱਬਸਾਈਟ www.bseindia.com 'ਤੇ ਉਪਲੱਬਧ ਹੈ।
2. ਵਿੱਤੀ ਨਤੀਜਾ ਕੰਪਨੀਜ਼ (ਇੰਡੀਅਨ ਅਕਾਊਂਟਿੰਗ ਸਟੈਂਡਰਡਜ਼) ਰੂਲਜ਼, 2015 ਦੇ ਅਨੁਸਾਰ ਕੰਪਨੀਜ਼ ਐਕਟ, 2013 ਦੇ ਸੈਕਸ਼ਨ 133 ਅਧੀਨ ਤਿਆਰ ਕੀਤਾ ਗਿਆ ਹੈ। ਪਿਛਲੀ ਮਿਆਦ ਵਾਸਤੇ ਅੰਕੜੇ ਇੰਡ ਏ ਐੱਸ ਦੀਆਂ ਜ਼ਰੂਰਤਾਂ ਅਨੁਸਾਰ ਜਿੱਥੇ ਲੋੜੀਂਦੇ ਹਨ, ਰੀਸਟੇਟਿਡ, ਰੀਗਰੁੱਪਡ ਕੀਤੇ ਗਏ ਹਨ।

ਸਥਾਨ : ਜ਼ੀਰਕਪੁਰ, ਪੰਜਾਬ
ਮਿਤੀ : 06.11.2025

ਡਾਇਰੈਕਟਰਾਂ ਦੇ ਬੋਰਡ ਦੇ ਹੁਕਮ ਰਾਹੀਂ
ਵਾਸਤੇ, ਜੀਣਾ ਸੀਖੋ ਲਾਈਫਕੇਅਰ ਲਿਮਟਿਡ
ਸਹੀ/-

# 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵੱਖ-ਵੱਖ ਥਾਵਾਂ 'ਤੇ ਚਲਾਈ ਤਲਾਸ਼ੀ ਮੁਹਿੰਮ



**ਮਾਲੇਰਕੋਟਲਾ (ਅਸਗਰ ਪਰਿਹਾਰ)**- ਡੀ.ਜੀ.ਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚੋਂ ਨਸ਼ਿਆਂ ਦਾ ਜੜ੍ਹ ਤੋਂ ਖਾਤਮਾ ਕਰਨ ਲਈ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਸ਼ੁੱਕਰਵਾਰ ਆਈ ਜੀ ਗੌਤਮ ਚੀਮਾ ਅਤੇ ਐਸ ਐਸ ਪੀ ਗਗਨ ਅਜੀਤ ਸਿੰਘ ਦੀ ਅਗਵਾਈ ਹੇਠ ਮਾਲੇਰਕੋਟਲਾ ਜ਼ਿਲ੍ਹੇ ਅੰਦਰ ਚਲਾਏ ਗਏ ਸਰਚ ਅਭਿਆਨ ਦੌਰਾਨ ਸਥਾਨਕ ਮੁਹੱਲਾ ਜਮਾਲਪੁਰਾ ਵਿਖੇ ਵੀ ਘੇਰਾਬੰਦੀ ਕਰਕੇ ਅਚਨਚੇਤ ਕੀਤੇ ਗਏ ਸਰਚ ਆਪ੍ਰੇਸ਼ਨ ਦੌਰਾਨ ਨਸ਼ੇ ਦੇ ਕਾਰੋਬਾਰ 'ਚ ਲੱਗੇ ਵਿਅਕਤੀਆਂ ਦੇ ਘਰਾਂ ਦੀ ਬਾਰੀਕੀ ਨਾਲ ਤਲਾਸ਼ੀ ਕੀਤੀ ਗਈ।ਇਸ ਸਰਚ ਅਭਿਆਨ ਦੌਰਾਨ ਕੁਝ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ 'ਚ ਵੀ ਲਿਆ ਗਿਆ, ਜਿਨ੍ਹਾਂ ਦੀ ਸਖਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਮਾਲੇਰਕੋਟਲਾ ਦੇ ਸ਼ਹਿਰੀ ਖੇਤਰ ਤੋਂ ਇਲਾਵਾ ਅਹਿਮਦਗੜ੍ਹ ਦੇ ਦਿਹਾਤੀ ਇਲਾਕੇ 'ਚ ਵੀ ਇਹ ਸਰਚ ਆਪ੍ਰੇਸ਼ਨ ਕੀਤਾ ਗਿਆ।ਆਈ ਜੀ ਗੌਤਮ ਚੀਮਾ ਨੇ ਦੱਸਿਆ ਕਿ ਸਰਚ ਆਪ੍ਰੇਸ਼ਨ ਦੌਰਾਨ ਨਸ਼ੇ ਦੀ ਵਿਕਰੀ ਲਈ ਬਦਨਾਮ ਇਲਾਕਿਆਂ 'ਚ ਅਜਿਹੇ ਲੋਕਾਂ ਦੇ ਘਰਾਂ ਦੀ ਤਲਾਸ਼ੀ ਲਈ ਜਾ ਰਹੀ ਹੈ ਜੋ ਲੰਬੇ ਸਮੇਂ ਤੋਂ ਨਸ਼ਾ ਸਮੱਗਲਿੰਗ ਦੇ ਕੰਮ 'ਚ ਲੱਗੇ ਹੋਏ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਮਿਲੀਆਂ ਸਖਤ ਹਦਾਇਤਾਂ ਅਨੁਸਾਰ ਨਸ਼ਿਆਂ ਦੇ ਕਾਰੋਬਾਰ 'ਚ ਲੱਗੇ ਹੋਏ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਮਾਲੇਰਕੋਟਲਾ ਪੁਲਸ ਵੱਲੋਂ ਪਿਛਲੇ ਸਾਲ ਤੋਂ ਨਸ਼ਾ ਸਮਗਲਰਾਂ ਖਿਲਾਫ ਲਗਾਤਾਰ ਕੀਤੀ ਜਾ ਰਹੀ ਕਾਰਗੁਜ਼ਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਮਾਲੇਰਕੋਟਲਾ ਪੁਲਸ ਵੱਲੋਂ ਐਨਡੀਪੀਐਸ ਐਕਟ ਦੇ 528 ਪਰਚੇ ਦਰਜ ਕਰਦਿਆਂ 850 ਨਸ਼ਾ ਸਮੱਗਲਰਾਂ ਦੀ ਗ੍ਰਿਫਤਾਰੀ ਕੀਤੀ ਗਈ ਹੈ।ਐਸ ਐਸ ਪੀ ਗਗਨ ਅਜੀਤ ਸਿੰਘ ਨੇ ਨਸ਼ਾ ਸਮੱਗਲਰਾਂ ਨੂੰ ਚੇਤਾਵਨੀ ਦਿੰਦੀ ਕਿ ਮਾੜੇ ਕਾਰੋਬਾਰ ਛੱਡ ਕੇ ਸਮਾਜ ਦੀ ਮੁੱਖ ਧਾਰਾ 'ਚ ਪਰਤ ਆਉਣ ਨਹੀਂ ਤਾਂ ਉਹਨਾਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਐਸ ਪੀ ਹੈਡ ਕੁਆਰਟਰ ਗੁਰਸ਼ਰਨਜੀਤ ਸਿੰਘ, ਡੀ ਐਸ ਪੀ ਹੈਡ ਕੁਆਰਟਰ ਆਤਿਸ਼ ਭਾਟੀਆ, ਡੀ ਐਸ ਪੀ ਸਬ ਡਿਵੀਜ਼ਨ ਮਾਲੇਰਕੋਟਲਾ ਮਾਨਵਜੀਤ ਸਿੰਘ, ਮਾਲੇਰਕੋਟਲਾ ਥਾਣਾ ਸਿਟੀ 2 ਦੇ ਐਸ ਐਚ ਓ ਗੁਰਪ੍ਰੀਤ ਕੌਰ ਸਿੱਧੂ, ਥਾਣਾ ਸੰਦੌੜ ਦੇ ਐਸ ਐਚ ਓ ਗਗਨਜੀਤ ਸਿੰਘ ਸਮੇਤ ਕਈ ਹੋਰ ਪੁਲਸ ਅਧਿਕਾਰੀ ਵੀ ਹਾਜ਼ਰ ਸਨ।

# ਜੀ ਐੱਚ ਜੀ ਅਕੈਡਮੀ ਵੱਲੋਂ ਫਿਟਨੈੱਸ ਫਿਏਸਟਾ 2025 ਐਥਲੈਟਿਕ ਮੀਟ ਦੀ ਸ਼ੁਰੂਆਤ



**ਜਗਰਾਉਂ (ਅਮਿਤ ਖੰਨਾ)**- ਜੀ.ਐਚ.ਜੀ. ਅਕੈਡਮੀ ਕੋਠੇ ਬੱਗੂ ਜਗਰਾਉਂ ਨੇ ਐਥਲੈਟਿਕ ਮੀਟ ਫਿਟਨੈੱਸ ਫਿਏਸਟਾ 2025 ਦਾ ਆਯੋਜਨ ਕੀਤਾ।ਇਸ ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸ਼ਾਨਦਾਰ ਬੈਂਡ ਸਮਾਰੋਹ ਨਾਲ ਹੋਈ, ਜਿਸ ਤੋਂ ਬਾਅਦ ਮਸ਼ਾਲ ਜਗਾਈ ਗਈ। ਵਿਦਿਆਰਥੀਆਂ ਨੇ ਆਪਣੇ ਊਰਜਾਵਾਨ ਐਰੋਬਿਕਸ ਪ੍ਰਦਰਸ਼ਨ ਨਾਲ ਸੱਚ ਨੂੰ ਧੂਮਧਾਮ ਨਾਲ ਸਜਾ ਦਿੱਤਾ । ਚਾਰਾਂ ਹਾਊਸਾਂ ਦੇ ਵਿਦਿਆਰਥੀਆਂ ਨੇ ਮੁੰਡਿਆਂ ਅਤੇ ਕੁੜੀਆਂ ਦੋਵਾਂ ਲਈ 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜ, ਰੁਕਾਵਟਾਂ, ਅਤੇ ਰੀਲੇਅ ਦੌੜ ਅੰਡਰ-14, ਅੰਡਰ-17, ਅਤੇ ਅੰਡਰ-19 ਵਰਗਾਂ ਵਰਗੇ ਵੱਖ-ਵੱਖ ਟਰੈਕ ਅਤੇ ਫੀਲਡ ਈਵੈਂਟਾਂ ਵਿੱਚ ਪੂਰੇ ਦਿਲ ਨਾਲ ਹਿੱਸਾ ਲਿਆ। ਤੀਜੀ ਤੋਂ ਬਾਰ੍ਹਵੀਂ ਜਮਾਤ ਲਈ ਸਕਿੱਪਿੰਗ, ਟਾਇਰ ਦੌੜ, ਤਿੰਨ-ਪੈਰਾਂ ਵਾਲੀ ਦੌੜ, ਬੋਰੀ ਦੌੜ, ਚੇਨ ਦੌੜ, ਰੁਕਾਵਟ ਦੌੜ ਅਤੇ ਟੈਕ ਦੌੜ ਸਮੇਤ ਮਜ਼ੇਦਾਰ ਦੌੜਾਂ ਨੇ ਦਿਨ ਨੂੰ ਉਤਸ਼ਾਹ ਅਤੇ ਜੋਸ਼ ਵਿੱਚ ਵਾਧਾ ਕੀਤਾ। ਸ਼ਾਟਪੁਟ, ਡਿਸਕਸ ਥ੍ਰੋ ਅਤੇ ਜੈਵਲਿਨ ਥ੍ਰੋ ਵਰਗੇ ਫੀਲਡ ਈਵੈਂਟਾਂ ਨੇ ਭਾਗੀਦਾਰਾਂ ਦੀ ਤਾਕਤ ਅਤੇ ਹੁਨਰ ਦੀ ਹੋਰ ਪਰਖ ਕੀਤੀ । ਦਿਨ ਦਾ ਮੁੱਖ ਆਕਰਸ਼ਣ ਟਗ ਆਫ਼ ਵਾਰ ਸੀ । ਅੰਤ ਵਿੱਚ ਪ੍ਰਿੰਸੀਪਲ ਰਮਨਜੋਤ ਕੌਰ ਗਰੇਵਾਲ ਨੇ ਸਾਰੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।

# ਪੰਜਾਬ ਸਰਕਾਰ ਵੱਲੋਂ ਜ਼ੀਰਾ ਡਿਸਟਿਲਰੀ ਨੂੰ ਸਥਾਈ ਤੌਰ 'ਤੇ ਬੰਦ ਕਰਨ ਦੀ ਸਿਫਾਰਸ਼

**ਚੰਡੀਗੜ੍ਹ/ਫ਼ਿਰੋਜ਼ਪੁਰ/ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਸਰਕਾਰ ਨੇ ਪਹਿਲੀ ਵਾਰ ਰਾਸ਼ਟਰੀ ਗ੍ਰੀਨ ਟ੍ਰਿਬਿਊਨਲ (ਐਨ ਜੀ ਟੀ) ਦੇ ਸਾਹਮਣੇ ਅਧਿਕਾਰਤ ਤੌਰ 'ਤੇ ਸਵੀਕਾਰ ਕੀਤਾ ਹੈ ਕਿ ਜ਼ੀਰਾ ਸਥਿਤ ਮਾਲਬਰੋਜ਼ ਇੰਟਰਨੈਸ਼ਨਲ ਡਿਸਟਿਲਰੀ ਨੇ ਗੰਭੀਰ ਪ੍ਰਦੂਸ਼ਣ ਫੈਲਾਇਆ ਹੈ ਅਤੇ ਇਸ ਨੂੰ ਸਥਾਈ ਤੌਰ 'ਤੇ ਬੰਦ ਕਰ ਦੇਣਾ ਚਾਹੀਦਾ ਹੈ।ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ ਦੇ ਵਿਸ਼ੇਸ਼ ਸਕੱਤਰ ਮਨੀਸ਼ ਕੁਮਾਰ ਦੁਆਰਾ 2 ਨਵੰਬਰ, 2025 ਨੂੰ ਦਾਇਰ ਕੀਤੇ ਆਪਣੇ ਹਲਫ਼ਨਾਮੇ ਵਿੱਚ, ਰਾਜ ਨੇ ਯੂਨਿਟ ਨੂੰ ਠੋਸ ਉਦਾਹਰਣ ਦੱਸਿਆ ਜਿਸ ਦਾ ਵਾਤਾਵਰਣ ਨਿਯਮਾਂ ਦੀ ਉਲੰਘਣਾ ਕਰਨ ਦਾ ਦਸਤਾਵੇਜ਼ੀ ਇਤਿਹਾਸ ਹੈ। 9 ਸਤੰਬਰ, 2025 ਦੇ ਐਨ ਜੀ ਟੀ ਦੇ ਹੁਕਮ ਦੀ ਪਾਲਣਾ ਵਿੱਚ ਜਮ੍ਹਾਂ ਕੀਤਾ ਗਿਆ ਇਹ ਹਲਫ਼ਨਾਮਾ ਕਈ ਤਰ੍ਹਾਂ ਦੇ ਖਿਲਾਉਣੇ ਇਕਬਾਲ ਕਰਦਾ ਹੈ ਜੋ ਜ਼ੀਰਾ ਸਾਂਝਾ ਮੋਰਚਾ ਅਤੇ ਪਬਲਿਕ ਐਕਸ਼ਨ ਕਮੇਟੀ (ਪੀ ਏ ਸੀ) ਦੁਆਰਾ ਲੰਬੇ ਸਮੇਂ ਤੋਂ ਉਠਾਈਆਂ ਗਈਆਂ ਚਿੰਤਾਵਾਂ ਨੂੰ ਦੁਹਰਾਉਂਦਾ ਹੈ।ਪੰਜਾਬ ਸਰਕਾਰ ਦੁਆਰਾ ਦਾਇਰ ਕੀਤੇ ਗਏ ਮੁੱਖ ਬਿਆਨਾਂ ਵਿੱਚੋਂ ਇੱਕ ਪ੍ਰੋਜੈਕਟ ਪ੍ਰੋਪੋਨੈਂਟ ਨੂੰ ਸਥਾਈ ਤੌਰ 'ਤੇ ਬੰਦ ਕਰਨ ਲਈ ਇੱਕ ਢੁਕਵਾਂ ਕੇਸ ਹੈ ਅਤੇ ਇਸ ਨੂੰ ਈਥਾਨੋਲ ਦੇ ਉਤਪਾਦਨ ਜਾਂ ਹੋਰ ਕਿਸੇ ਵੀ ਤਰ੍ਹਾਂ ਦੇ ਲਈ ਉਸ ਪਲਾਂਟ ਦੀ ਵਰਤੋਂ ਕਰਨ ਜਾਂ ਉਸ ਨੂੰ ਦੁਬਾਰਾ ਸ਼ੁਰੂ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ। ਪ੍ਰੋਪੋਨੈਂਟ ਦਾ ਵਾਤਾਵਰਣ ਨਿਯਮਾਂ ਦੀ ਉਲੰਘਣਾ ਅਤੇ ਚੋਰੀ ਦਾ ਦਸਤਾਵੇਜ਼ੀ ਇਤਿਹਾਸ ਹੈ। ਇਸ ਕੇਸ ਦੇ ਰਿਕਾਰਡ ਤੋਂ ਪਤਾ ਚੱਲਦਾ ਹੈ ਕਿ ਪ੍ਰੋਪੋਨੈਂਟ ਉਦਯੋਗ ਦਾ ਲੰਬੇ ਸਮੇਂ ਤੋਂ ਵਾਤਾਵਰਣ ਨਿਯਮਾਂ ਦੀ ਉਲੰਘਣਾ ਕਰਨ ਦਾ ਇਤਿਹਾਸ ਰਿਹਾ ਹੈ, ਜਿਸ ਵਿੱਚ ਕਨੂੰਨ ਲਾਗੂ ਕਰਨ ਦੇ ਢੰਗਾਂ ਨੂੰ ਧੋਖਾ ਦੇਣਾ ਸ਼ਾਮਲ ਹੈ। ਹਵਾ, ਪਾਣੀ, ਮਿੱਟੀ ਅਤੇ ਜਨਤਕ ਸਿਹਤ ਨੂੰ ਪ੍ਰਭਾਵਿਤ ਕਰਨ ਵਾਲੇ ਗੰਭੀਰ ਪ੍ਰਦੂਸ਼ਣ ਦਾ ਕਾਰਨ ਬਣਨਾ। ਪ੍ਰੋਜੈਕਟ ਪ੍ਰੋਪੋਨੈਂਟ ਦੇ ਉਦਯੋਗਿਕ ਕਾਰਜ ਜੀਵਨ ਅਤੇ ਸਿਹਤਮੰਦ ਵਾਤਾਵਰਣ ਦੇ ਬੁਨਿਆਦੀ ਅਧਿਕਾਰ ਦੀ ਉਲੰਘਣਾ ਕਰਦੇ ਹਨ। ਇਸ ਡਿਸਟਿਲਰੀ ਅਤੇ ਇਸ ਈਥਾਨੋਲ ਪਲਾਂਟ ਦਾ ਅੰਤਿਮ ਉਤਪਾਦ ਰਸਾਇਣਕ ਤੌਰ 'ਤੇ ਇੱਕ ਜਿਹਾ ਹੈ (ਈਥਾਈਲ ਅਲਕੋਹਲ)। ਪੰਜਾਬ ਰਾਜ ਨੂੰ ਉਦਯੋਗਾਂ ਨੂੰ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਣ ਵਾਲੇ ਕਿਸੇ ਵੀ ਪ੍ਰਦੂਸ਼ਣ ਤੋਂ ਬਚਣ ਲਈ ਪਾਣੀ ਦੀ ਵਰਤੋਂ ਕਰਨ ਵਾਲੇ ਕਾਰਜ ਸ਼ੁਰੂ ਕਰਨ ਜਾਂ ਮੁੜ ਸ਼ੁਰੂ ਕਰਨ ਤੋਂ ਰੋਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਵਲੋਂ ਜ਼ੀਰਾ ਸਹਿਣਸ਼ੀਲਤਾ ਹੈ ਜੋ ਸਾਡੀ ਪਾਣੀ, ਹਵਾ ਅਤੇ ਮਿੱਟੀ ਦੀ ਸਿਹਤ ਨਾਲੋਂ ਮੁਨਾਫ਼ੇ ਨੂੰ ਤਰਜੀਹ ਦਿੰਦੇ ਹਨ। ਹਲਫ਼ੀਆ ਬਿਆਨ ਵਿੱਚ ਇਹ ਸਿੱਟਾ ਕੱਢਿਆ ਗਿਆ ਹੈ ਕਿ ਮਾਲਬਰੋਜ਼ ਨੂੰ ਕਾਰਜਾਂ ਨੂੰ ਜਾਰੀ ਰੱਖਣ ਦੀ ਇਜਾਜ਼ਤ ਦੇਣਾ ਕਾਨੂੰਨ ਅਤੇ ਜਨਤਕ ਨੀਤੀ ਦੇ ਉਲਟ ਹੋਵੇਗਾ ਅਤੇ ਇਹ ਪੁਸ਼ਟੀ ਕਰਦਾ ਹੈ ਕਿ ਪੰਜਾਬ ਸਰਕਾਰ ਰਾਜ ਦੇ ਵਾਤਾਵਰਣ ਦੀ ਰੱਖਿਆ ਲਈ ਆਪਣੇ ਮਿਸ਼ਨ ਵਿੱਚ ਦ੍ਰਿੜ੍ਹ ਹੈ। ਜ਼ੀਰਾ ਸਾਂਝਾ ਮੋਰਚਾ ਦੇ ਰੋਮਨ ਬਰਾੜ ਨੇ ਕਿਹਾ, ਅੰਤ ਵਿੱਚ ਪੰਜਾਬ ਸਰਕਾਰ ਨੇ ਪਿਛਲੇ ਢਾਈ ਸਾਲ ਤੋਂ ਸਾਡੀ ਗੱਲ ਨੂੰ ਸਵੀਕਾਰ ਕਰ ਲਿਆ ਹੈ ਜੋ ਅਸੀਂ ਪਹਿਲੇ ਦਿਨ ਤੋਂ ਕਹਿੰਦੇ ਆ ਰਹੇ ਹਾਂ ਕਿ ਇਹ ਇੱਕ ਪ੍ਰਦੂਸ਼ਕ ਫੈਲਾਉਣ ਵਾਲਾ ਅਤੇ ਬਦਨਾਮ ਉਦਯੋਗ ਹੈ ਅਤੇ ਇਸ ਨੂੰ ਬੰਦ ਕੀਤਾ ਜਾਣਾ ਚਾਹੀਦਾ ਹੈ। ਇਸ ਵਿੱਚ ਤਿੰਨ ਸਾਲਾਂ ਦੀ ਤੁੱਕ ਫ਼ੰਕਵੀਂ ਮਿਹਨਤ ਲੱਗੀ ਪਰ ਹੁਣ ਇਸਦਾ ਚੰਗਾ ਨਤੀਜਾ ਆ ਰਿਹਾ ਹੈ। ਡਾ. ਅਮਨਦੀਪ ਬੈਂਸ ਨੇ ਅੱਗੇ ਕਿਹਾ, ਹਲਫ਼ਨਾਮਾ ਖੁਦ ਗੰਭੀਰ ਜਨਤਕ ਸਿਹਤ ਜੋਖਮਾਂ ਨੂੰ ਸਵੀਕਾਰ ਕਰਦਾ ਹੈ।ਕਪਿਲ ਅਰੋੜਾ ਨੇ ਜ਼ੋਰ ਦੇ ਕੇ ਕਿਹਾ, ਪ੍ਰਦੂਸ਼ਕਾਂ ਨੂੰ ਹੁਣ ਪ੍ਰਦੂਸ਼ਣ ਫੈਲਾਉਣ ਵਾਲਾ ਭੁਗਤਾਨ ਕਰੇ ਸਿਧਾਂਤ ਦੇ ਤਹਿਤ ਸਫਾਈ ਲਈ ਭੁਗਤਾਨ ਕਰਨਾ ਪਵੇਗਾ, ਜਿਵੇਂ ਕਿ ਰਾਜ ਸਰਕਾਰ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ। ਕੁਲਦੀਪ ਖਹਿਰਾ ਨੇ ਕਿਹਾ, ਇਹ ਇੱਕ ਨੈਤਿਕ ਅਤੇ ਸੰਸਥਾਗਤ ਜਿੱਤ ਹੈ।

# ਰਵਿੰਦਰ ਕੁਮਾਰ ਸੱਭਰਵਾਲ ਕਾਂਗਰਸ 'ਚ ਮੁੜ ਹੋਏ ਸ਼ਾਮਲ



**ਜਗਰਾਉਂ (ਅਮਿਤ ਖੰਨਾ)**-ਕਾਂਗਰਸ ਪਾਰਟੀ ਦੀ ਪਿਛਲੇ ਲੰਬੇ ਅਰਸੇ ਤੋਂ ਸੇਵਾ ਕਰ ਰਹੇ ਬਲਾਕ ਕਾਂਗਰਸ ਦੇ ਸਾਬਕਾ ਪ੍ਰਧਾਨ ਰਵਿੰਦਰ ਕੁਮਾਰ ਸੱਭਰਵਾਲ ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਉਂ ਦੀ ਮੁੜ ਘਰ ਵਾਪਸੀ ਹੋਈ ਹੈ। ਉਹ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪਾਰਟੀ ਦੇ ਜਨਰਲ ਸਕੱਤਰ ਕੈਪਟਨ ਸੰਦੀਪ ਸੰਧੂ ਦੀ ਅਗਵਾਈ 'ਚ ਤਰਨ ਤਾਰਨ ਜ਼ਿਮਨੀ ਚੋਣਾਂ ਦੌਰਾਨ ਕਾਂਗਰਸ ਪਾਰਟੀ 'ਚ ਸ਼ਾਮਲ ਹੋ ਗਏ। ਇਸ ਮੌਕੇ ਪਾਰਟੀ ਪ੍ਰਧਾਨ ਰਾਜਾ ਵੜਿੰਗ ਨੇ ਰਵਿੰਦਰ ਸੱਭਰਵਾਲ ਦਾ ਪਾਰਟੀ 'ਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ। ਇਸ ਮੌਕੇ ਰਵਿੰਦਰ ਸੱਭਰਵਾਲ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਪਿਛਲੇ ਲੰਬੇ ਅਰਸੇ ਤੋਂ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੈਂ ਕਦੇ ਕਾਂਗਰਸ ਪਾਰਟੀ ਨਹੀਂ ਛੱਡੀ। ਨਗਰ ਕੌਂਸਲ ਪ੍ਰਧਾਨ ਨਾਲ ਦੂਰੀਆਂ ਹੋਣ ਕਾਰਨ ਸਾਨੂੰ ਕਾਂਗਰਸ ਪਾਰਟੀ ਤੋਂ ਦੂਰ ਹੋਣਾ ਪਿਆ। ਸੱਭਰਵਾਲ ਨੇ ਕਿਹਾ ਕਿ ਉਨ੍ਹਾਂ ਨੇ ਜਿਸ ਤਰ੍ਹਾਂ ਪਹਿਲਾਂ ਕਾਂਗਰਸ ਪਾਰਟੀ ਦੀ ਸੇਵਾ ਕੀਤੀ, ਉਸੇ ਤਰ੍ਹਾਂ ਅੱਗੇ ਵੀ ਕਰਦੇ ਰਹਿਣਗੇ। ਇਸ ਮੌਕੇ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਸ਼ਹਿਰੀ ਰਾਜੇਸ਼ਇੰਦਰ ਸਿੰਘ ਸਿੱਧੂ ਵੀ ਹਾਜ਼ਰ ਸਨ।

# ਗੁਲਾਮ ਦੀਨ ਟੂਰਨਾਮੈਂਟ ਦਾ ਮੈਨ ਆਫ ਸੀਰੀਜ਼ ਤੇ ਮਨਪ੍ਰੀਤ ਰਿਹਾ ਬੈੱਸਟ ਬਾਲਰ

**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**- ਹਰਿਆਣਾ ਦੇ ਸੋਨੀਪਤ ਸ਼ਹਿਰ 'ਚ ਕਰਵਾਏ ਗਏ ਚਾਰ ਟੀਮਾਂ ਦੇ ਕੇਸਰੀ ਦਿਵਿਆਂਗ ਕ੍ਰਿਕਟ ਟੀ-20 ਟੂਰਨਾਮੈਂਟ ਲਈ ਤਹਿਸੀਲ ਸਰਦੂਲਗੜ੍ਹ ਦੇ ਪਿੰਡ ਆਦਮਕੇ, ਕਪਤਾਨ ਜਸਮੇਲ ਸਿੰਘ ਤੇ ਉਪ ਕਪਤਾਨ ਮੰਗਲ ਸਿੰਘ ਟਹਿਣਾ ਦੀ ਅਗਵਾਈ 'ਚ ਪੰਜਾਬ ਦੀ ਦਿਵਿਆਂਗ ਕ੍ਰਿਕਟ ਟੀਮ ਨੇ ਟੂਰਨਾਮੈਂਟ ਵਿਚ ਭਾਗ ਲਿਆ।ਇਸ ਟੂਰਨਾਮੈਂਟ 'ਚ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਦੀਆਂ ਦਿਵਿਆਂਗ ਟੀਮਾਂ ਨੇ ਭਾਗ ਲਿਆ। ਪੰਜਾਬ ਟੀਮ ਦਾ ਆਪਣਾ ਲੀਗ ਦਾ ਪਹਿਲਾ ਮੁਕਾਬਲਾ ਚੰਡੀਗੜ੍ਹ ਦੀ ਟੀਮ ਨਾਲ ਹੋਇਆ। ਜਿਸ 'ਚ ਮਲੂਕੇ ਦੇ ਲਾਡੀ 97 (56) ਅਤੇ ਕਾਉਣੀ ਦੇ ਬਲਰਾਜ 65(30) ਮਿਡਲ ਆਰਡਰ 'ਚ ਮੋਨੂੰ ਮਲੂਕਾ ਨੇ 36 (24) ਤਾਬੜਤੋੜ ਬੈਟਿੰਗ ਕਰਦੇ ਹੋਏ ਵਿਸ਼ਾਲ ਸਕੋਰ 226 ਦਾ ਟਾਰਗੈਟ ਚੰਡੀਗੜ੍ਹ ਦੀ ਟੀਮ ਨੂੰ ਦਿੱਤਾ। ਬਾਅਦ 'ਚ ਟਾਰਗੈਟ ਦਾ ਪਿੱਛਾ ਕਰਦੀ ਚੰਡੀਗੜ੍ਹ ਦੀ ਟੀਮ ਨੂੰ ਪੰਜਾਬ ਦੇ ਗਗਨ ਅਤੇ ਮਨਪ੍ਰੀਤ ਤੇ ਕਪਤਾਨ ਜਸਮੇਲ ਦੀ ਬਾਲਿਗ ਨੇ 155 ਸਕੋਰ 'ਤੇ ਹੀ ਰੋਕ ਲਿਆ ਤੇ ਪੰਜਾਬ ਦੀ ਟੀਮ ਨੇ 70 ਸਕੋਰ 'ਤੇ ਜਿੱਤ ਹਾਸਲ ਕੀਤੀ । ਫਾਈਨਲ ਮੁਕਾਬਲੇ 'ਚ ਪੰਜਾਬ ਦਾ ਮੁਕਾਬਲਾ ਹਰਿਆਣਾ ਦੀ ਟੀਮ ਨਾਲ ਰਿਹਾ। ਪੰਜਾਬ ਟੀਮ ਨੇ ਲਾਡੀ ਮਲੂਕਾ ਅਤੇ ਚਰਤੋਲੀ ਦੇ ਗੁਲਾਮ ਦੀਨ ਦੀ ਤਾਬੜਤੋੜ ਬੱਲੇਬਾਜ਼ੀ ਨੇ 142 (60) ਜਿਸ ਚ 12 ਚੌਕੇ 11 ਛੱਕੇ ਨੇ ਹਰ ਇਕ ਦਰਸ਼ਕ ਦੇ ਦਿਲ ਨੂੰ ਮੋਹ ਲਿਆ 224 ਦਾ ਇਕ ਵੱਡਾ ਟਾਰਗੈਟ ਸੈੱਟ ਕਰ ਦਿੱਤਾ। ਸਕੋਰ ਦਾ ਪਿੱਛਾ ਕਰਦੀ ਹਰਿਆਣਾ ਦੀ ਟੀਮ ਦੀ ਸਿਰਫ 179 ਸਕੋਰ ਹੀ ਕਰ ਸਕੀ, ਜਿਸ ਨਾਲ ਪੰਜਾਬ ਟੀਮ 44 ਸਕੋਰ ਤੇ ਫਾਈਨਲ ਮੁਕਬਲੇ ਦੀ ਵਿਜੇਤਾ ਟੀਮ ਰਹੀ। ਗੁਲਾਮ ਦੀਨ ਇਸ ਟੂਰਨਾਮੈਂਟ ਦਾ ਮੈਨ ਆਫ ਸੀਰੀਜ਼ ਰਿਹਾ ਤੇ ਮਨਪ੍ਰੀਤ ਸਿੰਘ ਬੈਸਟ ਬਾਲਰ ਰਿਹਾ। ਪਿੰਡ ਆਦਮਕੇ ਪਹੁੰਚਣ ਤੇ ਇਹਨਾਂ ਖਿਡਾਰੀਆਂ ਦਾ ਲੋਕਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਬਾਬਾ ਬੱਗਾ ਸਿੰਘ, ਮੁੱਖ ਗ੍ਰੰਥੀ ਗੁਰਦੁਆਰਾ ਦੁੱਖ ਨਿਵਾਰਨ ਆਦਮਕੇ, ਅਮਰੀਕ ਸਿੰਘ ਡਾ. ਜੰਗ ਸਿੰਘ, ਹਰਭਜਨ ਸਿੰਘ, ਜੋਗਿੰਦਰ ਸਿੰਘ ਸਰਾਂ, ਸੱਤਪਾਲ ਸਿੰਘ ਪੰਚ, ਗਿਆਨੀ ਦਰਸ਼ਨ ਸਿੰਘ, ਰਵਿੰਦਰ ਰਵੀ, ਕੁਲਦੀਪ ਫੌਜੀ, ਮਾਸਟਰ ਜਗਸੀਰ ਸਿੰਘ ਆਦਮਕੇ, ਬਲਵੀਰ ਸਿੰਘ ਅਤੇ ਸਮੂਹ ਨਗਰ ਨਿਵਾਸੀ ਵੀ ਹਾਜ਼ਰ ਸਨ।




# ਰੁੜਕਾ ਦੀ ਅਗਵਾਈ 'ਚ ਤਰਨ ਤਾਰਨ ਜ਼ਿਮਨੀ ਚੋਣ ਲਈ ਰੋਡ ਸ਼ੋਅ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਜਲੰਧਰ ਦੇ ਮੀਡੀਆ ਇੰਚਾਰਜ ਮੇਲਾ ਸਿੰਘ ਰੁੜਕਾ ਦੀ ਅਗਵਾਈ ਵਿੱਚ ਪੂਰੀ ਟੀਮ ਤਰਨ ਤਾਰਨ ਵਿਖੇ ਜ਼ਿਮਨੀ ਚੋਣ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੌਮੀ ਕਨਵੀਨਰ ਦੇ ਰੋਡ ਸ਼ੋ ਵਿੱਚ ਫਿਲੌਰ ਦੇ ਮੀਡੀਆ ਹਲਕਾ ਕੁਆਰਡੀਨੇਟਰ ਮਨਦੀਪ ਸਿੰਘ ਸ਼ਾਹਪੁਰ, ਵਾਇਸ ਕੁਆਰਡੀਨੇਟਰ ਗੌਰਵ ਬਾਵਾ, ਨਕੋਦਰ ਤੋਂ ਕੁਆਰਡੀਨੇਟਰ ਗੁਰਪ੍ਰੀਤ ਸਿੰਘ, ਵਾਇਸ ਕੁਆਰਡੀਨੇਟਰ ਵੇਦ ਪ੍ਰਕਾਸ਼, ਸ਼ਾਹਕੋਟ ਤੋਂ ਵਾਇਸ ਕੁਆਰਡੀਨੇਟਰ ਪਰਮਵੀਰ ਸਿੰਘ, ਆਦਮਪੁਰ ਤੋਂ ਕੁਆਰਡੀਨੇਟਰ ਅਮਨਦੀਪ ਹਨੀ ਵਾਇਸ ਕੁਆਰਡੀਨੇਟਰ ਅਮਰਜੀਤ ਜੰਡੀਰ ਸ਼ਾਮਲ ਸਨ।

# ਗੁਰਦੁਆਰਾ ਹਾਅ ਦਾ ਨਾਅਰਾ ਸਾਹਿਬ ਵਿਖੇ ਕਵੀ ਦਰਬਾਰ ਅੱਜ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੀ 350ਵੀਂ ਮਹਾਨ ਸ਼ਤਾਬਦੀ ਨੂੰ ਸਮਰਪਤ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਗੁਰਗੱਦੀ ਦਿਵਸ ਨੂੰ ਸਮਰਪਤ ਗੁਰਦੁਆਰਾ ਸਾਹਿਬ ਹਾਅ ਦਾ ਨਾਅਰਾ ਮਾਲੇਰਕੋਟਲਾ ਵਿਸ਼ੇਸ਼ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆ ਮੁੱਖ ਗ੍ਰੰਥੀ ਭਾਈ ਨਰਿੰਦਰ ਪਾਲ ਸਿੰਘ ਨੇ ਦੱਸਿਆ ਕਿ 8 ਨਵੰਬਰ ਨੂੰ ਸਾਮ 6:00 ਵਜੇ ਤੋਂ ਰਾਤ 9:00 ਵਜੇ ਤੱਕ ਕਵੀ ਦਰਬਾਰ ਦਾ ਆਜੋਯਨ ਕੀਤਾ ਜਾ ਰਿਹਾ ਹੈ। ਇਸ ਕਵੀ ਦਰਬਾਰ 'ਚ ਪੰਥਕ ਕਵੀ ਰਛਪਾਲ ਸਿੰਘ ਪਾਲ ਪੰਜਾਬ ਦਾ ਰਫੀ ਜਲੰਧਰ ਵਾਲੇ, ਡਾਕਟਰ ਹਰੀ ਸਿੰਘ ਲੁਧਿਆਣਾ ਵਾਲੇ, ਬਲਵੀਰ ਸਿੰਘ ਬਾਲ ਮੁਰਿੰਡੇ ਵਾਲੇ ਅਤੇ ਜਮੀਰ ਅਲੀ ਜਮੀਰ ਮਾਲੇਰਕੋਟਲਾ ਪਹੁੰਚ ਰਹੇ ਹਨ। 17 ਨਵੰਬਰ ਨੂੰ ਸ਼ਾਮ 6:00 ਵਜੇ ਤੋਂ 8:00 ਵਜੇ ਤੱਕ ਪ੍ਰਸਿੱਧ ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣਾ ਵਾਲਾ ਕਥਾ ਕਰਨਗੇ ਅਤੇ 23, 24, 25 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤੇ ਮਹਾਨ ਸ਼ਹੀਦਾਂ ਦਾ 350ਵਾਂ ਸ਼ਹੀਦੀ ਦਿਹਾੜਾ ਹੈ ਅਤੇ 30 ਨਵੰਬਰ ਸਵੇਰੇ 10:00 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ ਜਿਸ 'ਚ ਤੱਖਤ ਸ੍ਰੀ ਦਮਦਮਾ ਸਾਹਿਬ ਤੋਂ ਪੰਜ ਪਿਆਰੇ ਬਾਟਾ ਤਿਆਰ ਕਰਨਗੇ ਖੰਡੇ ਬਾਟੇ ਦਾ ਅੰਮ੍ਰਿਤ ਛਕਾਉਣਗੇ ਅਤੇ ਕਕਾਰਾ ਦੀ ਸੇਵਾ ਫ੍ਰੀ ਹੋਵੇਗੀ।

# ਪ੍ਰਾਈਵੇਟ ਸਕੂਲਾਂ ਦੇ-ਪ੍ਰਾਇਮਰੀ ਵਿੰਗ ਤੇ ਪ੍ਰਾਈਵੇਟ ਪਲੇਅ-ਵੇਅ ਸਕੂਲਾਂ ਦੀ ਰਜਿਸਟ੍ਰੇਸ਼ਨ ਲਾਜ਼ਮੀ: ਜ਼ਿਲ੍ਹਾ ਪ੍ਰੋਗਰਾਮ ਅਫ਼ਸਰ

**ਮਾਨਸਾ (ਆਤਮਾ ਸਿੰਘ ਪਮਾਰ)**- ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਪ੍ਰਾਈਵੇਟ ਸੰਸਥਾਵਾਂ ਜੋ ਕਿ ਅਰਲੀ ਚਾਇਲਡ ਕੇਅਰ ਐਂਡ ਐਜੂਕੇਸ਼ਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਹਨ, ਨੂੰ ਰਜਿਸਟਰ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਇਨ੍ਹਾਂ ਹਦਾਇਤਾਂ ਦੇ ਸਨਮੁਖ ਪੰਜਾਬ ਰਾਜ ਵਿੱਚ 3 ਤੋਂ 6 ਸਾਲ ਤੱਕ ਦੇ ਬੱਚਿਆਂ ਲਈ ਅਰਲੀ ਚਾਇਲਡ ਕੇਅਰ ਐਂਡ ਐਜੂਕੇਸ਼ਨ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਪਾਸੋਂ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਖੁਸ਼ਵੀਰ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਵਿੱਚ ਜਾਰੀ ਚੈੱਕ ਲਿਸਟ ਅਨੁਸਾਰ ਪ੍ਰਾਈਵੇਟ ਪਲੇਅ ਵੇਅ ਸਕੂਲਾਂ ਨੂੰ ਰਜਿਸਟ੍ਰੇਸ਼ਨ ਲਈ ਹਦਾਇਤਾਂ ਵਿੱਚ ਦਰਜ ਫਾਰਮ ਨੰ.1 ਵਿੱਚ ਭਰ ਕੇ ਫਾਇਲ ਦੋ ਪਰਤਾਂ ਸਮੇਤ ਰੰਗਦਾਰ ਫੋਟੋਆਂ ਵਿੱਚ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਸਾਹਮਣੇ ਬਾਲ ਭਵਨ, ਵਿਸ਼ਾਲ ਸਟੂਡੀਓ ਵਾਲੀ ਗਲੀ, ਨਿਊ ਕੋਰਟ ਰੋਡ, ਮਾਨਸਾ ਵਿਖੇ ਜਮ੍ਹਾਂ ਕਰਵਾਉਣੀ ਹੋਵੇਗੀ, ਜਿਸ ਦੀ ਬਾਅਦ ਵਿੱਚ ਵੈਰੀਫਿਕੇਸ਼ਨ ਕਰਵਾਈ ਜਾਵੇਗੀ। ਪੰਜਾਬ ਸਰਕਾਰ ਪਾਸੋਂ ਜਾਰੀ ਨੋਟੀਫਿਕੇਸ਼ਨ ਵੈੱਬਸਾਈਟ https://mansa.nic.in ਤੇ ਉਪਲਬੱਧ ਹੈ।

# ਬਲਾਕ ਪੱਧਰੀ ਫਸਲ ਰਹਿੰਦ-ਖੂੰਹਦ ਪ੍ਰਬੰਧਨ ਜਾਗਰੂਕਤਾ ਪ੍ਰੋਗਰਾਮ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਕ੍ਰਿਸ਼ੀ ਵਿਗਿਆਨ ਕੇਂਦਰ ਫਾਜ਼ਿਲਕਾ (ਖੇਤਰੀ ਕੇਂਦਰ, ਸੀਫੇਟ ਅਬੋਹਰ) ਨੇ ਪਿੰਡ ਬਹਾਵਲਬਾਸੀ ਵਿੱਚ ਬਲਾਕ ਪੱਧਰੀ ਫਸਲ ਰਹਿੰਦ-ਖੂੰਹਦ ਪ੍ਰਬੰਧਨ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ। ਲਗਭਗ 60 ਕਿਸਾਨਾਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਉਦੇਸ਼ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਆਧੁਨਿਕ ਤਕਨੀਕਾਂ ਅਤੇ ਮਸ਼ੀਨਰੀ ਦੀ ਵਰਤੋਂ ਬਾਰੇ ਜਾਗਰੂਕ ਕਰਨਾ । ਡਾ. ਅਰਵਿੰਦ ਅਹਲਾਵਤ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਦੱਸਿਆ ਕਿ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਨਾ ਸਿਰਫ਼ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਿਹਤਰ ਬਣਾਉਂਦਾ ਹੈ ਬਲਕਿ ਵਾਤਾਵਰਣ ਪ੍ਰਦੂਸ਼ਣ ਨੂੰ ਵੀ ਰੋਕਦਾ ਹੈ। ਡਾ. ਕਿਸ਼ਨ ਪਟੇਲ ਨੇ ਕਿਸਾਨਾਂ ਨੂੰ ਇਨ-ਸੀਟੂ ਅਤੇ ਐਕਸ-ਸੀਟੂ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਤਕਨੀਕਾਂ ਬਾਰੇ ਦੱਸਿਆ।ਸੀਫੇਟ ਅਬੋਹਰ ਤੋਂ ਵਿਗਿਆਨੀ ਡਾ. ਮਹੇਸ਼ ਸਮੋਤਾ ਅਤੇ ਡਾ. ਸ਼ਿਲਪਾ ਸੇਲਵਾਨ ਨੇ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਵਿੱਚ ਵਰਤੀ ਜਾਣ ਵਾਲੀ ਨਵੀਨਤਮ ਮਸ਼ੀਨਰੀ ਅਤੇ ਉਨ੍ਹਾਂ ਦੀ ਵਰਤੋਂ ਦੇ ਫਾਇਦਿਆਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਇਹ ਤਕਨੀਕਾਂ ਕਿਵੇਂ ਖੇਤੀ ਉਤਪਾਦਕਤਾ ਵਧਾ ਸਕਦੀਆਂ ਹਨ ਅਤੇ ਲਾਗਤਾਂ ਘਟਾ ਸਕਦੀਆਂ ਹਨ। ਪ੍ਰੋਗਰਾਮ ਦੌਰਾਨ ਮਲਚਰ ਮਸ਼ੀਨ ਦਾ ਲਾਈਵ ਪ੍ਰਦਰਸ਼ਨ ਵੀ ਕੀਤਾ ਗਿਆ, ਜਿਸ ਵਿੱਚ ਇਹ ਦਰਸਾਇਆ ਗਿਆ ਕਿ ਕਿਵੇਂ ਇਹ ਮਸ਼ੀਨ ਫਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਮਿਲਾ ਕੇ ਮਿੱਟੀ ਦੀ ਗੁਣਵੱਤਾ ਵਿੱਚ ਸੁਧਾਰ ਕਰ ਸਕਦੀ ਹੈ।ਅੰਤ ਵਿੱਚ ਮਾਹਿਰਾਂ ਨੇ ਕਿਸਾਨਾਂ ਨੂੰ ਵੱਖ-ਵੱਖ ਸਰਕਾਰੀ ਸੀ ਆਰ ਐਮ ਸਕੀਮਾਂ ਅਤੇ ਮਸ਼ੀਨਰੀ 'ਤੇ ਉਪਲਬਧ ਸਬਸਿਡੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਸਾਰਿਆਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਨਾ ਸਾੜਨ ਦਾ ਪ੍ਰਣ ਲੈਣ ਦੀ ਅਪੀਲ ਕੀਤੀ।



# ਕਲਾਸੀਫਾਈਡ ਇਸ਼ਤਿਹਾਰ

## Change of Name

I, Jaspal Singh S/o Balvir Singh R/o VPO Bulhowal Distt. Hoshiarpur Punjab have changed my name from Jaspal Singh to Singh Jaspal. Concerned note.

I,Arun Aggarwal S/O Kashmiri Lal R/O H. No.167/1, Basant Avenue, Amritsar, Punjab have changed my name from Arun Aggarwal to Arun Kumar.Concerned note.

I, Davinder Kaur W/o Pargat Singh R/o Vill Borewal Kang Post Office Sham Nagar Tehsil Majitha Distt Amritsar have declare that Davinder is my Given name and Kaur is my Surname.

I, Harish Kumar S/o Guru Dass Sethi R/o 1257/7, Kucha Salamat Singh Chowk Jai Singh District Amritsar have declare that below all names are mine one and same person Harish Kumar, Harish, Harish Chander & Harish Sethi.

I, Gurdip Singh S/o Gurdyal Singh R/o Village Chabhal Kalan Tehsil and District Tarn Taran have changed my name from Gurdip Singh to Gurdeep Singh.

I, Karam Singh S/o Harbhajan Singh R/o 47, Vill. Rana Kala Tehsil and Amritsar, Punjab-143116 India have changed my name from Karam Singh to Karamjit Singh. Concerned Note.

I, Sukhdeep Kaur W/o Jagminder Singh R/o Rasulpur Kalan, Rasulpur Kalan Amritsar have declare that Sukhdeep is my Given name and Kaur is my Surname.

I, Padam Anthony S/o Surti R/o 675/12 Gawal Mandi Ram Tirath Road Amritsar have changed the name of my minor Son from Abhay to Abhay Aden.

I, Sonia Kapoor W/o Sanjeev Kumar R/o H No. 1615, Gali Suniaran wali, Jandiala Guru Distt Amritsar have changed my name from Sonia Kapoor to Sonia.

I, Ram Kishor S/O Bhagwanti Deen R/O H. No. 518/9, Model Town, District. Jalandhar - 144003, Punjab have changed my name from Ram Kishor to Ram Kishor Sharma. All Concerned Please Note.

I hitherto known as Sahil S/O Sukhdev Singh, residing at dallewal jahan khelan PO Hoshiarpur district Hoshiarpur Punjab 146001 have changed my name and shall hereafter be known as Sahil Singh.

I Nancy D/O Prithvi Raj R/O Hno. 363 St. No. 01, Subhash Nagar, Phagwara, Distt. Kapurthala, Punjab I Have Changed My Name From Nancy To Nancy Raj And Raj Is My Surname.

I, Jobanpreet Singh S/o Kawaljit Singh R/o Village Dhadiala Natt, Tehsil Batala, District Gurdaspur, Punjab have changed my name from Jobanpreet Singh to Singh Jobanpreet. That Singh is my Surname & Jobanpreet is Given Name. Concerned Note.

I, Ranbir Kumar S/O Narinder Pal, R/o Aujla, Gurdaspur, Punjab-143520, have changed my name and shall hereafter be Known as Ranbir Singh Aujla.

I, Sunny S/o Paramjit Singh R/o Village Gobindpur, Po. Nijjran, Distt. Jalandhar, Punjab have changed my name from Sunny to Sunny Sabharwal. All Please Note.

I, Harjinder Singh S/o Mukhinder Singh R/o Village Nangal Isher, PO, Hariana (Hoshiarpur) Punjab declare that my given neme as Harjinder and my surname as Singh. All concerned please note.

I Nishan Singh Gill S/o Ninder Singh Village Talwandi Sobha Singh Tehsil Patti District Tarntaran Have Changed my name From Nishan Singh Gill to Nishan Singh Pl note it.

## Change of Name

I, Rinki, D/O Ram Singh R/o House No.1425/21, Near Post Office, Phase-11, S.A.S. Nagar (Mohali), Punjab- 160062. have changed my name and shall hereafter be Known as Reet Kaur.

I, Jaskaran Singh Khera S/O HJS Khera, R/o 37-BX, Model Town Extn. Dist; Ludhiana, Punjab- 141002, have changed my name and shall hereafter be Known as JKS Khera.

I, Shivam Koushal S/O Vishal Kaushal, R/o House No-195, Mohalla Ahuwalia, Khanna, Ludhiana, Punjab-141401, have changed my name and shall hereafter be Known as Shivam Kaushal.

I, Priya D/o Samuel Masih R/o Kandhala Guru, PO. Kandhala Guru, Jalandhar, Punjab, India have changed my name from Priya to Priya Masih. All concerned please note.

I, Raj wife of Samuel Masih R/o VPO. Kandhala Guru, PO. Kandhala Guru, Jalandhar, Punjab have changed my name from Raj to Raj Samuel. All concerned please note.

I Rani w/o Surinder Pal r/o VPO Chuharwali District Jalandhar, have changed my name from Rani to Rani Devi.

I, Renuka Rakkar D/o Deepak Kumar R/o V.P.O. Rakran Dhahan, SBS Nagar, Punjab-144526 changed my name to Renuka.

I, Jaswant Kaur w/o Jagtar Singh r/o Vill. Thakar Ki, Po. Bhanoki, Tehsil Phagwara, Kapurthala have changed my minor son name from Sahil Heer to Given name as Sahil & Surname as Heer. All Please Note.

I, Sonal Gupta w/o Abhishek Bansal r/o 307-B, Surya Enclave, Jalandhar, Punjab have changed my name to Sonal Bansal, after marriage. All Please Note.

I, Boota Singh s/o Mehar Singh r/o Gill Patti VPO. Chuhar Chak, Distt. Moga have changed the spelling of my name to Buta Singh. All Please Note.

I, hitherto Known as NANCY Daughter of BALDEV RAJ residing at H.No. WG-523, Mohalla Ucha Suraaj Ganj, Near Back Side Lovely Bake Studio, Jalandhar-144001, Punjab, India have changed my name and shall hereafter be known as NANCY SINGH.

I, Urvashi Jaggi W/o Bawa Yashwinder Singh R/o H.No. 3376/14, Surian Street, Kartarpur, District Jalandhar, Punjab have changed my name from Urvashi Jaggi to Urvashi Bawa. All Please Note.

I, Mahesh Kumar S/o Madan Lal R/o Patti Mallovirk, VPO. Virk, Teh. Phillaur, Distt. Jalandhar have changed my name Mahesh as given name and Kumar as a Surname kindly noted.

I, Amandeep Singh S/o Lakhwinder Singh R/o VPO. Bhatnura Lubana Bhogpur, Distt. Jalandhar, Punjab have changed my name from Amandeep Singh to Given name as Amandeep & Surname as Singh. All Please Note.

I, Ram Lubhaya son of Bachana Ram resident of H.No. 33/1, Shaheed Baba Deep Singh Nagar, Reru, PO. Nurpur, Jalandhar, Punjab declare that in my passport my given name is mentioned as Ram and Surname is mentioned as Lubhaya. Whereas I want to mention my given name as Ram Lubhaya. All concerned please note.

I, Rakesh Kumar Gandhi alias Rakesh Gandhi S/O Sardari Lal, R/o H No 32, New Sheetal Nagar Extension Near D.A.V College, Jalandhar- I, Grain Market, Punjab- 144008, have changed my name and shall hereafter be Known as Rakesh Kumar.

## ਬੇਦਖਲੀ ਨੋਟਿਸ

ਮੈਂ ਬਚਨ ਮਸੀਹ ਪੁੱਤਰ ਖਜਾਨ ਮਸੀਹ ਵਾਸੀ ਪਿੰਡ ਨੜਾਂਵਾਲੀ ਤਹਿਸੀਲ ਕਲਾਨੌਰ ਜਿਲ੍ਹਾ ਗੁਰਦਾਸਪੁਰ ਦਾ ਰਹਿਣ ਵਾਲਾ ਹਾਂ ਅਤੇ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਰਬਜੀਤ ਮਸੀਹ ਅਤੇ ਨੂੰਹ ਰਿੰਪਲ ਜੋ ਕਿ ਆਪਣੀ ਮਨ ਮਰਜ਼ੀ ਕਰਦੇ ਹਨ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ ਮੈਂ ਇੰਨਾਂ ਦੋਨਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਤ ਤੋਂ ਬੇਦਖਲ ਕਰਦਾ ਹਾਂ ਅੱਜ ਤੋਂ ਬਾਅਦ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈ, ਆਈਵੰਨ ਪੁੱਤਰ ਸ਼੍ਰੀ ਸੁੱਚਾ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਲੜੋਆ ਤਹਿਸੀਲ ਆਦਮਪੁਰ ਭੋਗਪੁਰ ਜ਼ਿਲ੍ਹਾ ਜਲੰਧਰ, ਪੰਜਾਬ, ਬਿਆਨੀ ਹਾਂ ਕਿ ਮੇਰੀ ਲੜਕੀ ਅਲੀਸ਼ਾ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਰੇਸ਼ਮ ਸਿੰਘ ਪੁੱਤਰ ਲੇਖ ਰਾਮ, ਵਾਸੀ ਨੇੜੇ ਰਵਿਦਾਸ ਮੰਦਿਰ, ਧੂਰੀ ਪਿੰਡ, ਧੂਰੀ (ਸੰਗਰੂਰ) ਆਪਣੇ ਲੜਕੇ ਵਿਜੈ ਸਿੰਘ, ਨੂੰਹ ਜਸ਼ਨਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ, ਗੁਰਦੇਵ ਸਿੰਘ ਪੁੱਤਰ ਬਚਨ ਸਿੰਘ ਵਾਸੀ ਪਿੰਡ ਫਰੀਦ ਸਰਾਏ, ਤਹਿ. ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਇਹ ਹੈ ਕਿ ਮੇਰਾ ਲੜਕਾ ਗੁਰਜੰਟ ਸਿੰਘ ਅਤੇ ਮੇਰੀ ਨੂੰਹ ਸੁਮਨ ਜੋ ਕਿ ਮੇਰੇ ਕਹਿਣੇਕਾਰ ਤੋਂ ਬਾਹਰ ਹਨ ਅਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਮਰਜੀਤ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਮੈਰੀਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਇਹ ਹੈ ਕਿ ਮੇਰੀ ਲੜਕੀ ਪ੍ਰੀਤੀ ਜੋ ਕਿ ਮੇਰੇ ਕਹਿਣੇਕਾਰ ਤੋਂ ਬਾਹਰ ਹੈ ਅਤੇ ਬੁਰੀ ਸੰਗਤ ਵਿਚ ਪੈ ਗਈ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।

ਮੈਂ, ਰਣਜੀਤਾ ਪਤਨੀ ਕੇਵਲ ਕ੍ਰਿਸ਼ਨ, ਵਾਸੀ ਮਕਾਨ ਨੰਬਰ 1063, ਚਰਸੀ ਗੇਟ, ਮੁਹੱਲਾ ਜਲੋਟੀਆਂ, ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਤਿੰਦਰ ਕੁਮਾਰ ਅਤੇ ਉਸ ਦੀ ਪਤਨੀ ਰੀਨਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਕਮਲ(ਆਧਾਰ ਕਾਰਡ ਨੰ: 5847 0772 2098) ਪਤਨੀ ਸਵਰਗੀ ਸ਼੍ਰੀ ਗਣੇਸ਼ ਕੁਮਾਰ ਵਾਸੀ ਮਕਾਨ ਨੰਬਰ: ਬੀ-9/39, ਮੁਹੱਲਾ ਮਲਕਾਨਾ , ਕਪੂਰਥਲਾ, ਪੰਜਾਬ, ਭਾਰਤ ਦੀ ਹਾਂ ਅਤੇ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸ਼ਕੀਲ ਕੁਮਾਰ ਉਰਫ ਸੰਨੀ ਅਤੇ ਉਸਦੀ ਪਤਨੀ ਕਨਿੰਕਾ ਮੇਰੇ ਕਹਿਣੇ ਤੋ ਬਾਹਰ ਹਨ ਤੇ ਸਾਰੇ ਫੈਸਲੇ ਆਪਣੇ ਮਰਜੀ ਨਾਲ ਲੈ ਰਹੇ ਹਨ। ਇਸ ਲਈ ਮੈ ਇਹਨਾਂ ਦੋਨਾਂ ਨੂੰ ਅਪਨੀ ਤਮਾਮ ਚਲ-ਅਚਲ ਜਾਇਦਾਦ ਚੋਂ ਬੇਦਖਲ ਕਰਦੀ ਹਾਂ। ਮੈਂ ਇਹਨਾਂ ਦੋਨਾਂ ਨਾਲ ਕੋਈ ਤਲਕ ਵਾਸਤਾ ਨਹੀ ਰਖਣਾ ਚਾਹੰਦਾ, ਆਪਣੀ ਹਰ ਚੰਗੀ ਮਾੜੀ ਕਾਰਵਾਈ ਲਈ ਉਹ ਖੁਦ ਜਿੰਮੇਦਾਰ ਹੋਣਗੇ, ਮੈਂ ਜਾਂ ਮੇਰੇ ਪਰਿਵਾਰ ਦਾ ਕੋਈ ਮੈਂਬਰ ਉਹਨਾਂ ਦੇ ਕਿਸੇ ਵੀ ਕੰਮ ਲਈ ਜਿੰਮੇਵਾਰ ਨਹੀ ਹੋਣਗੇ।

ਅਸੀ, ਹਰਦੀਪ ਸਿੰਘ ਪੁੱਤਰ ਸਵਰਨ ਸਿੰਘ ਅਤੇ ਜਸਵਿੰਦਰ ਕੌਰ ਪਤਨੀ ਹਰਦੀਪ ਸਿੰਘ, ਵਾਸੀ ਪਿੰਡ ਮਜਾਦਪੁਰ, ਡਾਕਖਾਨਾ ਖਾਲੂ, ਤਹਿਸੀਲ ਵਾ ਜਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੇ ਹਾਂ ਕਿ ਅਸੀ ਆਪਣੇ ਪੁੱਤਰ ਜਸਪ੍ਰੀਤ ਸਿੰਘ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ। ਸਾਡੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸਬੰਧਤ ਨੋਟ ਕਰਨ।

ਮੈਂ, ਰਾਜ ਦੇਵੀ ਪਤਨੀ ਲੇਟ ਸ੍ਰੀ ਮਹਿੰਦਰ ਕੁਮਾਰ ਵਾਸੀ ਪਿੰਡ ਸਹਿਜੋਵਾਲ, ਥਾਣਾ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ ਵਾ ਉਸਦੀ ਪਤਨੀ ਪੂਨਮ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਅਸੀਂ, ਸੁਰਿੰਦਰ ਕੁਮਾਰ ਪੁੱਤਰ ਚੁੰਨੀ ਲਾਲ ਅਤੇ ਗੋਗੀ ਪਤਨੀ ਸੁਰਿੰਦਰ ਕੁਮਾਰ ਵਾਸੀਆਨ ਮਕਾਨ ਨੰ. ਐਨ. ਏ-339, ਕਿਸ਼ਨ ਪੁਰਾ, ਇੰਡਸਟਰੀਅਲ ਟਾਊਨ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਜੇ ਕੁਮਾਰ ਅਤੇ ਉਸਦੀ ਪਤਨੀ ਦੀਪਿਕਾ ਸ਼ਰਮਾ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੰਤੋਸ਼ ਵਿਧਵਾ ਸ੍ਰੀ ਮਨੋਹਰ ਲਾਲ ਪੁੱਤਰ ਲੇਟ ਚਿਰਾਗ, ਵਾਸੀ ਮਕਾਨ ਨੰਬਰ 352, ਗਲੀ ਨੰਬਰ 2, ਰਜਿੰਦਰ ਨਗਰ, ਜੀ. ਟੀ. ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀਆਂ ਲੜਕੀਆਂ ਰੇਨੂ ਪਤਨੀ ਅਨਿਲ ਅਤੇ ਵੰਧਨਾ ਪਤਨੀ ਮੰਗਤ ਰਾਮ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੀ ਦੇਖ-ਭਾਲ ਅਤੇ ਸਾਂਭ-ਸੰਭਾਲ ਨਹੀਂ ਕਰਦੀਆਂ । ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਰਛਪਾਲ ਸਿੰਘ ਪੁੱਤਰ ਬਚਨ ਸਿੰਘ ਅਤੇ ਸਲਵਿੰਦਰ ਕੌਰ ਪਤਨੀ ਰਛਪਾਲ ਸਿੰਘ, ਵਾਸੀ ਪਿੰਡ ਤਲਵੰਡੀ, ਦੋਰਾਂਗਲਾ, ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਕੁਲਦੀਪ ਸਿੰਘ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਆਮ ਸੂਚਨਾ

ਮੈਂ ਹਰਮਨਜੀਤ ਸਿੰਘ ਪੁੱਤਰ ਮਨਿੰਦਰ ਸਿੰਘ ਪੁੱਤਰ ਦਾਰਾ ਸਿੰਘ, ਪਿੰਡ ਬਾਣੀਆਂ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਸੂਚਿਤ ਕਰਦਾ ਹਾਂ ਕਿ ਮਾਲ ਰਿਕਾਰਡ ਜਮ੍ਹਾਂਬੰਦੀ ਸਾਲ 2019-20 ਵਾਕਿਆ ਪਿੰਡ ਬਾਣੀਆਂ ਦੇ ਖਾਤਾ ਨੰਬਰ 18, 19, 20 ਦੇ ਖਾਨਾ ਮਾਲਕੀ ਵਿੱਚ ਮੇਰੇ ਪਿਤਾ ਦਾ ਨਾਮ ਮਹਿੰਦਰ ਸਿੰਘ ਪੁੱਤਰ ਦਾਰਾ ਸਿੰਘ ਪੁੱਤਰ ਜੈਲ ਸਿੰਘ ਅਤੇ ਖਾਤਾ ਖਤੌਨੀ ਨੰ: 106/250 (ਖਾਨਾ ਕਾਸ਼ਤ) ਵਿੱਚ ਮਹਿੰਦਰ ਸਿੰਘ ਪੁੱਤਰ ਦਾਰਾ ਸਿੰਘ ਪੁੱਤਰ ਜੈਲ ਸਿੰਘ ਅਤੇ ਖਾਤਾ ਖਤੌਨੀ ਨੰ: 106/251 (ਖਾਨਾ ਕਾਸ਼ਤ) ਵਿੱਚ ਮਹਿੰਦਰ ਸਿੰਘ ਪੁੱਤਰ ਤਾਰਾ ਸਿੰਘ ਹੈ, ਮੈਂ ਉਪਰੋਕਤ ਮਾਲ ਰਿਕਾਰਡ 'ਚ ਆਪਣੇ ਪਿਤਾ ਦਾ ਸਹੀ ਨਾਮ ਮਨਿੰਦਰ ਸਿੰਘ ਪੁੱਤਰ ਦਾਰਾ ਸਿੰਘ ਪੁੱਤਰ ਜੈਲ ਸਿੰਘ ਦਰਜ ਕਰਵਾਉਣਾ ਹੈ। ਸਬੰਧਿਤ ਨੋਟ ਕਰਨ।

ਉਤਮ ਸਿੰਘ ਪੁੱਤਰ ਗੁਰਨਾਮ ਸਿੰਘ, ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਵਾਕਿਆ ਰਕਬਾ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ-02-733, 15 ਹਾਰਸ ਪਾਵਰ ਨੂੰ ਕੁਲਵੰਤ ਕੌਰ ਪਤਨੀ ਗੁਰਜੰਟ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਤਬਦੀਲ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ ਐੱਸ ਪੀ ਸੀ ਐੱਲ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਪੇਸ਼ ਹੋ ਕੇ ਲਗਾ ਸਕਦਾ ਹੈ।

ਇਸ ਦਫ਼ਤਰ ਅਧੀਨ ਮਨਜੀਤ ਕੌਰ ਪਤਨੀ ਬਲਦੇਵ ਸਿੰਘ, ਵਾਸੀ ਪਿੰਡ ਸ਼ੇਰਖਾਂਵਾਲਾ ਦੇ ਨਾਂਅ 'ਤੇ ਰਕਬਾ ਰਾਮਗੜ੍ਹਸ਼ਾਹਪੁਰੀਆ ਵਿਖੇ ਇਕ ਟਿਊਬਵੈੱਲ ਕੁਨੈਕਸ਼ਨ ਚੱਲ ਰਿਹਾ ਹੈ, ਜਿਸ ਦਾ ਖਾਤਾ ਨੰਬਰ ਏ ਪੀ 23/80 ਹੈ। ਜਿਸ ਨੂੰ ਸੁਖਪਾਲ ਸਿੰਘ ਪੁੱਤਰ ਭਰਪੂਰ ਸਿੰਘ ਵਾਸੀ ਪਿੰਡ ਰਾਮਗੜ੍ਹਸ਼ਾਹਪੁਰੀਆ ਆਪਣੇ ਨਾਂਅ ਤਬਦੀਲ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ: ਬੋਹਾ ਦਫ਼ਤਰ ਵਿਖੇ ਇਤਰਾਜ਼ ਕਰ ਸਕਦਾ ਹੈ।

ਪਿੰਡ ਜੌੜਾ ਛੱਤਰਾਂ ਵਿਚ ਚੱਲ ਰਹੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਏ ਪੀ 35/1400 ਐੱਫ, ਜੋ ਕਿ ਪ੍ਰੀਤਮ ਸਿੰਘ ਪੁੱਤਰ ਦਰਸ਼ਨ ਸਿੰਘ ਦੇ ਨਾਂਅ 'ਤੇ ਹੈ, ਨੂੰ ਹੁਣ ਸਤਿੰਦਰ ਸਿੰਘ ਪੁੱਤਰ ਗਿਆਨ ਸਿੰਘ ਆਪਣੇ ਨਾਂਅ 'ਤੇ ਕਰਵਾ ਰਹੇ ਹਨ। ਇਤਰਾਜ਼ਕਰਤਾ 15 ਦਿਨਾਂ ਦੇ ਅੰਦਰ-ਅੰਦਰ ਆ ਕੇ ਆਪਣਾ ਇਤਰਾਜ਼ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਪੇਸ਼ ਕਰ ਸਕਦਾ ਹੈ।

ਮੈਂ, ਸਿਮਰਜੀਤ ਕੌਰ ਪਤਨੀ ਸਾਜਨ ਵਾਸੀ ਪਿੰਡ ਸੈਦ ਮੁਬਾਰਕ, ਡਾਕ: ਬੱਲ ਪੁਰੀਆ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੈਂ ਜਨਮ ਤੋਂ ਹੀ ਇਸਾਈ ਧਰਮ ਨਾਲ ਸਬੰਧ ਰੱਖਦੀ ਸੀ। ਹੁਣ ਮੈਂ ਬਿਨਾ ਕਿਸੇ ਦਬ-ਦਬਾਅ ਦੇ ਅਤੇ ਆਪਣੀ ਮਰਜੀ ਨਾਲ ਇਸਾਈ ਧਰਮ ਛੱਡ ਕੇ ਮੱਜਬੀ ਸਿੱਖ ਧਰਮ ਅਪਨਾਅ ਲਿਆ ਹੈ। ਹੁਣ ਮੈਂ ਮੱਜਬੀ ਸਿੱਖ ਜਾਤੀ ਨਾਲ ਸਬੰਧ ਰੱਖਦੀ ਹਾਂ ਅਤੇ ਇਹ ਜਾਤੀ ਪੰਜਾਬ ਸਰਕਾਰ ਵਲੋਂ ਅਨੁਸੂਚਿਤ ਜਾਤੀ ਕਰਾਰ ਦਿੱਤੀ ਗਈ ਹੈ।

ਮੈਂ, ਮਹੇਸ਼ ਕੁਮਾਰ ਉਰਫ ਹਮਦਾਨ ਅੰਜੁਮ ਪੁੱਤਰ ਬਹਾਦਰ ਸਿੰਘ ਵਾਸੀ ਕਿਊ. ਨੰ: 276, ਟਾਈਪ-II, ਸੀ ਆਰ ਪੀ ਐੱਫ ਕੈਂਪਸ, ਸਰਾਏ ਖਾਸ, ਜਲੰਧਰ, ਪੰਜਾਬ-144805 ਬਿਆਨ ਕਰਦਾ ਹਾਂ ਕਿ ਮੈਂ ਜਨਮ ਤੋਂ ਹੀ ਹਿੰਦੂ ਧਰਮ ਨਾਲ ਸੰਬੰਧ ਰੱਖਦਾ ਹਾਂ। ਮੈਂ ਪੂਰੇ ਹੋਸ਼ੋ-ਹਵਾਸ਼ ਨਾਲ ਇਸਲਾਮ ਧਰਮ ਨੂੰ ਅਪਣਾ ਲਿਆ ਹੈ। ਅਜਿਹਾ ਕਰਨ 'ਤੇ ਪਰਵਾਰਕ ਮੈਂਬਰਾਂ ਤੇ ਹੋਰ ਨੇੜਲੇ ਦੋਸਤਾਂ-ਮਿੱਤਰਾਂ ਨੂੰ ਇਸ 'ਤੇ ਕੋਈ ਇਤਰਾਜ਼ ਨਹੀਂ।

## PUBLIC NOTICE

I, Pooja D/O Mangal Dass, R/o O/S Achli Gate, Near White Building, Batala, Gurdaspur, Punjab- 143505. Declare that Name of Mine and My Father has been wrongly written as Prapti Baburaj Karanjekar and Baburaj Govindraj Karanjekar in my Pan Card- DUTPK8889K. The actual name of Mine and My Father are Pooja and Mangal Dass, which may be amended accordingly.

## ਨਾਂਅ ਦੀ ਬਦਲੀ

ਮੈਂ ਜਸਲੀਨ ਕੌਰ ਆਹੂਜਾ ਪਤਨੀ ਚਰਨਪ੍ਰੀਤ ਸਿੰਘ ਵਾਸੀ # 20/3, ਤਾਰਾਪੁਰ ਇੰਨਕਲੇਵ, ਬਠਿੰਡਾ ਕੈਂਟ ਦੀ ਰਹਿਣ ਵਾਲੀ ਹਾਂ। ਇਹ ਕਿ ਮੈਂ ਆਪਣਾ ਨਾਮ ਜਸਲੀਨ ਕੌਰ ਆਹੂਜਾ ਤੋਂ ਬਦਲ ਕੇ ਜਸਲੀਨ ਕੌਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਧਰਮਜੀਤ ਪੁੱਤਰ ਦਲੀਪ ਚੰਦ, ਵਾਸੀ ਮਕਾਨ ਨੰਬਰ 75, ਫੇਜ਼-1, ਗਲੀ ਨੰ: 2, ਗੁਲਮਰਗ ਐਵੇਨਿਊ, ਲੱਧੇਵਾਲੀ, ਜਲੰਧਰ, ਪੰਜਾਬ-144007 ਨੇ ਆਪਣਾ ਨਾਂਅ ਧਰਮਜੀਤ ਤੋਂ ਬਦਲ ਕੇ ਧਰਮਜੀਤ ਭਾਰਦਵਾਜ ਰੱਖ ਲਿਆ ਹੈ। ਸਾਰੇ ਸੰਬੰਧਤ ਨੋਟ ਕਰਨ।

ਮੈਂ, ਗੁਰਮੀਤ ਕੌਰ ਪਤਨੀ ਗੁਰਪਾਲ, ਵਾਸੀ ਮਕਾਨ ਨੰ: 679/1, ਮੀਰਾ ਘਾਟੀ ਨੇੜੇ, ਓ ਬੀ ਸੀ ਬੈਂਕ ਕਰਨਾਲ, ਹਰਿਆਣਾ ਬਿਆਨ ਕਰਦੀ ਹਾਂ ਕਿ ਜਸਬੀਰ ਕੌਰ ਅਤੇ ਗੁਰਮੀਤ ਕੌਰ ਦੋਵੇਂ ਮੇਰੇ ਹੀ ਨਾਂਅ ਹਨ ਅਤੇ ਇਕੋ ਹੀ ਔਰਤ ਦੇ ਹਨ ਅਤੇ ਬਰਾਬਰ ਮਹੱਤਤਾ ਰੱਖਦੇ ਹਨ।

ਮੈਂ, ਕੋਮਲ ਕੌਰ ਪਤਨੀ ਸੰਨੀ ਵਾਸੀ ਝਾਂਸਾ, ਕੁਰੂਕਸ਼ੇਤਰ, ਹਰਿਆਣਾ ਬਿਆਨ ਕਰਦੀ ਹਾਂ ਕਿ ਰੂਬੀ ਅਤੇ ਕੋਮਲ ਕੌਰ ਦੋਵੇਂ ਮੇਰੇ ਹੀ ਨਾਂਅ ਹਨ ਅਤੇ ਇਕੋ ਹੀ ਔਰਤ ਦੇ ਹਨ ਅਤੇ ਬਰਾਬਰ ਮਹੱਤਤਾ ਰੱਖਦੇ ਹਨ।

ਮੈਂ, ਰੂਪੀ ਪਤਨੀ ਬਲਕਾਰ ਸਿੰਘ ਵਾਸੀ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਕਵਲ ਅਤੇ ਰੂਪੀ ਦੋਵੇਂ ਮੇਰੇ ਹੀ ਨਾਂਅ ਹਨ ਅਤੇ ਇਕੋ ਹੀ ਔਰਤ ਦੇ ਹਨ ਅਤੇ ਬਰਾਬਰ ਮਹੱਤਤਾ ਰੱਖਦੇ ਹਨ।

ਮੈਂ ਅਮਨਦੀਪ ਸਿੰਘ ਤਤਲਾ ਪੁੱਤਰ ਅਜਾਇਬ ਸਿੰਘ ਤਤਲਾ ਵਾਸੀ ਚੰਨਣਵਾਲ (ਬਰਨਾਲਾ) ਨੇ ਆਪਣਾ ਨਾਅ ਬਦਲ ਕੇ ਅਮਨਦੀਪ ਸਿੰਘ ਗਰੇਵਾਲ ਰੱਖ ਲਿਆ ਹੈ।

ਮੈਂ, ਅਦਿਤੀਆ ਪੁੱਤਰ ਸੁਮੀਤ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਰੰਧਾਵਾ ਮੰਸਦਾ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਮ ਅਦਿਤੀਆ ਤੋਂ ਬਦਲ ਕੇ ਅਦਿਤੀਆ ਸ਼ਰਮਾ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਪਬਲਿਕ ਨੋਟਿਸ

ਮੈਂ, ਮਨੂ ਮਹਿੰਦੀਰਤਾ ਪਤਨੀ ਸੰਜੇ ਮਹਿੰਦੀਰਤਾ ਵਾਸੀ ਐਮ. ਆਈ ਹਾਊਸਿੰਗ ਬੋਰਡ ਕਲੋਨੀ, ਅਰਬਨ ਅਸਟੇਟ, ਫੇਜ਼-1, ਜਲੰਧਰ। ਇਹ ਪੁਸ਼ਟੀ ਕਰਦੀ ਹਾਂ ਕਿ ਮੇਰੇ ਕੋਲੋਂ ਇੱਕ ਅਸਲ ਵਸੀਕਾ ਨੰ. 1327, ਮਿਤੀ 05-06-2012 ਜੋ ਕਿ ਸੁਨਲੀ ਬਤਰਾ ਪਤਨੀ ਕਪਿਲ ਬਤਰਾ ਦੇ ਹੱਕ ਹੋਇਆ ਸੀ। ਜੋ ਕਿ ਵਾਕਿਆ ਅਬਾਦੀ ਕਰਤਾਰ ਨਗਰ, ਬਸਤੀ ਸ਼ੇਖ ਤਹਿ ਵਾ ਜਿਲ੍ਹਾ ਜਲੰਧਰ ਵਿਚ ਸਥਿਤ ਪਲਾਟ ਰਕਬਾ 06 ਮਰਲਾ 08 ਵਰਗ ਫੁੱਟ ਦਾ ਹੈ। ਜੋ ਕਿ ਖਸਰਾ ਨੰ.670 ਪਰ ਨਿਰਬਰ ਹੈ। ਜੋ ਕਿਧਰੇ ਗੁੰਮ ਗਿਆ ਹੈ। ਜਿਸਦੀ ਮੈ ਸ਼ਿਕਾਇਤ ਨੰ. S.R No .643409/ 2025 ਮਿਤੀ 31.10.2025 ਨੂੰ ਥਾਣਾ ਡਵੀਜ਼ਨ ਨੰ.7, ਵਿਚ ਦਰਜ ਕਰਵਾਈ ਹੈ। ਜੇ ਕਿਸੇ ਵਿਅਕਤੀ ਨੂੰ ਇਹ ਗੁੰਮ ਹੋਇਆ ਬੈਨਾਮਾ ਮਿਲਦਾ ਹੈ। ਜਾਂ ਇਸ ਸੰਬੰਧੀ ਕੋਈ ਇਤਰਾਜ਼ ਹੈ ਤਾਂ ਇਸ ਇਸ਼ਤਿਹਾਰ ਤੋਂ 7 ਦਿਨ ਦੇ ਅੰਦਰ-ਅੰਦਰ ਐਡਵੋਕੇਟ ਵਿਕਾਸ ਸੂਦ ਨੂੰ ਇਸ ਨੰ. 98140-94356 ਤੇ ਸੰਪਰਕ ਕਰ ਸਕਦਾ ਹੈ।

## ਸੇਲਜ਼ਮੈਨ ਦੀ ਲੋੜ

ਦੀ ਬੁੱਢਾ ਥੇਹ ਬਹੁਮੰਤਵੀ ਸਹਿਕਾਰੀ ਸਭਾ ਲਿਮ: ਵੱਲੋਂ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਨੂੰ ਸੇਲਜ਼ਮੈਨ ਦੀ ਲੋੜ ਹੈ। ਚਾਹਵਾਨ ਉਮੀਦਵਾਰ ਆਪਣੇ ਬਿਨੈ ਪੱਤਰ ਸਭਾ ਦੇ ਪ੍ਰਧਾਨ ਨੂੰ ਮਿਤੀ 28.11.2025 ਨੂੰ ਸਵੇਰੇ 10 ਵਜੇ ਤੱਕ ਸਭਾ ਦੇ ਦਫ਼ਤਰ ਵਿਖੇ ਦੇਣ। ਵਿੱਦਿਅਕ ਯੋਗਤਾ ਗ੍ਰੈਜੂਏਟ ਨਾਲ ਕੰਪਿਊਟਰ ਕੋਰਸ (ਘੱਟੋ-ਘੱਟ 120 ਘੰਟੇ) ਉਮਰ 21 ਤੋਂ 35 ਸਾਲ, ਵਸਨੀਕ ਸਭਾ ਦੇ ਲਾਗੇ ਦੇ ਖੇਤਰ ਵਿਚ ਹੀ ਹੋਵੇ। ਤਨਖਾਹ ਡੀ. ਸੀ. ਰੇਟਾਂ 'ਤੇ ਹੋਵੇਗੀ। ਉਮੀਦਵਾਰ ਦੀ ਇੰਟਰਵਿਊ ਸਭਾ ਦੇ ਦਫ਼ਤਰ ਵਿਖੇ ਮਿਤੀ 28.11.2025 ਨੂੰ ਸਵੇਰੇ 11.00 ਵਜੇ ਹੋਵੇਗੀ।

**ਸੰਪਰਕ : 84270-11422**

## COURT NOTICE

(U/o 5 Rule 20 CPC)
In The Court of
**Sh. Amandeep Singh**
Civil Judge (Senior Division), Tarn Taran

Next Date, Purpose of case, Orders and Judgments as well as other case information is available on http://districts.ecourts.gov.in

CNR No. PBTT02-001086-2024
Next Date: 19-12-2025

Punjab National Bank
Vs.
Davinder Pal Singh

Publication Issued To:
1. Davinder Pal Singh
Father : Sukhdev Singh S/O Arjan Singh, R/o Village Sarali Mandan (Pati Dadu Ki), Tehsil Patti, District Tarn Taran
2. Rajbir Singh
Father : Jarnail Singh, R/o Village Jagatpura, Tehsil and District Tarn Taran

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 19-12-2025 at 10:00 a.m.

For details logon to https://highcourtchd.gov.in/?trs=district_notice &district=Tarn Taran

Civil Judge (Senior Division) Tarn Taran

Dated, this day of 06-11-2025

## PUBLIC NOTICE

I, Sujata W/o Rajeev Kumar R/o H.No.12/9, New Kartar Nagar, Jalandhar, Punjab, declare That I hereby informed to Public that I am owner of property H.No.12/9, New Kartar Nagar, Jalandhar, Punjab, India. He has lost his bag somewhere in which there was One original property paper (Sale Deed no. 6811 Dt. 27-03-2015). That If someone found the Document, then Please Contact me on my mobile no 9463762165 within 7 Days of Publication of this advertisement.

## ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ

ਕੈਪੀਟਲ ਸਮਾਲ ਫਾਈਨਾਂਸ ਬੈਂਕ (ਇਸ ਤੋਂ ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ) ਲਿਮਟਿਡ ਇੱਕ ਕਾਰਪੋਰੇਟ ਬਾਡੀ, ਜਿਸ ਦਾ ਮੁੱਖ ਦਫਤਰ, 37 ਮਿਡਾਸ ਕਾਰਪੋਰੇਟ ਪਾਰਕ, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਗੁਰਦਾਸਪੁਰ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ।

ਬਿਨੈਕਾਰ

ਬਨਾਮ
1. ਸ੍ਰੀ ਨਵਪ੍ਰੀਤ ਸਿੰਘ ਪੁੱਤਰ ਸ੍ਰੀ ਅਮਰੀਕ ਸਿੰਘ ਵਾਸੀ ਪਿੰਡ ਚੱਠਾ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ।
2. ਸ੍ਰੀ ਕੁਲਵੰਤ ਸਿੰਘ ਪੁੱਤਰ ਸ੍ਰੀ ਮਹਿੰਦਰ ਸਿੰਘ ਵਾਸੀ ਪਿੰਡ ਚੋਣੇ, ਕੋਟਲਾ ਸੂਬਾ ਸਿੰਘ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ।
3. ਸ੍ਰੀਮਤੀ ਕਸ਼ਮੀਰ ਕੌਰ ਪਤਨੀ ਅਮਰੀਕ ਸਿੰਘ ਵਾਸੀ ਪਿੰਡ ਚੱਠਾ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ।

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚਲਦਿਆਂ ਜਵਾਬਦੇਹਾਂ ਨੂੰ ਰਜਿਸਟਰਡ ਡਾਕ ਰਾਹੀਂ ਨੋਟਿਸ ਭੇਜੇ ਗਏ ਸਨ। ਜਵਾਬਦੇਹ ਨੰ. 1 ਅਤੇ ਨੰ. 3 ਨੂੰ ਭੇਜਿਆ ਗਿਆ ਨੋਟਿਸ ਇਨਕਾਰੀ ਟਿੱਪਣੀ ਨਾਲ ਵਾਪਸ ਪ੍ਰਾਪਤ ਹੋਇਆ ਅਤੇ ਜਵਾਬਦੇਹ ਨੰ. 1 ਨੂੰ ਭੇਜਿਆ ਗਿਆ ਨੋਟਿਸ ਵਾਪਸ ਪ੍ਰਾਪਤ ਨਹੀਂ ਹੋਇਆ। ਦੂਜੀ ਵਾਰ ਜਵਾਬਦੇਹ ਨੰ. 1 ਤੋਂ 3 ਨੂੰ ਭੇਜਿਆ ਗਿਆ ਨੋਟਿਸ ਵਾਪਸ ਪ੍ਰਾਪਤ ਨਹੀਂ ਹੋਇਆ। ਜਿਸ ਤੋਂ ਸਾਬਤ ਹੁੰਦਾ ਹੈ ਕਿ ਜਵਾਬਦੇਹਾਂ ਨੂੰ ਉਨ੍ਹਾਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਪਤਾ ਹੈ ਅਤੇ ਉਹ ਜਾਣਬੁੱਝ ਕੇ ਟ੍ਰਿਬਿਊਨਲ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ, ਫਿਰ ਵੀ ਸਾਰੇ ਜਵਾਬਦੇਹਾਂ ਨੂੰ ਇੱਕ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 15.12.2025 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਅਟਾਰਨੀ ਰਾਹੀਂ ਸਾਲਸੀ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਕਾਰਵਾਈਆਂ 'ਚ ਸ਼ਾਮਲ ਹੋਣ ਲਈ ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ 04.11.2025 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ

## ਉਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25 -123 | 21/11/25 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 11906/F1, 14730/F1, 14630/F1, 11906/R1, 14505/F1, 20424/F1, 14028/F1, 14028/F2, 14618/F1 & 14028/R1. |
| EAFZR-SLR25 -124 | 24/11/25 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 14508/F2, 12014/F1, 14601/F2, 14508/R1, 14632/F1, 14601/R1, 14633/R1, 14601/F1, 12412/F1 & 14508/F1. |
| EAFZR-PACKING36 | 24/11/25 ਨੂੰ 11:00 Hrs. | ਜਲੰਧਰ ਕੈਂਟ, ਜਲੰਧਰ ਸਿਟੀ ਅਤੇ ਫਿਰੋਜਪੁਰ ਕੈਂਟ ਵਿਚ ਦੋ ਪਹੀਆ ਵਾਹਨਾਂ ਅਤੇ ਹੋਰ ਪਾਰਸਲ ਪੈਕੇਜਾਂ ਦੀ ਪੈਕਿੰਗ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3457/2025

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਹੈਡ., ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ 27.11.2025 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 04.11.2025 | 13.11.2025 | 27.11.2025/15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 168-2025-26-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਫ਼ਿਰੋਜ਼ਪੁਰ ਵਿਚ ਬਰਟ ਰੋਡ ਕਾਲੋਨੀ ਵਿਚ ਜਲਆਪੂਰਤੀ ਜਿਸ ਤਰ੍ਹਾਂ ਵੱਖ-ਵੱਖ ਸਟਾਫ ਸੁਵਿਧਾਵਾਂ ਵਿਚ ਸੁਧਾਰ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 44719399.17 | 373600.00 | 60 ਦਿਨ | 06 ਮਹੀਨੇ |
| | | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" । | | | |
| 2. | 169-2025-26-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਫ਼ਿਰੋਜ਼ਪੁਰ ਵਿਚ ਜਲਆਪੂਰਤੀ ਜਿਸ ਤਰ੍ਹਾਂ ਵੱਖ-ਵੱਖ ਸਟਾਫ ਸੁਵਿਧਾਵਾਂ ਵਿਚ ਸੁਧਾਰ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 39981285.30 | 349900.00 | 60 ਦਿਨ | 06 ਮਹੀਨੇ |
| | | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" । | | | |
| 3. | 170-2025-26-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਫ਼ਿਰੋਜ਼ਪੁਰ ਵਿਚ ਸੂਰਯਾ ਕਾਲੋਨੀ ਨੰਬਰ 02 ਵਿਚ ਜਲਆਪੂਰਤੀ ਜਿਸ ਤਰ੍ਹਾਂ ਵੱਖ-ਵੱਖ ਸਟਾਫ ਸੁਵਿਧਾਵਾਂ ਵਿਚ ਸੁਧਾਰ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 40261943.03 | 351300.00 | 60 ਦਿਨ | 06 ਮਹੀਨੇ |
| | | ਕੰਮ ਦੀ ਸਮਾਨ ਪ੍ਰਕ੍ਰਿਤੀ :- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" । | | | |
| 4. | 173-2025-26-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਅਨੁਭਾਗ ਇੰਜੀਨੀਅਰ/ਪੀ.ਵੇ/ਐਲ.ਐਨ.ਕੇ. ਦੇ ਅਨੁਭਾਗ ਵਿਚ ਵਿਵਿਧ ਪੀ. ਵੇ ਟ੍ਰੈਕ ਰੱਖ-ਰੱਖਾਵ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 4962646.47 | 99300.00 | 60 Days | 08 Months |
| | | ਕੰਮ ਦੀ ਸਮਾਨ ਪ੍ਰਕ੍ਰਿਤੀ :- ਕੋਈ ਨਹੀਂ । | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ ।

ਟੈਂਡਰ ਸੂਚਨਾ ਪੱਤਰ ਨੰ: 168, 169, 170-2025-26-ADEN-1-FZR & 173-2025-26-ADEN-2-FZR
ਮਿਤੀ : 07.11.2025 3459/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਤਰਨ ਤਾਰਨ 'ਚ ਆਪ ਜਿੱਤੇਗੀ : ਵਿਲੀਅਮ ਜੌਨ

**ਸ਼ਾਹਕੋਟ (ਗਿਆਨ ਸੈਦਪੁਰੀ)**- ਤਰਨ ਤਾਰਨ ਹਲਕੇ ਵਿੱਚ ਬਹੁਤ ਸਾਰੇ ਵੋਟਰਾਂ ਦੀ ਨਬਜ਼ ਟਟੋਲਦਿਆਂ ਇਸ ਗੱਲ ਦਾ ਅਹਿਸਾਸ ਹੋ ਜਾਂਦਾ ਹੈ ਕਿ ਇਹ ਜ਼ਿਮਨੀ ਚੋਣ ਵੀ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਵੇਗੀ। ਉਕਤ ਸ਼ਬਦਾਂ ਦਾ ਪ੍ਰਗਟਾਵਾ ਆਪ ਦੇ ਘੱਟ ਗਿਣਤੀ ਵਿੰਗ ਦੇ ਸਕੱਤਰ ਡਾ. ਵਿਲੀਅਮ ਜੌਨ ਨੇ ਕੀਤਾ।



ਉਨ੍ਹਾਂ ਕਿਹਾ ਕਿ ਆਪ ਸਰਕਾਰ ਦੀਆਂ ਬਹੁਤ ਸਾਰੀਆਂ ਲੋਕ ਪੱਖੀ ਸਕੀਮਾਂ ਸਫ਼ਲਤਾ ਨਾਲ ਚੱਲ ਰਹੀਆਂ ਹਨ, ਜਿਨ੍ਹਾਂ ਦਾ ਆਮ ਲੋਕਾਂ ਤੇ ਖਾਸ ਕਰਕੇ ਦਲਿਤ ਵਰਗ ਨੂੰ ਕਾਫ਼ੀ ਲਾਭ ਹੋਇਆ ਹੈ। ਇਨ੍ਹਾਂ ਵਿੱਚ ਬਿਜਲੀ ਦੀ ਮਾਫ਼ੀ ਅਹਿਮ ਮਸਲਾ ਹੈ। ਦਲਿਤ ਵਰਗ ਨੂੰ ਬਿਜਲੀ ਦੇ ਬਿੱਲਾਂ ਦੀ ਮਾਫ਼ੀ ਨੇ ਕਾਫ਼ੀ ਰਾਹਤ ਦਿੱਤੀ ਹੈ। ਡਾ. ਜੌਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਤਰਨ ਤਾਰਨ ਵਿੱਚ ਸ਼ਾਹਕੋਟ ਦੇ ਆਪ ਆਗੂਆਂ ਵੱਲੋਂ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਚਾਰ ਕੀਤਾ ਜਾ ਰਿਹਾ ਹੈ।

## ਪੰਜਾਬ 'ਵਰਸਿਟੀ ਬਚਾਓ ਮੋਰਚੇ 'ਚ ਸ਼ਾਮਲ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

**ਚੰਡੀਗੜ੍ਹ (ਨ ਜ਼ ਸ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀਆਂ ਵੱਲੋਂ ਚੱਲ ਰਹੇ 'ਪੰਜਾਬ ਯੂਨੀਵਰਸਿਟੀ ਬਚਾਓ' ਮੋਰਚੇ ਵਿਚ ਸ਼ਾਮਲ ਹੋਏ ਅਤੇ ਉਨ੍ਹਾਂ 10 ਨਵੰਬਰ ਨੂੰ ਮੋਰਚੇ ਵੱਲੋਂ




ਕੀਤੇ ਜਾ ਰਹੇ ਇਕੱਠ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਸਾਡੀ ਉਹ ਵਿਰਾਸਤ ਹੈ, ਜਿਸ ਨੇ ਸੱਭਿਆਚਾਰ ਅਤੇ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਵੱਡੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਸ ਯੂਨੀਵਰਸਿਟੀ ਦੀ ਇਹ ਖਾਸੀਅਤ ਰਹੀ ਹੈ ਕਿ ਇਸ ਦੇ ਸੈਨੇਟ ਅਤੇ ਸਿੰਡੀਕੇਟ ਵੱਖ-ਵੱਖ ਖੇਤਰਾਂ ਵਿੱਚੋਂ ਲੋਕਤੰਤਰਿਕ ਪ੍ਰਕਿਰਿਆ ਨਾਲ ਚੁਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੁਕਵੇਂ ਤਰੀਕੇ ਨਾਲ ਇਸ ਦੀਆਂ ਪ੍ਰੰਪਰਾਵਾਂ ਨੂੰ ਖ਼ਤਮ ਕਰਕੇ ਇਸ ਨੂੰ ਪੂਰੀ ਤਰ੍ਹਾਂ ਆਪਣੇ ਅਧੀਨ ਕਰਨਾ ਚਾਹੁੰਦੀ ਹੈ, ਜੋ ਪੰਜਾਬ ਬੇਇਨਸਾਫ਼ੀ ਹੈ। ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਪੰਜਾਬ ਦੇ ਹੱਕਾਂ ਹਿੱਤਾਂ ਦੀ ਤਰਜਮਾਨੀ ਕਰਦੀ ਰਹੇਗੀ ਅਤੇ ਸੰਘਰਸ਼ ਵਿਚ ਹਰ ਪੱਧਰ 'ਤੇ ਸਹਿਯੋਗ ਵੀ ਕਰੇਗੀ। ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਅਜਮੇਰ ਸਿੰਘ ਖੇੜਾ, ਚਰਨਜੀਤ ਸਿੰਘ ਕਾਲੇਵਾਲ, ਸਕੱਤਰ ਇੰਜੀ: ਸੁਖਮਿੰਦਰ ਸਿੰਘ, ਮੀਤ ਸਕੱਤਰ ਲਖਬੀਰ ਸਿੰਘ, ਅਕਾਲੀ ਆਗੂ ਸੰਦੀਪ ਸਿੰਘ ਸੀਕਰੀ ਅਤੇ ਗੁਰਦੁਆਰਾ ਬਾਗ ਸ਼ਹੀਦਾਂ ਚੰਡੀਗੜ੍ਹ ਦੇ ਮੈਨੇਜਰ ਸੁਖਵਿੰਦਰ ਸਿੰਘ ਸਮੇਤ ਹੋਰ ਹਾਜ਼ਰ ਸਨ।

## ਸ੍ਰੀ ਗੁਰੂ ਤੇਗ ਬਹਾਦਰ ਦਾ ਸ਼ਹੀਦੀ ਸ਼ਤਾਬਦੀ ਪੁਰਬ ਸਾਂਝੇ ਰੂਪ 'ਚ ਮਨਾਇਆ ਜਾਵੇਗਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਸ਼ਤਾਬਦੀ ਪੁਰਬ ਨਵਾਂਸ਼ਹਿਰ ਦੀਆਂ ਸਮੂਹ ਧਾਰਮਿਕ, ਸਮਾਜ ਸੇਵੀ, ਵਪਾਰਕ, ਵਿਦਿਅਕ ਅਤੇ ਸੱਭਿਆਚਾਰਕ ਜਥੇਬੰਦੀਆਂ



ਅਤੇ ਸੰਸਥਾਵਾਂ ਸਾਂਝੇ ਰੂਪ ਵਿੱਚ ਇਕ ਪਲੇਟਫਾਰਮ ਤੇ ਮਨਾਉਣਗੀਆਂ। ਇਹ ਫੈਸਲਾ ਨਵਾਂਸ਼ਹਿਰ ਦੇ ਵਿਖੇ ਹੋਈ ਇਕ ਅਹਿਮ ਮੀਟਿੰਗ ਵਿੱਚ ਲਿਆ ਗਿਆ। ਮੀਟਿੰਗ ਦੌਰਾਨ ਸ਼ਹਿਰ ਵਾਸੀਆਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ ਜਿਸ ਵਿਚ ਸਮੁੱਚੇ ਹਿੰਦੂ ਅਤੇ ਸਿੱਖ ਭਾਈਚਾਰੇ ਨਾਲ ਸੰਬੰਧਿਤ ਅਲੱਗ ਅਲੱਗ ਗੁਰਦੁਆਰਾ ਅਤੇ ਮੰਦਰ ਕਮੇਟੀਆਂ ਤੇ ਸੰਸਥਾਵਾਂ ਨੇ ਭਾਗ ਲਿਆ। ਬਾਈ ਜੀ ਦੀ ਕੁਟੀਆ ਪੰਡੋਰਾ ਮੁਹੱਲਾ ਵਿਖੇ ਕਰਵਾਈ ਗਈ ਇਸ ਮੀਟਿੰਗ ਗੁਰਦੁਆਰਾ ਕਮੇਟੀਆਂ ਤੋਂ ਇਲਾਵਾ ਸਮੂੰਹਿਕ ਮੰਦਰ ਕਮੇਟੀਆਂ, ਵਪਾਰ ਮੰਡਲ ਨਾਲ ਸੰਬੰਧਿਤ ਅਲੱਗ ਅਲੱਗ ਵਪਾਰਕ ਸੰਸਥਾਵਾਂ, ਸਨਾਤਨੀ ਜਥੇਬੰਦੀਆਂ ਅਤੇ ਸ਼ਹਿਰ ਦੀਆਂ ਲੱਗਭਗ ਸਾਰੀਆਂ ਹੀ ਸਮਾਜ ਸੇਵੀ ਸੰਸਥਾਵਾਂ ਸ਼ਾਮਿਲ ਸਨ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਲਏ ਗਏ ਫੈਸਲਿਆਂ ਮੁਤਾਬਕ ਸ਼ਹਿਰ ਵਿੱਚ 28 ਨਵੰਬਰ ਨੂੰ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸ਼ਤਾਬਦੀ ਪੁਰਬ ਨੂੰ ਸਮਰਪਿਤ ਇਕ ਇਤਿਹਾਸਿਕ ਨਗਰ ਕੀਰਤਨ ਸਜਾਇਆ ਜਾਵੇਗਾ ਜਿਸ ਵਿੱਚ ਹਿੰਦੂ ਅਤੇ ਸਿੱਖ ਭਾਈਚਾਰੇ ਨਾਲ ਸੰਬੰਧਿਤ ਸਾਰੀਆਂ ਜਥੇਬੰਦੀਆਂ ਵੱਲੋਂ ਇਸ ਨਗਰ ਕੀਰਤਨ ਦੇ ਸਵਾਗਤ ਲਈ ਜਗ੍ਹਾ ਜਗ੍ਹਾ ਸਵਾਗਤੀ ਗੇਟਾਂ ਦੇ ਨਾਲ ਨਾਲ ਫੁੱਲਾਂ ਦੀ ਵਰਖਾ ਅਤੇ ਸਵਾਗਤੀ ਮੰਚ ਵੀ ਲਗਾਏ ਜਾਣਗੇ। ਸਮੁੱਚੇ ਨਗਰ ਕੀਰਤਨ ਦੌਰਾਨ ਹਰ ਭਾਈਚਾਰੇ ਵੱਲੋਂ ਆਪੋ ਆਪਣੇ ਵਾਹਨਾਂ ਤੇ ਗੁਰੂ ਤੇਗ ਬਹਾਦਰ ਜੀ ਬਾਣੀ ਅਤੇ ਇਤਿਹਾਸਿਕ ਨਾਲ ਘਟਨਾਵਾਂ ਦਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸੇ ਤਰ੍ਹਾਂ ਹੀ ਗੁਰੂ ਤੇਗ ਬਹਾਦਰ ਜੀ ਦੇ ਚਰਨ ਛੋਹ ਪ੍ਰਾਪਤ ਸਥਾਨ ਗੁਰਦੁਆਰਾ ਮੰਜੀ ਸਾਹਿਬ ਵਿਖੇ 29 ਅਤੇ 30 ਨਵੰਬਰ ਨੂੰ ਸ਼ਾਮ ਦੇ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਵੀ ਸ਼ਹਿਰ ਦੇ ਹਰ ਵਰਗ ਨਾਲ ਸੰਬੰਧਿਤ ਸੰਗਤਾਂ ਗੁਰੂ ਤੇਗ ਬਹਾਦਰ ਜੀ ਦੇ ਚਰਨਾਂ ਵਿੱਚ ਨਤਮਸਤਕ ਹੋਣਗੀਆਂ। ਮੀਟਿੰਗ ਵਿੱਚ ਲਗਭਗ 30 ਸੰਸਥਾਵਾਂ ਦੇ 150 ਦੇ ਕਰੀਬ ਨੁਮਾਇੰਦੇ ਸ਼ਾਮਿਲ ਹੋਏ ਜਿਨ੍ਹਾਂ ਵਿੱਚ ਡਾਕਟਰ ਜੇਡੀ ਵਰਮਾ, ਵਿਪਨ ਤਨੇਜਾ, ਵਿਨੋਦ ਭਾਰਦਵਾਜ, ਮਦਨ ਲਾਲ ਚੋਧੀ, ਮਨੋਜ ਕੰਡਾ, ਰਾਜਨ ਅਰੋੜਾ, ਰਤਨ ਜੈਨ, ਅੰਕੁਰ ਨਿਸ਼ਾਦਨ, ਜਸਪਾਲ ਸਿੰਘ ਗਿੱਦਾ, ਗੋਪਾਲ ਮੋਹਨ ਸ਼ਾਰਦਾ, ਪ੍ਰਿੰਸ ਦਵਿੰਦਰ ਸ਼ਰਮਾ, ਰਮਨ ਮਾਹਰੋਤਰਾ, ਵਿਵੇਕ ਮਾਰਕੰਡਾ, ਰਵੀ ਗੌਤਮ, ਐਡਵੋਕੇਟ ਵਿਸ਼ਾਲ, ਮਨਮੋਹਨ ਸਿੰਘ ਗੁਲਾਟੀ, ਨਰੇਸ਼ ਸੂਰੀ, ਸੁਖਵਿੰਦਰ ਸਿੰਘ ਤੂਰ, ਬਹਾਦਰ ਚੰਦ ਅਰੋੜਾ, ਹਰਸ਼ ਸ਼ਰਮਾ, ਸੁਖਦੇਵ ਸਿੰਘ ਭੰਗਲ ਆਦਿ ਸ਼ਾਮਲ ਸਨ।

## ਮੇਹਰਚੰਦ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀ ਇੰਜੀਨੀਅਰਜ਼ ਡੇ ਸੈਲੀਬ੍ਰੇਸ਼ਨ 'ਚ ਹੋਏ ਸ਼ਾਮਲ

**ਜਲੰਧਰ (ਸ਼ੈਲੀ ਐਲਬਰਟ)**- ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਪਹਿਲੇ ਸਾਲ ਦੇ 15 ਵਿਦਿਆਰਥੀਆਂ ਨੇ ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਕਪੂਰਥਲਾ ਵਿਖੇ ਆਯੋਜਿਤ



ਇੰਜੀਨੀਅਰਜ਼ ਡੇ ਸੈਲੀਬ੍ਰੇਸ਼ਨ ਵਿੱਚ ਭਾਗ ਲਿਆ। ਇਸ ਮੁਕਾਬਲੇ ਵਿੱਚ ਕੰਪਿਊਟਰ ਸਾਇੰਸ ਵਿਭਾਗ ਦੀ ਪਹਿਲੇ ਸਮੈਸਟਰ ਦੀ ਵਿਦਿਆਰਥਣ ਪਰੀਨੀਤਾ ਸ਼ਰਮਾ ਨੇ ਗੇਮ ਮੇਕਿੰਗ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਅਪਲਾਈਡ ਸਾਇੰਸ ਵਿਭਾਗ ਦੀ ਮੁਖੀ ਮੈਡਮ ਮੰਜੂ ਮਨਚੰਦਾ, ਸਟੂਡੈਂਟ ਚੈਪਟਰ ਦੇ ਐਡਵਾਈਜ਼ਰ ਡਾ. ਰਾਜੀਵ ਭਾਟੀਆ, ਅਪਲਾਈਡ ਸਾਇੰਸ ਦੇ ਸਟਾਫ ਮੈਂਬਰ ਮੈਡਮ ਅੰਜੂ ਸ਼ਰਮਾ, ਹੋਰ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।

## ਬੀ ਕੇ ਯੂ ਏਕਤਾ ਉਗਰਾਹਾਂ ਦੇ ਸਥਾਨਕ ਯੂਨਿਟ ਦੀ ਚੋਣ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਹਿਲਾਂਵਾਲਾ ਸੋਨੀਆਂ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਚੋਣ ਜ਼ਿਲ੍ਹਾ ਪ੍ਰਧਾਨ ਮਾਸਟਰ ਸਿੰਗਾਰਾ ਸਿੰਘ ਦੀ ਪ੍ਰਧਾਨਗੀ ਅਤੇ ਜ਼ਿਲ੍ਹਾ ਕਮੇਟੀ ਦੀ ਮੌਜੂਦਗੀ



ਵਿੱਚ ਹੋਈ ਜਿਸ ਵਿੱਚ ਆਗੂ ਮਾਸਟਰ ਪਰਮਜੀਤ ਸਿੰਘ ਕਾਲਕੱਟ ਸੀਨੀਅਰ ਮੀਤ ਪ੍ਰਧਾਨ, ਮਾਸਟਰ ਮਹਿੰਦਰ ਪਾਲ ਸਿੰਘ ਵਾਈਸ ਪ੍ਰਧਾਨ, ਕੈਸ਼ੀਅਰ ਮਾਸਟਰ ਜਸਵੰਤ ਸਿੰਘ, ਜਨਰਲ ਸਕੱਤਰ ਰਜਿੰਦਰ ਸਿੰਘ, ਬਲਾਕ ਪ੍ਰਧਾਨ ਪਿਆਰਾ ਸਿੰਘ ਹਾਜ਼ਰ ਸਨ। ਇਹ ਚੋਣ ਸਰਬ ਸੰਮਤੀ ਨਾਲ ਹੋਈ। ਇਸ ਤਰ੍ਹਾਂ ਗੁਰਮਿੰਦਰ ਸਿੰਘ ਇਕਾਈ ਪ੍ਰਧਾਨ, ਬਲਵੀਰ ਸਿੰਘ ਮੀਤ ਪ੍ਰਧਾਨ, ਜਗਮੋਹਨ ਸਿੰਘ ਜਨਰਲ ਸਕੱਤਰ, ਪ੍ਰਿਤਪਾਲ ਸਿੰਘ ਸਹਾਇਕ ਸਕੱਤਰ, ਜਗਵਿੰਦਰ ਸਿੰਘ ਸੋਢੀ ਜਥੇਬੰਦਕ ਸਕੱਤਰ ਚੁਣੇ ਗਏ। ਇਸ ਮੌਕੇ ਬਤੌਰ ਮੈਂਬਰ ਦੀਦਾਰ ਸਿੰਘ, ਸਤਵਿੰਦਰ ਸਿੰਘ, ਕੁਲਵਿੰਦਰ ਸਿੰਘ, ਨਿਹਾਲ ਸਿੰਘ, ਦਿਲਬਾਗ ਸਿੰਘ, ਦਰਸ਼ਨ ਸਿੰਘ, ਚਰਨ ਜੋਤ ਸਿੰਘ, ਦਿਲਬਾਗ ਸਿੰਘ, ਚਮਨ ਸਿੰਘ, ਬਲਦੇਵ ਸਿੰਘ, ਪ੍ਰੀਤ ਕੁਮਾਰ ਤੋਂ ਬਿਨਾਂ ਹੋਰ ਵੀ ਬਹੁਤ ਸਾਰੇ ਪਿੰਡ ਨਿਵਾਸੀ ਹਾਜ਼ਰ ਸਨ।

## ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਟਿੱਬਾ ਸਾਹਿਬ ਤੋਂ ਸਜਾਏ ਅਲੌਕਿਕ ਨਗਰ ਕੀਰਤਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਸੰਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ, ਸੁਖਮਨੀ ਸਾਹਿਬ ਸੇਵਾ ਸੋਸਾਇਟੀ ਟਿੱਬਾ ਸਾਹਿਬ ਅਤੇ ਨਗਰ ਨਿਵਾਸੀ ਸੰਗਤਾਂ ਵੱਲੋਂ



ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮਹਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਤੋਂ ਅਲੌਕਿਕ ਨਗਰ ਕੀਰਤਨ ਸਜਾਏ ਗਏ । ਅੰਮ੍ਰਿਤ ਵੇਲੇ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਦੇ ਗ੍ਰਹਿ ਮੁਹੱਲਾ ਦਸ਼ਮੇਸ਼ ਨਗਰ ਹੁਸ਼ਿਆਰਪੁਰ ਵਿਖੇ ਪ੍ਰਭਾਤ ਫੇਰੀ ਦੀ ਸੰਪੂਰਨਤਾ ਮੌਕੇ ਕੀਰਤਨ ਦੀਵਾਨ ਦੀ ਸਮਾਪਤੀ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਆਰੰਭ ਹੋਏ ਇਸ ਨਗਰ ਕੀਰਤਨ ਵਿੱਚ ਜੁਗੋ ਜੁਗ ਅਟੱਲ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਵਾਰੀ ਅਤਿਅੰਤ ਖੂਬਸੂਰਤੀ ਨਾਲ ਸਜਾਏ ਹੋਏ ਵਿਸ਼ੇਸ਼ ਪਾਲਕੀ ਸਾਹਿਬ ਵਾਹਨ ਵਿੱਚ ਸੁਸ਼ੋਭਤ ਸੀ ਜਿਸ ਦੀ ਅਗਵਾਈ ਰਵਾਇਤੀ ਕੇਸਰੀ ਪਹਿਰਾਵਿਆਂ ਵਿੱਚ ਸਜੇ ਹੋਏ ਪੰਜ ਪਿਆਰੇ ਅਤੇ ਪੰਜ ਨਿਸ਼ਾਨਚੀ ਕਰ ਰਹੇ ਸਨ। ਨਗਰ ਕੀਰਤਨ ਦੌਰਾਨ ਭਾਈ ਸਤਿੰਦਰ ਸਿੰਘ ਆਲਮ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਸਾਹਿਬ, ਭਾਈ ਜਸਵੀਰ ਸਿੰਘ ਹਰਿਆਣੇ ਵਾਲੇ, ਬੀਬੀ ਕੁਲਵਿੰਦਰ ਕੌਰ ਪਰਮਾਰ, ਬੀਬੀ ਹਰਦੀਪ ਕੌਰ, ਬੀਬੀ ਨਵਦੀਪ ਕੌਰ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਅਤੇ ਅਤੇ ਹੋਰ ਸੰਗਤਾਂ ਸ਼ਬਦ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕਰਦੀਆਂ ਹੋਈਆਂ ਨਗਰ ਕੀਰਤਨ ਦੇ ਨਾਲ ਚੱਲ ਰਹੀਆਂ ਸਨ ਬੈਂਡ ਪਾਰਟੀ ਗੁਰਬਾਣੀ ਦੀਆਂ ਧੁਨਾਂ ਵਜਾਉਂਦੀਆਂ ਹੋਈਆਂ ਵਾਤਾਵਰਨ ਨੂੰ ਅਧਿਆਤਮਕ ਰੰਗਤ ਪ੍ਰਦਾਨ ਕਰ ਰਹੀਆਂ ਸਨ। ਇਸ ਮੌਕੇ ਜਸਬੀਰ ਸਿੰਘ, ਗੁਰਚਰਨ ਸਿੰਘ ਗਰੇਵਾਲ ਅਤੇ ਆਦਰਸ਼ ਨਗਰ ਦੀਆਂ ਸੰਗਤ ਅਤੇ ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ ਵਾਲਿਆਂ ਨੇ ਪੰਜ ਪਿਆਰਿਆਂ ਨੂੰ ਸਿਰੋਪਾਓ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਅਤੇ ਸੰਗਤ ਨੂੰ ਪ੍ਰਸ਼ਾਦ ਵੀ ਵਰਤਾਇਆ।

## ਸ਼ਾਹਪੁਰ ਕੰਢੀ ਡੈਮ ਪੂਰਾ ਹੋਣਾ ਮਾਨ ਸਰਕਾਰ ਦੀ ਇਤਿਹਾਸਕ ਪ੍ਰਾਪਤੀ : ਗੋਇਲ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸ਼ਾਹਪੁਰ ਕੰਢੀ ਡੈਮ ਦਾ ਪੂਰਾ ਹੋਣਾ ਇੱਕ ਇਤਿਹਾਸਕ ਮੀਲ ਦਾ ਪੱਥਰ ਹੈ, ਜੋ 2022 ਵਿੱਚ ਆਮ



ਆਦਮੀ ਪਾਰਟੀ ਸਰਕਾਰ ਦੁਆਰਾ ਕੀਤੇ ਗਏ ਇੱਕ ਮਹੱਤਵਪੂਰਨ ਵਾਅਦੇ ਨੂੰ ਪੂਰਾ ਕਰਦਾ ਹੈ। ਗੋਇਲ ਨੇ ਕਿਹਾ ਕਿ ਇਹ ਪ੍ਰੋਜੈਕਟ 2012 ਵਿੱਚ ਸ਼ੁਰੂ ਕੀਤਾ ਗਿਆ ਸੀ, ਪਰ ਪਿਛਲੀਆਂ ਸਰਕਾਰਾਂ ਦੇ ਦਸ ਸਾਲਾਂ ਵਿੱਚ ਸਿਰਫ 50% ਕੰਮ ਹੀ ਪੂਰਾ ਹੋਇਆ ਸੀ। ਇਸ ਦੇ ਉਲਟ, ਮਾਨ ਸਰਕਾਰ ਨੇ ਇਹ ਪ੍ਰੋਜੈਕਟ ਸਿਰਫ ਤਿੰਨ ਸਾਲਾਂ ਵਿੱਚ ਪੂਰਾ ਕੀਤਾ ਅਤੇ ਮੁੱਖ ਮੰਤਰੀ ਮਾਨ ਨੇ ਹਾਲ ਹੀ ਵਿੱਚ ਇਸਦਾ ਉਦਘਾਟਨ ਕੀਤਾ। ਇਹ ਇੱਕ ਅਜਿਹੀ ਸਰਕਾਰ ਹੈ ਜੋ ਆਪਣੇ ਵਾਅਦਿਆਂ 'ਤੇ ਖਰੀ ਉਤਰਦੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪਹਿਲਾਂ, ਨਹਿਰੀ ਪਾਣੀ ਪੰਜਾਬ ਦੇ ਸਿਰਫ 24% ਖੇਤੀਬਾੜੀ ਜ਼ਮੀਨਾਂ ਤੱਕ ਪਹੁੰਚਦਾ ਸੀ, ਪਰ ਅੱਜ ਇਹ 64% ਖੇਤੀਬਾੜੀ ਜ਼ਮੀਨ ਤੱਕ ਪਹੁੰਚ ਗਿਆ ਹੈ। ਇਹ ਪੰਜਾਬ ਦੇ ਭੂਮੀਗਤ ਪਾਣੀ ਅਤੇ ਕਿਸਾਨਾਂ ਦੀ ਰੱਖਿਆ ਵੱਲ ਇੱਕ ਵੱਡਾ ਕਦਮ ਹੈ।

## ਕਾਰ ਨੇ ਸੜਕ ਕਿਨਾਰੇ ਲੱਗੀ ਰੇਹੜੀ ਨੂੰ ਮਾਰੀ ਟੱਕਰ, ਰੇਹੜੀ ਵਾਲੇ ਦੀ ਮੌਤ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਜਲੰਧਰ ਪਠਾਨਕੋਟ ਕੌਮੀ ਸ਼ਾਹ ਮਾਰਗ ਤੇ ਸਥਿਤ ਅੱਡਾ ਕਿਸ਼ਨਗੜ੍ਹ ਨਜ਼ਦੀਕ ਸਤਿਸੰਗ ਘਰ ਦੇ ਕੋਲ ਇੱਕ ਤੇਜ਼ ਰਫਤਾਰ ਬੇਕਾਬੂ ਹੋਈ ਕਾਰ ਸੜਕ ਕਿਨਾਰੇ ਲੱਗੀ ਰੇਹੜੀ ਨਾਲ ਜਾ ਟਕਰਾਈ। ਇਸ ਹਾਦਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ ਐੱਸ ਆਈ ਰਣਧੀਰ ਸਿੰਘ ਨੇ ਦੱਸਿਆ ਕਿ ਉਹਨਾਂ ਦੀ ਟੀਮ ਨੂੰ ਦੁਪਹਿਰ ਸਵਾ ਦੋ ਵਜੇ ਦੇ ਕਰੀਬ ਸੂਚਨਾ ਮਿਲੀ ਕਿ ਕਿਸ਼ਨਗੜ੍ਹ ਅੱਡਾ ਨਜ਼ਦੀਕ ਸਤਿਸੰਗ ਘਰ ਦੇ ਕੋਲ ਇੱਕ ਬੇਕਾਬੂ ਹੋਈ ਕਾਰ ਸੜਕ ਕਿਨਾਰੇ ਲੱਗੀ ਰੇਹੜੀ ਨਾਲ ਜਾ ਟਕਰਾਈ ਹੈ।



ਜਿਸ ਕਾਰਨ ਰੇਹੜੀ ਚਾਲਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਹੈ। ਉਹਨਾਂ ਦੱਸਿਆ ਕਿ ਐਸ ਐਸ ਐਫ ਦੀ ਟੀਮ ਨੇ ਸੂਚਨਾ ਮਿਲਣ ਉਪਰੰਤ ਮੌਕੇ ਤੇ ਜਾ ਕੇ ਦੇਖਿਆ ਤਾਂ ਸੜਕ ਕਿਨਾਰੇ ਸ਼ਕਰਕੰਦੀ ਦੀ ਰੇਹੜੀ ਵਾਲਾ ਵਿਅਕਤੀ ਰੇਹੜੀ ਲਗਾ ਕੇ ਖੜਾ ਸੀ। ਜਿਸ ਨੂੰ ਦੀਨਾ ਨਗਰ ਤੋਂ ਦਿੱਲੀ ਜਾ ਰਹੀ ਟਾਟਾ ਨੈਕਸਮ ਦੀ ਕਾਰ ਨੰਬਰ ਡੀ ਐਲ 3ਸੀ ਸੀ ਯੂ 0792 ਜਿਸ ਨੂੰ ਅਨਿਲ ਮਹਾਜਨ ਪੁੱਤਰ ਮਦਨ ਲਾਲ ਮੁਹਾਜਨ ਵਾਸੀ ਗਾਂਧੀ ਨਗਰ ਦਿੱਲੀ ਚਲਾ ਰਿਹਾ ਸੀ। ਚਾਲਕ ਨੇ ਦੱਸਿਆ ਕਿ ਉਨਾਂ ਦੀ ਕਾਰ ਅਚਾਨਕ ਅਨਬੈਲੈਂਸ ਹੋ ਗਈ ਅਤੇ ਜਿਸ ਕਾਰਨ ਸੜਕ ਕਿਨਾਰੇ ਖੜੀ ਰੇਹੜੀ ਵਾਲੇ ਨਾਲ ਜਾ ਟਕਰਾਈ। ਜੋ ਕਿ ਮੌਕੇ ਤੇ ਗੰਭੀਰ ਜ਼ਖਮੀ ਹੋ ਗਿਆ ਅਤੇ ਜਿਸ ਨੂੰ ਗੰਭੀਰ ਜਖਮੀ ਹਾਲਤ ਵਿੱਚ ਪ੍ਰਾਈਵੇਟ ਵਹੀਕਲ ਰਾਹੀਂ ਜਲੰਧਰ ਦੇ ਨਿੱਜੀ ਹਸਪਤਾਲ ਵਿਖੇ ਇਲਾਜ ਲਈ ਪਹੁੰਚਾਇਆ। ਜਿੱਥੇ ਗੰਭੀਰ ਜਖਮੀ ਕੁਮਾਰਪਾਲ ਪੁੱਤਰ ਦੁਰਗੇਸ਼ ਪਾਲ ਵਾਸੀ ਪ੍ਰਤਾਪਪੁਰ ਹਰਦਾਸਪੁਰ ਵੀ ਪੀ ਓ ਪਟਵਾਈ ਸੁਰ ਰਾਮਪੁਰ (ਯੂਪੀ) ਜਿਸ ਨੂੰ ਹਸਪਤਾਲ 'ਚ ਡਾਕਟਰਾਂ ਵੱਲੋਂ ਮ੍ਰਿਤਕ ਐਲਾਨ ਕਰਾਰ ਦੇ ਦਿੱਤਾ ਗਿਆ। ਕਿਸ਼ਨਗੜ੍ਹ ਚੌਂਕੀ ਤੋਂ ਹੈਡ ਕਾਂਸਟੇਬਲ ਜਗਜੀਤ ਸਿੰਘ ਤੇ ਹੈਡ ਕਾਂਸਟੇਬਲ ਜਸਵਿੰਦਰ ਸਿੰਘ ਨੂੰ ਮੌਕੇ ਤੇ ਬੁਲਾਇਆ ਗਿਆ ਅਤੇ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਹਾਦਸਾ ਗ੍ਰਸਤ ਕਾਰ ਅਤੇ ਕਾਰ ਚਾਲਕ ਦੋਵਾਂ ਨੂੰ ਕਿਸ਼ਨਗੜ੍ਹ ਚੌਂਕੀ ਤੋਂ ਆਏ ਪੁਲਸ ਕਰਮਚਾਰੀਆਂ ਦੇ ਹਵਾਲੇ ਕੀਤਾ ਗਿਆ। ਇਸ ਉਪਰੰਤ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਹਾਦਸਾ ਗ੍ਰਸਤ ਕਾਰ ਨੂੰ ਰੋਡ ਤੋਂ ਸਾਈਡ ਤੇ ਕਰਵਾ ਕੇ ਟਰੈਫਿਕ ਨੂੰ ਸੁਚਾਰੂ ਢੰਗ ਨਾਲ ਚਾਲੂ ਕਰਵਾਇਆ ਗਿਆ।

## ਦ ਨੋਬੇਲ ਸਕੂਲ 'ਚ ਪੇਪਰ ਬੈਗ ਮੇਕਿੰਗ ਐਕਟੀਵਿਟੀ ਕਰਵਾਈ

**ਕਰਤਾਰਪੁਰ (ਹਰਮੇਸ਼ ਦੱਤ)**- 'ਦ ਨੋਬੇਲ ਸਕੂਲ' ਵਿਚ ਪੇਪਰ ਬੈਗ ਮੇਕਿੰਗ ਐਕਟੀਵਿਟੀ ਤੇ ਬੁੱਕ ਮਾਰਕ ਮੇਕਿੰਗ ਐਕਟੀਵਿਟੀ ਕਰਵਾਈ ਗਈ ਜਿਸ ਵਿੱਚ ਨੌਵੀਂ ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਪ੍ਰਤੀਯੋਗਿਤਾ ਵਿੱਚ ਬੱਚਿਆਂ ਨੇ ਬਹੁਤ ਹੀ ਸੁੰਦਰ ਪੇਪਰ ਬੈਗ ਤੇ ਬੁੱਕ ਮਾਰਕ ਬਣਾ ਕੇ ਸਭ ਦਾ ਮਨ ਮੋਹ ਲਿਆ। ਇਸ ਪ੍ਰਤੀਯੋਗਿਤਾ ਦਾ ਮੁਲਾਂਕਣ ਐਕਟੀਵਿਟੀ ਅਧਿਆਪਿਕਾਂ ਦੁਆਰਾ ਕੀਤਾ ਗਿਆ। ਇਸ ਪ੍ਰਤੀਯੋਗਿਤਾ ਦੇ ਦੌਰਾਨ ਸਕੂਲ ਦੇ ਚੇਅਰਮੈਨ ਪ੍ਰੋਫੈਸਰ ਸੀ ਐੱਲ ਕੋਛੜ , ਸਕੂਲ ਦੇ ਡਾਇਰੈਕਟਰ ਸਰੋਜ਼




ਸ਼ਰਮਾ ਤੇ ਸਕੂਲ ਦੇ ਪ੍ਰਿੰਸੀਪਲ ਰਵਿੰਦਰ ਕੌਰ ਮੌਜੂਦ ਰਹੇ। ਸਕੂਲ ਦੇ ਚੇਅਰਮੈਨ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਸਕੂਲ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕਰਦੇ ਹੋਏ ਕਿਹਾ ਕਿ ਰੁਚੀ ਪੈਦਾ ਕਰਨ ਦੇ ਉਦੇਸ਼ ਨਾਲ ਹੀ ਅਜਿਹੀ ਪ੍ਰਤਿਯੋਗਿਤਾ ਇੱਕ ਅਹਿਮ ਕਦਮ ਹੈ। ਬੱਚਿਆਂ ਨੂੰ ਇਸ ਤਰ੍ਹਾਂ ਦੀਆਂ ਪ੍ਰਤੀਯੋਗਿਤਾਵਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਕਿ ਬੱਚਿਆਂ ਦੀ ਪ੍ਰਤਿਭਾ ਉਹਨਾਂ ਦੇ ਸਾਹਮਣੇ ਆ ਸਕੇ।

## ਮਨੀਸ਼ ਸਿਸੋਦੀਆ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ।ਉਨ੍ਹਾਂ ਦੇ ਨਾਲ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਤਖਤ ਸ੍ਰੀ



ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ੁਕਰਾਨੇ ਦੀ ਅਰਦਾਸ ਕੀਤੀ ਅਤੇ ਗੁਰਬਾਣੀ ਦਾ ਕੀਰਤਨ ਸਰਵਣ ਕੀਤਾ। ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਅਸੀਂ ਸ੍ਰੀ ਅਨੰਦਪੁਰ ਸਾਹਿਬ ਦੀ ਮੁਕੱਦਸ ਧਰਤੀ ਤੇ ਨਤਮਸਤਕ ਹੋਏ ਹਾਂ। ਇਸ ਧਰਤੀ ਤੋਂ ਗੁਰੂ ਸਾਹਿਬਾਨ ਨੇ ਜਬਰ ਤੇ ਜੁਲਮ ਵਿਰੁੱਧ ਆਵਾਜ ਬੁਲੰਦ ਕੀਤੀ ਸੀ ਅਤੇ ਗੁਰੂ ਸਹਿਬਾਨ ਨੇ ਜੁਲਮ ਕਰਨ ਤੇ ਜੁਲਮ ਸਹਿਣ ਬਾਰੇ ਵੀ ਸੰਗਤਾਂ ਨੂੰ ਜਾਗਰੂਕ ਕੀਤਾ ਸੀ। ਸ.ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਪਹਿਲਾ ਵੀ ਲੋਕ ਭਲਾਈ ਦੇ ਫੈਸਲੇ ਲੈ ਰਹੀ ਹੈ ਅਤੇ ਹੁਣ ਹੋਰ ਵੱਡੇ ਫੈਸਲੇ ਲਏ ਜਾਣਗੇ।

## ਜ਼ਿਲ੍ਹਾ ਬਾਸਕਟਬਾਲ ਚੈਂਪੀਅਨਸ਼ਿਪ ਅੱਜ ਤੋਂ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਜ਼ਿਲਾ ਬਾਸਕਟਬਾਲ ਐਸੋਸੀਏਸ਼ਨ (ਰਜਿ.) ਜ਼ਿਲਾ ਹੁਸ਼ਿਆਰਪੁਰ ਵਲੋਂ 14 ਸਾਲ ਤੋਂ ਘੱਟ ਲੜਕੀਆਂ ਅਤੇ



19 ਸਾਲ ਤੋਂ ਘੱਟ ਲੜਕਿਆਂ ਲਈ ਬਾਸਕਟਬਾਲ ਚੈਂਪੀਅਨਸ਼ਿਪ 8,9 ਨਵੰਬਰ ਨੂੰ ਬਾਸਕਟਬਾਲ ਸਟੇਡੀਅਮ ਮੜੂਲੀ ਬ੍ਰਾਹਮਣਾਂ ਵਿਖੇ ਹੋਵੇਗੀ । ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਇੰਜ. ਸੁਰਿੰਦਰ ਸੰਧੂ ਸੀਨੀ. ਕਾਰਜਕਾਰੀ ਇੰਜੀਨੀਅਰ (ਰਿਟਾ.) ਜ਼ਿਲ੍ਹਾ ਪ੍ਰਧਾਨ ਬਾਸਕਟਬਾਲ ਐਸੋਸੀਏਸ਼ਨ ਹੁਸ਼ਿਆਰਪੁਰ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਮੜੂਲੀ ਬ੍ਰਾਹਮਣਾਂ ਅਤੇ ਧਾਰਮਿਕ, ਸਮਾਜਿਕ, ਰਾਜਨੀਤਕ ਸ਼ਖਸੀਅਤਾਂ ਅਤੇ ਐਨ ਆਰ ਆਈ ਸੱਜਣਾਂ ਦੇ ਸਹਿਯੋਗ ਨਾਲ 8 ਅਤੇ 9 ਨਵੰਬਰ ਨੂੰ ਹੋਣ ਵਾਲੀ ਬਾਸਕਟਬਾਲ ਚੈਂਪੀਅਨਸ਼ਿਪ ਵਿਚ ਬਹੁਤ ਰੌਚਕ ਤੇ ਦਿਲਚਸਪ ਮੁਕਾਬਲੇ ਹੋਣਗੇ, ਜਿਸ ਵਿਚ ਬਾਸਕਟਬਾਲ ਦੇ ਹੋਣਹਾਰ ਤੇ ਚੰਗੇ ਖਿਡਾਰੀ ਆਪਣੀ ਖੇਡ ਦਾ ਪ੍ਰਦਰਸ਼ਨ ਕਰਨਗੇ।ਉਨਾਂ ਦੱਸਿਆ ਕਿ ਚੈਂਪੀਅਨਸ਼ਿਪ ਦਾ ਉਦਘਾਟਨ 8 ਨਵੰਬਰ ਨੂੰ ਸੰਤ ਰਾਮ ਮੂਰਤੀ ਨਾਰੇ ਵਾਲੇ, ਵਰਿੰਦਰ ਕੁਮਾਰ ਡੀ ਏ ਹੁਸ਼ਿਆਰਪੁਰ ਕਰਨਗੇ।

## ਏ ਜੀ ਆਈ ਇਨਫਰਾ ਲਿਮਟਿਡ ਨੇ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਨੂੰ ਸ਼ਰਧਾ ਨਾਲ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਇਨਫਰਾ ਲਿਮਟਿਡ ਨੇ ਪਹਿਲੇ ਸਿੱਖ ਗੁਰੂ, ਗੁਰੂ ਨਾਨਕ ਦੇਵ ਜੀ ਦੇ 556ਵੇਂ ਜਨਮ ਦਿਹਾੜੇ ਦਾ ਇੱਕ ਸ਼ਾਨਦਾਰ ਅਤੇ ਸ਼ਰਧਾਪੂਰਵਕ ਜਸ਼ਨ ਮਨਾਇਆ। ਸਾਰੀਆਂ ਏ ਜੀ ਆਈ ਰਿਹਾਇਸ਼ੀ ਸੁਸਾਇਟੀਆਂ - ਜਲੰਧਰ ਹਾਈਟਸ 1, 2, 3, ਅਰਬਾਨਾ, ਸਮਾਰਟ ਹੋਮਜ਼, ਮੈਕਸਿਮਾ ਅਤੇ ਸਕਾਈ ਗਾਰਡਨ ਦੇ ਹਜ਼ਾਰਾਂ ਲੋਕਾਂ ਨੇ ਪੂਰੀ ਸ਼ਰਧਾ ਅਤੇ ਖੁਸ਼ੀ ਨਾਲ ਜਸ਼ਨਾਂ ਵਿੱਚ ਹਿੱਸਾ ਲਿਆ।ਮੁੱਖ ਸਮਾਗਮ 66-ਫੁੱਟ ਰੋਡ, ਜਲੰਧਰ ਤੇ



ਅਰਬਾਨਾ ਪਰਿਸਰ ਦੇ ਅੰਦਰ ਸੁੰਦਰ ਢੰਗ ਨਾਲ ਸਜਾਏ ਗਏ ਗਲਾਸ ਹਾਊਸ ਅਖਾੜੇ ਵਿੱਚ ਹੋਇਆ। ਸੈਂਕੜੇ ਏਕੜ ਵਿੱਚ ਫੈਲਿਆ ਪੂਰਾ ਇਲਾਕਾ ਲਾਈਟਾਂ, ਫੁੱਲਾਂ ਅਤੇ ਅਧਿਆਤਮਕ ਸਜਾਵਟ ਨਾਲ ਢਕਿਆ ਹੋਇਆ ਸੀ। ਗਲਾਸ ਹਾਊਸ, ਜਿੱਥੇ ਪਵਿੱਤਰ ਪਾਠ ਸਾਹਿਬ ਅਤੇ ਸਾਰੇ ਧਾਰਮਿਕ ਸਮਾਰੋਹ ਆਯੋਜਿਤ ਕੀਤੇ ਗਏ ਸਨ। ਪ੍ਰੋਗਰਾਮ ਦੀ ਸ਼ੁਰੂਆਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਨਾਲ ਹੋਈ, ਜਿਸ ਤੋਂ ਬਾਅਦ ਰਾਗੀ ਜਥੇ ਦੁਆਰਾ ਸ਼ਬਦ ਕੀਰਤਨ ਅਤੇ ਭਜਨ ਸੰਧਿਆ ਕੀਤੀ ਗਈ।ਹਰ ਸਾਲ ਏ ਜੀ ਆਈ ਇੰਫਰਾ ਲਿਮਟਿਡ ਗੁਰਪੁਰਬ ਨੂੰ ਬਹੁਤ ਹੀ ਸ਼ੁੱਧ ਅਤੇ ਸਤਿਕਾਰਯੋਗ ਢੰਗ ਨਾਲ ਮਨਾਉਂਦਾ ਹੈ ਅਤੇ ਹੁਣ ਇਹ ਜਸ਼ਨ ਸ਼ਹਿਰ ਦਾ ਇੱਕ ਵੱਡਾ ਅਧਿਆਤਮਿਕ ਸਮਾਗਮ ਬਣ ਗਿਆ ਹੈ। ਸ਼ਰਧਾਲੂਆਂ ਨੇ ਅਟੁੱਟ ਲੰਗਰ ਦਾ ਅਨੰਦ ਮਾਣਿਆ।ਏ ਜੀ ਆਈ ਇੰਫਰਾ ਲਿਮਟਿਡ ਨੂੰ ਹਰ ਸਾਲ ਇਸ ਅਧਿਆਤਮਕ ਜਸ਼ਨ ਦਾ ਆਯੋਜਨ ਕਰਨ 'ਤੇ ਮਾਣ ਹੈ, ਜੋ ਗੁਰੂ ਨਾਨਕ ਦੇਵ ਜੀ ਦੁਆਰਾ ਸਿਖਾਏ ਗਏ ਸ਼ਾਂਤੀ, ਪਿਆਰ, ਸੇਵਾ ਅਤੇ ਏਕਤਾ ਦੇ ਸੰਦੇਸ਼ ਨੂੰ ਫੈਲਾਉਂਦਾ ਹੈ।

## ਜ਼ਿਮਨੀ ਚੋਣ 'ਚ ਚੇਅਰਮੈਨ ਜਲਵਾਹਾ ਵੱਲੋਂ ਸਰਗਰਮੀ ਨਾਲ ਚੋਣ ਪ੍ਰਚਾਰ ਜਾਰੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ੍ਰੀ ਤਰਨ ਤਾਰਨ ਸਾਹਿਬ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਵਿੱਚ ਚੋਣਾਂ ਦਾ ਅਖਾੜਾ ਪੂਰੀ ਤਰ੍ਹਾਂ ਭਖਿਆ ਹੋਇਆ ਹੈ ਅਤੇ ਹਰ ਪਾਰਟੀ ਆਪਣੇ ਉਮੀਦਵਾਰ ਦੇ ਹੱਕ ਵਿੱਚ ਅੱਡੀ ਚੋਟੀ ਦਾ ਜ਼ੋਰ ਲਗਾ ਰਹੀ ਹੈ। ਇਸ ਮੌਕੇ ਇੰਪਰੂਵਮੈਂਟ ਟਰੱਸਟ ਨਵਾਂਸ਼ਹਿਰ ਦੇ ਚੇਅਰਮੈਨ ਸਤਨਾਮ ਸਿੰਘ ਜਲਵਾਹਾ ਵਲੋਂ ਆਪਣੀ ਟੀਮ ਸਮੇਤ ਤਰਨ ਤਾਰਨ ਸਾਹਿਬ ਹਲਕੇ ਵਿੱਚ ਚੋਣ ਪ੍ਰਚਾਰ ਪੂਰੀ ਸਰਗਰਮੀ ਨਾਲ ਲਗਾਤਾਰ ਜਾਰੀ ਹੈ । ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਜਦੋਂ ਤੋਂ ਚੋਣ ਮੈਦਾਨ ਉਤਰੇ ਹਨ ਉਸੇ ਦਿਨ ਤੋਂ ਲਗਾਤਰ ਜਲਵਾਹਾ ਵਲੋਂ ਤਰਨ ਤਾਰਨ ਸਾਹਿਬ ਵਿਧਾਨ ਸਭਾ ਹਲਕੇ ਵਿੱਚ ਡੋਰ ਟੂ ਡੋਰ ਪ੍ਰਚਾਰ ਕੀਤਾ ਜਾ ਰਿਹਾ ਹੈ। ਅੱਜ ਚੇਅਰਮੈਨ ਜਲਵਾਹਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵਲੋਂ ਲਗਾਈ ਗਈ ਡਿਊਟੀ ਸਬੰਧੀ ਉਨ੍ਹਾਂ ਵਲੋਂ ਲਗਾਤਾਰ ਚੋਣ ਪ੍ਰਚਾਰ 'ਚ ਆਪਣੀ ਟੀਮ ਸਮੇਤ ਲਗਾਤਾਰ ਪ੍ਰਚਾਰ ਜਾਰੀ ਹੈ। ਪਿੰਡ ਝਮਕੇ



ਖੁਰਦ ਦੇ ਸਰਪੰਚ ਧਰਮਜੀਤ ਸਿੰਘ ਅਤੇ ਸਮੁੱਚੇ ਪੰਚਾਇਤ ਮੈਂਬਰ ਦੇ ਸਹਿਯੋਗ ਨਾਲ ਕੀਤੇ ਜਾ ਰਹੇ ਡੋਰ ਟੂ ਡੋਰ ਪ੍ਰਚਾਰ ਨੂੰ ਲੋਕਾਂ ਵੱਲੋਂ ਵੀ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਚੇਅਰਮੈਨ ਜਲਵਾਹਾ ਨੇ ਕਿਹਾ ਕਿ ਲੋਕਾਂ ਦੇ ਉਤਸ਼ਾਹ ਅਤੇ ਸਮਰਥਨ ਨੂੰ ਦੇਖਦਿਆਂ ਉਹ ਇਹ ਗੱਲ ਪੂਰੇ ਭਰੋਸੇ ਨਾਲ ਕਹਿ ਸਕਦੇ ਹਨ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਸੀਟ ਵੱਡੀ ਲੀਡ ਨਾਲ ਜ਼ਿਮਨੀ ਚੋਣ ਜਿੱਤ ਕੇ ਭਗਵੰਤ ਸਿੰਘ ਮਾਨ ਦੀ ਝੋਲੀ ਪਾਉਣਗੇ। ਉਨ੍ਹਾਂ ਕਿਹਾ ਕਿ ਨਵਾਂਸ਼ਹਿਰ ਹਲਕੇ ਦੀ ਸਮੁੱਚੀ ਟੀਮ ਤਰਨ ਤਾਰਨ ਸਾਹਿਬ ਹਲਕੇ ਦੀ ਜ਼ਿਮਨੀ ਚੋਣ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੀ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਕਿਹਾ ਕਿ ਇਸ ਵਾਰ ਲੋਕ ਕਿਸੇ ਬਹਿਕਾਵੇ ਵਿੱਚ ਨਹੀਂ ਆਉਣਗੇ ਅਤੇ ਭਗਵੰਤ ਸਿੰਘ ਮਾਨ ਦੇ ਵਿਕਾਸ ਕਾਰਜਾਂ ਨੂੰ ਮੁੱਖ ਰੱਖਦਿਆਂ ਆਪਣੀ ਵੋਟ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਪਾ ਕੇ ਹਲਕੇ ਦਾ ਸਰਬਪੱਖੀ ਵਿਕਾਸ ਕਰਾਉਣਗੇ। ਇਸ ਮੌਕੇ ਤੇ ਉਨ੍ਹਾਂ ਨਾਲ ਮਲਕੀਤ ਸਿੰਘ ਨਵਾਂਸ਼ਹਿਰ, ਹਰਬਿੰਦਰ ਸਿੰਘ ਰਾਹੋਂ, ਦਵਿੰਦਰ ਸਿੰਘ ਭਾਰਟਾ, ਚੇਅਰਮੈਨ ਮਾਰਕੀਟ ਕਮੇਟੀ ਗੜ੍ਹਸ਼ੰਕਰ ਬਲਦੀਪ ਸਿੰਘ ਸੈਣੀ, ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ ਰਾਓ ਕੈਂਡੋਵਾਲ ਤੇ ਪਿੰਡ ਝਮਕੇ ਖ਼ੁਰਦ ਸਰਪੰਚ ਧਰਮਜੀਤ ਸਿੰਘ ਸਮੇਤ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ ।

## 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਵਾਉਣ ਲਈ ਪ੍ਰਦਰਸ਼ਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜਾਵਾਂ ਦਵਾਉਣ ਲਈ ਨਕੋਦਰ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੇ ਗੇਟ ਅੱਗੇ ਖੜ ਕੇ ਵਿਦਿਆਰਥੀਆਂ ਵੱਲੋਂ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਮਨਦੀਪ ਕੌਰ ਨੇ ਤੇ ਜ਼ਿਲ੍ਹਾ ਆਗੂ ਨਵਜੋਤ ਸਿਆਣੀਵਾਲ ਨੇ ਕਿਹਾ ਕਿ 1984 ਦੇ ਸਿੱਖ ਕਤਲੇਆਮ ਦੇ ਕਰੀਬ ਚਾਰ ਦਹਾਕੇ ਬੀਤ ਜਾਣ



ਤੇ ਵੀ ਇਨਸਾਫ ਨਹੀਂ ਮਿਲਿਆ। ਪੀੜਤ ਪਰਵਾਰ ਕਈ ਸਾਲਾਂ ਤੋਂ ਅਦਾਲਤਾਂ ਦੇ ਚੱਕਰ ਕੱਟ ਰਹੇ ਹਨ ਪਰ ਦੋਸ਼ੀਆਂ ਨੂੰ ਸਜ਼ਾਵਾਂ ਨਹੀਂ ਮਿਲੀਆਂ। ਵਿਦਿਆਰਥੀਆਂ ਤੇ ਨੌਜਵਾਨਾਂ ਦੇ ਵਿਸ਼ਾਲ ਏਕੇ ਦੀ ਜ਼ਰੂਰਤ ਹੈ। ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਕੋਮਲ, ਤਮੰਨਾ, ਜੁਲੇਖਾ, ਸੰਜਨਾ, ਬੂਟਾ ਸਿੰਘ ਆਦਿ ਹਾਜ਼ਰ ਹੋਏ।

## ਲੋਕ-ਹਿਤੈਸ਼ੀ ਨੀਤੀਆਂ ਨਾਲ 'ਆਪ' 'ਚ ਵਧ ਰਿਹਾ ਲੋਕਾਂ 'ਚ ਭਰੋਸਾ : ਰੰਧਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਆਮ ਆਦਮੀ ਪਾਰਟੀ ਨੇ ਤਰਨ ਤਾਰਨ ਵਿਖੇ ਆਪਣੀ ਮਜ਼ਬੂਤ ਲੋਕਪ੍ਰਿਯਤਾ ਦਾ ਪ੍ਰਦਰਸ਼ਨ ਕੀਤਾ, ਜਿੱਥੇ ਆਉਣ ਵਾਲੀ ਜ਼ਿਮਨੀ ਚੋਣ ਨੂੰ ਧਿਆਨ ਵਿੱਚ ਰੱਖਦਿਆਂ 'ਆਪ' ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ 'ਚ ਰੋਡ ਸ਼ੋਅ ਕੱਢਿਆ। ਇਸ ਰੋਡ ਸ਼ੋਅ ਦੀ ਅਗਵਾਈ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ



ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੀਤੀ। ਡੇਰਾਬੱਸੀ ਹਲਕੇ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਵੱਡੀ ਗਿਣਤੀ ' ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਨੇ ਇਸ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਰੋਡ ਸ਼ੋਅ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਤਰਨ ਤਾਰਨ ਦੇ ਵਾਸੀ 11 ਨਵੰਬਰ ਨੂੰ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਉਨ੍ਹਾਂ ਕਿਹਾ, ਸਿਰਫ਼ ਸਾਢੇ ਤਿੰਨ ਸਾਲਾਂ ਵਿੱਚ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿੱਖਿਆ ਅਤੇ ਸਿਹਤ ਪ੍ਰਣਾਲੀ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਇਸ ਮੌਕੇ ਪਾਰਟੀ ਵਰਕਰਾਂ ਨੇ ਵਿਸ਼ਵਾਸ ਜਤਾਇਆ ਕਿ ਭਗਵੰਤ ਮਾਨ ਸਰਕਾਰ ਦੇ ਪਾਰਦਰਸ਼ੀ ਅਤੇ ਲੋਕ-ਕੇਂਦਰਤ ਸ਼ਾਸਨ ਦਾ ਰਿਕਾਰਡ ਤਰਨ ਤਾਰਨ ਦੀ ਜ਼ਿਮਨੀ ਚੋਣ 'ਚ ਵੱਡੀ ਜਿੱਤ ਦਾ ਆਧਾਰ ਬਣੇਗਾ।

## ਹਰਮੀਤ ਸੰਧੂ ਦੀ ਜਿੱਤ ਤਰਨ ਤਾਰਨ ਖੇਤਰ ਦੇ ਵਿਕਾਸ ਨੂੰ ਤੇਜ਼ ਕਰੇਗੀ : ਚੇਅਰਮੈਨ ਸੈਣੀ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿੱਚ ਸਿਹਤ, ਸਿੱਖਿਆ, ਬਿਜਲੀ ਅਤੇ ਖੇਤੀਬਾੜੀ ਖੇਤਰਾਂ ਵਿੱਚ ਕੀਤੇ ਗਏ ਬਦਲਾਅ ਦਾ ਲੋਕਾਂ ਦੇ ਜੀਵਨ 'ਤੇ ਸਿੱਧਾ ਅਸਰ ਪਿਆ ਹੈ। ਜਿਸ ਤਰ੍ਹਾਂ ਭਗਵੰਤ ਮਾਨ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਲੋਕਾਂ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ, ਉਸ ਨਾਲ ਲੋਕਾਂ ਦਾ ਵਿਸ਼ਵਾਸ ਹੋਰ ਵੀ ਮਜ਼ਬੂਤ ਹੋ ਚੁੱਕਾ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਜਨਤਾ ਵਿੱਚ ਇੱਕ ਹਰਮਨ ਪਿਆਰੇ ਨੇਤਾ ਹਨ ਅਤੇ ਤਰਨ ਤਾਰਨ ਤੋਂ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਆਦਮੀ ਪਾਰਟੀ ਦੇ ਹਲਕਾ ਗੜ੍ਹਸ਼ੰਕਰ ਤੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਦੀਪ ਸਿੰਘ ਸੈਣੀ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਤਰਨ ਤਾਰਨ ਜ਼ਿਮਨੀ ਚੋਣ 'ਚ ਹਰਮੀਤ ਸਿੰਘ ਸੰਧੂ ਦੀ ਜਿੱਤ ਦਾ ਐਲਾਨ ਹੋਣਾ ਬਾਕੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ



ਸਰਕਾਰਾਂ ਨੇ ਪੰਜਾਬ ਦੇ ਭੋਲੇ ਭਾਲੇ ਲੋਕਾਂ ਨਾਲ ਸਿਰਫ਼ ਵਾਅਦੇ ਹੀ ਕੀਤੇ ਸੀ, ਜਦੋਂ ਕਿ ਆਮ ਆਦਮੀ ਪਾਰਟੀ ਨੇ ਜ਼ਮੀਨੀ ਪੱਧਰ 'ਤੇ ਵਿਕਾਸ ਕਰਵਾ ਕੇ ਲੋਕਾਂ ਦੇ ਦਿਲ ਜਿੱਤੇ ਹਨ। ਉਨ੍ਹਾਂ ਦਾ ਸਾਫ਼-ਸੁਥਰਾ ਕਿਰਦਾਰ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਉਨ੍ਹਾਂ ਨੂੰ ਇਲਾਕੇ ਦੇ ਲੋਕਾਂ ਵਿੱਚ ਵਿਸ਼ੇਸ਼ ਮਾਨਤਾ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਹਰਮੀਤ ਸਿੰਘ ਸੰਧੂ ਦੀ ਜਿੱਤ ਤਰਨ ਤਾਰਨ ਖੇਤਰ ਦੇ ਵਿਕਾਸ ਨੂੰ ਤੇਜ਼ ਕਰੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਕੇਂਦਰਿਤ ਨੀਤੀਆਂ ਕਾਰਨ ਹਰ ਵਰਗ ਦੇ ਲੋਕ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਤਰਨਤਾਰਨ ਹਲਕੇ ਦੇ ਲੋਕ ਇਸ ਵਾਰ ਆਮ ਆਦਮੀ ਪਾਰਟੀ ਨੂੰ ਭਾਰੀ ਜਿੱਤ ਦਿਵਾਉਣਗੇ।

## ਨਸ਼ਾ ਮੁਕਤ ਸਮਾਜ ਲਈ ਨੌਜਵਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਲੋੜ : ਐੱਸ ਡੀ ਐੱਮ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਸ਼ਿਆਂ ਵਿਰੁੱਧ ਰਾਜ ਪੱਧਰੀ ਮੁਹਿੰਮ ਦੇ ਹਿੱਸੇ ਵਜੋਂ ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਵਿਖੇ ਡਿਫੈਂਸ ਕਮੇਟੀਆਂ ਦੀ ਵਿਸ਼ੇਸ਼ ਸਿਖਲਾਈ ਦਾ ਆਯੋਜਨ ਕੀਤਾ ਗਿਆ। ਆਪਣੇ ਸੰਬੋਧਨ ਵਿਚ ਐੱਸ ਡੀ ਐੱਮ ਨੇ ਕਿਹਾ ਕਿ ਨਸ਼ਾ ਇਕ ਸਮਾਜਿਕ ਬੁਰਾਈ ਹੈ, ਜੋ ਨਾ ਸਿਰਫ਼ ਵਿਅਕਤੀ ਨੂੰ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਨੌਜਵਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਹਰੇਕ ਨਾਗਰਿਕ ਦੀ ਜ਼ਿੰਮੇਵਾਰੀ ਹੈ ਅਤੇ ਇਸ ਲਈ ਪ੍ਰਸ਼ਾਸਨ, ਪੁਲਿਸ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਸਤਵੰਤ ਸਿੰਘ ਸਿਆਣ ਨੇ ਹਾਜ਼ਰ ਮੈਂਬਰਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਮਾਜ ਉਦੋਂ ਹੀ ਸਿਹਤਮੰਦ ਅਤੇ ਖੁਸ਼ਹਾਲ ਬਣ ਸਕਦਾ ਹੈ ਜਦੋਂ ਨੌਜਵਾਨ ਨਸ਼ੇ ਤੋਂ ਮੁਕਤ ਹੋ ਕੇ ਸਿੱਖਿਆ, ਖੇਡਾਂ ਅਤੇ ਰੁਜ਼ਗਾਰ ਵੱਲ ਅੱਗੇ ਵਧਣ। ਵਿਧਾਨ ਸਭਾ ਕੋਆਰਡੀਨੇਟਰ ਕੰਚਨ ਦਿਓਲ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਹੋਰ ਮੈਂਬਰ ਵੀ ਮੌਜੂਦ ਸਨ।

## ਸਾਹਦੜਾ ਵਿਖੇ ਡੇਂਗੂ ਦੇ ਬਚਾਅ ਸੰਬੰਧੀ ਕੈਂਪ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਪੀ ਐੱਚ ਸੀ ਸੜੋਆ ਡਾਕਟਰ ਜਤਿੰਦਰ ਸਿੰਘ ਦੀ ਜੋਗ ਅਗਵਾਈ ਹੇਠ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਸਾਹਦੜਾ ਵਿਖੇ ਡੇਂਗੂ ਦੇ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਬੁਖਾਰ ਮਾਦਾ ਏਡੀਜ਼ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਫੈਲਦਾ ਹੈ ਅਤੇ ਇਹ ਮੱਛਰ ਸਾਫ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ। ਡੇਂਗੂ ਫੈਲਾਉਣ ਵਾਲੇ ਮੱਛਰ ਤੁਹਾਡੇ ਘਰਾਂ ਦੇ ਆਲੇ ਦੁਆਲੇ ਸਾਫ ਖੜ੍ਹੇ ਪਾਣੀ ਵਿੱਚ ਪਲਦੇ ਹਨ ਜਿਵੇਂ ਕਿ ਕੂਲਰਾਂ ਵਿੱਚ, ਫਰਿਜਾਂ ਦੀਆਂ ਟਰੇਆਂ ਵਿੱਚ, ਗਮਲਿਆਂ ਵਿੱਚ, ਛੱਤਾਂ 'ਤੇ ਰੱਖੀਆਂ ਟੈਂਕੀਆਂ ਵਿੱਚ, ਪਾਣੀ ਦੇ ਭਰੇ ਭਾਂਡਿਆਂ ਵਿੱਚ, ਫੁੱਲਾਂ ਦੇ ਗਮਲਿਆਂ ਵਿੱਚ, ਪੁਰਾਣੇ ਟਾਇਰਾਂ ਵਿੱਚ ਇਸ ਲਈ ਸਾਨੂੰ ਇਹਨਾਂ ਥਾਂ ਤੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ।ਪਾਣੀ ਦੇ ਭਰੇ ਭਾਂਡਿਆਂ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰਕੇ ਸੁਕਾਉਣਾ ਚਾਹੀਦਾ ਹੈ। ਡੇਂਗੂ ਦੇ ਬੁਖਾਰ ਦੇ ਲੱਛਣਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਚ ਤੇਜ਼ ਬੁਖਾਰ ਹੋਣਾ, ਸਿਰ ਦਰਦ ਹੋਣਾ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਹੋਣਾ, ਮਾਸਪੇਸ਼ੀਆਂ ਤੇ ਜੋੜਾਂ ਵਿੱਚ ਦਰਦ ਹੋਣਾ, ਜੀ ਕੱਚਾ ਹੋਣਾ ਤੇ ਉਲਟੀਆਂ ਆਉਣਾ ਤੇ ਥਕਾਵਟ ਮਹਿਸੂਸ ਹੋਣਾ, ਚਮੜੀ 'ਤੇ ਦਾਣੇ ਹੋਣਾ ਅਤੇ ਹਾਲਤ ਖਰਾਬ ਹੋਣ 'ਤੇ ਨੱਕ ਮੂੰਹ ਅਤੇ ਮਸੂੜਿਆਂ ਚੋਂ ਖ਼ੂਨ ਵਗਣਾ ਹੋ ਸਕਦਾ ਹੈ। ਜੇਕਰ ਕਿਸੇ ਨੂੰ ਵੀ ਅਜਿਹੇ ਲੱਛਣ ਹੋਣ ਆਉਣ ਤਾਂ



ਤੁਰੰਤ ਸਰਕਾਰੀ ਹਸਪਤਾਲ ਵਿੱਚ ਖ਼ੂਨ ਦੀ ਜਾਂਚ ਕਰਾਈ ਜਾਵੇ ਡੇਂਗੂ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਓਂਕਾਰ ਸਿੰਘ, ਸਰਪੰਚ ਸੁਰਿੰਦਰ ਪਾਲ , ਆਸ਼ਾ ਸੁਪਰਵਾਈਜ਼ਰ ਪੁਸ਼ਮਿੰਦਰ ਕੌਰ, ਆਸ਼ਾ ਵਰਕਰ ਸੋਮਾ ਰਾਣੀ ਆਦਿ ਹਾਜ਼ਰ ਸਨ।

## ਘੁੰਮਣਾ ਵਿਖੇ ਸ੍ਰੀ ਕ੍ਰਿਸ਼ਨ ਲੀਲਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**- ਸ੍ਰੀ ਕ੍ਰਿਸ਼ਨ ਲੀਲਾ ਭਵਨ ਟਰੱਸਟ ਘੁੰਮਣ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 91ਵਾਂ ਸਾਲਾਨਾ ਸ੍ਰੀ ਕ੍ਰਿਸ਼ਨ ਲੀਲਾ ਮੇਲਾ ਪਿੰਡ ਘੁੰਮਣਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਬਿੰਦ੍ਰਾਬਨ ਤੋਂ ਆਏ ਹੋਏ ਕਲਾਕਾਰਾਂ ਵਲੋਂ ਦੇਵੀ ਦੇਵਤਿਆਂ ਦੇ ਸਰੂਪ ਚ ਵੱਖ ਵੱਖ ਝਾਕੀਆਂ ਪੇਸ਼ ਕੀਤੀਆਂ ਗਈਆਂ। ਵੱਖ ਵੱਖ ਕਲਾਕਾਰਾਂ ਅਤੇ ਸੰਗੀਤ ਮੰਡਲੀਆਂ ਵਲੋਂ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਦਰਬਾਰ ਹਜ਼ਰਤ ਪੀਰ ਬਾਬਾ ਗੁਲਾਮ ਸ਼ਾਹ ਜੀ,



ਦਰਬਾਰ ਦੇ ਗੱਦੀ ਨਸ਼ੀਨ ਮਾਈ ਮਾਣੋ ਵਿਸ਼ੇਸ਼ ਤੌਰ 'ਤੇ ਪਹੁੰਚੇ। ਟਰੱਸਟ ਦੇ ਚੇਅਰਮੈਨ ਯੋਗੇਸ਼ ਕੁਮਾਰ ਬਿੱਟੂ ਸਾਬਕਾ ਸਰਪੰਚ ਵਲੋਂ ਸਾਰਿਆਂ ਨੂੰ ਆਇਆਂ ਕਿਹਾ ਅਤੇ ਪਹੁੰਚੇ ਹੋਏ ਮਹਿਮਾਨਾਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਤਿੰਨ ਦਿਨਾਂ ਮੇਲੇ ਦੌਰਾਨ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਚੇਅਰਮੈਨ ਯੋਗੇਸ਼ ਕੁਮਾਰ ਬਿੱਟੂ, ਪਰਮਜੀਤ ਭੋਗਲ, ਮਨੋਜ ਕੁਮਾਰ ਫੌਜੀ, ਰਾਕੇਸ਼ ਕੁਮਾਰ ਸੋਨੂੰ, ਸੁਰਜੀਤ ਲਾਲ,ਹੰਸ ਰਾਜ, ਸਤਨਾਮ ਸਿੰਘ, ਅਜਮੇਰ ਸਿੰਘ ਬਿੱਲਾ, ਹੈਪੀ ਭੋਗਲ, ਜਸਵਿੰਦਰ ਸਿੰਘ, ਬਲਜਿੰਦਰ ਸਿੰਘ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਸਮੂਹ ਨਿਹੰਗ ਸਿੰਘ ਦਲਾਂ ਨੇ ਖਾਲਸਾਈ ਜਾਹੋ-ਜਲਾਲ ਨਾਲ ਮਹੱਲਾ ਕੱਢਿਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ 556 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮੂਹ ਦਸਮ ਪਾਤਸ਼ਾਹ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘ ਦਲਾਂ ਵਲੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ ਤੇ ਇਤਿਹਾਸਕ ਨਿਸ਼ਾਨ ਨਿਗਾਰਿਆਂ ਦੀ ਛਤਰ



ਛਾਇਆ ਹੇਠ ਨਜ਼ਦੀਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਮਹੱਲੇ ਦੀ ਆਰੰਭਤਾ ਹੋਈ।ਇਸ ਤੋਂ ਪਹਿਲਾਂ ਗੁਰਦੁਆਰਾ ਬੇਰ ਸਾਹਿਬ ਦੇ ਨਜ਼ਦੀਕ ਪਹਿਲਾਂ ਅਖੰਡ ਪਾਠਾਂ ਦੇ ਭੋਗ ਨਿਹੰਗ ਸਿੰਘਾਂ ਦੀ ਚਲੀ ਆਉਦੀ ਮਰਿਯਾਦਾ ਅਨੁਸਾਰ ਪਾਏ ਗਏ। ਇਸ ਮੌਕੇ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਕੀਰਤਨ ਕੀਤਾ। ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਮਹੱਲਾ ਅਰੰਭਤਾ ਦੀ ਅਰਦਾਸ ਕੀਤੀ ਤੇ ਸਾਰੀਆਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਵੱਖ-ਵੱਖ ਨਿਹੰਗ ਸਿੰਘ ਦਲਾਂ ਦੇ ਮੁਖੀ ਸਾਹਿਬਾਨ ਨੂੰ ਸਨਮਾਨਤ ਕੀਤਾ ਅਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਬਿਧੀ ਚੰਦ ਨਿਹੰਗ ਸਿੰਘਾਂ ਦੀ ਜੱਥੇਬੰਦੀ ਨੇ ਪੂਰੇ ਖਾਲਸਾਈ ਜਾਹੋ ਜਲਾਲ ਨਾਲ ਮਹੱਲੇ 'ਚ ਸਮੂਲੀਅਤ ਕੀਤੀ ਉਪਰੰਤ ਮਹੱਲੇ ਦੀ ਆਰੰਭਤਾ ਹੋਈ। ਮਹੱਲੇ ਵਿੱਚ ਨਿਹੰਗ ਸਿੰਘ ਦਲਾਂ ਦੇ ਮੁਖੀ ਤੇ ਵੱਡੀ ਗਿਣਤੀ ਵਿੱਚ ਨਿਹੰਗ ਸਿੰਘਾਂ ਨੇ ਤਿਆਰ ਬਰ ਤਿਆਰ ਸ਼ਸਤਰਧਾਰੀ ਹੋ ਕੇ ਸਮੂਲੀਅਤ ਕੀਤੀ।ਨਿਹੰਗ ਸਿੰਘਾਂ ਨੇ ਸੁੰਦਰ ਦੁਮਾਲਿਆਂ ਤੇ ਚੱਕ੍ਰ, ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ ਵੱਡੀਆਂ ਕਿਰਪਾਨਾਂ ਪਹਿਨੀ ਤੇ ਲੱਕ ਪਿਛੇ ਢਾਲਾਂ ਸਜਾਏ, ਹੱਥਾਂ ਵਿੱਚ ਨੇਜੇ, ਖੰਡੇ ਫੜੀ, ਨੀਲਿਆਂ ਕੇਸਰੀ ਬਾਨਿਆਂ ਵਿੱਚ ਜੰਗੀ ਮਾਹੌਲ ਦਾ ਦ੍ਰਿਸ਼ ਪੇਸ਼ ਕਰ ਰਹੇ ਸਨ।ਇਸ ਸਮੇਂ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ 96ਵੇਂ ਕਰੋੜੀ ਪੰਜਵਾਂ ਤਖ਼ਤ, ਤੋਂ ਇਲਾਵਾ ਬਾਬਾ ਨਾਗਰ ਸਿੰਘ, ਬਾਬਾ ਨੌਰੰਗ ਸਿੰਘ, ਬਾਬਾ ਤਾਰਾ ਸਿੰਘ ਝਾੜ ਸਾਹਿਬ ਵਾਲੇ, ਰਾਜਸਭਾ ਦੇ ਮੈਂਬਰ ਬਾਬਾ ਬਲਬੀਰ ਸਿੰਘ ਸੀਚੇਵਾਲ, ਬਾਬਾ ਮੇਜਰ ਸਿੰਘ, ਬਾਬਾ ਅਵਤਾਰ ਸਿੰਘ ਬਿਧੀ ਚੰਦ, ਬਾਬਾ ਨੌਰੰਗ ਸਿੰਘ, ਈਸ਼ਰ ਸਿੰਘ , ਦਰਸ਼ਨ ਸਿੰਘ ਆਦਿ ਵੱਡੀ ਗਿਣਤੀ ਵਿੱਚ ਵੱਖ ਵੱਖ ਨਿਹੰਗ ਸਿੰਘਾਂ ਜਥੇਬੰਦੀਆਂ ਦੇ ਦਲ ਹਾਜ਼ਰ ਸਨ।

## ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਪਿਛਲੇ 13 ਸਾਲਾਂ ਤੋਂ ਕੀਤੇ ਜਾ ਰਹੇ ਬੁੱਧ ਮਹਾਂਪੁਰਸ਼ਾਂ ਦੀ ਯਾਦ ਨੂੰ ਸਮਰਪਤ ਮਹੀਨਾਵਾਰ ਸਮਾਗਮਾਂ ਦੀ ਲੜੀ ਨੂੰ ਜਾਰੀ ਰੱਖਦੇ ਹੋਏ ਨਵੰਬਰ ਮਹੀਨੇ ਦਾ ਸਮਾਗਮ ਧੰਨ- ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਕੀਤਾ ਗਿਆ। ਇਸ ਮੌਕੇ



ਸਭ ਤੋਂ ਪਹਿਲਾਂ ਸਮੂਹਿਕ ਤੌਰ ਤੇ ਮੈਡੀਟੇਸ਼ਨ ਕੀਤੀ ਗਈ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਚਿਆਈ ਦੇ ਮਾਰਗ 'ਤੇ ਚੱਲਣ ਦਾ ਪ੍ਰਣ ਕੀਤਾ ਗਿਆ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਆਪਣੀ ਬਾਣੀ ਰਾਹੀਂ ਕੁਦਰਤ ਦੇ ਭੇਤਾਂ ਨੂੰ ਨਾਮ ਸਿਮਰਨ ਦੇ ਅਭਿਆਸ ਰਾਹੀਂ ਜਾਨਣ, ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰਹਿਣ, ਔਰਤ ਜਾਤੀ ਦਾ ਸਤਿਕਾਰ ਕਰਨ, ਵਹਿਮਾਂ ਭਰਮਾਂ ਤੇ ਅੰਧ ਵਿਸ਼ਵਾਸਾਂ ਤੋਂ ਦੂਰ ਰਹਿਣ, ਬਰਾਬਰਤਾ ਦਾ ਸਮਾਜ ਸਿਰਜਣ, ਸਮਾਜ ਦੇ ਦੁਖਿਆਰੇ ਲੋਕਾਂ ਲਈ ਹਾਅ ਦੀ ਆਵਾਜ਼ ਉਠਾਉਣ, ਵੱਧ ਤੋਂ ਵੱਧ ਗਿਆਨਵਾਨ ਬਣਨ ਅਤੇ ਸੇਵਾ- ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੰਦੇ ਹਨ। ਇਸ ਮੌਕੇ ਸੰਤ ਪਵਨ ਕੁਮਾਰ ਤਾਜੇਵਾਲ ਨੇ ਆਪਣੀ ਰਸਭਿੰਨੀ ਆਵਾਜ਼ ਵਿੱਚ ਸ਼ਬਦ ਸੁਣਾ ਕੇ ਮਾਹੌਲ ਨੂੰ ਅਧਿਆਤਮਿਕ ਰੰਗ ਵਿੱਚ ਰੰਗਿਆ। ਇਸ ਮੌਕੇ ਰੇਖਾ ਰਾਣੀ, ਨਿਰਮਲ ਕੌਰ ਬੋਧ, ਸੁਮਿਤਾ, ਅਮਰਜੀਤ ਕੌਰ, ਜੀਵਨ ਕੁਮਾਰੀ, ਸ਼ਸ਼ੀ ਬੰਗੜ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਪਰਮਜੀਤ ਕੌਰ, ਦੀਆ ਰਾਣੀ, ਪ੍ਰਭਜੋਤ ਕੌਰ, ਗਗਨਦੀਪ ਕੌਰ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ, ਤਰਕਸ਼ੀਲ ਆਗੂ ਗਿਆਨ ਚੰਦ ਬਾੜੀਆਂ, ਰਾਜੀਵ , ਸੰਤ ਪਵਨ ਕੁਮਾਰ ਤਾਜੇਵਾਲ, ਥਾਣੇਦਾਰ ਸੁਖਦੇਵ ਸਿੰਘ, ਜਰਨੈਲ ਸਿੰਘ ਸਟਾਰ ਰਿਫਰੈਸ਼ਮੈਂਟ ਹਵੇਲੀ ਰੋਡ ਮਾਹਿਲਪੁਰ ਹਾਜ਼ਰ ਸਨ।

## ਸਤਨਾਮ ਸਿੰਘ ਗਿੱਲ ਦੇ ਪੁੱਤਰ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਢੇਰ)**- ਸਾਬਕਾ ਐਸ ਜੀ ਪੀ ਸੀ ਮੈਂਬਰ ਸਤਨਾਮ ਸਿੰਘ ਗਿੱਲ ਦੇ ਪੁੱਤਰ ਅਸ਼ਵਿੰਦਰ ਸਿੰਘ 46 ਵਾਸੀ ਦੜੋਲੀ ਉਪਰਲੀ ਦੀ ਬੀਤੇ ਦਿਨੀ ਇੱਕ ਸੜਕ ਹਾਦਸੇ ਦੌਰਾਨ



ਹੋਈ ਮੌਤ 'ਤੇ ਵੱਖ-ਵੱਖ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਅਸ਼ਵਿੰਦਰ ਸਿੰਘ ਪੀ ਸੀ ਐਲ ਦਾ ਮੁਲਾਜ਼ਮ ਸੀ ਤੇ ਨੰਗਲ ਤੋਂ ਆਪਣੇ ਘਰ ਆ ਰਿਹਾ ਸੀ ਜੋ ਕਿ ਇੱਕ ਸੜਕ ਹਾਦਸੇ ਦੌਰਾਨ ਸਦੀਵੀ ਵਿਛੋੜਾ ਦੇ ਗਏ। ਉਹਨਾਂ ਦੀ ਮੌਤ ਨਾਲ ਪਰਵਾਰ ਨੂੰ ਤੇ ਇਲਾਕੇ ਨੂੰ ਭਾਰੀ ਘਾਟਾ ਪਿਆ। ਇਸ ਦੁੱਖ ਦੀ ਘੜੀ ਵਿੱਚ ਉਹਨਾਂ ਨਾਲ ਸੀ ਪੀ ਆਈ ਐਮ ਦੇ ਸਕੱਤਰ ਬਜਿੰਦਰ ਪੰਡਿਤ, ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ,ਸਤਨਾਮ ਸਿੰਘ ਨੰਗਲ , ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਬਜ਼ੁਰਗ ਆਗੂ ਜਥੇਦਾਰ ਮੋਹਣ ਸਿੰਘ ਢਾਹੇ, ਚੂੜ ਸਿੰਘ ਅਟਵਾਲ, ਕਾਨੂੰਗੋ ਮੁਮਿੰਦਰਪਾਲ ਸਿੰਘ ਅਟਵਾਲ,ਜਸਵੰਤ ਸਿੰਘ ਬੇਲਾ, ਅਮਨਿੰਦਰ ਸਿੰਘ ਸੇਖੋਂ, ਗੁਰਬਿੰਦਰ ਸਿੰਘ ਸੰਧੂ, ਸੂਬੇਦਾਰ ਦਰਸ਼ਨ ਸਿੰਘ, ਮਨੀਲਾ ਵਾਸੀ ਅਵਤਾਰ ਸਿੰਘ ਪਰਮਾਰ ਆਦਿ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਗੁਰਾਇਆ ਪੁਲਸ ਵੱਲੋਂ ਲੁੱਟ-ਖੋਹ ਤੇ ਚੋਰੀ ਕਰਨ ਵਾਲੇ ਗਰੋਹ ਦੇ 2 ਮੈਂਬਰ ਗ੍ਰਿਫਤਾਰ



**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਿਸ ਕਪਤਾਨ, ਜਲੰਧਰ (ਦਿਹਾਤੀ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਜ ਦੇ ਭੈੜੇ ਅਨਸਰਾਂ/ਨਸ਼ਾ ਤਸਕਰਾਂ ਦੇ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿਮ ਯੁੱਧ ਨਸ਼ਿਆ ਵਿਰੁੱਧ ਤਹਿਤ ਸਰਵਨ ਸਿੰਘ ਬੱਲ, ਉਪ ਪੁਲਸ ਕਪਤਾਨ, ਸਬ-ਡਵੀਜਨ ਫਿਲੌਰ ਦੀ ਅਗਵਾਈ ਹੇਠ, ਇੰਸਪੈਕਟਰ ਸਿਕੰਦਰ ਸਿੰਘ ਵਿਰਕ ਮੁੱਖ ਅਫਸਰ ਥਾਣਾ ਗੁਰਾਇਆ ਵੱਲੋਂ ਚੋਰੀ ਹੋਇਆ ਟਰੈਕਟਰ ਮਾਰਕਾ ਫੋਰਡ ਅਤੇ ਇੱਕ ਮਰੂਤੀ ਕਾਰ ਬ੍ਰਾਮਦ ਕਰਕੇ ਸੰਨ੍ਹੇ ਖੋਰੀ ਗਰੁਪ ਦੇ 2 ਗਰੋਗਿਆ ਨੂੰ ਗ੍ਰਿਫਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵਨ ਸਿੰਘ ਬੱਲ, ਉਪ ਪੁਲਿਸ ਕਪਤਾਨ, ਸਬ- ਡਵੀਜਨ ਫਿਲੌਰ ਜਿਲ੍ਹਾਂ ਜਲੰਧਰ ਦਿਹਾਤੀ ਨੇ ਦੱਸਿਆ ਕਿ ਇੰਸਪੈਕਟਰ ਸਿਕੰਦਰ ਸਿੰਘ ਵਿਰਕ ਮੁੱਖ ਅਫਸਰ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਦਿਹਾਤੀ ਦੀ ਪੁਲਿਸ ਪਾਰਟੀ ਏ ਐੱਸ ਆਈ ਜੰਗ ਬਹਾਦਰ ਚੌਂਕੀ ਇੰਚਾਰਜ ਦੁਸਾਂਝ ਕਲ੍ਹਾਂ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਸਮੇਤ ਸਾਥੀ ਕਰਮਚਾਰੀਆ ਦੇ ਬੱਸ ਅੱਡਾ ਦੁਸਾਂਝ ਕਲ੍ਹਾਂ ਮੋਜੂਦ ਸੀ ਤਾਂ ਇੱਕ ਮੁੱਖਬਰ ਖਾਸ ਨੇ ਇਤਲਾਹ ਦਿੱਤੀ ਕਿ ਇਸ਼ਵਿੰਦਰ ਕੋਲ ਉਰਫ ਬਾਬਾ ਪੁੱਤਰ ਪਰਮਜੀਤ ਵਾਸੀ ਉੱਚਾ ਥਾਣਾ ਪਤਾਰਾ, ਅਮਨ ਪੁੱਤਰ ਕਰਨੈਲ ਸਿੰਘ ਵਾਸੀ ਜੇਠਪੁਰ ਥਾਣਾ ਪਤਾਰਾ, ਗੁਰਵਿੰਦਰ ਸਿੰਘ ਉਰਫ ਸੁੱਖਾ ਪਿੱਦੂ ਪੁੱਤਰ ਹਰਮੇਸ਼ ਲਾਲ ਵਾਸੀ ਨਸੀਰਾਬਾਦ ਥਾਣਾ ਰਾਵਲਪਿੰਡੀ, ਅਤੇ ਵਾਸੀ ਜੰਡਿਆਲਾ ਰਲ ਕੇ ਰਾਤ ਸਮੇਂ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਚੋਰੀਆਂ ਅਤੇ ਲੁੱਟਾ ਖੋਹਾ ਕਰਦੇ ਹਨ। ਤਫਤੀਸ਼ ਦੌਰਾਨ ਦੋਸ਼ੀ ਹਰਮਨ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਨਸੀਰਾਬਾਦ ਥਾਣਾ ਰਾਵਲਪਿੰਡੀ ਅਤੇ ਮਨਸਿਮਰਨਜੀਤ ਸਿੰਘ ਉਰਫ ਸਿੰਮਾ ਪੁੱਤਰ ਮਲਕੀਤ ਸਿੰਘ ਵਾਸੀ ਨਸੀਰਾਬਾਦ ਥਾਣਾ ਰਾਵਲਪਿੰਡੀ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਨ੍ਹਾਂ ਪਾਸੋਂ ਚੋਰੀ ਕੀਤਾ ਹੋਇਆ ਟਰੈਕਟਰ ਮਾਰਕਾ ਫੋਰਡ ਅਤੇ ਇੱਕ ਮਾਰੂਤੀ ਗੱਡੀ ਬ੍ਰਾਮਦ ਕੀਤੀ ਗਈ। ਪੁੱਛ ਗਿੱਛ ਦੋਸ਼ੀਆਨ ਹਰਮਨ ਸਿੰਘ ਅਤੇ ਮਨਸਿਮਰਨਜੀਤ ਸਿੰਘ ਉਰਫ ਸਿੰਮਾ ਉਕਤਾਨ ਨੇ ਦੱਸਿਆ ਕਿ ਇਹਨਾਂ ਸਾਰਿਆ ਨੇ ਰਲ ਕੇ ਕੁੱਝ ਦਿਨ ਪਹਿਲਾ ਦੁਸਾਂਝ ਕਲਾਂ ਦੇ ਏਰੀਆ ਵਿੱਚੋਂ ਇੱਕ ਮਾਰੂਤੀ ਗੱਡੀ ਚੋਰੀ ਕੀਤੀ ਸੀ ਅਤੇ ਫਿਰ ਪਿੰਡ ਦੁਸਾਂਝ ਕਲਾਂ ਵਿਖੇ ਸ਼ਰਾਬ ਦੇ ਠੇਕੇ ਤੇ ਹਥਿਆਰਾ ਨਾਲ ਲੈਸ ਹੋ ਕੇ ਭੰਨ ਤੋੜ ਕੀਤੀ ਅਤੇ ਕਰਿੰਦੇ ਦੀ ਕੁੱਟਮਾਰ ਕਰਕੇ ਜਾਂਦੇ ਸਮੇਂ ਕੀਮਤੀ ਸ਼ਰਾਬ ਚੋਰੀ ਕੀਤੀ ਸੀ ਅਤੇ ਇਹਨਾਂ ਨੇ ਫਿਰ ਦੁਸਾਂਝ ਕਲ੍ਹਾਂ ਤੋਂ ਟਰੈਕਟਰ ਫੋਰਡ ਚੋਰੀ ਕੀਤਾ ਸੀ। ਫਿਰ ਉਸ ਤੋਂ ਬਾਅਦ ਇਹਨਾਂ ਨੇ ਰਲ ਕੇ ਪਿੰਡ ਮੰਡਾਲੀ ਵਿਖੇ ਧਰਮਿੰਦਰ ਸਿੰਘ ਲੰਬੜਦਾਰ ਦੇ ਘਰ ਤੇ ਹਮਲਾ ਕਰਕੇ ਉਸ ਤੇ ਗੋਲੀਆ ਚਲਾਈਆ ਸੀ ਅਤੇ ਫਿਰ ਇਹਨਾਂ ਨੇ ਫਗਵਾੜੇ ਵਾਲੀਆ ਪੰਪ ਤੇ ਵੀ ਗੋਲੀਆ ਚਲਾ ਕੇ ਲੁੱਟ ਖੋਹ ਕੀਤੀ ਸੀ। ਪੁੱਛਗਿੱਛ ਦੌਰਾਨ ਦੋਸ਼ੀ ਹਰਮਨ ਸਿੰਘ ਅਤੇ ਮਨਸਿਮਰਨਜੀਤ ਸਿੰਘ ਉਰਫ ਸਿੰਮਾ ਉਕਤਾਨ ਨੇ ਦੱਸਿਆ ਕਿ ਇਸ਼ਵਿੰਦਰ ਕੋਲ ਉਰਫ ਬਾਬਾ ਪੁੱਤਰ ਪਰਮਜੀਤ ਵਾਸੀ ਉੱਚਾ ਥਾਣਾ ਪਤਾਰਾ ਅਤੇ ਅਮਨ ਪੁੱਤਰ ਕਰਨੈਲ ਸਿੰਘ ਵਾਸੀ ਜੇਠਪੁਰ ਥਾਣਾ ਪਤਾਰਾ ਨੇ ਬਿਆਸ ਏਰੀਆ ਵਿੱਚ ਸਤਨਾਮ ਸਿੰਘ ਉਰਫ ਸੱਤਾ ਪੁੱਤਰ ਸੰਤੋਖ ਸਿੰਘ ਵਾਸੀ ਉੱਚਾ ਪਿੰਡ ਥਾਣਾ ਪਤਾਰਾ ਦੇ ਗੋਲੀਆ ਮਾਰ ਕੇ ਉਸ ਦਾ ਕਤਲ ਕੀਤਾ ਸੀ। ਇਹ ਸਾਰੇ ਦੋਸ਼ੀ ਖੁੱਤਰੀ ਗਰੁੱਪ ਦੇ ਮੈਂਬਰ ਹਨ। ਗ੍ਰਿਫਤਾਰ ਕਰਨ ਵਾਲੇ ਰਹਿੰਦੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਤੋਂ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ ਮਾਰੂ ਹਥਿਆਰ ਅਤੇ ਅਸਲਾ ਬ੍ਰਾਮਦ ਕੀਤਾ ਜਾਵੇਗਾ। ਦੋਸ਼ੀ ਹਰਮਨ ਸਿੰਘ ਅਤੇ ਮਨਸਿਮਰਨਜੀਤ ਸਿੰਘ ਉਰਫ ਸਿੰਮਾ ਉਕਤਾਨ ਨੂੰ ਮਾਨਯੋਗ ਇਲਾਕਾ ਮੈਜਿਸਟਰੇਟ ਸਾਹਿਬ ਫਿਲੌਰ ਦੀ ਅਦਾਲਤ ਵਿੱਚ ਪੇਸ਼ ਕਰਕੇ ਦੋਸ਼ੀਆਂ ਦਾ ਪੁਲਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਅਤੇ ਇਹਨਾ ਦੇ ਬਾਕੀ ਸਾਥੀਆ ਨੂੰ ਵੀ ਗ੍ਰਿਫਤਾਰ ਕਰਨਾ ਬਾਕੀ ਹੈ।

# ਬ੍ਰਿਗੇਡੀਅਰ ਰਾਜ ਕੁਮਾਰ ਨੇ ਜ਼ਿਮਨੀ ਚੋਣ 'ਚ ਕੀਤਾ ਪ੍ਰਚਾਰ



**ਨਵਾਂਸ਼ਹਿਰ (ਜਸਵਿੰਦਰ ਬੈਂਸ)**- ਪੰਜਾਬ ਦੇ ਤਰਨਤਾਰਨ ਵਿਧਾਨ ਸਭਾ ਹਲਕਾ ਵਿੱਚ ਚੋਣ ਸਰਗਰਮੀਆਂ ਸ਼ਿਖਰਾਂ 'ਤੇ ਹਨ। ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਤਰਨਤਾਰਨ ਤੋਂ ਚੋਣ ਮੈਦਾਨ ਵਿੱਚ ਖੜੇ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਬ੍ਰਿਗੇਡੀਅਰ ਰਾਜ ਕੁਮਾਰ ਚੇਅਰਮੈਨ ਗੁੱਜਰ ਵੈੱਲਫੇਅਰ ਬੋਰਡ ਪੰਜਾਬ ਨੇ ਦੱਸਿਆ ਕਿ ਤਰਨਤਾਰਨ ਦੇ ਵੱਖ ਵੱਖ ਪਿੰਡਾਂ ਵਿੱਚ ਘਰ ਘਰ ਜਾ ਕੇ ਡੋਰ ਟੂ ਡੋਰ ਮੁਹਿਮ ਚਲਾਉਣ ਲਈ ਤਰਨਤਾਰਨ ਪਹੁੰਚੇ ਹੋਏ ਹਨ। ਬ੍ਰਿਗੇਡੀਅਰ ਰਾਜ ਕੁਮਾਰ ਚੇਅਰਮੈਨ ਗੁੱਜਰ ਵੈਲਫੇਅਰ ਬੋਰਡ ਪੰਜਾਬ ਨੇ ਆਪਣੀ ਟੀਮ ਨਾਲ ਡੋਰ ਟੂ ਡੋਰ ਕੰਪੇਨ ਬੜੇ ਹੀ ਜੋਸ਼ੋ ਖ਼ਰੋਸ਼ ਨਾਲ ਆਰੰਭ ਕੀਤੀ । ਵੱਖ ਵੱਖ ਪਿੰਡਾਂ ਦੇ ਹੋਰ ਮੋਹਤਬਰ ਵਿਆਕਤੀਆਂ ਨੂੰ ਨਾਲ ਲੈਕੇ ਪਿੰਡ ਵਾਸੀਆਂ ਨਾਲ ਨੁੱਕੜ ਮੀਟਿੰਗਾਂ ਕੀਤੀਆਂ। ਵੱਖ ਵੱਖ ਪਿੰਡਾਂ ਦੇ ਵਾਸੀਆਂ ਨੇ ਖੁੱਲੇ ਦਿਲ ਨਾਲ ਆਮ ਆਦਮੀ ਪਾਰਟੀ ਦੀ ਟੀਮ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਉਹਨਾਂ ਦੇ ਨਾਲ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਅਤੇ ਵਲੰਟੀਅਰ ਮੈਂਬਰ ਡੋਰ ਟੂ ਡੋਰ ਪ੍ਰਚਾਰ ਲਈ ਹਾਜ਼ਰ ਸਨ।

## ਗੰਨੇ ਦੇ ਵਿਕਾਸ ਤੇ ਹੋਰ ਮੁੱਦਿਆਂ ਸੰਬੰਧੀ ਕੇਨ ਕਮਿਸ਼ਨਰ ਨੇ ਕੀਤੀ ਮੀਟਿੰਗ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਗੰਨੇ ਦੇ ਵਿਕਾਸ, ਅਦਾਇਗੀ ਅਤੇ ਹੋਰ ਵੱਖ-ਵੱਖ ਮੁੱਦਿਆਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਖੇਤੀ ਭਵਨ , ਐਸ. ਏ. ਐਸ. ਨਗਰ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਡਾ. ਅਮਰੀਕ ਸਿੰਘ, ਕੇਨ ਕਮਿਸ਼ਨਰ ਪੰਜਾਬ ਵੱਲੋਂ ਕੀਤੀ ਗਈ, ਮੀਟਿੰਗ ਦੌਰਾਨ ਪੰਜਾਬ ਰੁੱਤ ਦੌਰਾਨ ਗੰਨੇ ਦੀ ਫਸਲ ਹੇਠ ਰਕਬਾ ਅਤੇ ਪ੍ਰਤੀ ਹੈਕਟੇਅਰ ਉਤਪਾਦਕਤਾ ਵਧਾਉਣ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦਾ ਜਾਇਜ਼ਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਗੰਨਾ ਪੰਜਾਬ ਦੀ ਮੁੱਖ ਫ਼ਸਲ ਹੈ ਅਤੇ ਇਸ ਦੀ ਪ੍ਰਤੀ ਹੈਕਟੇਅਰ ਉਤਪਾਦਕਤਾ ਵਧਾਉਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇਹ ਸਮਾਂ ਗੰਨੇ ਦੀ ਫ਼ਸਲ ਵਿੱਚ ਅੰਤਰ ਫ਼ਸਲਾਂ ਲਈ ਬਹੁਤ ਹੀ ਅਹਿਮ ਹੁੰਦਾ ਹੈ ਅਤੇ ਇਸ ਸਮੇਂ ਤੇ ਅੰਤਰ ਫ਼ਸਲ ਦੇ ਨਾਲ ਫ਼ਸਲ ਦੀ ਸਾਂਭ ਸੰਭਾਲ ਸਬੰਧੀ ਤਕਨੀਕੀ ਜਾਣਕਾਰੀ ਗੰਨਾ ਕਾਸ਼ਤਕਾਰਾਂ ਨੂੰ ਮੁਹੱਈਆ ਕਰਵਾਉਣ ਦੀ ਜ਼ਰੂਰਤ ਹੈ।

## ਹਰੀਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਹਰੀਪੁਰ ਦੀਆ ਸਮੂਹ ਸੰਗਤਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾ-ਪੂਰਵਕ ਮਨਾਇਆ ਗਿਆ। ਪ੍ਰਕਾਸ਼ ਪੁਰਬ ਨੂੰ



ਸਮਰਪਤ 2 ਨਵੰਬਰ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਦਸ਼ਮੇਸ਼ ਗੰਜ ਸਾਹਿਬ ਹਰੀਪੁਰ ਤੋਂ ਇੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਪੂਰੇ ਪਿੰਡ ਦੀ ਪ੍ਰਕਰਮਾ ਕਰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। 3 ਨਵੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ, ਜਿਨ੍ਹਾਂ ਦੇ ਭੋਗ 5 ਨਵੰਬਰ ਨੂੰ ਪਾਏ ਗਏ। ਉਪਰੰਤ ਇਟਰਨੈਸ਼ਨਲ ਢਾਡੀ ਜੱਥਾ ਗਿਆਨੀ ਬਿਮਲਜੀਤ ਸਿੰਘ ਖਾਲਸਾ ਦੇ ਜਥੇ ਵਲੋਂ ਆਈਆਂ ਸੰਗਤਾਂ ਨੂੰ ਢਾਡੀ ਵਾਰਾ ਰਾਹੀ ਨਿਹਾਲ ਕੀਤਾ ਗਿਆ। ਇਸ ਮੌਕੇ ਹੋਰਨਾ ਤੋਂ ਇਲਾਵਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਦਲਜੀਤ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਦਸ਼ਮੇਸ਼ ਗੰਜ, ਦਰਬਾਰ ਸਾਈ ਜੁਮਲੇ ਸ਼ਾਹ ਜੀ, ਬਾਬਾ ਸ਼ਾਹ ਕਮਾਲ ਜੀ ਤੇ ਸੇਵਾਦਾਰ ਜਸਵੀਰ ਸਿੰਘ ਅਤੇ ਬੀਬੀ ਈਸ਼ਾ, ਰਣਜੀਤ ਸਿੰਘ ਦਿਉਲ, ਬਲਵੀਰ ਸਿੰਘ ਦਿਉਲ, ਅਸ਼ਵੰਤ ਸਿੰਘ, ਸਰਪੰਚ ਡਾਕਟਰ ਨਿਰਮਲ ਕੌਲ, ਜਸਵਿੰਦਰ ਸਿੰਘ ਹੋਰ ਨਗਰ ਨਿਵਾਸੀ ਹਾਜ਼ਰ ਸਨ।

## ਸੰਤ ਬਾਬਾ ਸੇਵਾ ਨੰਦ ਦੀ ਯਾਦ ਨੂੰ ਸਮਰਪਿਤ ਧਾਰਮਿਕ ਸਮਾਗਮ 20 ਨੂੰ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੰਡੀਵਾਲ)**- ਸ਼ਿਵਾਲਿਕ ਪਹਾੜੀਆਂ ਦੀ ਗੋਦ ਵਿੱਚ ਵਸਦੇ ਪਿੰਡ ਲਲਵਾਨ ਵਿਖੇ ਸਥਿਤ ਡੇਰਾ ਸੇਵਾਪੁਰੀ ਵਿਖੇ ਸੰਤ ਬਾਬਾ ਸੇਵਾ ਨੰਦ ਮਹਾਰਾਜ ਦੀ ਯਾਦ ਨੂੰ ਸਮਰਪਿਤ ਧਾਰਮਿਕ ਸਮਾਗਮ 20 ਨਵੰਬਰ ਨੂੰ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਗਦੀਸ਼ਵਰਾਨੰਦ ਨੇ ਦੱਸਿਆ ਕਿ ਸਮਾਗਮ ਨੂੰ ਮੁੱਖ ਰੱਖਦਿਆਂ 18 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ 20 ਨਵੰਬਰ ਨੂੰ ਪੈਣਗੇ। ਪਾਠ ਦੇ ਭੋਗ ਉਪਰੰਤ ਦਰਬਾਰ ਸਮਾਗਮ ਵਿੱਚ ਪਹੁੰਚੇ ਕੀਰਤਨੀ ਜਥੇ ਅਤੇ ਸੰਤ ਮਹਾਂਪੁਰਖ ਸੰਤ ਬਾਬਾ ਸੇਵਾਨੰਦ ਮਹਾਰਾਜ ਜੀ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ। ਗੁਰੂ ਕੇ ਲੰਗਰ ਅਤੁੱਟ ਚੱਲਣਗੇ।

## ਅੱਖਾਂ ਦਾ ਮੁਫ਼ਤ ਚੈੱਕਅੱਪ ਤੇ ਅਪਰੇਸ਼ਨ ਕੈਂਪ



**ਮਹਿਟਿਆਣਾ (ਜਗਤਾਰ ਸਿੰਘ ਡੁੰਗਰਨੀ)**- ਪਿੰਡ ਭਡਿਆਣਾ ਵਿਖੇ ਜੀ ਐਨ ਏ ਐਕਸਲ ਲਿਮਟਿਡ ਮਹਟੀਆਣਾ ਵਲੋਂ ਸਰਕਾਰੀ ਐਲੀਮੈਂਟਰੀ ਸਕੂਲ ਭਡਿਆਣਾ ਵਿੱਚ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮਤਲਬ ਲੋਕਾਂ ਨੂੰ ਅੱਖਾਂ ਦੀ ਸਿਹਤ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਮੁਫ਼ਤ ਜਾਂਚ ਅਤੇ ਅਪਰੇਸ਼ਨ ਦੀ ਸਹੂਲਤ ਪ੍ਰਦਾਨ ਕਰਨਾ। ਰਣਵੀਰ ਸਿੰਘ ਐਮ ਡੀ ਐਡ ਸੀ ਈ ਓ ਅਤੇ ਕੁਲਵਿਨ ਸਿੰਘ ਸੀਰਾ ਡਾਇਰੈਕਟਰ ਜੀ ਐਨ ਏ ਐਕਸਲ ਲਿਮਟਿਡ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ ਦੌਰਾਨ ਤਕਰੀਬਨ 50 ਮਰੀਜਾਂ ਨੂੰ ਅਪਰੇਸ਼ਨ ਲਈ ਸਿਫਾਰਸ਼ ਕੀਤੀ ਤੇ ਮੁਫ਼ਤ ਲੈਂਨਜ ਪਾਏ ਜਾਣਗੇ।ਬਾਕੀਆਂ ਨੂੰ ਮੁਫ਼ਤ ਦਵਾਈਆਂ ਅਤੇ ਐਨਕਾਂ ਵੰਡੀਆ ਗਈਆ । ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਕੈਂਪ ਦੌਰਾਨ 310 ਮਰੀਜਾ ਦੀ ਜਾਂਚ ਕੀਤੀ ਗਈ।ਇਸ ਮੌਕੇ ਮੁਫ਼ਤ ਅਪ੍ਰੇਸ਼ਨ ਕੈਂਪ ਮੌਕੇ ਸਰਦਾਰ ਸਤਵਿੰਦਰ ਸਿਘ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਜੀ ਐਨ ਏ ਹਾਜ਼ਰ ਹੋਏ। ਇਸ ਮੌਕੇ ਤੇ ਸਰਦਾਰ ਪੀ ਐਸ ਨੰਦਾ ,ਸ੍ਰੀ ਅਨਿਲ ਕੁਮਾਰ, ਸੁਨੀਤਾ ਸ਼ਰਮਾ, ਜੀ ਐਨ ਏ, ਸਰਪੰਚ ਕਸ਼ਮੀਰ ਸਿੰਘ ਮੇਹਟੀਆਣਾ, ਕੁਲਵੰਤ ਕੌਰ, ਸੁਨੀਤਾ, ਵਿਜੈ ਕੁਮਾਰ, ਬੱਚਿਤਰ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਮਾਗਮ




**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਵੇਰ ਦੀ ਸਪੈਸ਼ਲ ਅਸੈਂਬਲੀ ਦੇ ਨਾਲ ਕੀਤੀ ਗਈ, ਜਿਸ ਵਿੱਚ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ, ਭਾਸ਼ਣ ਤੇ ਕਵਿਤਾਵਾਂ ਰਾਹੀਂ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਚਾਨਣਾ ਪਾਇਆ ਗਿਆ । ਉਪਰੰਤ ਗੁਰੂ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

## ਵਿਧਾਇਕ ਨੇ ਪ੍ਰਕਾਸ਼ ਪੁਰਬ ਮੌਕੇ ਵੱਖ-ਵੱਖ ਗੁਰਦੁਆਰਿਆਂ 'ਚ ਸੀਸ ਨਿਵਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਾਵਨ ਮੌਕੇ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਗੁਰਦੁਆਰਾ ਸ੍ਰੀ ਸਿੰਘ ਸਭਾ ਈਸਾਪੁਰ ਰੌਣੀ, ਗੁਰਦੁਆਰਾ ਸਾਹਿਬ ਹੰਡੇਸਰਾ, ਗੁਰਦੁਆਰਾ ਸਾਹਿਬ ਪਾਤਸ਼ਾਹੀ 9ਵੀਂ ਅਤੇ 10ਵੀਂ ਹਮਾਯੂੰਪੁਰ ਤਸਿੰਬਲੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੜੋਤ, ਗੁਰਦੁਆਰਾ ਸ੍ਰੀ ਸਿੰਘ ਸਭਾ ਸ਼ਕਤੀ ਨਗਰ ਡੇਰਾਬੱਸੀ, ਗੁਰਦੁਆਰਾ ਦਿਹਾਤੀ ਸ੍ਰੀ ਗੁਰੂ ਸਿੰਘ ਸਭਾ ਅਤੇ ਗੁਰਦੁਆਰਾ ਸ੍ਰੀ ਗੁਰੂ ਅੰਗਦ ਦੇਵ ਜੀ, ਅਨਾਜ ਮੰਡੀ ਵਿਖੇ ਦਰਸ਼ਨ ਕੀਤੇ ਅਤੇ ਸੰਗਤਾਂ ਨੂੰ ਗੁਰੂ ਪੁਰਬ ਦੀਆਂ ਵਧਾਈਆਂ ਦਿੱਤੀਆਂ। ਸ੍ਰੀ ਰੰਧਾਵਾ ਨੇ ਸ਼ਰਧਾ ਦਾ ਪ੍ਰਗਟਾਵਾ ਕਰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਗੁਰਪੁਰਬ ਸਮਾਗਮਾਂ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਣ ਲਈ ਕੀਤੀ ਗਈ ਨਿਰਸਵਾਰਥ ਸੇਵਾ ਅਤੇ ਸ਼ਰਧਾ ਭਾਵਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਗੁਰਦੁਆਰਾ ਸ੍ਰੀ ਗੁਰੂ ਅੰਗਦ ਦੇਵ ਜੀ, ਅਨਾਜ ਮੰਡੀ ਵੱਲੋਂ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲੈਬ ਸਥਾਪਤ ਕਰਨ ਦੇ ਉੱਤਮ ਉੱਦਮ ਦੀ ਸ਼ਲਾਘਾ ਕੀਤੀ ਅਤੇ ਇਸ ਕਾਰਜ ਲਈ ਸੇਵਾ ਵਜੋਂ 1 ਲੱਖ ਰੁਪਏ ਦਾ ਯੋਗਦਾਨ ਦੇਣ ਦਾ ਐਲਾਨ ਕੀਤਾ।



# ਛੋਟੇ ਹਾਥੀ 'ਚ ਲੱਦੇ ਪਾਈਪ ਡਿੱਗਣ ਕਾਰਨ ਨੌਜਵਾਨ ਦੀ ਮੌਤ







**ਫਿਲੌਰ (ਨਿਰਮਲ)**- ਤਲਵਣ ਰੋਡ 'ਤੇ ਪਿੰਡ ਮਾਓ ਸਾਹਿਬ ਨੇੜੇ ਵਾਪਿਸ ਆਪਣੇ ਪਿੰਡ ਨੰਗਲ (ਫਿਲੌਰ) ਨੂੰ ਵਾਪਿਸ ਆ ਰਹੇ ਸਕੂਟਰ ਸਵਾਰ ਨੌਜਵਾਨ ਦੀ ਛੋਟੇ ਹਾਥੀ 'ਚ ਲੱਦੇ ਲੋਹੇ ਦੇ ਪਾਇਪ ਡਿੱਗਣ ਕਾਰਨ ਪਿੱਛੇ ਆ ਰਹੇ ਸਕੂਟਰ 'ਤੇ ਸਵਾਰ ਇਕ ਨੌਜਵਾਨ ਦੀ ਮੌਤ ਹੋ ਗਈ ਅਤੇ ਉਸ ਦਾ ਦੂਸਰਾ ਸਾਥੀ ਗੰਭੀਰ ਜ਼ਖਮੀ ਹੋ ਗਿਆ। ਪਿੰਡ ਨੰਗਲ ਦੇ ਵਸਨੀਕ ਰਾਜ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਸ ਦਾ ਨੌਜਵਾਨ ਭਤੀਜਾ ਯੁਵਮ ਕੁਮਾਰ ਪੁੱਤਰ ਨਰਿੰਦਰ ਕੁਮਾਰ ਆਪਣੇ ਸਾਥੀ ਸੌਰਵ ਨਾਲ ਸਕੂਟਰ 'ਤੇ ਬਿਲਗੇ ਤੋਂ ਵਾਪਿਸ ਆਪਣੇ ਘਰ ਪਿੰਡ ਨੰਗਲ (ਫਿਲੌਰ) ਨੂੰ ਪਰਤ ਰਹੇ ਸਨ, ਅੱਗੇ ਜਾ ਰਹੇ ਇਕ ਛੋਟੇ ਹਾਥੀ 'ਚ ਲੱਦੇ ਲੋਹੇ ਦੇ ਪਾਇਪ, ਜੋ ਕਿ ਰੱਸੀਆਂ ਨਾਲ ਬੱਝੇ ਹੋਏ ਸਨ, ਅਚਾਨਕ ਰੱਸੀਆਂ ਖੁੱਲ੍ਹ ਜਾਣ ਕਾਰਨ ਪਿੱਛੇ ਸੜਕ 'ਤੇ ਡਿੱਗ ਗਏ ਅਤੇ ਪਿੱਛੇ ਸਕੂਟਰ 'ਤੇ ਆ ਰਿਹਾ ਉਨ੍ਹਾਂ ਦਾ ਭਤੀਜਾ ਯੁਵਮ ਅਤੇ ਉਸ ਦਾ ਸਾਥੀ ਸੌਰਵ ਉਨ੍ਹਾਂ ਲੋਹੇ ਦੀਆਂ ਪਾਇਪਾਂ ਦੀ ਚਪੇਟ 'ਚ ਆ ਕੇ ਹਾਦਸਾ ਗ੍ਰਸਤ ਹੋ ਗਏ, ਜਿਸ ਕਰਕੇ ਯੁਵਮ ਕੁਮਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਸੌਰਵ ਕੁਮਾਰ ਗੰਭੀਰ ਜ਼ਖਮੀ ਹੋ ਗਿਆ। ਰਾਹਗੀਰਾਂ ਨੇ ਜ਼ਖਮੀ ਸੌਰਵ ਨੂੰ ਚੁੱਕ ਕੇ ਲੁਧਿਆਣੇ ਇਕ ਪ੍ਰਾਈਵੇਟ ਹਸਪਤਾਲ ਭੇਜ ਦਿੱਤਾ ਅਤੇ ਯੁਵਮ ਦੀ ਮ੍ਰਿਤਕ ਦੇਹ ਨੂੰ ਪੋਸਟ ਮਾਰਟਮ ਲਈ ਸਥਾਨਕ ਸਿਵਲ ਹਸਪਤਾਲ ਲੈ ਆਂਦਾ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਮ੍ਰਿਤਕ ਦਾ ਅੰਤਮ ਸਸਕਾਰ ਉਨ੍ਹਾਂ ਦੇ ਪਿਤਾ ਦੇ ਵਿਦੇਸ਼ ਤੋਂ ਆਉਣ 'ਤੇ ਕੀਤਾ ਜਾਵੇਗਾ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਪੂਰਵਕ ਮਨਾਇਆ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਪਹਿਲੀ ਪਾਤਿਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਅਤੇ ਨਗਰ ਸੈਂਚਾਂ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਗੁਰਦੁਆਰਾ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਪਿੰਡ ਸੈਂਚਾਂ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਤੋਂ ਉਪਰੰਤ ਭਾਈ ਗੁਰਪ੍ਰੀਤ ਸਿੰਘ ਰਾੜਾ ਸਾਹਿਬ ਸ਼ਾਮ ਚੌਰਾਸੀ ਵਾਲਿਆਂ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਮਹਾਨ ਕ੍ਰਾਂਤੀਕਾਰੀ ਧਾਰਮਿਕ, ਸਮਾਜਿਕ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ। ਇਸ ਮੌਕੇ ਇੰਜੀ.ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਐਡਵੋਕੇਟ ਸੁਨੀਲ ਕੁਮਾਰ, ਪੱਤਰਕਾਰ ਤੇ ਸਮਾਜਸੇਵੀ ਹਰਜਿੰਦਰ ਹਰਗੜੀਆ, ਸਰਪੰਚ ਮਹਿੰਦਰ ਪਾਲ ਨੇ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਇਤਿਹਾਸਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਰਾਜ ਕੁਮਾਰ, ਰਾਮ ਚੰਦ, ਸੱਤਪਾਲ, ਭਗਤ ਰਾਮ ਸ਼ਰਨ , ਸੂਬੇਦਾਰ ਰਜੇਸ਼ ਕੁਮਾਰ, ਕੈਪਟਨ ਗਿਆਨ ਚੰਦ, ਕੁਲਦੀਪ ਕੁਮਾਰ, ਸਰਵਣ ਕੁਮਾਰ, ਪਰਮਜੀਤ ਕਾਲਾ, ਸੂਬੇਦਾਰ ਜੁਗਿੰਦਰ ਸਿੰਘ, ਸੁਰਜੀਤ ਕੁਮਾਰ, ਧਰਮ ਪਾਲ, ਲਾਡੀ ਮਾਨ ਅਤੇ ਭਾਰੀ ਗਿਣਤੀ ਵਿਚ ਇਲਾਕਾ ਨਿਵਾਸੀ ਸੰਗਤਾਂ ਹਾਜਰ ਸਨ । ਇਸ ਮੌਕੇ ਇੰਜ. ਜਗਦੀਸ਼ ਬੱਧਣ ਅਤੇ ਨਗਰ ਸੈਂਚਾਂ ਵੱਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।



## ਐੱਮ ਆਰ ਸਿਟੀ ਸਕੂਲ ਵਿਖੇ ਪ੍ਰਕਾਸ਼ ਪੁਰਬ ਸਬੰਧੀ ਵਿਸ਼ੇਸ਼ ਅਸੈਂਬਲੀ



**ਬਲਾਚੌਰ (ਜਸਵਿੰਦਰ ਬੈਂਸ)**- ਐੱਮ ਆਰ ਸਿਟੀ ਪਬਲਿਕ ਸਕੂਲ, ਬਲਾਚੌਰ ਵਿਖੇ ਸਕੂਲ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਵਿਸ਼ੇਸ਼ ਅਸੈਂਬਲੀ ਕਰਵਾਈ ਗਈ। ਇਸ ਸਮਾਗਮ ਦੀ ਸ਼ੁਰੂਆਤ ਬੱਚਿਆਂ ਵੱਲੋਂ ਮੂਲ ਮੰਤਰ ਉਚਾਰਨ ਨਾਲ ਕੀਤੀ ਗਈ। ਇਸ ਤੋਂ ਬਾਅਦ ਸ਼ਬਦ ਗਾਇਨ, ਨਗਰ ਕੀਰਤਨ ਦੀਆਂ ਮਨਮੋਹਕ ਝਲਕੀਆਂ, ਗੁਰੂ ਜੀ ਦੀਆਂ ਸਿੱਖਿਆਵਾਂ ਸਬੰਧੀ ਪ੍ਰਸਤੁਤੀਆਂ, ਕੁਇਜ਼ ਮੁਕਾਬਲਾ, ਅਤੇ ਅਧਿਆਪਕਾਂ ਵੱਲੋਂ ਗੁਰੂ ਜੀ ਦੇ ਜੀਵਨ ਤੇ ਚਾਨਣ ਪਾਉਂਦੇ ਭਾਸ਼ਣ ਪੇਸ਼ ਕੀਤੇ ਗਏ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨਾਲ ਜੋੜਨਾ ਅਤੇ ਉਨ੍ਹਾਂ ਦੇ ਜੀਵਨ ਵਿਚ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਨੇ ਪੂਰੇ ਸਕੂਲ ਵਿੱਚ ਸ਼ਾਂਤੀ, ਪ੍ਰੇਮ ਤੇ ਸਾਂਝ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਮੌਜੂਦ ਸਨ।

## ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ ਦੂਜਾ ਫੈਡਰੇਸ਼ਨ ਗੱਤਕਾ ਕੱਪ 9 ਤੱਕ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਿਸ਼ਵ ਗੱਤਕਾ ਫੈਡਰੇਸ਼ਨ ਤੋਂ ਮਾਨਤਾ ਪ੍ਰਾਪਤ ਦੇਸ਼ ਦੀ ਸਰਵਉੱਚ ਕੌਮੀ ਗੱਤਕਾ ਸੰਸਥਾ, ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐੱਨ ਜੀ ਏ ਆਈ.) ਵੱਲੋਂ 7 ਤੋਂ 9 ਨਵੰਬਰ ਤੱਕ ਬੰਗਲੁਰੂ ਸਿਟੀ ਯੂਨੀਵਰਸਿਟੀ, ਬੰਗਲੁਰੂ, ਕਰਨਾਟਕਾ



ਵਿਖੇ ਦੂਜਾ ਫੈਡਰੇਸ਼ਨ ਗੱਤਕਾ ਕੱਪ-2025 ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਭਾਰਤ ਦੇ ਬਿਹਤਰੀਨ ਨੌਜਵਾਨ ਗੱਤਕਈ ਯੋਧੇ ਰੋਮਾਂਚਕ ਜੰਗਜੂ ਮੁਕਾਬਲਿਆਂ ਦੌਰਾਨ ਆਪਣੀ ਕਲਾ ਦੇ ਜੌਹਰ ਦਿਖਾਉਣਗੇ। ਐਨ ਜੀ ਏ ਆਈ ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਅਤੇ ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਕੌਂਸਲ ਦੇ ਉਪ-ਪ੍ਰਧਾਨ ਸੁਖਚੈਨ ਸਿੰਘ ਕਲਸਾਨੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਨਾਂ ਸਾਲਾਨਾ ਕੌਮੀ ਮੁਕਾਬਲਿਆਂ ਵਿੱਚ 19 ਸਾਲ ਤੋਂ ਘੱਟ ਉਮਰ ਵਰਗ ਵਿੱਚ ਦਸ ਰਾਜਾਂ ਦੀਆਂ ਟੀਮਾਂ ਗੱਤਕਾ ਸੋਟੀ ਅਤੇ ਫੱਰੀ-ਸੋਟੀ ਈਵੈਂਟਾਂ ਵਿੱਚ ਵਿਅਕਤੀਗਤ ਅਤੇ ਟੀਮ ਮੁਕਾਬਲਿਆਂ ਵਿੱਚ ਹਿੱਸਾ ਲੈਣਗੀਆਂ। ਉਨ੍ਹਾਂ ਦੱਸਿਆ ਕਿ ਵਿਸ਼ਵ ਗੱਤਕਾ ਫੈਡਰੇਸ਼ਨ (ਡਬਲਿਊ.ਜੀ.ਐਫ.) ਅਤੇ ਏਸ਼ੀਅਨ ਗੱਤਕਾ ਫੈਡਰੇਸ਼ਨ (ਏ.ਜੀ.ਐਫ.) ਦੀ ਅਗਵਾਈ ਹੇਠ ਆਯੋਜਿਤ ਇਹ ਸਮਾਗਮ ਦੂਜੀਆਂ ਰਾਸ਼ਟਰੀ ਸੱਭਿਆਚਾਰਕ ਪਾਈਥੀਅਨ ਖੇਡਾਂ ਦੇ ਨਾਲ-ਨਾਲ ਆਯੋਜਿਤ ਹੋਵੇਗਾ ਜਿੱਥੇ ਭਾਰਤ ਦੇ ਸੱਭਿਆਚਾਰ ਅਤੇ ਵਿਰਾਸਤ ਦਾ ਵੱਡਾ ਮੁਜੱਸਮਾ ਦੇਖਣ ਨੂੰ ਮਿਲੇਗਾ।



## ਨਗਰ ਕੌਂਸਲ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਦਾ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਪ੍ਰਧਾਨ ਹਰਜੀਤ ਸਿੰਘ ਜੀਤਾ ਦੀ ਅਗਵਾਈ ਵਿੱਚ ਨਗਰ ਕੌਂਸਲ ਦਫਤਰ ਵਿਖੇ ਧਾਰਮਿਕ ਉਤਸ਼ਾਹ ਨਾਲ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸੰਗਤਾਂ ਲਈ ਫਲ, ਚਾਹ ਅਤੇ ਪਕੌੜਿਆਂ ਦਾ ਲੰਗਰ ਵੀ ਛਕਾਇਆ ਗਿਆ। ਨਗਰ ਕੀਰਤਨ ਐੱਸ ਜੀ ਐੱਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੰਪੰਨ ਹੋਇਆ। ਇਸ ਦੌਰਾਨ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਵੱਲੋਂ ਪੰਜ ਪਿਆਰੇ ਸਾਹਿਬਾਨ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ।ਇਸ ਮੌਕੇ ਹਰਮਿੰਦਰ ਸਿੰਘ ਢਾਹੇ ਚੇਅਰਮੈਨ ਜ਼ਿਲਾ ਯੋਜਨਾ ਕਮੇਟੀ ਰੂਪਨਗਰ, ਕਮਿੱਕਰ ਸਿੰਘ ਡਾਢੀ ਚੇਅਰਮੈਨ ਮਾਰਕੀਟ ਕਮੇਟੀ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਪੰਡਿਤ ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ ਨੰਗਲ, ਸੁਨੀਲ ਅਡਵਾਲ ਪ੍ਰਧਾਨ ਰੇਹੜੀ ਫੜੀ ਯੂਨੀਅਨ, ਠੇਕੇਦਾਰ ਜਗਜੀਤ ਸਿੰਘ ਜੱਗੀ, ਜਸਪਾਲ ਸਿੰਘ ਢਾਹੇ, ਕੌਂਸਲਰ ਮੈਡਮ ਰੀਟਾ ਅਡਵਾਲ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਪੁਰਬ ਸ਼ਰਧਾਪੂਰਵਕ ਮਨਾਇਆ

**ਟਾਂਡਾ ਉੜਮੁੜ (ਓਕਾਰ ਸਿੰਘ, ਜਸਵਿੰਦਰ ਸੰਧੂ)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਪੁਰਬ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਘਰ ਦੀ ਅਗਵਾਈ ਦੇ ਵਿੱਚ ਸਮੂਹ ਸਟਾਫ ਅਤੇ ਬੱਚਿਆਂ ਨੇ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ। ਇਸ ਤੋਂ ਉਪਰੰਤ ਗੁਰਬਾਣੀ ਕੀਰਤਨ ਕੀਤਾ ਗਿਆ। ਸਮੂਹ ਸਟਾਫ ਅਤੇ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ। ਇਸ ਤੋਂ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਤਿਆਰ ਕੀਤੀ ਗਈ ਅਤੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕਰਕੇ ਸਮੂਹ ਸਕੂਲ ਨੂੰ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਸੰਸਥਾ ਦੇ ਵਾਈਸ ਚੇਅਰਪਰਸਨ ਕਮਲੇਸ਼ ਕੌਰ ਅਤੇ ਇਸ਼ਤਾ ਪਾਸੀ ਸੈਣੀ ਨੇ ਵਿਸ਼ੇਸ਼ ਤੌਰ 'ਤੇ ਗੁਰੂ ਚਰਨਾਂ ਵਿੱਚ ਹਾਜ਼ਰੀ ਭਰੀ। ਉਹਨਾਂ ਨੇ ਬੱਚਿਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਸਮੁੱਚਾ ਜੀਵਨ ਸਾਡੇ ਲਈ ਮਾਰਗ ਦਰਸ਼ਕ ਹੈ। ਸਾਨੂੰ ਉਹਨਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣੀ ਚਾਹੀਦੀ ਹੈ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਉਹਨਾਂ ਗੁਰਬਾਣੀ ਕੀਰਤਨ ਸਰਵਣ ਕਰਨ ਵਾਲੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਆਖਿਆ ਕਿ ਆਪਣੇ ਪਿਛੋਕੜ ਨਾਲ ਅਤੇ ਆਪਣੇ ਇਤਿਹਾਸ ਨਾਲ ਜੁੜਨਾ ਬਹੁਤ ਹੀ ਜ਼ਰੂਰੀ ਹੈ ਕਿਉਂਕਿ ਅਜੋਕੇ ਸਮੇਂ ਦੇ ਵਿੱਚ ਬੱਚੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਦੂਰ ਹੁੰਦੇ ਜਾ ਰਹੇ ਹਨ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਰਾਜਵੀਰ ਕੌਰ, ਰਾਜਵਿੰਦਰ ਕੌਰ, ਪੂਜਾ, ਸੁਮਨ, ਬਲਜੀਤ, ਸੁਮੀਤ, ਪਰਮਜੀਤ, ਕੰਚਨ, ਗੁਰਪ੍ਰੀਤ, ਆਸ਼ਾ, ਮਨਦੀਪ, ਗੁਰਦੇਵ, ਹਰਜੀਤ, ਜਸਪਾਲ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।



# ਸ੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਮੌਕੇ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਵੇਗੀ ਸੰਗਤ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸਦੀਵੀ ਵਿਰਾਸਤ ਨੂੰ ਸਿਜਦਾ ਕਰਦਿਆਂ ਉਨ੍ਹਾਂ ਦੀ ਲਾਸਾਨੀ ਸ਼ਹਾਦਤ, ਸੱਚ ਦੇ ਰਾਹ 'ਤੇ ਚੱਲਣ ਦੇ ਸਿਧਾਂਤ ਅਤੇ ਧਾਰਮਿਕ ਆਜ਼ਾਦੀ ਦੇ ਸੰਦੇਸ਼ ਨੂੰ ਸਮੁੱਚੀ ਮਨੁੱਖਤਾ ਤੱਕ ਪਹੁੰਚਾਉਣ ਲਈ ਗੁਰੂ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ



ਸਿੰਘ ਬੈਂਸ ਨੇ ਵਿਰਾਸਤ ਏ ਖਾਲਸਾ ਦੇ ਆਡੋਟੋਰੀਅਮ ਵਿੱਚ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਕਿਸੇ ਇੱਕ ਧਰਮ ਜਾਂ ਫ਼ਿਰਕੇ ਲਈ ਨਹੀਂ, ਸਗੋਂ ਸਮੁੱਚੀ ਮਾਨਵਤਾ ਦੇ ਮੌਲਿਕ ਅਧਿਕਾਰਾਂ ਅਤੇ ਸਨਮਾਨ ਲਈ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਗੁਰੂ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਪੰਜਾਬ ਅਤੇ ਦੇਸ਼ ਦੇ ਹਰ ਕੋਨੇ ਤੱਕ ਜਾਣਕਾਰੀ ਪਹੁੰਚੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਇਸ ਮਹਾਨ ਕੁਰਬਾਨੀ ਤੋਂ ਪ੍ਰੇਰਨਾ ਤੇ ਸੇਧ ਲੈ ਸਕਣ। ਵਿਆਪਕ ਅਤੇ ਵੱਖੋ-ਵੱਖ ਯਾਦਗਾਰੀ ਸਮਾਗਮਾਂ ਬਾਰੇ ਜਾਣਕਾਰੀ ਦਿੰਦਿਆਂ ਸ.ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮ 4 ਨਵੰਬਰ ਨੂੰ ਸੂਬੇ ਭਰ ਵਿੱਚ ਸ਼ੁਰੂ ਹੋ ਗਏ ਹਨ। ਇਨ੍ਹਾਂ ਸਮਾਗਮਾਂ ਨੂੰ ਅਜਿਹੇ ਤਰੀਕੇ ਨਾਲ ਉਲੀਕਿਆ ਗਿਆ ਹੈ ਕਿ ਹਰ ਉਮਰ ਵਰਗ ਖ਼ਾਸ ਤੌਰ 'ਤੇ ਨੌਜਵਾਨ ਅਤੇ ਵਿਦਿਆਰਥੀ ਇਨ੍ਹਾਂ ਦਾ ਹਿੱਸਾ ਬਣ ਸਕਣ। ਉਨ੍ਹਾਂ ਦੱਸਿਆ ਕਿ 10 ਨਵੰਬਰ ਤੋਂ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਨਰਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ 15-ਦਿਨਾਂ ਦਾ ਲਾਜ਼ਮੀ ਵਿਦਿਅਕ ਪਾਠਕ੍ਰਮ ਸ਼ੁਰੂ ਕੀਤਾ ਜਾਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਬੱਚਿਆਂ ਨੂੰ ਇਤਿਹਾਸ ਦੇ ਇਸ ਅਹਿਮ ਪੜਾਅ ਬਾਰੇ ਜਾਗਰੂਕ ਕਰਨਾ ਹੈ। ਇਸ ਤੋਂ ਇਲਾਵਾ ਸਾਰੀਆਂ ਯੂਨੀਵਰਸਿਟੀਆਂ, ਕਾਲਜਾਂ, ਆਈ.ਟੀ.ਆਈਜ਼ ਅਤੇ ਪੌਲੀਟੈਕਨਿਕ ਕਾਲਜਾਂ ਨੂੰ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਅਤੇ ਸਮਾਗਮ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸਜਾਏ ਜਾਣ ਵਾਲੇ ਚਾਰ ਨਗਰ ਕੀਰਤਨਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਇੱਕ ਨਗਰ ਕੀਰਤਨ 19 ਨਵੰਬਰ ਨੂੰ ਗੁਰਦੁਆਰਾ ਛੇਵੀਂ ਪਾਤਸ਼ਾਹੀ ਸ੍ਰੀਨਗਰ (ਜੰਮੂ ਅਤੇ ਕਸ਼ਮੀਰ) ਤੋਂ ਸਜਾਇਆ ਜਾਵੇਗਾ। ਇਸ ਨਗਰ ਕੀਰਤਨ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਸ੍ਰੀ ਉਮਰ ਅਬਦੁੱਲਾ, ਪੰਜਾਬ ਦੇ ਸਾਰੇ ਕੈਬਨਿਟ ਮੰਤਰੀ ਅਤੇ ਵਿਧਾਇਕ ਸ਼ਾਮਲ ਹੋਣਗੇ, ਜਦੋਂ ਕਿ ਬਾਕੀ ਤਿੰਨ ਨਗਰ ਕੀਰਤਨ ਫਰੀਦਕੋਟ, ਬਠਿੰਡਾ ਅਤੇ ਗੁਰਦਾਸਪੁਰ ਤੋਂ ਸਜਾਏ ਜਾਣਗੇ। ਚਾਰੇ ਨਗਰ ਕੀਰਤਨ 22 ਨਵੰਬਰ ਦੀ ਸ਼ਾਮ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣਗੇ।

## ਕਾਮਰੇਡ ਸੁਰਜੀਤ ਦੀ ਬਰਸੀ 'ਤੇ ਨਵਾਂ ਸ਼ਹਿਰ 'ਚੋਂ ਸੈਂਕੜੇ ਸਾਥੀ ਜਾਣਗੇ

**ਬੰਗਾ (ਅਵਤਾਰ ਕਲੇਰ)**- ਸੀ ਪੀ ਆਈ (ਐਮ) ਜ਼ਿਲ੍ਹਾ ਸਕੱਤਰੇਤ ਦੀ ਮੀਟਿੰਗ ਸਾਥੀ ਕੁਲਦੀਪ ਝਿੰਗੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਚਰਨਜੀਤ ਸਿੰਘ ਦੌਲਤਪੁਰ ਨੇ ਦੱਸਿਆ ਹੈ ਕਿ ਕੌਮਾਂਤਰੀ ਕਮਿਊਨਿਸਟ ਆਗੂ ਅਤੇ ਸੀ ਪੀ ਆਈ ਐਮ ਦੇ ਲੰਮਾ ਸਮਾਂ ਰਹੇ ਜਨਰਲ ਸਕੱਤਰ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੀ ਬਰਸੀ, ਜੋ 7 ਦਸੰਬਰ ਨੂੰ ਉਹਨ ਦੇ ਪਿੰਡ ਬੁਡਾਲਾ ਮੰਜਕੀ ਵਿਖੇ ਮਨਾਈ ਜਾ ਰਹੀ ਹੈ, ਜਿਸ ਵਿੱਚ ਨਵਾਂਸ਼ਹਿਰ 'ਚੋਂ ਸੈਂਕੜੇ ਸਾਥੀ ਜਾਣਗੇ। ਮੀਟਿੰਗ ਵਿੱਚ ਸਰਬਸੰਮਤੀ ਫੈਸਲੇ ਕਰਕੇ ਕਾਮਰੇਡ ਰਣਜੀਤ ਸਿੰਘ ਦੌਲਤਪੁਰ ਨੂੰ ਦਫਤਰ ਦਾ ਸਕੱਤਰ ਪਾਸ ਕੀਤਾ ਹੈ ।ਉਹ ਦਫਤਰ ਚਲਾਉਣਗੇ। ਮੀਟਿੰਗ ਵਿੱਚ ਲੋਕ ਲਹਿਰ ਸੂਬਾਈ ਫੰਡ ਅਤੇ ਕਿਊਬਾ ਇਕਮੁੱਠਤਾ ਫੰਡ ਫੌਰੀ ਇਕੱਠਾ ਕਰਨ ਦਾ ਫੈਸਲਾ ਕੀਤਾ ਹੈ। ਮੀਟਿੰਗ ਵਿੱਚ ਸੁਬਾਈ ਕਮੇਟੀ ਦੇ ਫੈਸਲਿਆਂ ਹੇਠਾਂ ਲਾਗੂ ਕਰਨ ਦਾ ਫੈਸਲਾ ਕੀਤਾ। ਮੀਟਿੰਗ ਵਿੱਚ ਸੁਬਾ ਕਮੇਟੀ ਮੈਂਬਰ ਰਾਮ ਸਿੰਘ ਨੂਰਪੁਰੀ, ਸੁਖਦੇਵ ਸਿੰਘ ਗਰਚਾ,ਕੁਲਦੀਪ ਝਿੰਗੜ ਅਤੇ ਚਰਨਜੀਤ ਸਿੰਘ ਦੌਲਤਪੁਰ ਸ਼ਾਮਿਲ ਹੋਏ।

# ਐੱਸ ਟੀ ਐੱਸ ਵਰਲਡ ਸਕੂਲ 'ਚ ਵਿਸ਼ੇਸ਼ ਸਭਾ



**ਗੁਰਾਇਆ (ਬਿੰਦਰ ਸੁੰਮਨ)**- ਐੱਸ.ਟੀ.ਐੱਸ ਵਰਲਡ ਸਕੂਲ ਵਿੱਚ ਜਮਾਤ ਪੰਜਵੀਂ ਸੀ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਸਭਾ ਦਾ ਸੁਚੱਜਾ ਸੰਚਾਲਨ ਪੁਨੀਤ ਕੌਰ ਅਤੇ ਹਰਨੂਰ ਕੌਰ ਨੇ ਕੀਤਾ। ਰਾਵੀ ਨੇ ਅੱਜ ਦਾ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਸਾਨੂੰ ਸੱਚਾਈ ਅਤੇ ਸੇਵਾ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਕਰਦੇ ਹਨ। ਮਨਜੋਤ ਕੌਰ ਨੇ ਅੱਜ ਦਾ ਨਵਾਂ ਸ਼ਬਦ ਦੱਸਿਆ ਅਤੇ ਉਸ ਦਾ ਅਰਥ ਵੀ ਸਮਝਾਇਆ। ਜਪਲੀਨ ਕੌਰ ਨੇ ਦਿਨ ਦੀਆਂ ਖ਼ਬਰਾਂ ਪੇਸ਼ ਕੀਤੀਆਂ। ਸਭਾ ਦੇ ਅੰਤ ਵਿੱਚ ਗੁਰਤਾਜ ਸਿੰਘ ਅਤੇ ਮਨਜੋਤ ਕੌਰ ਨੇ ਗੁਰੂ ਨਾਨਕ ਦੇਵ ਜੀ ਦੀ ਸਿੱਖਿਆਵਾਂ ਉੱਤੇ ਇੱਕ ਸੁੰਦਰ ਕਵਿਤਾ ਪੇਸ਼ ਕੀਤੀ, ਜਿਸ ਨਾਲ ਸਭਾ ਦਾ ਮਾਹੌਲ ਸ਼ਾਂਤਮਈ ਤੇ ਆਧਿਆਤਮਿਕ ਬਣ ਗਿਆ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਬੱਚਿਆਂ ਨੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ। ਉਨ੍ਹਾਂ ਨੇ ਸਭ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ 'ਤੇ ਤੁਰਨ ਲਈ ਪ੍ਰੇਰਿਤ ਕੀਤਾ ਅਤੇ ਸਾਰਿਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।

## ਗੁਰਦੁਆਰਾ ਸ਼ਹੀਦ ਬਾਬਾ ਮਤੀ ਵਿਖੇ ਨਗਰ ਕੀਰਤਨ ਦਾ ਭਰਵਾਂ ਸਵਾਗਤ



**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿੱਚ ਪਿੰਡ ਡਰੋਲੀ ਕਲਾਂ ਵਿਖੇ ਡੇਰਾ ਸੰਤ ਬਾਬਾ ਭਾਗਾ ਸਿੰਘ ਜੰਡਵਾਲ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨਗਰ ਕੀਰਤਨ ਨਿਕਾਲਿਆ ਗਿਆ। ਇਹ ਨਗਰ ਕੀਰਤਨ ਨਗਰ ਦੀ ਪਰਿਕਰਮਾ ਕਰਦਾ ਹੋਇਆ ਗੁਰਦੁਆਰਾ ਭਾਈ ਸੁੰਦਰ ਸਿੰਘ ਜੀ 'ਤੇ ਸਮਾਪਤ ਹੋਇਆ। ਡਰੋਲੀ ਕਲਾਂ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਵਿੱਚ ਨਗਰ ਕੀਰਤਨ ਦੇ ਪਹੁੰਚਣ 'ਤੇ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਤੇ ਕਮੇਟੀ ਦੇ ਸਾਰੇ ਮੈਂਬਰਾਂ ਅਤੇ ਸੰਗਤ ਵੱਲੋਂ ਫੁੱਲਾਂ ਵਰਖਾ ਕੀਤੀ ਗਈ।ਗੁਰਦੁਆਰਾ ਸਾਹਿਬ ਵਿੱਚ ਸਜੇ ਦੀਵਾਨ ਦੌਰਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡੋਲੀ ਕਲਾ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਜਿੰਦਵਾਲ ਨੇ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ।ਕਮੇਟੀ ਦੇ ਪ੍ਰਧਾਨ ਮਨੋਹਰ ਸਿੰਘ ਨੇ ਸਾਰੀ ਸੰਗਤ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ 'ਤੇ ਸਚਿਵ ਰਣਵੀਰ ਪਾਲ ਸਿੰਘ, ਮਾਸਟਰ ਸੁਰਜੀਤ ਸਿੰਘ, ਜਰਨੈਲ ਸਿੰਘ , ਜਸਪਾਲ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸਰਪੰਚ ਰਸ਼ਪਾਲ ਸਿੰਘ, ਹਰਦਿਆਲ ਸਿੰਘ, ਸੁਰੀਦਰ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਡਾ. ਰਣਧੀਰ ਸਿੰਘ ਅਤੇ ਸਤਨਾਮ ਸਿੰਘ ਹਾਜ਼ਿਰ ਸਨ।

# ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਮੌਕੇ ਕੁਸ਼ਤੀ ਦੰਗਲ ਕਰਵਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੀ ਮਿਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵੱਲੋਂ 33ਵਾਂ ਵਿਸ਼ਾਲ ਕੁਸ਼ਤੀ ਦੰਗਲ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਮੌਕੇ ਬ੍ਰਹਮਲੀਨ ਬ੍ਰਹਮਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਪ੍ਰੇਰਨਾ ਸਦਕਾ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹਰਜਿੰਦਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਇਸ ਕੁਸ਼ਤੀ ਦੰਗਲ ਵਿੱਚ ਤਿੰਨ ਝੰਡੀ ਦੀਆਂ



ਕੁਸ਼ਤੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਇੱਕ ਨੰਬਰ ਝੰਡੀ ਦੀ ਪਹਿਲੀ ਕੁਸ਼ਤੀ ਮਿਰਜਾ ਇਰਾਨ ਅਤੇ ਭੁਪਿੰਦਰ ਅਜਨਾਲਾ ਵਿਚਕਾਰ ਜਬਰਦਸਤ ਮੁਕਾਬਲੇ ਦੌਰਾਨ ਹੋਈ, ਕੋਈ ਨਤੀਜਾ ਸਾਹਮਣੇ ਨਾ ਆਉਂਦਾ ਦੇਖ ਪ੍ਰਬੰਧਕਾਂ ਵਲੋਂ ਅੰਕਾਂ ਦੇ ਅਧਾਰ ਤੇ ਕੁਸ਼ਤੀ ਕਰਵਾਈ ਗਈ, ਜਿਸ ਵਿੱਚ ਮਿਰਜਾ ਇਰਾਨ ਨੇ ਪਹਿਲਾਂ ਅੰਕ ਬਣਾ ਕੇ ਝੰਡੀ ਦੀ ਕੁਸ਼ਤੀ ਜਿੱਤ ਲਈ। ਦੂਜੀ ਝੰਡੀ ਦੀ ਕੁਸ਼ਤੀ ਤਾਲਿਬ ਬਾਬਾ ਫਲਾਹੀ ਅਤੇ ਜਲਾਲ ਈਰਾਨ ਦਰਮਿਆਨ ਜਬਰਦਸਤ ਮੁਕਾਬਲਾ ਹੋਇਆ, ਦੋਨਾਂ ਦਰਮਿਆਨ 20 ਮਿੰਟ ਮੁਕਾਬਲਾ ਚੱਲਿਆ, ਇਸ ਉਪਰੰਤ 5 ਮਿੰਟ ਦਾ ਸਮਾਂ ਪੁਆਇੰਟਾਂ ਦੇ ਅਧਾਰ ਤੇ ਕੁਸ਼ਤੀ ਕਰਵਾਉਣ ਦਾ ਹੋਇਆ, ਅੰਕਾਂ ਤੇ ਕੋਈ ਨਤੀਜਾ ਸਾਹਮਣੇ ਨਾ ਆਇਆ। ਅਖੀਰ ਪ੍ਰਬੰਧਕਾਂ ਨੇ ਦੋਨਾਂ ਪਹਿਲਵਾਨਾਂ ਵਿੱਚ ਟਾਸ ਪਾਉਣਾ ਤਹਿ ਕੀਤਾ, ਜਿਸ ਵਿੱਚ ਜਲਾਲ ਈਰਾਨ ਨੇ ਟਾਸ ਜਿੱਤ ਕੇ ਝੰਡੀ ਦੀ ਕੁਸ਼ਤੀ ਤੇ ਕਬਜਾ ਕਰ ਲਿਆ। ਤੀਜੀ ਝੰਡੀ ਦੀ ਕੁਸ਼ਤੀ ਨਿਸ਼ਾਂਤ ਹਰਿਆਣਾ ਅਤੇ ਜੌਂਟੀ ਗੁੱਜਰ ਦਿੱਲੀ ਵਿਚਕਾਰ ਹੋਈ, ਕੁਝ ਮਿੰਟਾਂ ਦੌਰਾਨ ਹੀ ਜੌਂਟੀ ਗੁੱਜਰ ਨੇ ਝੰਡੀ ਦੀ ਕੁਸ਼ਤੀ ਜਿੱਤ ਲਈ। ਹੋਰ ਮੁਕਾਬਲਿਆਂ ਦੌਰਾਨ ਪ੍ਰਿੰਸ ਬਾਬਾ ਫਲਾਹੀ ਨੇ ਮੱਖਣ ਚੰਡੀਗੜ੍ਹ ਨੂੰ, ਹਰਸ਼ ਬਾਬਾ ਫਲਾਹੀ ਨੇ ਗਗਨ ਸੋਹਾਣਾ ਨੂੰ, ਬਾਜ ਰੌਣੀ ਨੇ ਹਿਮਾਂਸ਼ੂ ਝੱਜਰ ਨੂੰ, ਸੁਨੀਲ ਜ਼ੀਰਕਪੁਰ ਨੇ ਅਜੇ ਦੋਰਾਹਾ ਨੂੰ, ਕਪਿਲ ਪਟਿਆਲਾ ਨੇ ਛੋਟਾ ਗੌਰਵ ਨੂੰ, ਅਮਨੀ ਧਗੇੜਾ ਨੇ ਅਭਿਸ਼ੇਕ ਤੋਗਾ ਨੂੰ ਕ੍ਰਮਵਾਰ ਚਿੱਤ ਕਰਕੇ ਜੇਤੂ ਰਹੇ। ਇਸ ਕੁਸ਼ਤੀ ਦੰਗਲ ਵਿੱਚ 300 ਤੋਂ ਵੱਧ ਉੱਘੇ ਅਤੇ ਨਾਮੀ ਪਹਿਲਾਵਾਨਾਂ ਨੇ ਹਿੱਸਾ ਲਿਆ, ਕੁਸ਼ਤੀ ਦੰਗਲ ਵਿੱਚ 135 ਕੁਸ਼ਤੀਆਂ ਕਰਵਾਈਆਂ ਗਈਆਂ। ਦਰਸ਼ਕਾਂ ਦੇ ਠਾਠਾ ਮਾਰਦੇ ਇੱਕਠ ਵਿੱਚ ਰੈਫਰੀ ਦੀ ਸੇਵਾ ਸੰਤ ਸਿੰਘ ਮਾਮੂਪੁਰ, ਤਿੱਤਰ ਸੋਹਾਣਾ ਅਤੇ ਲੈਂਬਰ ਪਹਿਲਵਾਨ ਨੇ ਬਾਖੂਬੀ ਨਿਭਾਈ। ਇਸ ਮੌਕੇ ਦੀਪਾ ਬਾਬਾ ਫਲਾਹੀ ਨੂੰ ਐਡ: ਗਗਨਦੀਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹੇ ਵਿੱਚ



ਕੀਰਤਨ ਦਰਬਾਰ 15 ਅਤੇ 16 ਨਵੰਬਰ ਨੂੰ ਹੋਣਗੇ। ਐੱਸ ਡੀ ਐੱਮ ਅਨਮਜਯੋਤ ਕੌਰ ਨੇ ਇਸ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਸਮਾਗਮਾਂ ਦੀ ਲੜੀ ਹੇਠ 15 ਨਵੰਬਰ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਬੰਗਾ ਰੋਡ, ਨਵਾਂਸ਼ਹਿਰ ਵਿਖੇ ਕੀਰਤਨ ਸਮਾਗਮ ਕਰਾਇਆ ਜਾਵੇਗਾ ਜਿੱਥੇ ਗੁਰੂ ਜੀ ਦੇ ਮਹਾਨ ਜੀਵਨ ਅਤੇ ਕੁਰਬਾਨੀ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ। ਇਸੇ ਤਰ੍ਹਾਂ 16 ਨਵੰਬਰ ਨੂੰ ਗੁਰਦੁਆਰਾ ਛੇਵੀਂ ਪਾਤਸ਼ਾਹੀ ਪਿੰਡ ਦੁਰਗਾਪੁਰ ਵਿਖੇ ਕੀਰਤਨ ਦਰਬਾਰ ਕਰਵਾਇਆ ਜਾਵੇਗਾ। ਐਸ.ਡੀ.ਐਮ. ਨੇ ਦੱਸਿਆ ਕਿ ਕੀਰਤਨ ਦਰਬਾਰ ਦੌਰਾਨ ਕੀਰਤਨੀ ਜੱਥੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਨਗੇ ਅਤੇ ਗੁਰੂ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਚਾਨਣਾ ਪਾਉਣਗੇ। ਉਨ੍ਹਾਂ ਮੀਟਿੰਗ ਦੌਰਾਨ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਪੁਖਤਾ ਪ੍ਰਬੰਧ ਮੁਕੰਮਲ ਕਰਨ ਦੀ ਹਦਾਇਤ ਕੀਤੀ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਭਰ ਵਿੱਚ ਸਮਾਗਮਾਂ ਕਰਵਾਏ ਜਾ ਰਹੇ ਹਨ ਜੋ 25 ਨਵੰਬਰ ਤੱਕ ਜਾਰੀ ਰਹਿਣਗੇ।

## 800 ਨਸ਼ੀਲੀਆਂ ਗੋਲੀਆਂ ਸਮੇਤ ਮੁਲਜ਼ਮ ਕਾਬੂ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਡਾ. ਪ੍ਰਗਿਆ ਜੈਨ ਐੱਸ ਐੱਸ ਪੀ ਫਰੀਦਕੋਟ ਦੇ ਨਿਰਦੇਸ਼ਾਂ ਅਧੀਨ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਸ ਤਹਿਤ ਜੋਗੇਸ਼ਵਰ ਸਿੰਘ ਗੋਰਾਇਆ ਐੱਸ ਪੀ (ਇਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਤੇ ਤਰਲੋਚਨ ਸਿੰਘ ਡੀ.ਐੱਸ.ਪੀ (ਸਬ-ਡਵੀਜ਼ਨ) ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਥਾਣਾ ਸਦਰ ਫਰੀਦਕੋਟ ਨੇ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ 800 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ।ਜਾਣਕਾਰੀ ਮੁਤਾਬਿਕ ਸਹਾਇਕ ਥਾਣੇਦਾਰ ਹਰਦੇਵ ਸਿੰਘ ਇੰਚਾਰਜ ਚੌਕੀ ਕਲੇਰ ਪੁਲਸ ਪਾਰਟੀ ਸਮੇਤ ਨਾਕਾਬੰਦੀ ਦੇ ਸਬੰਧ ਵਿੱਚ ਪਿੰਡ ਕਲੇਰ ਤੋਂ ਪਿੰਡ ਮੋਰਾਂਵਾਲੀ ਡਰੇਨ ਲਿੰਕ ਪੁਲ 'ਤੇ ਮੌਜੂਦ ਸੀ ਤਾਂ ਮੁਲਜ਼ਮ ਗੁਰਬੇਜ ਸਿੰਘ ਮੋਟਰਸਾਈਕਲ 'ਤੇ ਪਿੰਡ ਮੋਰਾਂਵਾਲੀ ਦੀ ਤਰਫੋਂ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮ ਨੇ ਆਪਣਾ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਪਾਰਟੀ ਨੇ ਮੁਸ਼ਤੈਦੀ ਨਾਲ ਇਸ ਨੂੰ ਕਾਬੂ ਕਰਕੇ ਮੋਟਰਸਾਈਕਲ ਦੇ ਹੈਂਡਲ ਨਾਲ ਬੰਨ੍ਹੇ ਝੋਲੇ ਦੀ ਤਲਾਸ਼ੀ ਕੀਤੀ ਤਾਂ ਉਸ ਵਿੱਚੋਂ 800 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਸਦਰ ਫਰੀਦਕੋਟ ਵਿਖੇ ਐੱਨ.ਡੀ.ਪੀ.ਐੱਸ. ਐਕਟ ਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

# ਆਗਮਨ ਪੁਰਬ ਮੌਕੇ ਸਰਕਾਰੀ ਆਈ ਟੀ ਆਈ ਦਾ ਰੱਖਿਆ ਨੀਂਹ ਪੱਥਰ

**ਸੰਪੂਰਨ ਮਨੁੱਖ ਦੀ ਕਲਪਨਾ ਲਈ ਪ੍ਰਮਾਤਮਾ ਦਾ ਨਾਮ ਤੇ ਵਿੱਦਿਆ ਲੈਣਾ ਬਹੁਤ ਜ਼ਰੂਰੀ : ਰਣਜੀਤ ਸਿੰਘ ਢੱਡਰੀਆਂ**

**ਆਈ ਟੀ ਆਈ ਇੱਕ ਸਾਲ 'ਚ ਚਾਲੂ ਕਰਨ ਦਾ ਟੀਚਾ, ਨੌਜਵਾਨਾਂ ਲਈ ਨਵੇਂ ਰਸਤੇ ਖੁੱਲ੍ਹਣਗੇ : ਅਮਨ ਅਰੋੜਾ**



**ਲੌਂਗੋਵਾਲ (ਪ੍ਰਦੀਪ ਸੰਧੂ)**
ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਵਿਸ਼ੇਸ਼ ਉਪਰਾਲਾ ਕਰਕੇ ਪਿੰਡ ਢੱਡਰੀਆਂ ਵਿੱਚ ਸਰਕਾਰੀ ਆਈ ਟੀ ਆਈ ਮਨਜ਼ੂਰ ਕਾਰਵਾਈ ਹੈ।ਇਸ ਸੰਸਥਾ ਦੀ ਇਮਾਰਤ ਦੀ ਉਸਾਰੀ ਦਾ ਨੀਂਹ ਪੱਥਰ ਪ੍ਰਸਿੱਧ ਧਾਰਮਿਕ ਸ਼ਖਸੀਅਤ ਭਾਈ ਰਣਜੀਤ ਸਿੰਘ ਢੱਡਰੀਆਂ ਨੇ ਰੱਖਿਆ।ਇਸ ਮੌਕੇ ਸ੍ਰੀ ਅਮਨ ਅਰੋੜਾ ਉਚੇਚੇ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਭਾਈ ਰਣਜੀਤ ਸਿੰਘ ਢੱਡਰੀਆਂ ਨੇ ਕਿਹਾ ਕਿ ਪਿਛਲੇ 75 ਸਾਲਾਂ ਤੋਂ ਤਰੱਕੀ ਪੱਖੋਂ ਪਛੜਿਆ ਰਿਹਾ ਇਹ ਇਲਾਕਾ ਅੱਜ ਵਿਕਾਸ ਦੀ ਨਵੀਂ ਅੰਗੜਾਈ ਲੈ ਰਿਹਾ ਹੈ, ਜੋ ਕਿ ਇਲਾਕੇ ਲਈ ਸ਼ੁਭ ਸੰਕੇਤ ਹੈ।ਉਨ੍ਹਾਂ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਸ੍ਰੀ ਅਮਨ ਅਰੋੜਾ ਦਾ ਧੰਨਵਾਦ ਕੀਤਾ ਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਮੁਕੰਮਲ ਕਰਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ।ਉਨ੍ਹਾਂ ਕਿਹਾ ਕਿ ਸੰਪੂਰਨ ਮਨੁੱਖ ਦੀ ਕਲਪਨਾ ਲਈ ਪ੍ਰਮਾਤਮਾ ਦਾ ਨਾਮ ਤੇ ਵਿੱਦਿਆ ਪ੍ਰਾਪਤ ਕਰਨਾ ਬਹੁਤ ਜ਼ਰੂਰੀ ਹੁੰਦਾ ਹੈ।

ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਮੌਕੇ ਪੰਜਾਬ ਸਰਕਾਰ ਨੇ ਹਲਕਾ ਸੁਨਾਮ ਊਧਮ ਸਿੰਘ ਵਾਲਾ ਨੂੰ ਬਹੁਤ ਵੱਡਾ ਤੋਹਫ਼ਾ ਦਿੱਤਾ ਹੈ।ਉਨ੍ਹਾਂ ਕਿਹਾ ਕਿ 13.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਇਸ ਸੰਸਥਾ ਨੂੰ ਇੱਕ ਸਾਲ ਵਿੱਚ ਚਾਲੂ ਕਰਨ ਦਾ ਟੀਚਾ ਹੈ, ਜਦੋਂ ਇਹ ਸੰਸਥਾ ਚਾਲੂ ਹੋ ਗਈ ਤਾਂ ਇਸ ਨਾਲ ਇਲਾਕੇ ਦੇ ਵਿਕਾਸ ਤੇ ਨੌਜਵਾਨਾਂ ਲਈ ਤਰੱਕੀ ਦੇ ਨਵੇਂ ਰਾਹ ਖੁੱਲ੍ਹਣਗੇ, ਜਿਸ ਨਾਲ ਉਹ ਹੁਨਰਮੰਦ, ਰੁਜ਼ਗਾਰ ਯੋਗ ਤੇ ਸਵੈ-ਨਿਰਭਰ ਬਣਨ ਦੇ ਯੋਗ ਹੋਣਗੇ ਅਤੇ ਇੱਕ ਖੁਸ਼ਹਾਲ ਤੇ ਪ੍ਰਗਤੀਸ਼ੀਲ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਯੋਗਦਾਨ ਪਾਉਣਗੇ।ਇਹ ਆਈ.ਟੀ.ਆਈ. ਆਧੁਨਿਕ, ਉੱਭਰ ਰਹੀਆਂ ਤਕਨਾਲੋਜੀਆਂ ਤੇ ਭਵਿੱਖ ਲਈ ਹੋਰ ਤਿਆਰ ਕਿੱਤਿਆਂ ਵਿੱਚ ਸਿਖਲਾਈ ਪ੍ਰਦਾਨ ਕਰੇਗੀ, ਜਿਨ੍ਹਾਂ ਦੀ ਨੌਕਰੀ ਦੀ ਬਾਜ਼ਾਰ ਵਿੱਚ ਬਹੁਤ ਮੰਗ ਹੈ।ਇਹ ਸੰਸਥਾ ਰਾਜ ਭਰ ਦੇ ਆਈ.ਟੀ.ਆਈ. ਵਿੱਚ ਸ਼ੁਰੂ ਕੀਤੇ ਜਾਣ ਵਾਲੇ ਪ੍ਰਸਤਾਵਿਤ ਵੱਖ-ਵੱਖ ਨਵੇਂ ਯੁੱਗ ਦੇ ਕੋਰਸਾਂ ਵਿੱਚ ਲਗਭਗ 300 ਨੌਜਵਾਨਾਂ ਨੂੰ ਸਿਖਲਾਈ ਸਹੂਲਤਾਂ ਪ੍ਰਦਾਨ ਕਰੇਗੀ।ਇਸ ਆਈ.ਟੀ.ਆਈ. ਦੀ ਸਥਾਪਨਾ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗ ਨਾਲ ਸਬੰਧਤ ਹੁਨਰ, ਸਵੈ-ਰੁਜ਼ਗਾਰ ਤੇ ਉੱਦਮਤਾ ਪ੍ਰਦਾਨ ਕਰਕੇ ਸਸ਼ਕਤ ਬਣਾਏਗੀ।ਉਨ੍ਹਾਂ ਕਿਹਾ ਕਿ ਉਸਾਰੀ ਦੇ ਮੁਕੰਮਲ ਹੋਣ ਤੋਂ ਬਾਅਦ ਇਸ ਸੰਸਥਾ ਵਿੱਚ [illegible] ਹੋਣਗੇ।ਇਹ ਸੰਸਥਾ ਆਲੇ ਦੁਆਲੇ ਦੇ ਪੇਂਡੂ ਖੇਤਰਾਂ, ਖਾਸ ਕਰਕੇ 15 ਪਿੰਡਾਂ ਲਈ ਇਕ ਹੁਨਰ ਵਿਕਾਸ ਕੇਂਦਰ ਵਜੋਂ ਕੰਮ ਕਰੇਗੀ ਤੇ ਸਥਾਨਕ ਰੁਜ਼ਗਾਰ ਪੈਦਾ ਕਰਨ ਤੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗੀ।ਇਸ ਮੌਕੇ ਭਾਈ ਰਣਜੀਤ ਸਿੰਘ ਢੱਡਰੀਆਂ ਤੇ ਸ੍ਰੀ ਅਮਨ ਅਰੋੜਾ ਦਾ ਇਲਾਕੇ ਦੀਆਂ ਪੰਚਾਇਤਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਸ੍ਰੀ ਚਰਨਜੋਤ ਸਿੰਘ ਵਾਲੀਆ ਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਹੜ੍ਹਾਂ ਦੇ ਝੰਬੇ 80 ਫ਼ੀਸਦੀ ਕਿਸਾਨਾਂ ਦੀ ਝੋਲੀ 'ਚ ਨਹੀਂ ਪਿਆ ਕਣਕ ਦਾ ਮੁਫ਼ਤ ਬੀਜ : ਮਿੱਤਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਹੜ੍ਹਾਂ ਦੀ ਮਾਰ ਨਾਲ ਝੰਬੇ ਕਿਸਾਨਾਂ ਦੀ ਸਹਾਇਤਾ ਦੇ ਤੌਰ 'ਤੇ ਪੰਜਾਬ ਸਰਕਾਰ ਨੇ, ਜੋ ਮੁਫ਼ਤ ਕਣਕ ਦਾ ਬੀਜ ਦੇਣ ਦਾ ਵਾਅਦਾ ਕੀਤਾ ਸੀ, ਉਹ 50 ਫ਼ੀਸਦੀ ਕਿਸਾਨਾਂ ਉਪਰੰਤ ਵੀ ਵੰਡਿਆ ਨਹੀਂ ਹੋ ਸਕਿਆ।ਕਾਂਗਰਸ ਦੇ ਸੀਨੀਅਰ ਆਗੂ ਬਲਾਕ ਸੰਮਤੀ ਦੇ ਸਾਬਕਾ ਪ੍ਰਧਾਨ ਤੇ ਕਾਂਗਰਸ ਦੇ ਬਲਾਕ ਪ੍ਰਧਾਨ ਸੁਰਿੰਦਰ ਮਿੱਤਲ ਨੇ ਕਿਹਾ ਕਿ ਕਈ ਕਿਸਾਨ ਅਜਿਹੇ ਹਨ, ਜਿਨ੍ਹਾਂ ਨੇ ਸੌ ਫ਼ੀਸਦੀ ਬਿਜਾਈ ਕਰ ਲਈ ਹੈ।ਹੜ੍ਹਾਂ ਦੀ ਮਾਰ ਨਾਲ ਖਾਲੀ ਹੋਏ ਗਿੱਜਿਆਂ ਵਾਲੇ ਕਿਸਾਨਾਂ ਵੱਲੋਂ ਇੱਧਰੋਂ-ਉੱਧਰੋਂ ਮੰਗ ਕੇ ਕਣਕ ਦੀ ਅਗਲੀ ਫ਼ਸਲ ਬੀਜਣ ਲਈ ਬੀਜ ਦਾ ਜੁਗਾੜ ਕੀਤਾ ਜਾ ਰਿਹਾ ਹੈ।ਇਨ੍ਹਾਂ ਹਾਲਾਤਾਂ 'ਚ ਸੂਬਾ ਸਰਕਾਰ ਵੱਲੋਂ ਮੁਫ਼ਤ ਬੀਜ ਦੇਣ ਦਾ ਜੋ ਟੀਚਾ ਮਿਥਿਆ ਗਿਆ ਸੀ, ਉਸ 'ਚੋਂ ਮਹਿਜ਼ 20 ਤੋਂ 25 ਫ਼ੀਸਦੀ ਕਿਸਾਨਾਂ ਨੂੰ ਹੀ ਮੁਫ਼ਤ ਵਾਲਾ ਬੀਜ ਮੁਹੱਈਆ ਹੋਇਆ ਹੈ।ਮਿੱਤਲ ਨੇ ਕਿਹਾ ਕਿ ਕਿਸਾਨਾਂ ਨੂੰ ਮੁਫ਼ਤ ਬੀਜ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਰਾਹੀਂ ਅੰਕੜੇ ਇਕੱਤਰ ਕਰਕੇ ਲਗਭਗ 1 ਲੱਖ 85 ਹਜ਼ਾਰ ਕੁਇੰਟਲ ਬੀਜ ਸਾਰੇ ਪੰਜਾਬ 'ਚ ਪ੍ਰਭਾਵਿਤ ਕਿਸਾਨਾਂ ਨੂੰ ਵੰਡਣਾ ਹੈ, ਜਿਸ ਵਿੱਚੋਂ ਹੁਣ ਤੱਕ ਸਿਰਫ਼ 40 ਹਜ਼ਾਰ ਕੁਇੰਟਲ ਬੀਜ ਹੀ ਕਿਸਾਨਾਂ ਤੱਕ ਪਹੁੰਚ ਸਕਿਆ, ਆਏ ਇਸ ਬੀਜ ਦੀ ਵੰਡ ਖੇਤੀਬਾੜੀ ਵਿਭਾਗ ਦੇ ਬਲਾਕ ਦਫ਼ਤਰ ਦੀ ਮਨਿਸ਼ਾ ਇਕਵਾਈ ਤੋਂ ਅੱਗੇ ਰਹੀ ਹੈ।ਇਸ ਸਬੰਧੀ ਪੰਜਾਬ 'ਤੇ ਅੰਕੜਿਆਂ ਦੀ ਪੁਸ਼ਟੀ ਕਰਦਿਆਂ ਪਨਸੀਡ ਦੇ ਐੱਮ. ਡੀ. ਕਰਨਜੀਤ ਸਿੰਘ ਨੇ ਆਖਿਆ ਕਿ ਉਨ੍ਹਾਂ ਕੋਲ ਬੀਜ ਦੀ ਕੋਈ ਘਾਟ ਨਹੀਂ ਹੈ, ਪਰ ਵੰਡ ਦੀ ਪ੍ਰਕਿਰਿਆ ਲੰਮੀ ਹੋਣ ਕਾਰਨ ਦਿੱਕਤ ਪੇਸ਼ ਆ ਰਹੀ ਹੈ।

## ਅਕਾਲੀ ਦਲ ਦੀ ਚੜ੍ਹਤ ਤੇ ਜਿੱਤ ਨੂੰ ਦੇਖ ਕੇ ਆਪ ਘਬਰਾਈ : ਖਣਮੁੱਖ ਭਾਰਤੀ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਤਰਨਤਾਰਨ ਤੋਂ ਚੋਣ ਲੜ ਰਹੀ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਦੀ ਲੜਕੀ ਕੰਚਨਪ੍ਰੀਤ ਕੌਰ ਦਾ ਦੋ ਵਿਅਕਤੀਆਂ ਵੱਲੋਂ ਪਿੱਛਾ ਕਰਨਾ ਬਹੁਤ ਹੀ ਘਟੀਆ ਗੱਲ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖਣਮੁੱਖ ਭਾਰਤੀ ਪੱਤੋਂ ਨੇ ਕਿਹਾ ਕਿ ਅਕਾਲੀ ਦਲ ਦੀ ਚੜ੍ਹਤ ਤੇ ਜਿੱਤ ਨੂੰ ਦੇਖ ਕੇ ਆਪ ਪਾਰਟੀ ਘਬਰਾਈ ਹੋਈ ਹੈ, ਜੋ ਇਹੋ ਜਿਹੀਆਂ ਘਟੀਆ ਹਰਕਤਾਂ ਕਰ ਰਹੀ ਹੈ, ਉਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਵੱਲੋਂ ਜੋ ਗੱਡੀ ਦੇ ਨੰਬਰ ਪਲੇਟਾਂ ਲੱਗੀਆਂ ਹੋਈਆਂ ਸਨ, ਉਹ ਮੋਟਰਸਾਈਕਲ ਦੀਆਂ ਨੰਬਰ ਪਲੇਟਾਂ ਨਿਕਲੀਆਂ। ਉਨ੍ਹਾਂ ਕਿਹਾ ਕਿ ਆਮ ਪਾਰਟੀ ਦੀ ਸਰਕਾਰ ਇਸ ਘਟੀਆ ਹਰਕਤਾਂ ਤੋਂ ਗੁਰੇਜ਼ ਕਰੇ, ਨਹੀਂ ਤਾਂ 2027 ਦੀਆਂ ਚੋਣਾਂ ਵਿੱਚ ਲੋਕ ਆਮ ਆਦਮੀ ਪਾਰਟੀ ਸਰਕਾਰ ਦਾ ਸਫ਼ਾਇਆ ਕਰਨ ਨੂੰ ਤਿਆਰ ਬੈਠੇ ਹਨ।

## ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ ਸ਼ਹਿਰ ਫਰੀਦਕੋਟ ਵਿਖੇ ਧਾਰਮਿਕ ਸ਼ਰਧਾ ਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ। ਇਸ ਪਵਿੱਤਰ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ, ਸ਼ਹਿਰ ਵਿੱਚ ਸ਼ਾਨਦਾਰ ਸ਼ੋਭਾ ਯਾਤਰਾ ਕੱਢੀ ਗਈ, ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਤੇ ਸਤਿਕਾਰ ਭੇਟ ਕੀਤਾ।ਸ਼ੋਭਾ ਯਾਤਰਾ ਦੌਰਾਨ ਸ਼ਹਿਰ ਵਿੱਚ ਥਾਂ-ਥਾਂ 'ਤੇ ਲੰਗਰ ਲਗਾਏ ਗਏ, ਜਿੱਥੇ ਸ਼ਰਧਾਲੂਆਂ ਨੇ ਖ਼ੁਦ ਸੇਵਾ ਕਰਦਿਆਂ ਸੰਗਤਾਂ ਨੂੰ ਪ੍ਰਸ਼ਾਦਾ ਛਕਾਇਆ। ਇਸ ਮੌਕੇ ਮਹਾਕਾਲ ਸਵਰਗ ਧਾਮ ਸੁਸਾਇਟੀ ਵੱਲੋਂ ਪੰਥ ਦੀ ਸੇਵਾ ਕਰ ਰਹੇ ਪੰਜ ਪਿਆਰਿਆਂ ਨੂੰ ਵਿਸ਼ੇਸ਼ ਤੌਰ 'ਤੇ ਸਾਰੋਪਾ (ਸਿਰੋਪਾਓ) ਭੇਟ ਕੀਤੇ ਗਏ, ਜੋ ਕਿ ਉਨ੍ਹਾਂ ਦੇ ਸਤਿਕਾਰ ਦਾ ਪ੍ਰਤੀਕ ਸੀ।ਸੁਸਾਇਟੀ ਦੇ ਮੈਂਬਰਾਂ ਨੇ ਪੰਜ ਪਿਆਰਿਆਂ ਨੂੰ ਰੁਮਾਲਾ ਸਾਹਿਬ ਵੀ ਭੇਟ ਕੀਤੇ ਤੇ ਲੰਗਰ ਸੇਵਾ ਵੀ ਬਾਖੂਬੀ ਨਿਭਾਈ।ਇਸ ਸ਼ੁਭ ਕਾਰਜ ਵਿੱਚ ਸੁਸਾਇਟੀ ਦੇ ਅਹੁਦੇਦਾਰ ਤੇ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ, ਜਿਨ੍ਹਾਂ ਵਿੱਚ ਚੇਅਰਮੈਨ ਅਸ਼ੋਕ ਭਟਨਾਗਰ, ਕਲਬ ਦੇ ਪ੍ਰਧਾਨ ਬਲਜੀਤ ਸ਼ਰਮਾ, ਰਿਟਾਇਰਡ ਪ੍ਰਿੰਸੀਪਲ ਪਰਵਿੰਦਰ ਸਿੰਘ, ਰਿਟਾਇਰਡ ਡੀਐੱਸਪੀ ਹਰਜਿੰਦਰ ਸਿੰਘ ਧਾਲੀਵਾਲ, ਗੁਰਮੀਤ ਸਿੰਘ ਸਰਾਂ ਨੀਲਾ, ਪਰਮਜੀਤ ਸਿੰਘ, ਗੁਰਮੀਤ ਸਿੰਘ ਗਿੱਲ, ਡਾ. ਪ੍ਰਸ਼ੋਤਮ ਰਾਏ, ਬਾਬਾ ਇੰਦਰਜੀਤ ਸਿੰਘ, ਸੁਰਿੰਦਰ ਸਿੰਘ ਬਰਾੜ ਪਰਿਵਾਰ ਸਮੇਤ ਸਮੂਹ ਸੰਗਤ ਨੇ ਸ਼ਮੂਲੀਅਤ ਕਰਕੇ ਇਸ ਪਵਿੱਤਰ ਪੁਰਬ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਤੇ ਗੁਰੂ ਸਾਹਿਬ ਜੀ ਦੇ ਦੱਸੇ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਹੋਈ ਮਹੀਨਾਵਾਰ ਮੀਟਿੰਗ

**ਬੁਢਲਾਡਾ (ਅਸ਼ੋਕ ਲਾਕੜਾ)**
ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬੁਢਲਾਡਾ (ਰਜਿ 295) ਦੀ ਮੀਟਿੰਗ ਪੰਜਾਬ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਪ੍ਰਧਾਨ ਗੁਰਜੀਤ ਸਿੰਘ ਬਰੇ ਦੀ ਪ੍ਰਧਾਨਗੀ ਹੇਠ ਕੱਲਰਾਂ ਵਾਲੀ ਮਾਤਾ ਮੰਦਰ ਵਿਖੇ ਹੋਈ।ਡਾਕਟਰ ਮੇਜਰ ਸਿੰਘ ਗੋਬਿੰਦਪੁਰਾ ਨੇ ਸਟੇਜ ਦੀ ਕਾਰਵਾਈ ਸ਼ੁਰੂ ਕਰਦਿਆਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਾਰੇ ਸਾਥੀਆਂ ਨੂੰ ਲੱਖ-ਲੱਖ ਵਧਾਈ ਦਿੱਤੀ।ਡਾਕਟਰ ਜਗਤਾਰ ਸਿੰਘ ਫੂਲੂਵਾਲਾ ਨੇ ਗੁਰੂ ਨਾਨਕ ਦੇਵ ਜੀ ਦੀ ਸਿੱਖਿਆਵਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ।ਡਾਕਟਰ ਗੁਰਜੀਤ ਸਿੰਘ ਬਾਰੇ ਨੇ ਵਾਇਰਲ ਇਨਫੈਕਸ਼ਨ ਬਾਰੇ ਜਾਣਕਾਰੀ ਸਾਥੀਆਂ ਨਾਲ ਸਾਂਝੀ ਕੀਤੀ ਅਤੇ ਇਸ ਬੁਖਾਰਨੁਮਾ ਬਿਮਾਰੀ ਦੀ ਰੋਕਥਾਮ ਬਾਰੇ ਦੱਸਿਆ।ਵੱਖ-ਵੱਖ ਬੁਲਾਰਿਆਂ ਨੇ ਆਪੋ-ਆਪਣੇ ਵਿਚਾਰ ਪੇਸ਼ ਕੀਤੇ।ਡਾਕਟਰ ਨਾਇਬ ਸਿੰਘ ਅਹਿਮਦਪੁਰ ਨੇ ਆਏ ਹੋਏ ਸਾਰੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਪੀ ਯੂ ਨੂੰ ਬਚਾਉਣ ਲਈ ਪੰਜਾਬੀਆਂ ਦਾ ਇੱਕਮੁੱਠ ਹੋਣਾ ਜ਼ਰੂਰੀ : ਗਿੱਲ



**ਸਮਰਾਲਾ (ਸੁਰਜੀਤ ਸਿੰਘ)**-ਕੇਂਦਰ ਸਰਕਾਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ, ਲਿਹਾਜ਼ਾ ਪੰਜਾਬ ਦੀ ਆਨ, ਬਾਨ ਤੇ ਸ਼ਾਨ ਨੂੰ ਬਚਾਉਣਾ ਸਾਰੇ ਪੰਜਾਬੀਆਂ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸਾਬਕਾ ਤੇ ਮੌਜੂਦਾ ਵਿਦਿਆਰਥੀ ਅਤੇ ਪ੍ਰੋਫੈਸਰ ਹਨ, ਦਾ ਫਰਜ਼ ਬਣਦਾ ਹੈ।ਇਹ ਵਿਚਾਰ 'ਨਵਾਂ ਜ਼ਮਾਨਾ' ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸੀਨੀਅਰ ਐਡਵੋਕੇਟ ਤੇ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਪਰਮਿੰਦਰ ਸਿੰਘ ਗਿੱਲ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਉੱਤਰ ਭਾਰਤ ਦੀ ਸਭ ਤੋਂ ਪੁਰਾਣੀ ਸਿੱਖਿਆ ਸੰਸਥਾ ਹੈ, ਜੋ 1882 ਵਿੱਚ ਸਮਾਜ ਸੇਵੀ ਪੰਜਾਬੀਆਂ ਨੇ ਪੈਸਾ ਇਕੱਠਾ ਕਰਕੇ ਲਾਹੌਰ ਵਿੱਚ ਸਥਾਪਤ ਕੀਤੀ ਸੀ।ਉਨ੍ਹਾਂ ਕਿਹਾ ਕਿ ਉਸ ਵੇਲੇ ਤੋਂ ਲੈ ਕੇ ਹੁਣ ਤੱਕ ਇਹ ਸੰਸਥਾ ਆਮ ਤੇ ਗਰੀਬ ਘਰਾਂ ਦੇ ਬੱਚਿਆਂ ਨੂੰ ਸਸਤੀ ਤੇ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਆਪਣੇ ਸੌੜੇ ਹਿੱਤਾਂ ਖਾਤਰ ਯੂਨੀਵਰਸਿਟੀ ਦੇ ਲੋਕਤੰਤਰਿਕ ਢਾਂਚੇ ਨੂੰ ਤਬਾਹ ਕਰਨ ਦੀਆਂ ਸਾਜ਼ਿਸ਼ ਰਚ ਰਹੀ ਹੈ, ਜਿਸ ਨੂੰ ਪੰਜਾਬੀਆਂ ਦਾ ਏਕਾ ਸਫ਼ਲ ਨਹੀਂ ਹੋਣ ਦੇਵੇਗਾ।ਉਨ੍ਹਾਂ ਕਿਹਾ ਕਿ ਇਹ ਸਾਜ਼ਿਸ਼ ਦੇਸ਼ ਦੇ ਫੈਡਰਲ ਢਾਂਚੇ ਤੇ ਸੰਵਿਧਾਨ ਦੀ ਮਰਯਾਦਾ ਵਿਰੁੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਪੰਜਾਬੀਆਂ ਤੇ ਉੱਤਰੀ ਭਾਰਤ ਦੀ ਪਛਾਣ ਹੈ।ਐਡਵੋਕੇਟ ਗਿੱਲ ਨੇ ਕਿਹਾ ਕਿ ਇਸ ਸੰਸਥਾ ਨੇ ਆਪਣੇ ਜਨਮ ਤੋਂ ਲੈ ਕੇ ਹੁਣ ਤੱਕ ਸਮਾਜ ਦੇ ਹਰ ਖੇਤਰ ਲਈ ਮਿਆਰੀ ਵਿੱਦਿਆ ਦੇ ਕੇ ਵੱਡੇ ਵਿਦਵਾਨ, ਇੰਜੀਨੀਅਰ, ਸਿੱਖਿਆ ਸ਼ਾਸਤਰੀ, ਵਿਗਿਆਨੀ, ਸਿਆਸੀ ਆਗੂ ਤੇ ਹੋਰ ਵੱਖ ਵੱਖ ਖੇਤਰਾਂ ਵਿੱਚ ਵੱਡੀਆਂ ਹਸਤੀਆਂ ਨੂੰ ਪੈਦਾ ਕਰਨ ਲਈ ਆਪਣੀ ਇੱਕ ਵਿਲੱਖਣ ਪਛਾਣ ਬਣਾਈ ਹੋਈ ਹੈ।ਉਨ੍ਹਾਂ ਕਿਹਾ ਕਿ ਜਿਸ ਦਿਨ ਤੋਂ ਕੇਂਦਰ ਸਰਕਾਰ ਨੇ ਯੂਨੀਵਰਸਿਟੀ ਦੇ ਪ੍ਰਸ਼ਾਸਨਕ ਢਾਂਚੇ ਨਾਲ ਛੇੜਛਾੜ ਕਰਨ ਦਾ ਪੰਗਾ ਲਿਆ ਹੈ, ਉਸ ਦਿਨ ਤੋਂ ਸਮੁੱਚੇ ਪੰਜਾਬ ਵਿੱਚ ਗੁੱਸੇ ਦੇ ਲਹਿਰ ਦੌੜ ਗਈ।ਹਰ ਇੱਕ ਪੰਜਾਬੀ ਇਸ ਸਿੱਖਿਆ ਸੰਸਥਾ ਦੀ ਹੋਂਦ ਬਚਾਉਣ ਲਈ ਫ਼ਿਕਰਮੰਦ ਹੈ।ਉਨ੍ਹਾਂ ਕਿਹਾ ਕਿ ਅੱਜ ਪ੍ਰਾਈਵੇਟ ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਫੀਸਾਂ ਬਹੁਤ ਜ਼ਿਆਦਾ ਹੋਣ ਕਾਰਨ ਪੜ੍ਹਾਈ ਗਰੀਬ ਬੱਚਿਆਂ ਦੇ ਵੱਸ ਦੀ ਗੱਲ ਨਹੀਂ ਰਹੀ।ਇਸ ਸਿੱਖਿਆ ਸੰਸਥਾ ਵਿੱਚ ਆਮ ਪਰਵਾਰਾਂ ਦੇ ਬੱਚੇ ਨਿਗੂਣੀ ਜਿਹੀ ਫੀਸ ਭਰ ਕੇ ਉੱਚ ਡਿਗਰੀਆਂ ਹਾਸਲ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਕੇਂਦਰ ਦੇ ਫੈਸਲੇ ਖਿਲਾਫ ਅਗਲੇ ਸੰਘਰਸ਼ ਦੀ ਵਿਉਂਤਬੰਦੀ ਕਰਨ ਲਈ 10 ਨਵੰਬਰ ਨੂੰ ਯੂਨੀਵਰਸਿਟੀ ਵਿੱਚ ਸਮਾਜ ਦੇ ਵੱਖ ਵੱਖ ਵਰਗਾਂ ਦੀ ਖੁੱਲ੍ਹੀ ਮੀਟਿੰਗ ਰੱਖੀ ਗਈ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਸ ਸੰਸਥਾ ਨੂੰ ਪਿਆਰ ਕਰਨ ਵਾਲੇ ਲੋਕ ਪਹੁੰਚ ਰਹੇ ਹਨ।ਐਡਵੋਕੇਟ ਗਿੱਲ ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ ਲਈ ਹੁੰਮਹੁਮਾ ਕੇ ਪਹੁੰਚਣ।

## ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਨੂੰ ਜਾਂਦੀ ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਰੋਡ ਦੀ ਮੁਰੰਮਤ ਦਾ ਕੰਮ ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਗਿੱਲ ਦੀ ਮੌਜੂਦਗੀ ਵਿੱਚ ਸ਼ੁਰੂ ਕਰਵਾਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਗੁਰਦੁਆਰਾ ਸਾਹਿਬ ਨੂੰ ਚਰਨ ਕੰਵਲ ਚੌਕ ਤੋਂ ਜਾਂਦੀ ਸੜਕ ਦੀ ਹਾਲਤ ਬਹੁਤ ਤਰਸਯੋਗ ਬਣੀ ਹੋਈ ਸੀ, ਜਿਸ ਕਾਰਨ ਦੇਸ਼ ਵਿਦੇਸ਼ ਤੋਂ ਆਉਂਦੀ ਸੰਗਤ ਸਮੇਤ ਰੋਜ਼ਾਨਾ ਗੁਰੂ ਘਰ ਜਾਣ ਵਾਲੇ ਸ਼ਰਧਾਲੂਆਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਸਬੰਧੀ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਉਚੇਚੇ ਯਤਨਾਂ ਸਦਕਾ ਇਸ ਸੜਕ ਦੀ ਮੁਰੰਮਤ ਦਾ ਇਹ ਕੰਮ ਅੱਜ ਸ਼ੁਰੂ ਕਰਵਾਇਆ ਗਿਆ। ਉਨ੍ਹਾਂ ਅਨੁਸਾਰ ਅਗਲੇ ਮਹੀਨੇ ਹੋਣ ਵਾਲੇ ਜੋੜ ਮੇਲ ਦੇ ਮੱਦੇਨਜ਼ਰ ਇਸ ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ ਕਰਵਾਇਆ ਗਿਆ, ਜਿਸ ਦੇ ਚੱਲਦਿਆਂ ਜਿਨ੍ਹਾਂ ਥਾਵਾਂ 'ਤੇ ਸੜਕ ਬਹੁਤ ਜ਼ਿਆਦਾ ਖਰਾਬ ਹੈ, ਉਥੇ ਉਸ ਦੀ ਮੁਰੰਮਤ ਦਾ ਕੰਮ ਕਰਵਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਨਿਰਮਾਣ ਲਈ ਟੈਂਡਰ ਪ੍ਰਕਿਰਿਆ ਜਾਰੀ ਹੈ ਤੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਯਤਨਾਂ ਸਦਕਾ ਜੋੜ ਮੇਲ ਤੋਂ ਬਾਅਦ ਇਸ ਸੜਕ ਦਾ ਨਿਰਮਾਣ ਸ਼ੁਰੂ ਕਰਵਾ ਦਿੱਤਾ ਜਾਵੇਗਾ।

## ਬਜ਼ੁਰਗਾਂ ਦੇ ਅਧਿਕਾਰ ਤੇ ਭਰੂਣ-ਪੋਸ਼ਣ ਵਿਸ਼ੇ 'ਤੇ ਕਾਨੂੰਨੀ ਸਾਵਧਾਨੀ ਕੈਂਪ




**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਵੱਲੋਂ ਕਾਨੂੰਨੀ ਪ੍ਰਣਾਲੀ ਤੇ ਸਮਾਜ ਵਿਚਾਲੇ ਪੁਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਕਾਨੂੰਨੀ ਸਾਵਧਾਨੀ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ।ਇਸ ਕੈਂਪ ਵਿੱਚ 40 ਵਿਦਿਆਰਥੀਆਂ ਨੇ ਸਰਗਰਮ ਭਾਗ ਲਿਆ।ਬਜ਼ੁਰਗਾਂ ਦੇ ਅਧਿਕਾਰ ਤੇ ਭਰਣ-ਪੋਸ਼ਣ ਵਿਸ਼ੇ 'ਤੇ ਕੇਂਦਰਤ ਇਸ ਕੈਂਪ ਵਿੱਚ ਪਿੰਡ ਖੇੜਾ ਤੇ ਹੰਸਾਲੀ ਸਾਹਿਬ (ਜ਼ਿਲ੍ਹਾ ਫਤਹਿਗੜ੍ਹ ਸਾਹਿਬ) ਦੇ ਪਿੰਡ ਵਾਸੀਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਇਹ ਕੈਂਪ ਵਾਇਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਮਾਣਯੋਗ ਦਿਸ਼ਾ-ਨਿਰਦੇਸ਼ ਹੇਠ ਤੇ ਪ੍ਰੋ. (ਡਾ.) ਅਮੀਤਾ ਕੌਸ਼ਲ ਮੁਖੀ ਤੇ ਡੀਨ ਯੂਨੀਵਰਸਿਟੀ ਸਕੂਲ ਆਫ ਲਾਅ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਕੈਂਪ ਦੀ ਸੰਚਾਲਕਾ ਡਾ. ਨਵਨੀਤ ਕੌਰ ਸਹਾਇਕ ਪ੍ਰੋਫੈਸਰ ਸਨ, ਜਦਕਿ ਇਸ ਦੀ ਸਮਨਵਯਤਾ ਮਿਸ ਪ੍ਰਭਜੋਤ ਕੌਰ ਤੇ ਮਿਸ ਗੁਰਲੀਨ ਕੌਰ ਸਹਾਇਕ ਪ੍ਰੋਫੈਸਰਾਂ ਵੱਲੋਂ ਕੀਤੀ ਗਈ।ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਬਜ਼ੁਰਗਾਂ ਲਈ ਉਪਲਬਧ ਕਾਨੂੰਨੀ ਸੁਰੱਖਿਆ ਤੇ ਕਲਿਆਣ ਯੋਜਨਾਵਾਂ ਬਾਰੇ ਜਾਗਰੂਕ ਕਰਨਾ ਸੀ।ਵਾਇਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ, ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਤੇ ਪ੍ਰੋ. (ਡਾ.) ਅਮੀਤਾ ਕੌਸ਼ਲ ਮੁਖੀ ਅਤੇ ਡੀਨ ਫੈਕਲਟੀ ਆਫ ਲਾਅ ਨੇ ਆਯੋਜਕਾਂ ਤੇ ਵਿਦਿਆਰਥੀਆਂ ਦੇ ਯਤਨਾਂ ਦੀ ਪ੍ਰਸੰਸਾ ਕੀਤੀ।ਵਾਇਸ-ਚਾਂਸਲਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਆਊਟਰੀਚ ਪ੍ਰੋਗਰਾਮ ਯੂਨੀਵਰਸਿਟੀ ਦੀ ਸਮਾਜਕ ਤੌਰ 'ਤੇ ਪ੍ਰਸੰਗਿਕ ਕਾਨੂੰਨੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ।ਬਜ਼ੁਰਗਾਂ ਦੇ ਅਧਿਕਾਰਾਂ ਤੇ ਸਨਮਾਨ ਬਾਰੇ ਜਾਗਰੂਕਤਾ ਪੈਦਾ ਕਰਨਾ ਰਾਸ਼ਟਰ ਸੇਵਾ ਦੇ ਬਰਾਬਰ ਹੈ।ਸਮਾਪਤੀ 'ਤੇ ਪਿੰਡ ਵਾਸੀਆਂ ਨੇ ਆਪਣਾ ਧੰਨਵਾਦ ਪ੍ਰਗਟਾਇਆ ਤੇ ਇਸ ਕੈਂਪ ਨੂੰ ਸਮਾਜਿਕ ਜਾਗਰੂਕਤਾ ਵੱਲ ਇੱਕ ਮਹੱਤਵਪੂਰਨ ਕਦਮ ਕਿਹਾ।

# ਠੇਕਾ ਮੁਲਾਜ਼ਮ ਭਲਕੇ ਤਰਨ ਤਾਰਨ 'ਚ ਕਰਨਗੇ ਝੰਡਾ ਮਾਰਚ : ਮੋਰਚਾ ਆਗੂ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ, ਪਵਨਦੀਪ ਸਿੰਘ, ਜਗਰੂਪ ਸਿੰਘ, ਗੁਰਵਿੰਦਰ ਸਿੰਘ ਪੰਨੂੰ, ਸਿਮਰਨਜੀਤ ਸਿੰਘ ਨੀਲੋਂ, ਸ਼ੇਰ ਸਿੰਘ ਖੰਨਾ, ਜਸਪ੍ਰੀਤ ਸਿੰਘ ਗਗਨ, ਗੁਰਪ੍ਰੀਤ ਸਿੰਘ ਢਿੱਲੋਂ ਤੇ ਰਮਨਦੀਪ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ ਸਰਕਾਰ' ਨੇ ਆਪਣੇ ਪੌਣੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀਂ-ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜਬੂਰ ਕੀਤਾ ਹੋਇਆ ਹੈ ਅਤੇ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦੇ ਰਹੇ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਗਿਆ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਇਹ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਠੇਕਾ ਮੁਲਾਜ਼ਮਾਂ ਨਾਲ ਨੰਗਾ-ਚਿੱਟਾ ਧੋਖਾ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਕੇਂਦਰ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ 'ਤੇ ਨਿੱਜੀਕਰਨ ਦਾ ਹੱਲਾ ਵਿੱਢਿਆ ਹੋਇਆ ਹੈ ਅਤੇ ਨਿੱਜੀਕਰਨ ਦੇ ਇਸ ਹੱਲੇ ਤਹਿਤ ਹੀ ਸਮੂਹ ਸਰਕਾਰੀ ਵਿਭਾਗਾਂ ਵਿੱਚੋਂ ਕੰਮ-ਭਾਰ ਨੀਤੀ ਮੁਤਾਬਿਕ ਤਹਿ ਕੀਤੀਆਂ ਪੱਕੀਆਂ ਅਸਾਮੀਆਂ ਦਾ ਖਾਤਮਾ ਕੀਤਾ ਜਾ ਰਿਹਾ ਹੈ ਤੇ ਆਊਟਸੋਰਸਡ/ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ, ਜਿਸ ਦੇ ਵਿਰੋਧ ਵਜੋਂ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ 'ਮੋਰਚੇ' ਦੇ ਬੈਨਰ ਹੇਠ 9 ਨਵੰਬਰ 2025 ਨੂੰ ਜ਼ਿਮਨੀ ਚੋਣ ਹਲਕੇ ਤਰਨਤਾਰਨ ਵਿੱਚ ਝੰਡਾ ਮਾਰਚ ਕਰਕੇ ਹਲਕੇ ਦੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਬਾਰੇ ਜਾਗਰੂਕ ਕੀਤਾ ਜਾਵੇਗਾ।

## ਮੋਹਾਲੀ 'ਚ ਲਾਈਵ ਸੰਗੀਤਕ ਕਵਿਤਾ ਸ਼ਾਮ ਅੱਜ

**ਰਾਜਪੁਰਾ (ਰਮੇਸ਼ ਕਟਾਰੀਆ)**
ਐੱਚਏਪੀ ਮੀਡੀਆ, ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ ਨੇੜੇ ਚੰਡੀਗੜ੍ਹ ਦੇ ਸਹਿਯੋਗ ਨਾਲ 8 ਨਵੰਬਰ ਨੂੰ ਹੋਮਲੈਂਡ ਓਪੇਰਾ, ਸੀਪੀ-67, ਮੋਹਾਲੀ ਵਿਖੇ 'ਦੌਰ-ਏ-ਜ਼ਿੰਦਗੀ-ਲਾਈਵ ਸੰਗੀਤਕ ਕਵਿਤਾ ਸਮਾਗਮ' ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਰੂਹਾਨੀ ਸ਼ਾਮ ਵਿੱਚ ਪ੍ਰਸਿੱਧ ਕਲਾਕਾਰ ਰੂਪ ਕੌਰ ਕੂਨਰ ਪੇਸ਼ ਕਰਨਗੇ, ਜੋ ਆਪਣੇ ਮਨਮੋਹਕ ਪ੍ਰਦਰਸ਼ਨ ਨਾਲ ਦਰਸ਼ਕਾਂ ਨੂੰ ਮੋਹਿਤ ਕਰਨ ਲਈ ਤਿਆਰ ਹਨ।ਇਸ ਸਮਾਗਮ ਦਾ ਉਦੇਸ਼ ਸੰਗੀਤ ਤੇ ਕਵਿਤਾ ਦੀ ਸਦਭਾਵਨਾ ਦਾ ਜਸ਼ਨ ਮਨਾਉਣਾ ਹੈ, ਜੋ ਨੌਜਵਾਨ ਮਨਾਂ ਨੂੰ ਰਚਨਾਤਮਕਤਾ, ਭਾਵਨਾਵਾਂ ਤੇ ਸਵੈ-ਪ੍ਰਗਟਾਵੇ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਹੈ।ਆਰੀਅਨਜ਼ ਗਰੁੱਪ ਦੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਤੋਂ ਇਸ ਵਿਲੱਖਣ ਕਲਾਤਮਕ ਫਿਊਜ਼ਨ ਦਾ ਲਾਈਵ ਅਨੁਭਵ ਕਰਨ ਤੇ ਇਸ ਵਿੱਚ ਸ਼ਾਮਲ ਹੋਣ।

## ਡੀ ਬੀ ਯੂ ਲਾਅ ਸਕੂਲ 'ਚ ਸਿਹਤ ਤੇ ਤੰਦਰੁਸਤੀ 'ਤੇ ਕਾਨੂੰਨੀ ਸਹਾਇਤਾ ਜਾਗਰੂਕਤਾ ਕੈਂਪ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਈਸੜੂ ਵਿੱਚ ਸਿਹਤ ਕਾਨੂੰਨ ਤੇ ਤੰਦਰੁਸਤੀ 'ਤੇ ਕਾਨੂੰਨੀ ਸਹਾਇਤਾ ਜਾਗਰੂਕਤਾ ਕੈਂਪ ਲਗਾਇਆ ਗਿਆ।ਕੈਂਪ ਵਿੱਚ 85 ਵਿਦਿਆਰਥੀਆਂ ਨੇ ਹਿੱਸਾ ਲਿਆ।ਵਿਦਿਆਰਥੀਆਂ ਵੱਲੋਂ ਪਿੰਡ ਵਾਸੀਆਂ ਨੂੰ ਸਿਹਤ ਕਾਨੂੰਨਾਂ, ਸਿਹਤ ਬੀਮਾ ਯੋਜਨਾਵਾਂ, ਭਲਾਈ ਨਾਲ ਸਬੰਧਤ ਸਰਕਾਰੀ ਨੀਤੀਆਂ ਅਤੇ ਸਿਹਤ ਤੇ ਸਫਾਈ ਨਾਲ ਸਬੰਧਤ ਕਾਨੂੰਨੀ ਅਧਿਕਾਰਾਂ ਬਾਰੇ ਜਾਗਰੂਕ ਕਰਨ ਲਈ ਉਨ੍ਹਾਂ ਨੂੰ ਸਮੂਹਾਂ ਵਿੱਚ ਵੰਡਿਆ ਗਿਆ ਸੀ।ਪਿੰਡ ਈਸੜੂ ਦੇ ਸਰਪੰਚ ਜਿਤੇਂਦਰਜੋਤ ਸਿੰਘ ਤੇ ਪੰਚ ਸ੍ਰੀਮਤੀ ਸਰਬਜੀਤ ਕੌਰ ਨੇ ਕਾਨੂੰਨ ਦੇ ਵਿਦਿਆਰਥੀਆਂ ਦੀ ਭਾਈਚਾਰਕ ਪੱਧਰ 'ਤੇ ਕਾਨੂੰਨੀ ਜਾਗਰੂਕਤਾ ਵਧਾਉਣ ਦੇ ਯਤਨਾਂ ਲਈ ਪ੍ਰਸ਼ੰਸਾ ਕੀਤੀ।ਡਾ. ਅਨੂ ਮੁਤਨੇਜਾ, ਡਾ. ਪ੍ਰਭਜੋਤ ਕੌਰ ਘੁੰਮਣ, ਡਾ. ਆਰਤੀ ਤੇ ਸ੍ਰੀਮਤੀ ਮਨਪ੍ਰੀਤ ਕੌਰ (ਯੂਨੀਵਰਸਿਟੀ ਸਕੂਲ ਆਫ਼ ਲਾਅ ਵਿੱਚ ਸਹਾਇਕ ਪ੍ਰੋਫੈਸਰ) ਨੇ ਕੈਂਪ ਦਾ ਸਫਲਤਾਪੂਰਵਕ ਤਾਲਮੇਲ ਕੀਤਾ।ਉਨ੍ਹਾਂ ਨੇ ਭਾਗੀਦਾਰਾਂ ਤੇ ਪਿੰਡ ਵਾਸੀਆਂ ਨਾਲ ਵੀ ਗੱਲਬਾਤ ਕੀਤੀ, ਜਨਤਕ ਸਿਹਤ ਤੇ ਸਮੁੱਚੀ ਤੰਦਰੁਸਤੀ ਵਿੱਚ ਕਾਨੂੰਨ ਨੂੰ ਜਾਣਨ ਦੀ ਮਹੱਤਤਾ 'ਤੇ ਚਾਨਣਾ ਪਾਇਆ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਇਨ੍ਹਾਂ ਆਊਟਰੀਚ ਪ੍ਰੋਗਰਾਮਾਂ ਰਾਹੀਂ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਤੇ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਤ ਕਰਨ ਲਈ ਕੀਤੇ ਗਏ ਉਪਰਾਲੇ ਦੀ ਕਦਰ ਕੀਤੀ।

# ਝਾੜ ਸਾਹਿਬ ਕਾਲਜ 'ਚ ਪਰਾਲੀ ਸੰਭਾਲ ਜਾਗਰੂਕਤਾ ਕੈਂਪ



**ਸਮਰਾਲਾ/ਮਾਛੀਵਾੜਾ ਸਾਹਿਬ (ਸੁਰਜੀਤ ਸਿੰਘ/ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਵਿਖੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਹੋਮ ਸਾਇੰਸ ਵਿਭਾਗ ਦੇ ਮੁਖੀ ਡਾ. ਰਣਜੀਤ ਕੌਰ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਸਮਰਾਲਾ ਦੇ ਸਹਿਯੋਗ ਨਾਲ ਪਰਾਲੀ ਦੀ ਸਹੀ ਸੰਭਾਲ ਬਾਰੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ।ਇਸ ਕੈਂਪ ਦਾ ਉਦੇਸ਼ ਵਿਦਿਆਰਥਣਾਂ ਨੂੰ ਪਰਾਲੀ ਸਾੜਨ ਨਾਲ ਹੋਣ ਵਾਲੇ ਵਾਤਾਵਰਨ ਤੇ ਸਿਹਤ ਸਬੰਧੀ ਨੁਕਸਾਨਾਂ ਤੋਂ ਜਾਣੂ ਕਰਵਾਉਣਾ ਤੇ ਇਸ ਦੀ ਸਹੀ ਸੰਭਾਲ ਦੇ ਤਰੀਕਿਆਂ ਬਾਰੇ ਸੁਚੇਤ ਕਰਨਾ ਸੀ।ਇਸ ਮੌਕੇ ਡਾ. ਅਮਨਪ੍ਰੀਤ ਸਿੰਘ ਅਸਿ. ਪ੍ਰੋ. ਫਸਲ ਵਿਗਿਆਨ ਨੇ ਵਿਦਿਆਰਥਣਾਂ ਨੂੰ ਪਰਾਲੀ ਸਾੜਨ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥਣਾਂ ਦੇ ਸਲੋਗਨ ਲਿਖਣ ਤੇ ਪੋਸਟਰ ਬਣਾਉਣ ਦੇ ਮੁਕਾਬਲੇ ਵੀ ਕਰਵਾਏ ਗਏ।ਇਸ ਮੁਕਾਬਲੇ ਦੀ ਜੱਜਮੈਂਟ ਡਾ. ਸੁਨੀਤਾ ਕੌਸ਼ਲ, ਡਾ. ਪਰਵਿੰਦਰ ਕੌਰ ਅਸਿ. ਪ੍ਰੋ. ਹੋਮ ਸਾਇੰਸ ਤੇ ਇੰਚਾਰਜ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਡਾ. ਮਹੀਪਿੰਦਰ ਕੌਰ ਮੁਖੀ ਪੰਜਾਬੀ ਵਿਭਾਗ ਨੇ ਕੀਤੀ।ਸਲੋਗਨ ਲਿਖਣ ਵਿੱਚ ਪਹਿਲਾ ਸਥਾਨ ਤਰਨਜੀਤ ਕੌਰ ਨੇ, ਦੂਜਾ ਸਥਾਨ ਨਵਦੀਪ ਕੌਰ ਨੇ ਤੇ ਪ੍ਰੀਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਸਲੋਗਨ ਲਿਖਣ ਵਿੱਚ ਅੰਮ੍ਰਿਤ ਕੌਰ ਤੇ ਰਮਨੀਤ ਕੌਰ ਨੂੰ ਹੌਸਲਾ ਅਫਜ਼ਾਈ ਇਨਾਮ ਵੀ ਦਿੱਤੇ ਗਏ।ਪੋਸਟਰ ਬਣਾਉਣ ਵਿੱਚ ਪਹਿਲਾ ਸਥਾਨ ਜਸਮੀਤ ਕੌਰ ਨੇ, ਦੂਜਾ ਸਥਾਨ ਗੁਰਪ੍ਰੀਤ ਕੌਰ ਨੇ ਤੇ ਸੁਖਮਨਜੋਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ 'ਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਗੁਰਨੂਰ ਕੌਰ ਤੇ ਮਹਿਕਜੋਤ ਕੌਰ ਨੂੰ ਹੌਸਲਾ ਅਫਜ਼ਾਈ ਇਨਾਮ ਵੀ ਦਿੱਤੇ ਗਏ।ਡਾ. ਰਣਜੀਤ ਕੌਰ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਆਏ ਮਾਹਰਾਂ ਦਾ ਧੰਨਵਾਦ ਕੀਤਾ ਤੇ ਵਿਦਿਆਰਥਣਾਂ ਦੇ ਉਤਸ਼ਾਹ ਦੀ ਪ੍ਰਸੰਸਾ ਕੀਤੀ।ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਵਿਦਿਆਰਥਣਾਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਤੇ ਸਮਾਜਿਕ ਜ਼ਿੰਮੇਵਾਰੀ ਦਾ ਭਾਵ ਪੈਦਾ ਕਰਦੇ ਹਨ।ਝਾੜ ਸਾਹਿਬ ਕਾਲਜ ਅਜਿਹੇ ਪ੍ਰੋਗਰਾਮਾਂ ਨੂੰ ਉਲੀਕ ਕੇ ਇਸ ਪ੍ਰਤੀ ਮਿੱਥੇ ਆਪਣੇ ਟੀਚਿਆਂ ਨੂੰ ਸਾਰਥਕ ਕਰਨ ਲਈ ਤਤਪਰ ਰਹਿੰਦਾ ਹੈ।ਇਸ ਮੌਕੇ ਡਾ. ਵੀਰ ਪ੍ਰਤਾਪ ਸਿੰਘ ਅਸਿ. ਪ੍ਰੋ. ਬਾਗਵਾਨੀ ਕੇ.ਵੀ.ਕੇ. ਸਮਰਾਲਾ ਹਾਜ਼ਰ ਸਨ।

## ਗੁਰਪੁਰਬ ਮੌਕੇ ਖ਼ੂਨਦਾਨ ਕੈਂਪ ਲਗਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਵਲ ਹਸਪਤਾਲ ਲੁਧਿਆਣਾ ਦੀ ਟੀਮ ਵੱਲੋਂ 38 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ ਬੇਦੀ ਨੇ ਆਪਣੇ ਜਨਮ ਦਿਨ ਮੌਕੇ 41ਵੀਂ ਵਾਰ ਖ਼ੂਨ ਦਾਨ ਕੀਤਾ, ਜਿਨ੍ਹਾਂ ਨੂੰ ਪ੍ਰਬੰਧਕਾਂ ਨੇ ਸਨਮਾਨਤ ਵੀ ਕੀਤਾ। ਕੈਂਪ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਇਲਾਕੇ ਦੀਆਂ ਸੰਗਤਾਂ ਦਾ ਭਰਪੂਰ ਸਹਿਯੋਗ ਰਿਹਾ। ਇਸ ਮੌਕੇ ਮੈਨੇਜਰ ਜਸਵੀਰ ਸਿੰਘ ਮੰਗਲੀ, ਹਰਜਤਿੰਦਰ ਸਿੰਘ ਪਵਾਤ, ਸਤਿੰਦਰ ਸਿੰਘ ਖੀਰਨੀਆਂ, ਮਨਜੀਤ ਸਿੰਘ ਮੁੱਤੋਂ, ਚਰਨਜੀਤ ਸਿੰਘ ਥੋਪੀਆ, ਰਮੇਸ਼ ਹੀਰਾ, ਨੋਨੀ ਲੱਖੋਵਾਲ ਆਦਿ ਮੌਜੂਦ ਸਨ।

## ਮੈਡੀਕਲ ਸਟੋਰ 'ਚੋਂ 995 ਪਾਬੰਦੀਸ਼ੁਦਾ ਕੈਪਸੂਲ ਬਰਾਮਦ, ਮੈਡੀਕਲ ਸਟੋਰ ਨੂੰ ਸੀਲ ਕਰਕੇ ਅਗਲੇਰੀ ਕਾਰਵਾਈ ਸ਼ੁਰੂ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਸ੍ਰੀ ਜੋਗੇਸ਼ਵਰ ਸਿੰਘ ਗੋਰਾਇਆ ਐੱਸ ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਹੇਠ ਕਾਰਵਾਈ ਕਰਦੇ ਹੋਏ ਫਰੀਦਕੋਟ ਪੁਲਸ ਤੇ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਮਿਲ ਕੇ ਮੈਡੀਕਲ ਸਟੋਰਾਂ 'ਤੇ ਅਚਨਚੇਤ ਚੈਕਿੰਗ ਕੀਤੀ ਗਈ, ਜਿਸ ਦੌਰਾਨ ਕਾਰਵਾਈ ਕਰਦੇ ਹੋਏ ਨਿਊ ਕਾਸਲ ਮੈਡੀਕਲ ਹਾਲ ਵਿੱਚੋਂ ਪਾਬੰਦੀਸ਼ੁਦਾ 995 ਕੈਪਸੂਲ ਮਾਰਕਾ ਪ੍ਰੈਗਾਬਾਲਿਨ ਬਰਾਮਦ ਕੀਤੇ ਗਏ।ਇਹ ਜਾਣਕਾਰੀ ਸ੍ਰੀ ਇਕਬਾਲ ਸਿੰਘ ਡੀ.ਐੱਸ.ਪੀ. (ਜੈਤੋ) ਵੱਲੋਂ ਸਾਂਝੀ ਕੀਤੀ ਗਈ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਅਫਸਰ ਥਾਣਾ ਜੈਤੋ ਇੰਸਪੈਕਟਰ ਨਵਪ੍ਰੀਤ ਸਿੰਘ ਦੱਸਿਆ ਕਿ ਬੀਤੀ 5 ਨਵੰਬਰ ਨੂੰ ਫਰੀਦਕੋਟ ਪੁਲਸ ਤੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸ੍ਰੀ ਹਰਜਿੰਦਰ ਸਿੰਘ ਡਰੱਗ ਇੰਸਪੈਕਟਰ ਨਾਲ ਮੈਡੀਕਲ ਸਟੋਰ ਚੈੱਕ ਕੀਤੇ ਗਏ ਸਨ।ਚੈਕਿੰਗ ਦੌਰਾਨ ਨਿਊ ਕਾਸਲ ਮੈਡੀਕਲ ਹਾਲ ਵਿੱਚੋਂ 995 ਦੇ ਕਰੀਬ ਪਾਬੰਦੀਸ਼ੁਦਾ ਕੈਪਸੂਲ ਮਿਲੇ ਹਨ, ਜਿਸ ਕਾਰਨ ਡਰੱਗ ਇੰਸਪੈਕਟਰ ਵੱਲੋਂ ਜ਼ਬਤ ਕਰਕੇ ਮੈਡੀਕਲ ਸਟੋਰ ਨੂੰ ਸੀਲ ਕੀਤਾ ਗਿਆ ਹੈ।ਇਸ ਸਬੰਧੀ ਥਾਣਾ ਜੈਤੋ ਵਿਖੇ ਮੁਕੱਦਮਾ ਨੰਬਰ 169 ਮਿਤੀ 05.11.2025 ਅਧੀਨ ਧਾਰਾ 223 ਬੀ.ਐੱਨ.ਐੱਸ. ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਜਾ ਚੁੱਕੀ ਹੈ। ਫਰੀਦਕੋਟ ਪੁਲਸ ਵੱਲੋਂ ਸਾਰੇ ਮੈਡੀਕਲ ਸਟੋਰ ਮਾਲਕਾਂ ਤੇ ਦੁਕਾਨਦਾਰਾਂ ਨੂੰ ਸਖਤ ਚੇਤਾਵਨੀ ਦਿੱਤੀ ਗਈ ਹੈ ਕਿ ਨਸ਼ਿਆਂ ਦੀ ਵਿਕਰੀ ਜਾਂ ਪ੍ਰਤੀਬੰਧਤ ਦਵਾਈਆਂ ਦੀ ਸੂਚਨਾ ਮਿਲਣ 'ਤੇ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਗੁਰੂ ਹਰਸਹਾਏ 'ਚ 19 ਨੂੰ ਹੋਵੇਗਾ ਇਤਿਹਾਸਕ ਸਮੂਹਕ ਵਿਆਹ ਯੱਗ

**ਤਿਆਰੀਆਂ ਨੂੰ ਦਿੱਤਾ ਜਾ ਰਿਹੈ ਅੰਤਮ ਰੂਪ**



**ਜਲਾਲਾਬਾਦ (ਜੀਤ ਕੁਮਾਰ, ਬਲਵਿੰਦਰ ਸਿੰਘ)**
ਗੁਰੂ ਹਰਸਹਾਏ ਵਿੱਚ 19 ਨਵੰਬਰ ਨੂੰ ਸਮਾਜ ਸੇਵਾ ਤੇ ਮਨੁੱਖਤਾ ਦੀ ਮਿਸਾਲ ਪੇਸ਼ ਕਰਨ ਵਾਲਾ ਇਤਿਹਾਸਕ ਸਮੂਹਕ ਵਿਆਹ ਯੱਗ ਕਰਵਾਇਆ ਜਾ ਰਿਹਾ ਹੈ। ਇਸ ਪਵਿੱਤਰ ਯੱਗ ਰਾਹੀਂ 200 ਤੋਂ ਵੱਧ ਕੁੜੀਆਂ ਦੇ ਵਿਆਹ ਵੈਦਿਕ ਰੀਤੀ-ਰਿਵਾਜਾਂ ਅਨੁਸਾਰ ਸੰਪੰਨ ਕਰਵਾਏ ਜਾਣਗੇ। ਵਿਆਹ ਸਮਾਰੋਹ ਤੋਂ ਪਹਿਲਾਂ 12 ਤੋਂ 18 ਨਵੰਬਰ ਤੱਕ ਵਿਸ਼ਨੂ ਮਹਾ ਯੱਗ ਹੋਵੇਗਾ, ਜਿਸ ਵਿੱਚ ਸੰਤ-ਮਹਾਤਮਾ, ਵਿਦਵਾਨ ਪੰਡਿਤ ਤੇ ਹਜ਼ਾਰਾਂ ਸ਼ਰਧਾਲੂ ਸ਼ਾਮਲ ਹੋਣਗੇ। ਇਸ ਭਵਿਆ ਸਮਾਰੋਹ ਦੀਆਂ ਤਿਆਰੀਆਂ ਨੂੰ ਲੈ ਕੇ ਵੀਰਵਾਰ ਸਥਾਨਕ ਜੈ ਮਾਂ ਮੰਦਰ ਦੇ ਵਿਹੜੇ ਵਿੱਚ ਸਾਬਕਾ ਵਿਧਾਇਕ ਰਵਿੰਦਰ ਸਿੰਘ ਆਵਲਾ ਦੀ ਅਗਵਾਈ ਹੇਠ ਇਕ ਮਹੱਤਵਪੂਰਨ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਵੱਖ-ਵੱਖ ਧਾਰਮਿਕ ਸੰਸਥਾਵਾਂ, ਸੇਵਾ ਕਮੇਟੀਆਂ ਤੇ ਸਮਾਜਿਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਸਮੂਹਕ ਵਿਆਹ ਯਗ ਨੂੰ ਭਵਿਆ ਤੇ ਸਫਲ ਬਣਾਉਣ ਲਈ ਵਿਸਤ੍ਰਿਤ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਵੱਖ-ਵੱਖ ਕਾਰਜ ਕਮੇਟੀਆਂ ਦਾ ਗਠਨ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਆਵਲਾ ਨੇ ਕਿਹਾ ਕਿ ਇਹ ਆਯੋਜਨ ਸਿਰਫ਼ ਇਕ ਧਾਰਮਿਕ ਸਮਾਰੋਹ ਨਹੀਂ, ਸਗੋਂ ਮਨੁੱਖਤਾ ਤੇ ਸਮਾਜ ਸੇਵਾ ਦਾ ਪ੍ਰਤੀਕ ਹੈ। ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀਆਂ ਬੇਟੀਆਂ ਦੇ ਵਿਆਹ ਕਰਵਾਉਣਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਮੈਂ ਜਲਾਲਾਬਾਦ ਤੇ ਗੁਰੂ ਹਰਸਹਾਏ ਦੇ ਸਾਰੇ ਸ਼ਰਧਾਲੂਆਂ, ਸਮਾਜ ਸੇਵਕਾਂ ਤੇ ਦਾਨੀਆਂ ਦਾ ਦਿਲੋਂ ਧੰਨਵਾਦ ਕਰਦਾ ਹਾਂ, ਜੋ ਇਸ ਪੁੰਨ ਦੇ ਕੰਮ ਵਿੱਚ ਤਨ-ਮਨ-ਧਨ ਨਾਲ ਸਹਿਯੋਗ ਕਰ ਰਹੇ ਹਨ।

ਉਨ੍ਹਾਂ ਨੇ ਕਿਹਾ ਕਿ 'ਸਮੂਹਕ ਵਿਆਹ ਯੱਗ' ਦੌਰਾਨ ਹਰ ਕੁੜੀ ਨੂੰ ਘਰੇਲੂ ਸਾਮਾਨ, ਕੱਪੜੇ, ਗਹਿਣੇ, ਬਿਸਤਰੇ ਤੇ ਹੋਰ ਜ਼ਰੂਰੀ ਚੀਜ਼ਾਂ ਦਿੱਤੀਆਂ ਜਾਣਗੀਆਂ ਤਾਂ ਜੋ ਨਵੇਂ ਜੋੜੇ ਆਪਣਾ ਜੀਵਨ ਆਤਮਨਿਰਭਰ ਤਰੀਕੇ ਨਾਲ ਸ਼ੁਰੂ ਕਰ ਸਕਣ। ਆਵਲਾ ਨੇ ਦੱਸਿਆ ਕਿ ਧਾਰਮਿਕ ਸੰਸਥਾਵਾਂ ਦੇ ਸੇਵਾਦਾਰਾਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਸੌਂਪ ਦਿੱਤੀਆਂ ਗਈਆਂ ਹਨ ਤਾਂ ਜੋ ਇਹ ਯਜ ਸਫਲਤਾ ਨਾਲ ਸੰਪੰਨ ਹੋ ਸਕੇ। ਆਵਲਾ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਵੀ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਤੇ ਸਹੂਲਤਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਮੌਕੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਵੱਲੋਂ ਸਾਬਕਾ ਵਿਧਾਇਕ ਨੂੰ ਇਸ ਯੱਗ ਵਿੱਚ ਹਰੇਕ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਜੈ ਮਾਂ ਮੰਦਰ ਕਮੇਟੀ ਵੱਲੋਂ ਸਾਬਕਾ ਵਿਧਾਇਕ ਨੂੰ ਸਿਰੋਪਾ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਪਰਮਿੰਦਰ ਪਾਰਸ ਦਾ ਨਵਾਂ ਗੀਤ 'ਜੱਟ ਦਾ ਵਿਆਹ' ਰਿਲੀਜ਼




**ਦੋਰਾਹਾ (ਹਰਮਿੰਦਰ ਸੇਠ)**-ਪ੍ਰਸਿੱਧ ਪੰਜਾਬੀ ਗਾਇਕ, ਲੇਖਕ ਤੇ ਲੋਕ ਸੱਭਿਆਚਾਰ ਪ੍ਰੇਮੀ ਪਰਮਿੰਦਰ ਪਾਰਸ ਆਪਣਾ ਨਵਾਂ ਗੀਤ 'ਜੱਟ ਦਾ ਵਿਆਹ' ਲੈ ਕੇ ਹਾਜ਼ਰ ਹੋਇਆ ਹੈ।ਜਾਣਕਾਰੀ ਦਿੰਦੇ ਉਨ੍ਹਾ ਦੇ ਭਰਾ ਪ੍ਰਸਿੱਧ ਗੀਤਕਾਰ ਦਵਿੰਦਰ ਸਿੰਘ (ਬਿੱਟੂ) ਨੇ ਦੱਸਿਆ ਕਿ ਇਹ ਗੀਤ ਕਮਾਲ ਮਿਊਜ਼ਿਕ ਦੇ ਬੈਨਰ ਹੇਠ ਯੂਟਿਊਬ 'ਤੇ ਰਿਲੀਜ਼ ਕੀਤਾ ਗਿਆ ਹੈ।ਇਸ ਗੀਤ ਨੂੰ ਮਸ਼ਹੂਰ ਗੀਤਕਾਰ ਜੀਤ ਕੱਦੋਂ ਵਾਲਾ ਨੇ ਲਿਖਿਆ ਹੈ, ਜਦਕਿ ਸੰਗੀਤ ਨਿੱਕ ਮਿਊਜ਼ਿਕ ਵੱਲੋਂ ਤਿਆਰ ਕੀਤਾ ਗਿਆ ਹੈ ਅਤੇ ਇਸ ਗੀਤ ਦੇ ਪ੍ਰੋਡਿਊਸਰ ਪੋਲੂ ਮਾਂਗਟ ਹਨ।ਜ਼ਿਕਰਯੋਗ ਹੈ ਕਿ ਪਰਮਿੰਦਰ ਪਾਰਸ, ਜੋ ਪਿੰਡ ਚਣਕੋਈਆਂ (ਦੋਰਾਹਾ) ਨਾਲ ਸਬੰਧਤ ਹੈ, ਇਸ ਤੋਂ ਪਹਿਲਾਂ ਜੱਟ ਸ਼ੌਕ ਦੇ ਕਬੂਤਰ, ਹਾਏ ਨੀ ਬਿੱਲੋ ਰਾਣੀਏ ਅਤੇ ਆਈ ਲਵ ਦੋਰਾਹਾ ਵਰਗੇ ਹਿੱਟ ਗੀਤ ਪੇਸ਼ ਕਰ ਚੁੱਕੇ ਹਨ।ਆਖਰ ਵਿੱਚ ਪਰਮਿੰਦਰ ਪਾਰਸ ਨੇ ਦੱਸਿਆ ਕਿ ਪੂਰੀ ਟੀਮ ਨੇ ਬੜੀ ਮਿਹਨਤ ਨਾਲ ਇਹ ਪ੍ਰੋਜੈਕਟ ਤਿਆਰ ਕੀਤਾ ਹੈ ਤੇ ਸਰੋਤਿਆਂ ਵੱਲੋਂ ਇਸ ਨੂੰ ਖ਼ੂਬ ਪਸੰਦ ਕੀਤਾ ਜਾ ਰਿਹਾ ਹੈ।ਅੰਤ ਵਿੱਚ ਪਰਮਿੰਦਰ ਪਾਰਸ ਵੱਲੋਂ ਦਵਿੰਦਰ ਸਿੰਘ, ਗੁਰੀ ਮਾਂਗਟ ਤੇ ਪੋਲੂ ਮਾਂਗਟ ਦਾ ਉੱਚੇਚੇ ਤੌਰ 'ਤੇ ਵਿਸ਼ੇਸ਼ ਧੰਨਵਾਦ ਕੀਤਾ ਗਿਆ।

## ਕੈਪਟਨ ਅਮਰਿੰਦਰ ਸਿੰਘ ਦੀ ਪਟਿਆਲ਼ਾ ਫ਼ੇਰੀ ਨਾਲ ਭਾਜਪਾ ਆਗੂਆਂ ਦੇ ਚਿਹਰਿਆਂ 'ਤੇ ਰੌਣਕਾਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਭਾਜਪਾ ਦੇ ਸੀਨੀਅਰ ਆਗੂ ਕੈਪਟਨ ਅਮਰਿੰਦਰ ਸਿੰਘ ਲੰਮੇ ਸਮੇਂ ਬਾਅਦ ਪਟਿਆਲਾ ਸ਼ਹਿਰ ਵਿਚ ਨਜ਼ਰ ਆਏ।2022 ਦੀ ਵਿਧਾਨ ਸਭਾ ਚੋਣਾਂ ਵਿਚ ਪਟਿਆਲਾ ਸ਼ਹਿਰੀ ਸੀਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਜੀਤਪਾਲ ਸਿੰਘ ਕੋਹਲੀ ਤੇ ਵੱਡੇ ਫਰਕ ਨਾਲ ਹਾਰਨ ਤੋਂ ਬਾਅਦ ਇਹ ਉਨ੍ਹਾਂ ਦਾ ਪਟਿਆਲਾ ਦਾ ਪਹਿਲਾ ਦੌਰਾ ਹੈ।ਇਸ ਹਾਰ ਤੋਂ ਬਾਅਦ ਕੈਪਟਨ ਅਮਰਿੰਦਰ ਸਿੰਘ ਨੇ ਨਾ ਤਾਂ ਪਟਿਆਲਾ ਸ਼ਹਿਰ ਵੱਲ ਰੁਖ ਕੀਤਾ ਸੀ ਅਤੇ ਨਾ ਹੀ ਉਹ ਪਟਿਆਲ਼ਾ ਸਥਿਤ ਆਪਣੀ ਰਿਹਾਇਸ਼ ਨਿਊ ਮੋਤੀ ਬਾਗ ਪੈਲੇਸ ਵਿਚ ਠਹਿਰੇ ਹਨ।ਉਹ ਪਿਛਲੇ ਕਰੀਬ ਤਿੰਨ ਸਾਲਾਂ ਤੋਂ ਚੰਡੀਗੜ੍ਹ ਦੇ ਨੇੜੇ ਸਿਸਮਾਂ ਵਿਖੇ ਸਥਿਤ ਆਪਣੇ ਫਾਰਮ ਹਾਊਸ ਵਿੱਚ ਹੀ ਸਮਾਂ ਬਿਤਾ ਰਹੇ ਹਨ।ਪਟਿਆਲਾ ਕੈਪਟਨ ਅਮਰਿੰਦਰ ਸਿੰਘ ਦਾ ਗੜ੍ਹ ਰਿਹਾ ਹੈ ਅਤੇ ਉਹ ਇੱਥੇ ਕਈ ਵਾਰ ਵਿਧਾਇਕ ਚੁਣੇ ਗਏ ਹਨ।2002 ਦੀ ਹਾਰ ਤੋਂ ਬਾਅਦ ਉਨ੍ਹਾਂ ਦਾ ਪਟਿਆਲਾ ਤੋਂ ਦੂਰ ਰਹਿਣਾ ਕਈ ਤਰ੍ਹਾਂ ਦੇ ਸਵਾਲ ਖੜੇ ਕਰਦਾ ਰਿਹਾ ਹੈ। ਕੈਪਟਨ ਅਮਰਿੰਦਰ ਸਿੰਘ ਦਾ ਨਾਂਅ ਪਟਿਆਲਾ ਦੇ ਸਾਹੀ ਇਤਿਹਾਸ ਤੇ ਆਧੁਨਿਕ ਰਾਜਨੀਤੀ ਦੋਵਾਂ ਦਾ ਇਕ ਅਨਿੱਖੜਵਾਂ ਅੰਗ ਹੈ।ਕੈਪਟਨ ਦਾ ਸ਼ਹਿਰ ਨਾਲ ਸਬੰਧ ਕੇਵਲ ਰਾਜਨੀਤਿਕ ਹੀ ਨਹੀਂ, ਸਗੋਂ ਇਤਿਹਾਸਕ ਹੈ।ਪਟਿਆਲਾ ਰਿਆਸਤ ਦੇ ਆਖ਼ਰੀ ਮਹਾਰਾਜ ਯਾਦਵਿੰਦਰ ਸਿੰਘ ਦੇ ਸਪੁੱਤਰ ਹਨ ਤੇ ਇਸ ਤਰ੍ਹਾ ਪਟਿਆਲਾ ਦੇ ਸ਼ਾਹੀ ਘਰਾਣੇ ਦੇ 15ਵੀਂ ਪੀੜ੍ਹੀ ਦੇ ਵਾਰਿਸ ਹਨ।ਪਟਿਆਲਾ ਸ਼ਹਿਰ ਦੀ ਨੀਂਹ ਬਾਬਾ ਆਲਾ ਸਿੰਘ ਨੇ ਰੱਖੇ ਸੀ ਅਤੇ ਇਹ ਪਰਵਾਰ ਸਦੀਆਂ ਤੋਂ ਇਸ ਖੇਤਰ ਨਾਲ ਜੁੜਿਆ ਹੋਇਆ ਹੈ।ਉਨ੍ਹਾਂ ਦਾ ਨਿਵਾਸ ਮੋਤੀ ਬਾਗ਼ ਪੈਲੇਸ ਪਟਿਆਲਾ ਵਿੱਚ ਸਥਿਤ ਹੈ, ਜੋ ਉਨ੍ਹਾਂ ਦੇ ਸ਼ਾਹੀ ਵਿਰਸੇ ਦੀ ਨਿਸ਼ਾਨੀ ਹੈ।ਰਾਜਨੀਤੀ ਵਿੱਚ ਵੀ ਪਟਿਆਲਾ ਕੈਪਟਨ ਅਮਰਿੰਦਰ ਸਿੰਘ ਦਾ ਮੁੱਖ ਕੇਂਦਰ ਰਿਹਾ ਹੈ।ਉਨ੍ਹਾਂ ਦੀ ਪਤਨੀ, ਪ੍ਰਨੀਤ ਕੌਰ, ਵੀ ਕਈ ਵਾਰ ਪਟਿਆਲਾ ਤੋਂ ਸੰਸਦ ਮੈਂਬਰ ਰਹੇ ਚੁਕੇ ਹਨ ਅਤੇ ਕੇਂਦਰੀ ਮੰਤਰੀ ਦੀ ਬਣੇ।ਇਹ ਅਜੇ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਕੈਪਟਨ ਇਸ ਦੌਰ ਦੌਰਾਨ ਆਪਣੇ ਨਿਊ ਮੋਤੀ ਬਾਗ ਪੈਲੇਸ ਵਿੱਚ ਠਹਿਰ ਜਾਂ ਨਹੀਂ, ਪਰ ਉਨ੍ਹਾਂ ਦਾ ਸ਼ਹਿਰ ਵਿੱਚ ਦਿਖਾਈ ਦੇਣਾ ਹੀ ਸਥਾਨਕ ਲੋਕਾਂ ਅਤੇ ਰਾਜਨੀਤਿਕ ਹਲ ਕਿਆ ਲਈ ਇੱਕ ਵੱਡੀ ਖ਼ਬਰ ਹੈ। ਰਾਜਨੀਤਿਕ ਮਾਹਿਰਾ ਅਨੁਸਾਰ ਆਉਣ ਵਾਲੇ ਦਿਨਾਂ ਵਿਚ ਕੈਪਟਨ ਅਮਰਿੰਦਰ ਸਿੰਘ ਦੀ ਪਟਿਆਲਾ ਵਿੱਚ ਸਰਗਰਮੀ ਵਧ ਸਕਦੀ ਹੈ।

# ਅਣਪਛਾਤੇ ਲੋਕਾਂ ਵੱਲੋਂ ਕੁੱਟਮਾਰ ਦੌਰਾਨ ਨੌਜਵਾਨ ਦੀ ਮੌਤ, ਦੋ ਗੰਭੀਰ ਜ਼ਖ਼ਮੀ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਅਲਗੋਂ ਕੋਠੀ ਦਾਣਾ ਮੰਡੀ ਵਿੱਚੋਂ ਤਿੰਨ ਨੌਜਵਾਨਾਂ ਨੂੰ ਦੋ ਕਾਰਾਂ ਵਿੱਚ ਸਵਾਰ ਹੋ ਕੇ ਆਏ ਅਣਪਛਾਤਿਆਂ ਵੱਲੋਂ ਫ਼ਿਲਮੀ ਸਟਾਈਲ ਵਿੱਚ ਅਗਵਾ ਕਰਕੇ ਬੁਰੀ ਤਰ੍ਹਾਂ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਕੁੱਟਮਾਰ ਮਗਰੋਂ ਗੁਰਲਾਲ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਮਾੜੀ ਨੌ ਆਬਾਦ ਦੀ ਮੌਤ ਹੋ ਗਈ ਜਦਕਿ ਗੁਰਪ੍ਰੀਤ ਸਿੰਘ ਪੁੱਤਰ ਸਾਧਾ ਸਿੰਘ ਵਾਸੀ ਮਾੜੀ ਨੌ ਆਬਾਦ ਤੇ ਦੀਪਕ ਸਿੰਘ ਪੁੱਤਰ ਬੋਹੜ ਸਿੰਘ ਵਾਸੀ ਖੇਮਕਰਨ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮ੍ਰਿਤਕ ਦੀ ਭੈਣ ਨੀਲਮ ਅਤੇ ਚਾਚਾ ਸਰਬਜੀਤ ਸਿੰਘ ਨੇ ਦੱਸਿਆ ਕਿ ਗੁਰਲਾਲ ਸਿੰਘ ਘਰੋਂ ਕੰਮ ਕਰਨ ਲਈ ਅਲਗੋਂ ਕੋਠੀ ਮੰਡੀ 'ਚ ਗਿਆ ਸੀ।ਮੰਡੀ ਵਿੱਚ ਦੋ ਗੱਡੀਆਂ ਤੇ ਸਵਾਰ ਹੋ ਕੇ ਆਏ ਸੱਤ ਤੋਂ ਅੱਠ ਜਣਿਆਂ ਨੇ ਉਨ੍ਹਾਂ ਦੇ ਲੜਕੇ ਸਮੇਤ ਤਿੰਨ ਜਣਿਆਂ ਨੂੰ ਜ਼ਬਰਦਸਤੀ ਅਗਵਾ ਕਰ ਲਿਆ। ਉਨ੍ਹਾਂ ਦੱਸਿਆ ਕਿ ਰਾਤ ਕਰੀਬ ਢਾਈ ਵਜੇ ਉਨ੍ਹਾਂ ਨੂੰ ਉਕਤ ਘਟਨਾ ਦੀ ਜਾਣਕਾਰੀ ਮਿਲੀ, ਜਿਸ ਤੋਂ ਤੁਰੰਤ ਬਾਅਦ ਜਦੋਂ ਉਹ ਹਸਪਤਾਲ ਪੁੱਜੇ ਤਾਂ ਗੁਰਲਾਲ ਸਿੰਘ ਦੀ ਮੌਤ ਹੋ ਚੁੱਕੀ ਸੀ।ਮ੍ਰਿਤਕ ਦੇ ਚਾਚਾ ਸਰਬਜੀਤ ਸਿੰਘ ਨੇ ਕਿਹਾ ਕਿ ਸ਼ਰੇਆਮ ਗੁੰਡਾਗਰਦੀ ਕਰਕੇ ਉਨ੍ਹਾਂ ਦੇ ਲੜਕੇ ਨੂੰ ਮੌਤ ਦੇ ਘਾਟ ਉਤਾਰਿਆ ਗਿਆ ਹੈ।ਉਨ੍ਹਾਂ ਪੁਲਸ ਪ੍ਰਸ਼ਾਸਨ ਪਾਸੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਇਸ ਮੌਕੇ ਜ਼ਖ਼ਮੀ ਨੌਜਵਾਨ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੂੰ ਅਗਵਾ ਕਰਨ ਵਾਲੇ ਨਸ਼ਿਆਂ ਦਾ ਕਾਰੋਬਾਰ ਕਰਦੇ ਹਨ ਤੇ ਉਨ੍ਹਾਂ ਵਿਅਕਤੀਆਂ ਨੇ ਨਸ਼ਾ ਚੋਰੀ ਹੋਣ ਦੇ ਸ਼ੱਕ ਹੇਠ ਉਨ੍ਹਾਂ ਤਿੰਨਾਂ ਜਣਿਆਂ ਨੂੰ ਅਗਵਾ ਕੀਤਾ ਸੀ।ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਕੁੱਟਮਾਰ ਕਰਨ ਮਗਰੋਂ ਉਕਤ ਵਿਅਕਤੀ ਉਨ੍ਹਾਂ ਨੂੰ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਸਾਹਮਣੇ ਸੁੱਟ ਗਏ।ਪੀੜਤ ਨੇ ਪੁਲਸ ਪ੍ਰਸ਼ਾਸਨ ਨੂੰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਉੱਧਰ ਮਾਮਲੇ ਦੀ ਤਫ਼ਤੀਸ਼ ਕਰ ਰਹੇ ਥਾਣਾ ਵਲਟੋਹਾ ਤੋਂ ਐੱਸਆਈ ਗੁਰਮੁਖ ਸਿੰਘ ਦਾ ਕਹਿਣਾ ਹੈ ਕਿ ਨਸ਼ੇ ਦੇ ਪੈਕਟਾਂ ਦੇ ਗੁੰਮ ਹੋਣ ਨੂੰ ਲੈ ਕੇ ਦੋਵਾਂ ਧਿਰਾਂ ਦਾ ਕੋਈ ਆਪਸੀ ਵਿਵਾਦ ਚੱਲ ਰਿਹਾ ਸੀ, ਜਿਸ ਨੂੰ ਸੁਲਝਾਉਣ ਲਈ ਉਕਤ ਨੌਜਵਾਨ ਵਾੜਾ ਸ਼ੇਰ ਸਿੰਘ ਦੀ ਬਹਿਕ 'ਤੇ ਗਏ ਸਨ। ਗੱਲਬਾਤ ਦੌਰਾਨ ਮਾਮਲਾ ਉਲਝਣ ਮਗਰੋਂ ਇੱਕ ਧਿਰ ਵੱਲੋਂ ਹੋਰਨਾ ਨੌਜਵਾਨਾਂ ਨਾਲ ਮਿਲ ਕੇ ਇਨ੍ਹਾਂ ਨੌਜਵਾਨਾਂ ਦੀ ਕੁੱਟਮਾਰ ਕੀਤੀ ਗਈ, ਜਿਸ ਦੌਰਾਨ ਗੁਰਲਾਲ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਦੋ ਨੌਜਵਾਨ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ।ਉਨ੍ਹਾਂ ਕਿਹਾ ਕਿ ਉਕਤ ਘਟਨਾ ਸਥਾਨ ਉਨ੍ਹਾਂ ਦੇ ਥਾਣੇ ਦੀ ਹਦੂਦ ਅੰਦਰ ਨਹੀਂ ਆਉਂਦਾ। ਥਾਣਾ ਸਦਰ ਪੱਟੀ ਦੀ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।



# ਮਾਨਿਆ ਸੇਠ ਵੱਲੋਂ ਪੂਰੇ ਭਾਰਤ 'ਚੋਂ ਸੀ ਏ ਦੀ ਪ੍ਰੀਖਿਆ 'ਚ ਦਸਵਾਂ ਸਥਾਨ ਹਾਸਲ

ਬਟਾਲਾ, (ਡਾ. ਮਲਵਿੰਦਰ ਸਿੰਘ/ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਵਿਦਿਆਰਥਣ ਮਾਨਿਆ ਸੇਠ ਜਿਸਨੇ ਪੂਰੇ ਭਾਰਤ ਦੀ ਸੀ. ਏ. ਦੀ ਪ੍ਰੀਖਿਆ ਵਿੱਚੋਂ ਦਸਵਾਂ ਸਥਾਨ ਪ੍ਰਾਪਤ ਕੀਤਾ, ਨੂੰ ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।



ਸਕੂਲ ਵਿੱਚ ਮਾਨਿਆ ਸੇਠ ਦੇ ਨਾਲ ਉਸ ਦੇ ਪਿਤਾ ਅਤੁਲ ਸੇਠ ਜੋ ਕਿ ਬਟਾਲੇ ਦੇ ਮੰਨੇ ਪ੍ਰਮੰਨੇ ਸੀ. ਏ. ਹਨ, ਇਸੇ ਸਕੂਲ ਦੇ ਸਾਬਕਾ ਵਿਦਿਆਰਥੀ ਰਹੇ ਹਨ।

ਉਨ੍ਹਾਂ ਦੇ ਨਾਲ ਉਨ੍ਹਾਂ ਦੀ ਧਰਮ ਪਤਨੀ ਸ਼ੈਲੀ ਸੇਠ ਵੀ ਮੌਜੂਦ ਸਨ ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਪ੍ਰਿੰਸੀਪਲ ਬਿੰਦੂ ਭੱਲਾ, ਪ੍ਰਬੰਧਕੀ ਕਮੇਟੀ ਮੈਂਬਰ ਭੁਪਿੰਦਰ ਸਿੰਘ, ਵਰਿੰਦਰ ਕਾਂਸਰਾ, ਮੋਨਿਕਾ ਖੋਸਲਾ ਤੇ ਮਨੀਸ਼ਾ ਖੋਸਲਾ ਨੇ ਮਾਨਿਆ ਸੇਠ ਨੂੰ ਸਨਮਾਨਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਕੂਲ ਦੇ ਲਈ ਬੜੀ ਮਾਣ ਵਾਲੀ ਗੱਲ ਹੈ ਕਿ ਇਸ ਹੋਣਹਾਰ ਵਿਦਿਆਰਥਣ ਨੇ ਸੀ. ਏ. ਦੀ ਪ੍ਰੀਖਿਆ ਵਿੱਚੋਂ ਪੂਰੇ ਭਾਰਤ ਵਿੱਚੋਂ ਦਸਵਾਂ ਸਥਾਨ ਪ੍ਰਾਪਤ ਕੀਤਾ ਹੈ।ਮਾਨਿਆ ਸੇਠ ਨੇ ਪਲਸ ਟੂ ਵਿੱਚੋਂ ਵੀ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਸੀ।

# ਪੈਨਸ਼ਨਰ ਯੂਨੀਅਨ ਏਟਕ ਦੇ ਵਰਕਰ ਭਲਕੇ ਬੱਸ ਸਟੈਂਡ ਦੇ ਰੋਸ ਧਰਨੇ 'ਚ ਵਹੀਰਾਂ ਘੱਤ ਕੇ ਪੁੱਜਣਗੇ: ਮਾੜੀਮੇਘਾ

ਤਰਨਤਾਰਨ (ਨਜ਼ਸ)-ਪੰਜਾਬ ਸਰਕਾਰ ਵੱਲੋਂ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਅਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਦੇ ਪ੍ਰਸਾਵਤ ਖਰੜੇ ਖਿਲਾਫ਼ 9 ਨਵੰਬਰ ਦਿਨ ਐਤਵਾਰ ਨੂੰ ਸਥਾਨਕ ਬੱਸ ਸਟੈਂਡ ਤੇ ਦਿੱਤੇ ਜਾ ਰਹੇ ਰੋਸ ਧਰਨੇ ਅਤੇ ਸ਼ਹਿਰ ਵਿੱਚ ਕੀਤੇ ਜਾ ਰਹੇ ਝੰਡਾ ਮਾਰਚ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀਆਂ ਜ਼ੋਰਦਾਰ ਤਿਆਰੀਆਂ ਸਬੰਧੀ ਅੱਜ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਤ ਏਟਕ ) ਜਥੇਬੰਦੀ ਦੀ ਸਰਕਲ ਮੀਟਿੰਗ ਜੈਮਲ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਸਥਾਨਕ ਬਾਠ ਰੋਡ 'ਤੇ ਬਣੇ ਅਰਜਨ ਸਿੰਘ ਗੜਗੱਜ ਯਾਦਗਾਰੀ ਭਵਨ ਵਿਖੇ ਹੋਈ।ਇਸ ਮੀਟਿੰਗ ਵਿੱਚ ਇਕੱਤਰ ਹੋਏ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸਰਕਲ ਵਰਕਿੰਗ ਸਕੱਤਰ ਅਮਰਜੀਤ ਸਿੰਘ ਮਾੜੀਮੇਘਾ, ਸਰਕਲ ਆਗੂ ਜਗੀਰ ਸਿੰਘ ਜੱਗੀ ਅਤੇ ਦਰਸ਼ਨ ਲਾਲ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੀਆਂ ਰਾਜਸੀ ਲੋੜਾਂ ਲਈ ਲੋਕ ਵਿਰੋਧੀ ਨੀਤੀ ਤਹਿਤ ਬਿਜਲੀ ਨਿਗਮ ਦੀਆਂ ਵੱਡੇ ਸ਼ਹਿਰਾਂ ਵਿੱਚ ਬਹੁਤ ਮਹਿੰਗੀਆਂ ਜਾਇਦਾਦਾਂ ਵੇਚਣ ਦੀਆਂ ਵਿਉਂਤਬੰਦੀਆਂ ਬਣਾ ਰਹੀ ਹੈ ਅਤੇ ਇਸੇ ਤਰ੍ਹਾਂ ਕੇਂਦਰ ਸਰਕਾਰ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਲਈ ਬਿਜਲੀ ਬਿੱਲ 2025 ਦੇ ਖਰੜੇ ਨੂੰ ਧੱਕੇ ਨਾਲ ਪਾਸ ਕਰਨਾ ਚਾਹੁੰਦੀ ਹੈ ਜਿਸ ਦੇ ਖਿਲਾਫ਼ ਅਦਾਰੇ ਦੀਆਂ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ 9 ਨਵੰਬਰ ਨੂੰ ਰੋਸ ਧਰਨਾ ਲਗਾ ਕੇ ਸ਼ਹਿਰ ਵਿੱਚ ਝੰਡਾ ਮਾਰਚ ਕਰ ਰਹੀਆਂ ਹਨ। ਜਿਸ ਵਿੱਚ ਵੱਡੀ ਗਿਣਤੀ ਪੈਨਸ਼ਨਰ ਏਟਕ ਦੇ ਝੰਡੇ ਲੈ ਕੇ ਵਹੀਰਾਂ ਘੱਤ ਕੇ ਪਹੁੰਚਣਗੇ।ਇਸ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਪੰਜਾਬ ਅਤੇ ਕੇਂਦਰ ਸਰਕਾਰ ਦੇ ਸਰਕਾਰੀ ਅਦਾਰਿਆਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੇ ਮਨਸੂਬਿਆਂ ਤੋਂ ਹਾਜ਼ਰੀਨ ਨੂੰ ਜਾਣੂ ਕਰਵਾ ਕੇ ਸੰਘਰਸ਼ਾਂ ਦੇ ਪਿੜ ਮੱਲਣ ਦਾ ਸੱਦਾ ਦਿੱਤਾ।ਇਸ ਮੀਟਿੰਗ ਵਿੱਚ ਹਾਜ਼ਰ ਆਗੂਆਂ ਰਾਜਿੰਦਰ ਕੁਮਾਰ ਜੋਸ਼ੀ, ਜਗਤਾਰ ਸਿੰਘ ਖਾਰਾ, ਤਰਸੇਮ ਸਿੰਘ ਖਡੂਰ ਸਾਹਿਬ, ਸੰਗਾਰਾ ਸਿੰਘ ਰਾਮਪੁਰੀਆ, ਮੇਜਰ ਸਿੰਘ ਪਨੂੰ, ਬਲਵਿੰਦਰ ਸਿੰਘ ਨੰਦਪੁਰ, ਜਗਤਾਰ ਸਿੰਘ ਪੱਖੋਕੇ, ਗੁਰਭੇਜ ਸਿੰਘ ਨੰਦਪੁਰ ਆਦਿ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਰਵੱਈਏ ਦੀ ਜ਼ੋਰਦਾਰ ਨਿੰਦਾ ਕੀਤੀ ਅਤੇ ਰੋਸ ਧਰਨੇ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਅਹਿਦ ਲਿਆ।



# ਗ੍ਰਾਮ ਪੰਚਾਇਤ ਹਰਚੋਵਾਲ ਵੱਲੋਂ ਮਾਤਾ ਸੁਰਜੀਤ ਕੌਰ ਰਿਆੜ ਦਾ ਵਿਸ਼ੇਸ਼ ਸਨਮਾਨ

ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-ਪਿਛਲੇ 35 ਸਾਲਾਂ ਤੋਂ ਗੁਰਦੁਆਰਾ ਸਾਹਿਬ ਵਿਖੇ ਸੇਵਾ ਸੰਭਾਲ ਕਰਨ ਵਾਲੀ ਮਾਤਾ ਸੁਰਜੀਤ ਕੌਰ ਰਿਆੜ ਨੂੰ ਸਮੂਹ ਗ੍ਰਾਮ ਪੰਚਾਇਤ ਹਰਚੋਵਾਲ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਜਾਣਕਾਰੀ ਮੁਤਾਬਕ ਗੁਰਦੁਆਰਾ ਅਲੀ ਸ਼ੇਰ ਹਰਚੋਵਾਲ ਵਿਖੇ ਸਰਪੰਚ ਕੈਪਟਨ ਧਰਮਿੰਦਰ ਸਿੰਘ ਅਤੇ ਸਮੂਹ ਗ੍ਰਾਮ ਪੰਚਾਇਤ ਹਰਚੋਵਾਲ ਵੱਲੋਂ ਇੱਕ ਵਿਸ਼ੇਸ਼ ਤੌਰ ਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਵਿੱਚ ਕਸਬਾ ਹਰਚੋਵਾਲ ਦੇ ਸਮੂਹ ਗ੍ਰੰਥੀ ਸਿੰਘਾਂ, ਬਾਣੀ ਜ਼ੁਬਾਨੀ ਯਾਦ ਰੱਖਣ ਵਾਲੇ ਛੋਟੇ ਬੱਚਿਆਂ, ਖੇਡਾਂ ਵਿਚ ਮੱਲਾਂ ਮਾਰਨ ਵਾਲੇ ਬੱਚਿਆਂ ਸਮੇਤ ਜਵਾਲਾ ਮੁਖੀ ਮੰਦਰ ਹਰਚੋਵਾਲ ਦੇ ਪੰਡਿਤ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ ਦੀ ਮਾਤਾ ਸੁਰਜੀਤ ਕੌਰ ਰਿਆੜ ਪਤਨੀ ਅਜੈਬ ਸਿੰਘ ਰਿਆੜ ਹਰਚੋਵਾਲ ਪਿਛਲੇ 35 ਸਾਲਾਂ ਤੋਂ ਗੁਰਦੁਆਰਾ ਸਾਹਿਬ ਵਿਖੇ ਸਵੇਰੇ ਸ਼ਾਮ ਪਾਠ ਤੇ ਸੇਵਾ ਕਰਦੀ ਆ ਰਹੀ ਹੈ, ਉਨ੍ਹਾਂ ਨੂੰ ਵਿਸ਼ੇਸ਼ ਤੌਰ ਸਨਮਾਨਿਤ ਕੀਤਾ ਗਿਆ।ਇਸ ਤਰ੍ਹਾਂ ਛੋਟੇ ਬੱਚੇ ਕਾਕਾ ਗੁਰਸ਼ਾਨ ਸਿੰਘ, ਭੈਣ ਅਰਸ਼ਦੀਪ ਕੌਰ ਪਿਤਾ ਤੇਜਿੰਦਰ ਸਿੰਘ ਰਾਜੂ ਪੱਤੀ ਦਾਦੂਵਾਲ ਦੇ ਦੋਹਾਂ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਪਾਠੀ ਸਿੰਘ ਜਗਤ ਸਿੰਘ ਗੋਕੇ ਸ਼ਾਹ, ਹਰਪਾਲ ਸਿੰਘ ਅਲੀਸ਼ੇਰ, ਰਣਜੀਤ ਸਿੰਘ ਰਾਣਾ ਵੱਡਾ ਗੁਰਦਵਾਰਾ, ਪ੍ਰਿਸੀਪਲ ਕੈਪਟਨ ਸਿੰਘ ਖੂਹ ਵਾਲੀ, ਸਤਨਾਮ ਸਿੰਘ ਗੁਰਦੁਆਰਾ ਦਸਮੇਸ਼ ਦਰਬਾਰ,ਬਖਸ਼ੀਸ਼ ਸਿੰਘ ਲੋਧੀਪੁਰ, ਗੁਰਿੰਦਰਪਾਲ ਸਿੰਘ ਬਾਬਾ ਡੰਡੇ ਵਾਲਾ, ਮਾਤਾ ਜਵਾਲਾ ਮੁਖੀ ਮੰਦਰ ਦੇ ਪੁਜਾਰੀ ਪੰਡਿਤ ਮਿਸ਼ਰਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਮੂਹ ਗ੍ਰਾਮ ਪੰਚਾਇਤ ਹਰਚੋਵਾਲ ਨੇ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਅਸੀਂ ਚੰਗੇ ਲੋਕਾਂ ਜੋ ਪਿੰਡ ਦਾ ਨਾਮ ਰੋਸ਼ਨ ਰੱਖਣ ਲਈ ਆਪਣੀ ਮਿਹਨਤ ਕਰਦੇ ਹਨ ਉਨ੍ਹਾਂ ਦਾ ਉਤਸ਼ਾਹ ਵਧਾਇਆ ਜਾਵੇ।ਇਸ ਮੌਕੇ ਸਰਪੰਚ ਧਰਮਿੰਦਰ ਸਿੰਘ, ਮੈਂਬਰ ਪੰਚਾਇਤ, ਮਿੱਤਰ ਸਿੰਘ, ਹਰਪਾਲ ਸਿੰਘ, ਸੰਦੀਪ ਕੁਮਾਰ, ਸਮੂਹ ਪੰਚਾਇਤ ਮੈਂਬਰ ਆਦਿ ਪਤਵੰਤੇ ਸੱਜਣ ਹਾਜ਼ਰ ਸਨ।



# ਚੌਤਾ ਦਾ ਸਰਪੰਚ ਪੰਚਾਇਤ ਮੈਂਬਰਾਂ ਤੇ ਸਾਥੀਆਂ ਸਣੇ ਆਮ ਆਦਮੀ ਪਾਰਟੀ 'ਚ ਸ਼ਾਮਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨਸਭਾ ਹਲਕਾ ਦੀਨਾ-ਨਗਰ ਅੰਦਰ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਵੱਖ ਵੱਖ ਪਾਰਟੀਆਂ ਦੇ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਲੜੀ ਹੇਠ ਹਲਕੇ ਦੇ ਪਿੰਡ ਚੌਤਾ ਤੋਂ ਭਾਜਪਾ ਨਾਲ ਸਬੰਧਤ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੇ ਭਾਜਪਾ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਭਾਜਪਾ ਨੂੰ ਛੱਡ ਕੇ ਆਪ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਪਿੰਡ ਚੌਤਾ ਦੇ ਸਰਪੰਚ ਤਰਸੇਮ ਲਾਲ, ਪੰਚਾਇਤ ਮੈਂਬਰ ਅੰਨੂ ਕੁਮਾਰ, ਪੰਚਾਇਤ ਮੈਂਬਰ ਦੇਸ ਰਾਜ, ਜਸਪਾਲ ਸਿੰਘ ਅਤੇ ਵਰਿੰਦਰ ਕੁਮਾਰ ਦੇ ਨਾਂ ਸ਼ਾਮਲ ਹਨ, ਜਿਨ੍ਹਾਂ ਨੂੰ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕੀਤਾ।



ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਸਨਮਾਨਿਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਕਿਹਾ ਕਿ ਸੂਬੇ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਬੇਹੱਦ ਪ੍ਰਭਾਵਿਤ ਹਨ। ਉਹ ਵੀ ਦਿਨ ਰਾਤ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ, ਜਿਸ ਕਾਰਨ ਲੋਕ ਪੁਰਾਣੀਆਂ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਦੀਨਾਨਗਰ ਵਿਧਾਨਸਭਾ ਹਲਕੇ ਅੰਦਰ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ, ਪੂਰੇ ਹਲਕੇ ਅੰਦਰ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ, ਪਿੰਡਾਂ ਅੰਦਰ ਖੇਡ ਸਟੇਡੀਅਮਾਂ ਦੇ ਇਲਾਵਾ ਹੋਰ ਵਿਕਾਸ ਕਾਰਜ ਵੀ ਪੂਰੇ ਜ਼ੋਰ 'ਤੇ ਹਨ। ਹਲਕਾ ਇੰਚਾਰਜ ਨੇ ਕਿਹਾ ਕਿ ਦੀਨਾਨਗਰ ਹਲਕੇ ਅੰਦਰ ਉਨ੍ਹਾਂ ਵੱਲੋਂ ਹਲਕੇ ਦੇ ਲੋਕਾਂ ਨੂੰ ਨਾਲ ਲੈ ਕੇ ਬਿਨਾ ਕਿਸੇ ਭੇਦਭਾਵ ਦੇ ਸਰਬਪੱਖੀ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ ਅਤੇ ਆਉਣ ਵਾਲੇ ਦਿਨਾਂ ਦੌਰਾਨ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।ਇਸ ਮੌਕੇ ਕਿਸਾਨ ਵਿੰਗ ਦੇ ਹਲਕਾ ਕੋਆਡੀਨੇਟਰ ਸੁਤੰਤਰ ਸਿੰਘ ਸਿੱਧਪੁਰ ਅਤੇ ਬਲਾਕ ਪ੍ਰਧਾਨ ਨਰਿੰਦਰ ਸਿੰਘ ਬਹੇੜੀ ਵੀ ਮੌਜੂਦ ਸਨ।

# ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਦੇ ਐੱਸ. ਆਈ. ਅਜੇ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਤੋਂ ਸੋਹਣ ਮਸੀਹ ਕਾਕਾ ਪੁੱਤਰ ਰਹੀ ਮਸੀਹ ਵਾਸੀ ਸਾਧੂ ਚੱਕ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ 5 ਗ੍ਰਾਮ 500 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਤਿੱਬੜ ਦੇ ਏਐੱਸਆਈ ਪ੍ਰਗਟ ਸਿੰਘ ਨੇ ਸਮੇਤ ਪੁਲਸ ਪਾਰਟੀ ਮੁਖਬਰ ਖਾਸ ਦੀ ਇਤਲਾਹ 'ਤੇ ਰਾਕੇਸ਼ ਮਸੀਹ ਪੁੱਤਰ ਜੇਮਸ ਮਸੀਹ ਵਾਸੀ ਗੌਹਤ ਪੋਖਰ ਨੂੰ ਉਸ ਦੇ ਘਰ ਰੇਡ ਕਰਕੇ 18,750 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਬਹਿਰਾਮਪੁਰ ਪੁਲਸ ਦੇ ਏਐੱਸਆਈ ਤਿਲਕ ਰਾਜ ਨੇ ਸਮੇਤ ਪੁਲਸ ਪਾਰਟੀ ਝਬਕਰਾ ਤੋਂ ਪ੍ਰਿਥਵੀ ਰਾਜ ਮੱਘ ਪੁੱਤਰ ਮੋਹਣ ਲਾਲ ਵਾਸੀ ਫਰੀਦਪੁਰ ਕਾਣਾ ਦਰਾਂਗਲਾ ਨੂੰ 7500 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਇਨ੍ਹਾਂ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ਼ ਐੱਨਡੀਪੀਐੱਸ ਅਤੇ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਾਦਲਾਂ ਨੇ ਪੰਜਾਬ ਦੇ ਵਿਸ਼ਵਾਸ ਅਤੇ ਭਵਿੱਖ ਨਾਲ ਧੋਖਾ ਕੀਤਾ: ਹਰਮੀਤ ਸਿੰਘ ਸੰਧੂ

ਤਰਨਤਾਰਨ, (ਪ੍ਰਿਤਪਾਲ ਸਿੰਘ)-ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਅਕਾਲੀ-ਭਾਜਪਾ ਸਰਕਾਰ ਨੂੰ ਨਸ਼ਿਆਂ ਦੇ ਕੋਹੜ ਨੂੰ ਫੈਲਾਉਣ ਲਈ ਕਦੇ ਮੁਆਫ ਨਹੀਂ ਕਰਨਗੇ ਜਿਸਨੇ ਸੂਬੇ ਦੇ ਹਜ਼ਾਰਾਂ ਨੌਜਵਾਨਾਂ ਅਤੇ ਪਰਿਵਾਰਾਂ ਨੂੰ ਤਬਾਹ ਕਰ ਦਿੱਤਾ ਹੈ।ਸੰਧੂ ਨੇ ਕਿਹਾ ਕਿ ਬਾਦਲ ਪਰਿਵਾਰ ਨੇ ਰਾਜਨੀਤਿਕ ਅਤੇ ਨਿੱਜੀ ਲਾਭ ਲਈ ਪੰਜਾਬ ਅਤੇ ਸਿੱਖ ਭਾਈਚਾਰੇ ਨਾਲ ਵਾਰ-ਵਾਰ ਧੋਖਾ ਕੀਤਾ ਹੈ।ਉਨ੍ਹਾਂ ਕਿਹਾ ਕਿ ਸਿੱਖ ਸੰਗਤ ਬਰਗਾੜੀ ਅਤੇ ਕੋਟਕਪੂਰਾ ਵਿਖੇ ਬੇਅਦਬੀ ਦੀਆਂ ਦਰਦਨਾਕ ਘਟਨਾਵਾਂ ਅਤੇ ਅਕਾਲੀ-ਭਾਜਪਾ ਸਰਕਾਰ ਦੌਰਾਨ ਸ਼ਾਂਤੀਪੂਰਵਕ ਪ੍ਰਦਰਸ਼ਨ ਕਰ ਰਹੇ ਸਿੱਖ ਨੌਜਵਾਨਾਂ ਤੇ ਹੋਈ ਦੁਖਦਾਈ ਗੋਲੀਬਾਰੀ ਨੂੰ ਕਦੇ ਨਹੀਂ ਭੁੱਲੇਗੀ। ਪੰਜਾਬ ਦੀ ਰੂਹ ਦੇ ਜ਼ਖ਼ਮਾਂ ਲਈ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ।ਉਨ੍ਹਾਂ ਸੁਖਬੀਰ ਬਾਦਲ ਅਤੇ ਉਨ੍ਹਾਂ ਦੇ ਪਰਿਵਾਰ ਤੇ ਪੰਥ ਅਤੇ ਧਰਮ ਨੂੰ ਸਿਰਫ਼ ਵੋਟਾਂ ਮੰਗਣ ਲਈ ਹਥਿਆਰ ਵਜੋਂ ਵਰਤਣ ਦਾ ਦੋਸ਼ ਲਗਾਇਆ, ਜਦੋਂ ਕਿ ਸਿੱਖ ਕਦਰਾਂ-ਕੀਮਤਾਂ ਦੀ ਰੱਖਿਆ ਜਾਂ ਪੰਜਾਬ ਦੇ ਲੋਕਾਂ ਦੀ ਸੇਵਾ ਲਈ ਕੁਝ ਨਹੀਂ ਕੀਤਾ।ਸੰਧੂ ਨੇ ਕਿਹਾ ਕਿ ਬਾਦਲਾਂ ਨੇ ਇੱਕ ਦਹਾਕੇ ਤੱਕ ਪੰਜਾਬ ਨੂੰ ਲੁੱਟਿਆ, ਸੱਤਾ ਦੀ ਵਰਤੋਂ ਕਰਕੇ ਆਪਣੇ ਆਪ ਨੂੰ ਅਮੀਰ ਬਣਾਇਆ ਜਦੋਂ ਕਿ ਕਿਸਾਨ, ਨੌਜਵਾਨ ਅਤੇ ਆਮ ਨਾਗਰਿਕ ਦੁੱਖ ਝੱਲ ਰਹੇ ਸਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹੁਣ ਬਾਦਲਾਂ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ।ਉਹ ਸਮਾਜ ਦੇ ਹਰ ਵਰਗ ਦੇ ਸਾਹਮਣੇ ਬੇਨਕਾਬ ਹੋ ਗਏ ਹਨ।ਉਨ੍ਹਾਂ ਕਿਹਾ ਕਿ ਅਕਾਲੀਆਂ ਦੇ ਅਧੀਨ ਭ੍ਰਿਸ਼ਟਾਚਾਰ, ਨਸ਼ਿਆਂ ਅਤੇ ਵਿਸ਼ਵਾਸਘਾਤ ਦਾ ਯੁੱਗ ਖਤਮ ਹੋ ਗਿਆ ਹੈ।ਪੰਜਾਬ ਹੁਣ ਇਮਾਨਦਾਰੀ, ਤਰੱਕੀ ਅਤੇ ਬਦਲਾਅ ਦੇ ਨਾਲ ਖੜ੍ਹਾ ਹੈ ਅਤੇ ਇਸਦਾ ਮਤਲਬ ਹੈ ਆਮ ਆਦਮੀ ਪਾਰਟੀ ਦੇ ਨਾਲ ਖੜ੍ਹਾ ਹੋਣਾ।



# ਕਰਿਆਨਾ ਲੈਣ ਗਏ ਮਾਂ ਪੁੱਤ 'ਤੇ ਅਣਪਛਾਤੇ ਲੋਕਾਂ ਵੱਲੋਂ ਹਮਲਾ

**ਗੁਰਦਾਸਪੁਰ**, (**ਜਨਕ ਮਹਾਜਨ**)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਦੇ ਦੋਸ਼ਾਂ ਹੇਠ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਸ਼ਾਲਾ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸਾਜਨ ਮਸੀਹ ਪੁੱਤਰ ਹੈਦਰ ਮਸੀਹ, ਗੁਰਮੀਤ ਮਸੀਹ ਵਾਸੀ ਰਸੂਲਪੁਰ ਬੇਟ ਨੇ ਦੱਸਿਆ ਕਿ 3 ਨਵੰਬਰ ਉਹ ਅਤੇ ਉਸ ਦੀ ਮਾਤਾ ਮਨਜੀਤ ਅੱਡਾ ਪੁਰਾਣਾ ਸ਼ਾਲਾ ਵਿਖੇ ਸ਼ਰਮਾ ਕਰਿਆਨਾ ਸਟੋਰ ਤੋਂ ਕਰਿਆਨਾ ਦਾ ਸਾਮਾਨ ਲੈਣ ਲਈ ਆਏ ਸੀ ਕਿ ਸ਼ਾਮ 5 ਵਜੇ ਦੇ ਕਰੀਬ ਧਰਮ ਸਿੰਘ ਧੰਮਾ, ਕਰਨਬੀਰ ਸਿੰਘ ਕਰਨ ਪੁੱਤਰਾਨ ਬਲਵਿੰਦਰ ਸਿੰਘ, ਮੰਗਲ ਸਿੰਘ ਮੰਗੂ ਵਾਸੀ ਚੰਦਰਭਾਨ ਥਾਣਾ ਪੁਰਾਣਾ ਸ਼ਾਲਾ ਅਤੇ 4/5 ਨਾਮਲੂਮ ਵਿਅਕਤੀ ਸਵਿਫਟ ਕਾਰ 'ਤੇ ਸਵਾਰ ਹੋ ਕੇ ਆਏ ਅਤੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ।

ਪੀੜਤ ਅਤੇ ਉਸ ਦੀ ਮਾਤਾ ਦਿਉਲ ਹਸਪਤਾਲ ਗੁਰਦਾਸਪੁਰ ਵਿਖੇ ਜ਼ੇਰੇ ਇਲਾਜ ਹਨ।

ਝਗੜੇ ਦਾ ਕਾਰਨ ਪੁਰਾਣੀ ਰੰਜਿਸ ਦੱਸੀ ਜਾ ਰਹੀ ਹੈ। ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ ਜਦੋਂਕਿ ਕਥਿਤ ਦੋਸ਼ੀ ਅਜੇ ਤੀਕ ਪੁਲਿਸ ਦੀ ਗ੍ਰਿਫਤ 'ਚੋਂ ਬਾਹਰ ਹਨ।

# ਕਾਂਗਰਸ ਨੇ ਇੱਕ ਵਾਰ ਫਿਰ ਆਪਣੀ ਸਿੱਖ ਅਤੇ ਪੰਥ ਵਿਰੋਧੀ ਮਾਨਸਿਕਤਾ ਦਾ ਸਬੂਤ ਦਿੱਤਾ: ਸ਼ੈਰੀ ਕਲਸੀ

ਤਰਨਤਾਰਨ, (ਨਜ਼ਸ)-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਤਰਨਤਾਰਨ ਜ਼ਿਮਨੀ ਚੋਣ ਦੇ ਇੱਕ ਜਲਸੇ ਦੌਰਾਨ ਕਾਂਗਰਸ ਪਾਰਟੀ ਦੇ ਆਗੂਆਂ ਵੱਲੋਂ ਸਟੇਜ ਤੇ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਤੋਂ ਉੱਪਰ ਆਪਣੀਆਂ ਫੋਟੋਆਂ ਲਗਾਉਣ ਲਈ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਇਸ ਨੂੰ ਗੁਰੂ ਸਾਹਿਬਾਨ ਦਾ ਨਿਰਾਦਰ ਦੱਸਿਆ।ਸ਼ੈਰੀ ਕਲਸੀ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਸਿੱਖ ਪੰਥ ਅਤੇ ਗੁਰੂ ਸਾਹਿਬਾਨ ਪ੍ਰਤੀ ਆਪਣੀ ਘਟੀਆ ਸੋਚ ਦਾ ਪ੍ਰਗਟਾਵਾ ਕਰਦੀ ਆਈ ਹੈ।ਤਰਨਤਾਰਨ ਵਿੱਚ ਵਾਪਰੀ ਇਹ ਘਟਨਾ ਕਾਂਗਰਸ ਅਤੇ ਇਸ ਦੇ ਆਗੂਆਂ ਦੀ ਗੁਰੂ ਸਾਹਿਬਾਨ ਪ੍ਰਤੀ ਉਨ੍ਹਾਂ ਦੀ ਮਾੜੀ ਸੋਚ ਨੂੰ ਉਜਾਗਰ ਕਰਦੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਲਈ ਨਾ ਤਾਂ ਸਿੱਖ ਮਾਇਨੇ ਰੱਖਦੇ ਹਨ ਅਤੇ ਨਾ ਹੀ ਪੰਥ, ਇਹ ਸਿਰਫ਼ ਵੋਟਾਂ ਖਾਤਰ ਗੁਰੂ ਸਾਹਿਬਾਨਾਂ ਨੂੰ ਸਤਿਕਾਰ ਦੇਣ ਦਾ ਦਿਖਾਵਾ ਕਰਦੇ ਹਨ।ਆਪਣੇ ਬਿਆਨ ਵਿੱਚ ਕਲਸੀ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਕਿਸ ਤਰ੍ਹਾਂ ਕਾਂਗਰਸ ਨੇ ਆਪਣੇ ਰਾਜ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰੂ ਘਰਾਂ ਤੇ ਹਮਲੇ ਕੀਤੇ ਸਨ।ਅੱਜ ਫਿਰ ਚੋਣ ਜਲਸੇ ਵਿੱਚ ਗੁਰੂ ਸਾਹਿਬ ਦੀ ਤਸਵੀਰ ਦੀ ਬੇਕਦਰੀ ਕਰਕੇ ਉਨ੍ਹਾਂ ਨੇ ਸਾਬਤ ਕਰ ਦਿੱਤਾ ਹੈ ਕਿ ਕਾਂਗਰਸ ਪਾਰਟੀ ਅਜੇ ਵੀ ਸਿੱਖ ਅਤੇ ਪੰਥ ਵਿਰੋਧੀ ਮਾਨਸਿਕਤਾ ਰੱਖਦੀ ਹੈ।ਉਨ੍ਹਾਂ ਮੰਗ ਕੀਤੀ ਕਿ ਕਾਂਗਰਸ ਪਾਰਟੀ ਇਸ ਘਟੀਆ ਹਰਕਤ ਲਈ ਤੁਰੰਤ ਮੁਆਫੀ ਮੰਗੇ।

# ਡੀ. ਐੱਡ. ਸਪੈਸ਼ਲ ਐਜੂਕੇਸ਼ਨ 'ਤੇ ਅਧਾਰਤ ਪ੍ਰੋਗਰਾਮ ਆਯੋਜਿਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ ਦੇ ਅਧੀਨ ਚੱਲ ਰਹੇ ਭਗਤ ਪੂਰਨ ਸਿੰਘ ਇੰਸਟੀਚਿਊਟ ਫਾਰ ਸਪੈਸ਼ਲ ਨੀਡਜ਼ ਵਿਚ ਕਰਵਾਏ ਜਾ ਰਹੇ ਦੋ ਡਿਪਲੋਮਾ ਕੋਰਸ ਡੀ. ਐੱਡ ਸਪੈਸ਼ਲ ਐਜੂਕੇਸ਼ਨ ਅਤੇ ਡੀ. ਐੱਡ ਸਪੈਸ਼ਲ ਐਜੂਕੇਸ਼ਨ ਦੁਆਰਾ 3 ਨਵੰਬਰ 2025 (ਸੋਮਵਾਰ) ਨੂੰ ਇੱਕ ਪੁਨਰਵਾਸ ਕਮਿਊਨਿਟੀ ਅਧਾਰਤ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਸੀ। ਪਿੰਗਲਵਾੜਾ ਚੈਰੀਟੇਬਲ ਸੋਸਾਇਟੀ ਅੰਮ੍ਰਿਤਸਰ ਅਤੇ ਪਿੰਗਲਵਾੜਾ ਸੋਸਾਇਟੀ ਅੰਟਾਰੀਓ ਕੈਨੇਡਾ ਦੇ ਸਹਿਯੋਗ ਨਾਲ ਮੁਫਤ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।ਇਹ ਕਮਿਊਨਿਟੀ ਅਧਾਰਤ ਪ੍ਰੋਗਰਾਮ ਪਹਿਲ ਰਿਸੋਰਸ ਸੈਂਟਰ ਵਿਖੇ ਕਰਵਾਇਆ ਗਿਆ ਸੀ ਜਿਸ ਵਿਚ ਸੰਸਥਾ ਵੱਲੋਂ 38 ਬੱਚਿਆਂ ਨੇ ਹਿੱਸਾ ਲਿਆ। ਪਹਿਲ ਰਿਸੋਰਸ ਸੈਂਟਰ ਵਿੱਚ 132 ਅਪਾਹਜ ਬੱਚੇ ਸਨ।ਉੱਥੇ ਉਨ੍ਹਾਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ ਗਈ।ਉਨ੍ਹਾਂ ਦੇ ਬੱਚਿਆਂ ਵਿਚ ਆਉਣ ਵਾਲੀ ਸਮੱਸਿਆਵਾਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਹੱਲ ਕਰਨ ਦੇ ਯਤਨ ਕੀਤੇ ਗਏ।ਉਨ੍ਹਾਂ ਨੂੰ ਦੱਸਿਆ ਗਿਆ ਕਿ ਪਿੰਗਲਵਾੜਾ ਸੰਸਥਾ ਇਨ੍ਹਾਂ ਬੱਚਿਆਂ ਨੂੰ ਆਉਣ ਵਾਲੀ ਸਮੱਸਿਆਵਾਂ ਲਈ ਮਦਦ ਪ੍ਰਦਾਨ ਕਰ ਸਕਦਾ ਹੈ ਅਤੇ ਉੱਥੇ ਮੌਜੂਦ ਮਾਪਿਆਂ ਅਤੇ ਸਟਾਫ ਨੂੰ ਇਨ੍ਹਾਂ ਬੱਚਿਆਂ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਪਿੰਗਲਵਾੜਾ ਨੇ ਬੱਚਿਆਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਕੋਰਸ ਕੋਆਰਡੀਨੇਟਰ ਸੁਨੀਤਾ ਨਈਅਰ ਅਤੇ ਅਨੁਰਾਧਾ ਅਤੇ ਪਹਿਲ ਰਿਸੋਰਸ ਸੈਂਟਰ ਦੇ ਇੰਚਾਰਜ ਸੁਖਵਿੰਦਰ ਸਿੰਘ ਅਤੇ ਸਟਾਫ ਮੌਜੂਦ ਸਨ।



# ਰਾਜ ਪੱਧਰੀ ਸਮਰਿੱਧੀ ਕਲਾ ਉਤਸਵ ਮੁਕਾਬਲਿਆਂ 'ਚ ਜ਼ਿਲ੍ਹਾ ਤਰਨਤਾਰਨ ਅੱਵਲ ਰਿਹਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਅਧਿਆਪਕਾਂ ਨੂੰ ਟੀਚਿੰਗ ਵਿੱਚ ਲੋਕ ਕਲਾਵਾਂ ਨਾਲ ਜੋੜਨ ਦੇ ਉਦੇਸ਼ ਨਾਲ ਸਮਰਿੱਧੀ ਕਲਾ ਉਤਸਵ ਤਹਿਤ ਰਾਜ ਪੱਧਰੀ ਸੈਕੰਡਰੀ ਵਰਗ ਦੇ ਆਰਟ ਇੰਟੀਗਰੇਟਡ ਟੀਚਿੰਗ ਮੁਕਾਬਲੇ ਕਾਨਫਰੰਸ ਹਾਲ ਐੱਸਸੀਈਆਰਟੀ ਵਿਖੇ ਕਰਵਾਏ ਗਏ ਜਿਸ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਸਰਕਾਰੀ, ਪ੍ਰਾਈਵੇਟ ਅਤੇ ਕੇਂਦਰੀ ਵਿਦਿਆਲਿਆ ਨੇ ਭਾਗ ਲਿਆ।ਤਰਨਤਾਰਨ ਜ਼ਿਲ੍ਹੇ ਦੀ ਪ੍ਰਤੀਨਿਧਤਾ ਅਰੁਣ ਸ਼ਰਮਾ ਸਾਇੰਸ ਮਾਸਟਰ ਸੀ. ਸੈ. ਸਕੂਲ ਦੁਬਲੀ ਨੇ ਕੀਤੀ ਅਤੇ ਸਾਰੇ ਜ਼ਿਲ੍ਹਿਆਂ ਦੇ ਸਕੂਲ ਅਧਿਆਪਕਾਂ ਨੂੰ ਪਛਾੜਦੇ ਹੋਏ ਪੂਰੇ ਪੰਜਾਬ ਵਿੱਚੋ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਰਾਸ਼ਟਰੀ ਪੱਧਰ ਤੇ ਪੰਜਾਬ ਦੀ ਪ੍ਰਤੀਨਿਧਤਾ ਕਰਨ ਲਈ ਚੁਣੇ ਗਏ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸ੍ਰ. ਸਤਨਾਮ ਸਿੰਘ ਬਾਠ ਅਤੇ ਅਤੇ ਡਾਇਟ ਪ੍ਰਿੰਸੀਪਲ ਮੰਗਤ ਸਿੰਘ ਨੇ ਅਰੁਣ ਸ਼ਰਮਾ ਨੂੰ ਦਿਲੀ ਮੁਬਾਰਕਬਾਦ ਦਿੱਤੀ ਅਤੇ ਗੱਲਬਾਤ ਕਰਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਨੇ ਕਿਹਾ ਕਿ ਅਧਿਆਪਕਾਂ ਨੂੰ ਸਦਾ ਹੀ ਸਮੇਂ ਦੇ ਹਾਣੀ ਬਣਨ ਅਤੇ ਆਪਣੇ ਹੁਨਰ ਨੂੰ ਹੋਰ ਤਰਾਸ਼ਣ ਲਈ ਕੋਸ਼ਿਸ਼ ਕਰਦੇ ਰਹਿਣਾ ਚਾਹੀਦਾ ਹੈ।ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੀ ਅਧਿਆਪਕ ਦਾ ਮੁੱਖ ਉਦੇਸ਼ ਹੈ।ਉਨ੍ਹਾਂ ਅਧਿਆਪਕਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਹਰੇਕ ਪੱਖ ਤੋਂ ਸਿੱਖਿਆ ਦੇ ਖੇਤਰ ਵਿੱਚ ਪ੍ਰਫੁੱਲਤ ਕਰਨਾ ਮੇਰਾ ਮੁੱਖ ਮਕਸਦ ਹੈ।ਪ੍ਰਿੰਸੀਪਲ ਡਾਇਟ ਮੰਗਤ ਸਿੰਘ ਨੇ ਅਧਿਆਪਕਾਂ ਨੂੰ ਅਰੁਣ ਸ਼ਰਮਾ ਤੋਂ ਸੇਧ ਲੈਣ ਲਈ ਪ੍ਰੇਰਨਾ ਦਿੱਤੀ ਅਤੇ ਰਾਸ਼ਟਰੀ ਪੱਧਰ 'ਤੇ ਹੋਰ ਜ਼ਿਆਦਾ ਉਤਸ਼ਾਹ ਨਾਲ ਹਿੱਸਾ ਲੈ ਕੇ ਪੰਜਾਬ ਨੂੰ ਪਹਿਲੀ ਪੁਜ਼ੀਸ਼ਨ ਦਿਵਾਉਣ ਲਈ ਸ਼ੁਭ ਇੱਛਾਵਾਂ ਦਿੱਤੀਆਂ।



# ਪੁਲਸ ਦੀ ਢਿੱਲੀ ਕਾਰਗੁਜ਼ਾਰੀ ਨੂੰ ਲੈ ਕੇ ਪੀੜਤ ਕਿਸਾਨ ਵੱਲੋਂ ਥਾਣਾ ਭਿੰਡੀ ਸੈਦਾਂ ਅੱਗੇ ਰੋਸ ਧਰਨਾ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਭਿੰਡੀ ਸੈਦਾਂ ਥਾਣੇ ਦੀਆਂ ਧੱਕੇਸ਼ਾਹੀਆਂ ਅਤੇ ਪੀੜਿਤ ਨਿਰੰਜਨ ਸਿੰਘ ਵਾਸੀ ਜਸਰਾਊਰ ਦੀ 4 ਏਕੜ ਜ਼ਮੀਨ 'ਤੇ ਲੱਗੀ ਹੋਈ ਪੰਚਤਾਲੀ ਲੱਗਣ ਦੇ ਬਾਵਜੂਦ ਲੱਠਮਾਰਾਂ ਵੱਲੋਂ ਉਸ ਜ਼ਮੀਨ ਵਿੱਚੋਂ ਜਬਰੀ ਝੋਨਾ ਵੱਢਣ ਵਿਰੁੱਧ ਪੁਲਸ ਸਟੇਸ਼ਨ ਭਿੰਡੀ ਸੈਦਾਂ ਸਾਹਮਣੇ ਸੀਨੀਅਰ ਕਿਸਾਨ ਆਗੂ ਦੇਸਾ ਸਿੰਘ ਭਿੰਡੀ ਔਲਖ, ਔਰਤ ਮੁਕਤੀ ਮੋਰਚਾ ਦੀ ਸਕੱਤਰ ਪੀੜਤ ਸਰਬਜੀਤ ਕੌਰ ਜਸਰਾਊਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ, ਸਤਵਿੰਦਰ ਸਿੰਘ ਉਠੀਆਂ ਦਿਹਾਤੀ ਮਜ਼ਦੂਰ ਸਭਾ ਦੇ ਸੀਨੀਅਰ ਆਗੂ ਮਾਲਕ ਸਿੰਘ ਗੁਰਾਲਾ ਤੇ ਕਰਨੈਲ ਸਿੰਘ ਭਿੰਡੀ ਸੈਦਾਂ ਦੀ ਅਗਵਾਈ 'ਚ ਰੋਸ ਧਰਨਾ ਲਗਾਇਆ ਗਿਆ।



ਪੁਲਸ ਪ੍ਰਸ਼ਾਸਨ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ! ਧਰਨੇ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਪੁਲਸ ਲੋਕਾਂ ਦੀ ਜਾਨ ਮਾਲ ਦੀ ਰਾਖੀ ਲਈ ਹੁੰਦੀ ਹੈ ਪ੍ਰੰਤੂ ਜਦੋਂ ਪੁਲਸ ਹੀ ਦੋਸ਼ੀਆਂ ਨਾਲ ਲੈਂਡ ਮਾਫੀਆ ਨਾਲ ਰਲ ਜਾਵੇ ਤਾਂ ਫਿਰ ਪੁਲਸ ਵਿਰੁੱਧ ਲੜਣ ਤੋਂ ਬਗੈਰ ਕੋਈ ਚਾਰਾ ਨਹੀਂ! ਇਸ ਮੌਕੇ ਡੀ. ਐੱਸ. ਪੀ. ਨੇ ਧਰਨੇ ਵਿੱਚ ਪਹੁੰਚ ਕੇ ਆਗੂਆਂ ਨਾਲ ਕੀਤੇ ਵਾਅਦਿਆਂ ਨੂੰ ਨਿਭਾਉਣ ਦਾ ਐਲਾਨ ਕੀਤਾ ਅਤੇ ਨਾਅਰਿਆਂ ਦੀ ਗੂੰਜ ਵਿੱਚ ਧਰਨਾ ਸਮਾਪਤ ਕੀਤਾ ਗਿਆ!

ਧਰਨੇ ਵਿੱਚ ਹੋਰਨਾਂ ਤੋਂ ਲਖਬੀਰ ਸਿੰਘ ਤੱਲੇ, ਸਰਪੰਚ ਅਵਤਾਰ ਸਿੰਘ ਨੇਪਾਲ, ਦੇਸ਼ ਭਗਤ ਚਰਨ ਸਿੰਘ ਭਿੰਡੀ ਔਲਖ, ਜਰਨੈਲ ਸਿੰਘ ਭਿੰਡੀ ਸੈਦਾਂ, ਹਰਨੇਕ ਸਿੰਘ ਨੇਪਾਲ, ਗੁਰਪਾਲ ਗਿੱਲ ਸੈਦਪੁਰ, ਮਹਿਣ ਸਿੰਘ, ਅਮਰਜੀਤ ਸਿੰਘ ਭਿੰਡੀ ਸੈਦਾਂ, ਗੁਰਦੀਪ ਕੌਰ ਭਿੰਡੀ ਸੈਦਾਂ, ਮਹਿੰਦਰ ਸਿੰਘ ਗੁਰਾਲਾ, ਪ੍ਰੀਤਮ ਸਿੰਘ ਝੁੰਜ, ਸੈਕਟਰੀ ਕੁਲਵੰਤ ਸਿੰਘ ਭਿੰਡੀ ਸੈਦਾਂ, ਆਦਿ ਨੇ ਵੀ ਆਪਣੇ ਵਿਚਾਰ ਰੱਖਦਿਆਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਇਨਸਾਨ ਨਾ ਮਿਲਿਆ ਤਾਂ ਦੁਬਾਰਾ ਧਰਨਾ ਲਗਾਇਆ ਜਾਵੇਗਾ !

# ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਫ੍ਰੀ ਕੈਂਪ ਭਲਕੇ

ਪੱਟੀ, (ਬਲਦੇਵ ਸਿੰਘ ਸੰਧੂ)-ਸ਼ਹੀਦ ਕਰਤਾਰ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਇਲਾਕੇ ਵਿੱਚ ਹਨੇਰੇ ਤੋਂ ਸਵੇਰੇ ਵੱਲ ਮਿਸ਼ਨ ਤਹਿਤ ਅੱਖਾਂ ਦੇ ਫ੍ਰੀ ਕੈਂਪ ਲਗਾਏ ਜਾ ਰਹੇ ਹਨ।ਇਸੇ ਮਿਸ਼ਨ ਤਹਿਤ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੱਟੀ ਸ਼ਹਿਰ ਵਿਖੇ ਅੱਖਾਂ ਦਾ ਫ੍ਰੀ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਨਗੋਟਾ ਨੇ ਦੱਸਿਆ ਸੁਸਾਇਟੀ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਫ੍ਰੀ ਕੈਂਪ 9 ਨਵੰਬਰ ਨੂੰ ਸਵੇਰੇ 9 ਤੋਂ ਦੁਪਹਿਰ 12 ਵਜੇ ਤੱਕ ਗੁਰਦੁਆਰਾ ਬੀਬੀ ਰਜਨੀ ਜੀ ਸਾਹਮਣੇ ਰੇਲਵੇ ਸਟੇਸ਼ਨ ਪੱਟੀ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ, ਜਿਸ ਚ ਲੁਧਿਆਣਾ ਤੋਂ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈੱਕਅੱਪ ਕਰਨਗੇ।



ਇਸ ਦੌਰਾਨ ਜੋ ਮਰੀਜ਼ ਆਪ੍ਰੇਸ਼ਨ ਲਈ ਚੁਣੇ ਜਾਣਗੇ, ਉਨ੍ਹਾਂ ਦੇ ਆਪ੍ਰੇਸ਼ਨ, ਆਉਣ-ਜਾਣ, ਰਹਿਣ, ਰੋਟੀ ਆਦਿ ਦਾ ਸਾਰਾ ਖ਼ਰਚ ਸੁਸਾਇਟੀ ਵੱਲੋਂ ਕੀਤਾ ਜਾਵੇਗਾ। ਆਪ੍ਰੇਸ਼ਨ ਉੱਚ ਤਕਨੀਕ ਨਾਲ ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਕੀਤੇ ਜਾਣਗੇ।

ਕੈਂਪ ਦੌਰਾਨ ਮਰੀਜ਼ਾਂ ਨੂੰ ਦਵਾਈਆਂ, ਐਨਕਾਂ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ।ਇਸ ਮੌਕੇ ਉਨ੍ਹਾਂ ਕਿਹਾ ਕਿ ਕੈਂਪ ਬਾਰੇ ਹੋਰ ਲੋੜਵੰਦਾਂ ਨੂੰ ਵੀ ਜਾਗਰੂਕ ਕਰੋ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਦਾ ਲਾਹਾ ਲੈ ਸਕਣ।ਇਸ ਮੌਕੇ ਉਨ੍ਹਾਂ ਕਿਹਾ ਕਿ ਆਉਣ ਵਾਲੇ ਮਰੀਜ਼ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਅਤੇ ਪਰਿਵਾਰ ਦਾ ਫੋਨ ਨੰਬਰ ਜ਼ਰੂਰ ਨਾਲ ਲੈ ਕੇ ਆਉਣ।

# 2.8 ਕਿਲੋਗ੍ਰਾਮ ਆਈਸੀਈ ਸਮੇਤ ਦੋ ਕਾਬੂ

**ਛੇਹਰਟਾ**, (**ਮਨੋਜ ਕੁਮਾਰ**):ਖ਼ੁਫ਼ੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਪਾਕਿਸਤਾਨ-ਅਧਾਰਤ ਤਸਕਰਾਂ ਨਾਲ ਜੁੜੇ ਦੋ ਡਰੱਗ ਸਪਲਾਈ ਮਾਡਿਊਲਾਂ ਦੇ ਦੋ ਮੁੱਖ ਸੰਚਾਲਕਾਂ ਨੂੰ 2.815 ਕਿਲੋਗ੍ਰਾਮ ਮੈਥੈਂਫੇਟਾਮਾਈਨ (ਆਈਸੀਈ) ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਸੇਵਕ ਸਿੰਘ ਉਰਫ਼ ਸੇਵਕ ਵਾਸੀ ਪਿੰਡ ਘਰਿਆਲਾ, ਤਰਨਤਾਰਨ ਤੇ ਬਲਜੀਤ ਸਿੰਘ ਵਾਸੀ ਗੁਰੂ ਨਾਨਕਪੁਰਾ, ਅੰਮ੍ਰਿਤਸਰ ਵਜੋਂ ਹੋਈ ਹੈ। ਡੀਜੀਪੀ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਮੁਲਜ਼ਮ ਪੰਜਾਬ ਵਿਚ ਨਸ਼ੀਲੇ ਪਦਾਰਥਾਂ ਦੀ ਖੇਪ ਪ੍ਰਾਪਤ ਤੇ ਡਲਿਵਰ ਕਰਨ ਲਈ ਵਰਚੁਅਲ ਨੰਬਰਾਂ ਰਾਹੀਂ ਪਾਕਿਸਤਾਨ ਅਧਾਰਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ ਅਤੇ ਉਹ ਅਕਸਰ ਸ਼ੱਕ ਤੋਂ ਬਚਣ ਲਈ ਧਾਰਮਿਕ ਸਥਾਨਾਂ ਦੇ ਨੇੜੇ ਡਲਿਵਰੀ ਪੁਆਇੰਟਾਂ ਦੀ ਚੋਣ ਕਰਦੇ ਸਨ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿਚ ਅਗਲੇ-ਪਿੱਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ, ਤਾਂ ਜੋ ਇਸ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ। ਕਮਿਸ਼ਨਰ ਆਫ ਪੁਲਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗੁਰਸੇਵਕ ਸਿੰਘ ਉਰਫ਼ ਸੇਵਕ ਨੂੰ 40 ਗ੍ਰਾਮ ਮੈਥੈਂਫੇਟਾਮਾਈਨ (ਆਈਸੀਈ) ਸਮੇਤ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮ ਦੇ ਖੁਲਾਸੇ ਦੇ ਆਧਾਰ 'ਤੇ ਇਕ ਫਾਲੋ-ਅੱਪ ਆਪ੍ਰੇਸ਼ਨ 'ਚ 1.96 ਕਿਲੋਗ੍ਰਾਮ ਹੋਰ ਆਈਸੀਈ ਡਰੱਗ ਬਰਾਮਦ ਕੀਤੀ ਗਈ। ਦੂਜੇ ਆਪਰੇਸ਼ਨ 'ਚ ਪੁਲਸ ਟੀਮਾਂ ਨੇ ਅੰਮ੍ਰਿਤਸਰ ਦੇ ਰਿਆਨ ਇੰਟਰਨੈਸ਼ਨਲ ਸਕੂਲ ਨੇੜੇ ਵੱਲਾ ਬਾਈਪਾਸ ਰੋਡ 'ਤੇ ਬਲਜੀਤ ਸਿੰਘ ਨੂੰ 45 ਗ੍ਰਾਮ ਆਈਸੀਈ ਡਰੱਗ ਸਮੇਤ ਗ੍ਰਿਫ਼ਤਾਰ ਕੀਤਾ। ਮੁਲਜ਼ਮ ਦੇ ਖੁਲਾਸੇ ਦੇ ਆਧਾਰ 'ਤੇ ਹੋਰ 770 ਗ੍ਰਾਮ ਆਈਸੀਈ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਥਾਣਾ ਗੇਟ ਹਕੀਮਾ 'ਤੇ ਥਾਣਾ ਮਕਬੂਲਪੁਰਾ ਵਿਚ ਦੋ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ।



# ਅਣਪਛਾਤੇ ਲੋਕਾਂ ਵੱਲੋਂ ਗੋਲੀਆਂ ਮਾਰਨ 'ਤੇ ਯੂਥ ਅਕਾਲੀ ਆਗੂ ਮੁੱਖਵਿੰਦਰ ਸਿੰਘ ਮਰੜੀ ਜ਼ਖ਼ਮੀ

ਮਜੀਠਾ (ਸੋਇਮ ਆਨੰਦ)-ਹਲਕਾ ਮਜੀਠਾ ਦੇ ਸੀਨੀਅਰ ਯੂਥ ਅਕਾਲੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਨਜ਼ਦੀਕੀ ਸਾਥੀ ਮੁਖਵਿੰਦਰ ਸਿੰਘ ਉਰਫ ਮੁੱਖਾ ਪੁੱਤਰ ਬਲਕਾਰ ਸਿੰਘ ਵਾਸੀ ਮਰੜੀ ਖੁਰਦ ਸਵੇਰੇ 7 ਵਜੇ ਦੇ ਕਰੀਬ ਜਦੋਂ ਆਪਣੀ ਭਤੀਜੀ ਪਵਨਦੀਪ ਕੌਰ ਨੂੰ ਬੱਸ ਅੱਡਾ ਥਰੀਏਵਾਲ ਚੌਂਕ ਵਿਖੇ ਚੜ੍ਹਾਉਣ ਵਾਸਤੇ ਆਇਆ ਤਾਂ ਤਿੰਨ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਫਾਇਰਿੰਗ ਕਰ ਦਿੱਤੀ ਜਿਸ 'ਤੇ ਉਹ ਗੰਭੀਰ ਜ਼ਖ਼ਮੀ ਹੋ ਗਿਆ ਜਿਸ ਨੂੰ ਤੁਰੰਤ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ। ਇਸ ਸਬੰਧੀ ਡੀਐੱਸਪੀ ਇੰਦਰਜੀਤ ਸਿੰਘ ਮਜੀਠਾ ਪੁਲਸ ਚੌਂਕੀ ਭੰਗਾਲੀ ਕਲਾਂ ਦੇ ਇੰਚਾਰਜ ਕੁਲਦੀਪ ਸਿੰਘ ਨੇ ਘਟਨਾ ਸਥਾਨ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਸੀਸੀਟੀਵੀ ਕੈਮਰੇ ਦੀ ਫੁਟੇਜ 'ਤੇ ਜਾਂਚ ਕਰ ਰਹੀ ਹੈ। ਡੀਐੱਸਪੀ ਇੰਦਰਜੀਤ ਸਿੰਘ ਮਜੀਠਾ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਤਿੰਨ ਅਣਪਛਾਤੇ ਨੌਜਵਾਨਾਂ 'ਤੇ ਪਰਚਾ ਦਿੱਤਾ ਗਿਆ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।



# ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਕਾਸ਼ ਪੁਰਬ ਮਨਾਇਆ

ਪੱਟੀ (ਬਲਦੇਵ ਸਿੰਘ ਸੰਧੂ)-ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਠੱਕਰਪੁਰਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਹੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ।ਸਕੂਲ ਮੈਨੇਜਮੈਂਟ ਵੱਲੋਂ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ।ਉਪਰੰਤ ਮੈਡਮ ਪਰਮਿੰਦਰ ਕੌਰ ਅਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤੇ ਗਏ।ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਸ਼ਬਦ ਗਾਇਨ ਦਾ ਅਨੰਦ ਮਾਣਿਆ ਗਿਆ ।ਗੁਰੂ ਸਾਹਿਬ ਦੀ ਜੀਵਨੀ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ ।ਇਸ ਮੌਕੇ ਸਕੂਲ ਮੈਨੇਜਮੈਂਟ ਹਰਬੀਰ ਸਿੰਘ, ਹਰਨੂਰ ਸਿੰਘ, ਮੈਡਮ ਪਰਮਿੰਦਰ ਕੌਰ, ਪ੍ਰਿੰਸੀਪਲ ਰਾਜਬੀਰ ਕੌਰ ਅਤੇ ਵਾਇਸ ਪ੍ਰਿੰਸੀਪਲ ਦਲਬੀਰ ਕੌਰ ਵੱਲੋਂ ਗੁਰੂ ਸਾਹਿਬ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ।ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆਂ ਗਿਆ।



# ਸ਼੍ਰੋਮਣੀ ਭਗਤ ਨਾਮਦੇਵ ਦਾ 755ਵਾਂ ਪ੍ਰਕਾਸ਼ ਉਤਸਵ ਮਨਾਇਆ

**ਚੋਹਲਾ ਸਾਹਿਬ** (**ਰਮਨ ਚੱਢਾ**)-ਸ਼੍ਰੋਮਣੀ ਭਗਤ ਨਾਮਦੇਵ ਜੀ ਦਾ 755ਵਾਂ ਪ੍ਰਕਾਸ਼ ਉਤਸਵ ਬਾਬਾ ਨਾਮ ਦੇਵ ਸੇਵਾ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਹਲਾ ਸਾਹਿਬ ਅਤੇ ਨਗਰ ਦੀ ਸਮੂਹ ਸਾਧ ਸੰਗਤ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਵਿਖੇ ਮਨਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਰਣਜੀਤ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਕਥਾਵਾਚਕ ਭਾਈ ਸਾਹਿਬ ਭਾਈ ਰਣਜੀਤ ਸਿੰਘ ਨੇ ਭਗਤ ਨਾਮਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ।ਹੈੱਡ ਗ੍ਰੰਥੀ ਭਾਈ ਬਲਕਾਰ ਸਿੰਘ ਅਤੇ ਸਤਨਾਮ ਸਿੰਘ ਸੱਤਾ ਬਲਾਕ ਸੰਮਤੀ ਮੈਂਬਰ ਚੋਹਲਾ ਸਾਹਿਬ ਨੇ ਬਾਬਾ ਨਾਮਦੇਵ ਸੇਵਾ ਕਮੇਟੀ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ।



ਸਮਾਗਮ ਵਿੱਚ ਸੇਵਾ ਕਮੇਟੀ ਦੇ ਮੁੱਖ ਸੇਵਾਦਾਰ ਜਸਬੀਰ ਸਿੰਘ ਉਨਵਾਲੇ, ਡਾਕਟਰ ਤੇਜਬੀਰ ਸਿੰਘ, ਡਾਕਟਰ ਪ੍ਰਭਜੀਤ ਸਿੰਘ, ਤੇਜਿੰਦਰ ਸਿੰਘ ਖਾਲਸਾ, ਕ੍ਰਿਪਾਲ ਸਿੰਘ, ਮਨਜਿੰਦਰ ਸਿੰਘ ਲਾਟੀ ਪੰਜਾਬ ਮੋਟਰਜ਼ ਵਾਲੇ, ਭਗਵੰਤ ਸਿੰਘ, ਸੁਖਰਾਜ ਸਿੰਘ, ਪ੍ਰਿਤਪਾਲ ਸਿੰਘ, ਬਹਾਦਰ ਸਿੰਘ, ਸੁਖਦੇਵ ਸਿੰਘ, ਬਲਦੇਵ ਸਿੰਘ ਜੱਜ ਕੈਨੇਡਾ ਅਤੇ ਬੋਨੀ ਕੈਨੇਡਾ ਹਾਜ਼ਰ ਸਨ।

# ਭਾਰਤੀ ਜਨਤਾ ਪਾਰਟੀ ਦਾ ਕਾਫ਼ਲਾ ਅਜਨਾਲਾ ਸ਼ਹਿਰ 'ਚ ਦਿਨੋਂ-ਦਿਨ ਹੋ ਰਿਹੈ ਵੱਡਾ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਸਥਾਨਕ ਸ਼ਹਿਰ ਅਜਨਾਲਾ ਦੀ ਵਾਰਡ ਨੰਬਰ 4 ਮੁਹੱਲਾ ਆਦਰਸ਼ ਨਗਰ ਵਿੱਚ ਉਸ ਵਕਤ ਭਾਰਤੀ ਜਨਤਾ ਪਾਰਟੀ ਨੂੰ ਭਾਰੀ ਬਲ ਮਿਲਿਆ ਜਿਸ ਵਕਤ ਮੁਹੱਲਾ ਅਦਰਸ਼ ਨਗਰ ਦਾ ਨੌਜਵਾਨ ਆਗੂ ਆਪਣੇ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ ਦੇ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਇਆ।ਇਸ ਮੌਕੇ ਬੋਨੀ ਅਮਰਪਾਲ ਸਿੰਘ ਵੱਲੋਂ ਸ਼ਾਮਲ ਹੋਣ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ। ਬੋਨੀ ਅਜਨਾਲਾ ਨੇ ਕਿਹਾ ਕਿ ਪੰਜਾਬ ਵਿੱਚ ਡਬਲ ਇੰਜਨ ਵਾਲੀ ਸਰਕਾਰ ਬਣਾਉ।ਪੰਜਾਬ ਵਿੱਚ ਭਾਜਪਾ ਦੀ ਸਰਕਾਰ ਆਉਣ 'ਤੇ ਹੀ ਗੈਂਗਸਟਰਵਾਦ ਅਤੇ ਨਸ਼ਾ ਖਤਮ ਹੋਵੇਗਾ।ਪਾਰਟੀ ਵਿੱਚ ਸ਼ਾਮਿਲ ਹੋਣ ਵਾਲੀਆਂ ਦੇ ਨਾਂਅ ਪ੍ਰਿੰਸ ਅਜਨਾਲਾ, ਰਾਜਬੀਰ ਸਿੰਘ ਰਾਜੂ, ਰਮੇਸ਼ ਮੇਛੀ, ਅਮਰੀਕ ਮਸੀਹ, ਅਮਿਤ, ਕੇਵਲ ਸਿੰਘ, ਅਜੀਤ ਮਸੀਹ, ਹਿੰਮਤ, ਬੰਟੀ, ਰਾਜੂ ਮਿਸਤਰੀ, ਪ੍ਰੇਮ ਕੁਮਾਰ, ਸੰਨੀ, ਸੰਜੀਵ, ਅਕਾਸ਼, ਰੋਜ਼ੀ, ਰਾਜੂ, ਅਕਾਸ਼, ਰਾਜਾ, ਸਾਹਿਬ, ਸਾਗਰ, ਅਭੀ, ਬੇਵੀ, ਡੇਵਿਡ, ਸੋਨੂੰ, ਸਰਬਜੀਤ, ਸਾਂਭਾ, ਪੂਜਾ, ਸੰਧਿਆ, ਸੁਨੀਤਾ, ਬੌਬੀ, ਰਾਜ, ਕੋਮਲ, ਸੋਹਣ, ਵਿਪਨ ਤੋਂ ਇਲਾਵਾ ਹੋਰ ਵੀ ਕਈ ਮੈਂਬਰ ਹਾਜ਼ਰ ਸਨ।



# ਹੜ੍ਹ ਪੀੜਤਾਂ ਨੂੰ ਯੋਗ ਮੁਆਵਜ਼ਾ ਦਿਵਾਉਣ ਲਈ ਕਿਸਾਨ ਸਭਾ ਵੱਲੋਂ ਰੋਸ ਰੈਲੀ

**ਅੰਮ੍ਰਿਤਸਰ**, (**ਮਨੋਜ ਕੁਮਾਰ**)-ਕੁੱਲ ਹਿੰਦ ਕਿਸਾਨ ਸਭਾ ਦੀ ਅੰਮ੍ਰਿਤਸਰ ਇਕਾਈ ਵੱਲੋਂ ਹੜ੍ਹ ਪੀੜਤਾਂ ਨੂੰ ਯੋਗ ਮੁਆਵਜ਼ਾ ਦਿਵਾਉਣ ਲਈ ਸੀਨੀਅਰ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਐੱਸਡੀਐੱਮ ਦਫ਼ਤਰ ਅਜਨਾਲਾ ਦਾ ਘਿਰਾਓ ਕਰ ਕੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਰੈਲੀ ਨੂੰ ਸੁਵਿੰਦਰ ਸਿੰਘ ਮੀਰਾਂਕੋਟ, ਐਡਵੋਕੇਟ ਕਵਲਜੀਤ ਕੌਰ ਤੇ ਭੁਪਿੰਦਰਜੀਤ ਸਿੰਘ ਛੀਨਾ ਨੇ ਸੰਬੋਧਨ ਕਰਦਿਆਂ ਸਰਕਾਰ ਕੋਲੋਂ ਮੰਗ ਕੀਤੀ ਕਿ ਹੜ੍ਹਾਂ ਕਾਰਨ ਕਿਸਾਨਾਂ ਦੀਆਂ ਤਬਾਹ ਹੋਈਆਂ ਫ਼ਸਲਾਂ ਲਈ 70 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਅਤੇ ਅਗਲੀ ਫ਼ਸਲ ਦੀ ਬਜਾਈ ਲਈ ਬੀਜ ਤੇ ਖਾਦ ਫੌਰੀ ਤੌਰ 'ਤੇ ਮੁਹਈਆ ਕਰਵਾਏ ਜਾਣ। ਆਗੂਆਂ ਨੇ ਹੜ੍ਹਾਂ ਕਾਰਨ ਨੁਕਸਾਨੇ ਗਏ ਮਕਾਨਾਂ ਲਈ 15 ਲੱਖ ਰੁਪਏ ਪ੍ਰਤੀ ਮਕਾਨ ਮੁਆਵਜ਼ਾ, ਹੜ੍ਹਾਂ ਕਾਰਨ ਗਈਆਂ ਕੀਮਤੀ ਮਨੁੱਖੀ ਜਾਨਾਂ ਲਈ ਹਰੇਕ ਮ੍ਰਿਤਕ ਵਿਅਕਤੀ ਦੇ ਪਰਿਵਾਰ ਨੂੰ 20 ਲੱਖ ਰੁਪਏ ਮੁਆਵਜ਼ਾ ਅਤੇ ਪਸ਼ੂ ਧਨ (ਮੱਝਾਂ, ਗਾਵਾਂ, ਬੱਕਰੀਆਂ, ਮੁਰਗੀਆਂ ਆਦਿ ) ਦੇ ਨੁਕਸਾਨ ਦੇ ਯੋਗ ਮੁਆਵਜ਼ੇ ਦੀ ਮੰਗ ਕੀਤੀ। ਆਗੂਆਂ ਨੇ ਮੰਗ ਕੀਤੀ ਕਿ ਹੜ੍ਹਾਂ ਕਾਰਨ ਜਿਨ੍ਹਾਂ ਕਿਸਾਨਾਂ ਦੀ ਜ਼ਮੀਨ ਦਰਿਆ ਦੀ ਭੇਟ ਚੜ੍ਹ ਗਈ ਹੈ, ਉਨ੍ਹਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ। ਜਿਨ੍ਹਾਂ ਕਿਸਾਨਾਂ ਦੇ ਖੇਤਾਂ ਵਿਚ ਰੇਤ ਆ ਗਈ ਹੈ, ਉਸ ਨੂੰ ਫੌਰੀ ਤੌਰ 'ਤੇ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਖੇਤ ਮਜ਼ਦੂਰਾਂ ਦੇ ਰੁਜ਼ਗਾਰ ਬੰਦ ਹੋ ਗਏ ਹਨ। ਇਸ ਲਈ ਹਰੇਕ ਪ੍ਰਭਾਵਿਤ ਪਰਿਵਾਰ ਨੂੰ 50 ਹਜ਼ਾਰ ਰੁਪਏ ਪ੍ਰਤੀ ਮਹੀਨਾ ਅਗਲੇ ਛੇ ਮਹੀਨਿਆਂ ਲਈ ਗੁਜ਼ਾਰਾ ਭੱਤਾ ਦਿੱਤਾ ਜਾਵੇ। ਇਸ ਮੌਕੇ ਐੱਸ.ਡੀ.ਐੱਮ ਅਜਨਾਲਾ ਨੇ ਰੈਲੀ ਵਿਚ ਆ ਕੇ ਮੰਗ ਪੱਤਰ ਪ੍ਰਾਪਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਹਰ ਹੜ੍ਹ ਪੀੜਤ ਨੂੰ ਬਣਦਾ ਯੋਗ ਮੁਆਵਜ਼ਾ ਦਿੱਤਾ ਜਾਵੇਗਾ। ਇਸ ਮੌਕੇ ਜਸਬੀਰ ਸਿੰਘ ਝਬਾਲ, ਪਰਮਜੀਤ ਕੌਰ, ਮਨਦੀਪ ਕੌਰ ਖਿਆਲਾ, ਜਸਵੰਤ ਕੌਰ ਕਲੋ ਮਾਹਲ, ਗੁਰਮੀਤ ਕੌਰ ਜੱਟਾਂ, ਰਾਜੂ ਕਰਾਲੀਆਂ, ਧੀਰ ਸਿੰਘ ਘੋਨੇਵਾਲ, ਪਿਆਰਾ ਸਿੰਘ ਤਲਵੰਡੀ, ਸੁਵਿੰਦਰ ਸਿੰਘ ਸਿੱਧੂ, ਬਖਤਾਵਰ ਸਿੰਘ ਜੌਂਸ, ਰਮੇਸ਼ ਚੰਦਰ ਆਦਿ ਸਾਥੀ ਹਾਜ਼ਰ ਸਨ।



# ਟੌਂਗ ਨੇ ਵਜ਼ੀਰ ਭੁੱਲਰ ਵਿੱਚ ਵੰਡੀ ਹੜ੍ਹ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਰਾਸ਼ੀ



**ਬਿਆਸ** (**ਪਰਮਜੀਤ ਸਿੰਘ ਰੱਖੜਾ**)-ਪੰਜਾਬ ਸਰਕਾਰ ਹੜ੍ਹ ਪੀੜਤਾਂ ਨੂੰ ਰਾਹਤ ਫੰਡ ਮੁਹੱਈਆ ਕਰਵਾਉਣ ਦੇ ਕੰਮ ਵਿੱਚ ਤੇਜ਼ੀ ਨਾਲ ਲੱਗੀ ਹੋਈ ਹੈ ਅਤੇ ਕਿਸੇ ਵੀ ਪਰਿਵਾਰ ਨੂੰ ਕੋਈ ਵੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਬਾਬਾ ਬਕਾਲਾ ਤਾਂ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਆਪਣੇ ਹਲਕੇ ਦੇ ਪਿੰਡ ਵਜ਼ੀਰ ਭੁੱਲਰ ਦੇ ਹੜ੍ਹ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਰਾਸ਼ੀ ਵੰਡਣ ਸਮੇਂ ਕੀਤਾ।

ਉਨ੍ਹਾਂ ਕਰੀਬ 22 ਲੱਖ 72 ਹਜ਼ਾਰ 930 ਰੁਪਏ ਦੀ ਮੁਆਵਜ਼ਾ ਰਾਸ਼ੀ ਵੰਡੀ। ਵਿਧਾਇਕ ਟੌਂਗ ਨੇ ਪੀੜਤ ਪਰਿਵਾਰਾਂ ਨੂੰ ਕਿਹਾ ਕਿ ਇਹ ਰਾਸ਼ੀ ਅੱਜ ਹੀ ਤੁਹਾਡੇ ਖਾਤਿਆਂ ਵਿੱਚ ਪਹੁੰਚ ਜਾਵੇਗੀ ਅਤੇ ਤੁਹਾਨੂੰ ਇਸ ਦਾ ਐੱਸਐੱਮਐੱਸ ਮਿਲ ਜਾਵੇਗਾ।

ਇਸ ਮੌਕੇ ਤਹਿਸੀਲਦਾਰ ਰੋਬਿਨਜੀਤ ਕੌਰ, ਪਟਵਾਰੀ ਮਨਦੀਪ ਕੰਗ, ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਸਰਪੰਚ ਕੋਟ ਮਹਿਤਾਬ ਸ਼ਰਨਜੀਤ ਕੌਰ, ਸਰਪੰਚ ਬੁਲੇਨੰਗਲ ਭੁਪਿੰਦਰ ਸਿੰਘ ਗੋਪੀ, ਸੋਨੂੰ ਜੰਡਿਆਲਾ, ਸੰਦੀਪ ਖਹਿਰਾ, ਵਿਸ਼ਾਲ ਮੰਨਣ, ਬਲਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ।

# ਦੀਵਾਲੀ ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ 'ਤੇ ਫਿਰੋਜ਼ਪੁਰ ਤੋਂ ਵਿਸ਼ੇਸ਼ ਸਪਲੀਮੈਂਟ

## ਸੰਦੇਸ਼



ਮੈਂ ਦੀਵਾਲੀ ਅਤੇ ਗੁਰਪੁਰਬ ਦੇ ਸ਼ੁੱਭ ਦਿਹਾੜੇ ਤੇ ਫਿਰੋਜ਼ਪੁਰ ਅਤੇ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ ਅਤੇ ਫਿਰੋਜ਼ਪੁਰ ਦਾ ਨਵਾਂ ਜ਼ਮਾਨਾ ਵੱਲੋਂ ਸਪਲੀਮੈਂਟ ਕੱਢਣ ਤੇ ਪੱਤਰਕਾਰ ਅਸ਼ੋਕ ਕੁਮਾਰ ਸ਼ਰਮਾ ਨੂੰ ਵਧਾਈ ਦਿੰਦਾ ਹਾਂ ਅਤੇ ਉਮੀਦ ਕਰਦਾ ਹਾਂ ਕਿ ਭਵਿੱਖ ਵਿਚ ਵੀ ਇਸੇ ਤਰ੍ਹਾਂ ਜਨਤਾ ਦੀ ਸੇਵਾ ਕਰਦੇ ਰਹਿਣਗੇ। **ਸ਼ਹਿਰੀ ਵਿਧਾਇਕ ਰਣਬੀਰ ਸਿੰਘ ਭੁੱਲਰ**

## ਸੰਦੇਸ਼



ਜ਼ਿਲ੍ਹਾ ਫਿਰਜ਼ਪੁਰ ਦੇ ਨਿਵਾਸੀਆਂ ਨੂੰ ਦੀਵਾਲੀ ਅਤੇ ਗੁਰਪੁਰਬ ਦੇ ਸ਼ੁੱਭ ਦਿਹਾੜੇ ਤੇ ਲੱਖ ਲੱਖ ਵਧਾਈ ਅਤੇ ਜ਼ਿਲ੍ਹਾ ਪ੍ਰਸ਼ਾਸਨ ਹਮੇਸ਼ਾ ਲੋਕਾਂ ਦੀ ਸਹਾਇਤਾ ਅਤੇ ਸਹੂਲਤਾਂ ਲਈ ਕੰਮ ਕਰਦੀ ਰਹਾਂਗੀ। ਨਵਾਂ ਜ਼ਮਾਨਾ ਸਪਲੀਮੈਂਟ ਕੱਢਣ ਤੇ ਪੱਤਰਕਾਰ ਅਸ਼ੋਕ ਸ਼ਰਮਾ ਨੂੰ ਬਹੁਤ ਬਹੁਤ ਵਧਾਈ।

**ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ**

## ਸੰਦੇਸ਼



ਮੈਂ ਦੀਵਾਲੀ ਅਤੇ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਪੱਤਰਕਾਰ ਅਸ਼ੋਕ ਸ਼ਰਮਾ ਵੱਲੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਿਤ ਕਰਨ ਤੇ ਹਾਰਦਿਕ ਸ਼ੁੱਭਕਾਮਨਾਵਾਂ ਦਿੰਦਾ ਅਤੇ ਪ੍ਰਾਥਨਾ ਕਰਦਾ ਹਾਂ ਕਿ ਸਾਡਾ ਪੰਜਾਬ ਹੋਰ ਤਰੱਕੀ ਅਤੇ ਵਿਕਾਸ ਦੇ ਕੰਮਾਂ ਵਿਚ ਅੱਗੇ ਆਵੇ।

**ਹਲਕਾ ਦਿਹਾਤੀ ਵਿਧਾਇਕ ਰਜ਼ਨੀਸ਼ ਦਹੀਆ**

## ਸਮਾਜ ਸੇਵਾ, ਸੱਚਾਈ ਤੇ ਨਿਡਰਤਾ ਦੇ ਪ੍ਰੀਤ ਸਨ ਸਵ. ਹਰਬੰਸ ਲਾਲ ਸ਼ਰਮਾ



ਮੈਂ ਗੁਰਪੁਰਬ ਦੇ ਸ਼ੁੱਭ ਮੌਕੇ ਤੇ ਪੰਜਾਬ ਵਾਸੀਆਂ ਅਤੇ ਆਪਣੇ ਸ਼ੁੱਭ ਚਿਤਕਾਂ ਨੂੰ ਸਪਲੀਮੈਂਟ ਰਾਹੀਂ ਆਪਣੀ ਵਧਾਈ ਸੰਦੇਸ਼ ਭੇਜਦਿਆਂ ਹੋਇਆ ਗੁਰੂ ਮਹਾਰਾਜ ਦੇ ਚਰਨਾਂ ਵਿਚ ਅਰਦਾਸ ਕਰਦਾ ਹਾਂ ਕਿ ਸਾਡਾ ਪੰਜਾਬ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰੇ ਅਤੇ ਇਥੋਂ ਦੇ ਵੱਸਣ ਵਾਲਿਆਂ ਦਾ ਜੀਵਨ ਖੁਸ਼ਹਾਲ ਹੋਵੇ। ਮੈਂ ਇਸ ਮੌਕੇ ਫਿਰੋਜ਼ਪੁਰ ਦੇ ਲੋਕਾਂ ਦੀ ਸਮੱਸਿਆ ਨੂੰ ਪਹਿਲ ਦੇ ਆਧਾਰ ਤੇ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੇ ਧਿਆਨ ਵਿਚ ਲਿਆ ਕੇ ਹੱਲ ਕਰਵਾਉਣ ਦੀ ਕੋਸ਼ਿਸ਼ ਕਰਦਾ ਰਹਾਂਗਾ। ਸਪੋਰਟਸ ਐਸੋਸੀਏਸ਼ਨ ਦਾ ਸਕੱਤਰ ਹੋਣ ਤੇ ਜ਼ਿਲ੍ਹੇ ਦੀ ਸਾਰੀ ਸਪੋਰਟਸ ਨੂੰ ਉਪਰ ਚੁੱਕਣ ਲਈ ਕੋਸ਼ਿਸ਼ ਕਰਦਾ ਰਹਾਂਗਾ। ਮੈਂ ਆਪਣੇ ਪਿਤਾ ਸਵ. ਹਰਬੰਸ ਲਾਲ ਸ਼ਰਮਾ, ਜਿਨ੍ਹਾਂ ਨੇ 25 ਸਾਲ ਤੋਂ ਜ਼ਿਆਦਾ ਜ਼ੀਰਾ ਵਿਚ ਪੱਤਰਕਾਰੀ ਦੀ ਸੇਵਾ ਕੀਤੀ, ਮੈਂ ਉਨ੍ਹਾਂ ਸੁਪਨਿਆਂ ਨੂੰ ਸਾਕਾਰ ਕਰਨ ਲਈ ਆਪਣੀ ਕਲਮ ਦੀ ਤਾਕਤ ਦੇ ਨਾਲ ਲੋਕਾਂ ਦੇ ਬਣਦੇ ਹੱਕ ਦਿਵਾਉਣ ਲਈ ਰਾਤ ਦਿਨ ਮਿਹਨਤ ਕਰਾਂਗਾ।



ਸਵ. ਪੰਡਿਤ ਹਰਬੰਸ ਲਾਲ

## ਧੰਨਵਾਦ



ਮੈਂ ਦੀਵਾਲੀ ਅਤੇ ਗੁਰਪੁਰਬ ਦੇ ਸ਼ੁੱਭ ਦਿਹਾੜੇ ਤੇ ਇਸ਼ਤਿਹਾਰ ਦੇਣ ਵਾਲੇ ਸਹਿਯੋਗੀ ਸੱਜਣਾਂ, ਪੰਚਾਇਤਾਂ ਅਤੇ ਨਗਰ ਕੌਂਸਲ ਦਾ ਧੰਨਵਾਦ ਕਰਦਾ ਹਾਂ ਕਿ ਜਿਨ੍ਹਾਂ ਨੇ ਇਸ ਸਪਲੀਮੈਂਟ ਵਿਚ ਆਪਣਾ ਵੱਡਮੁੱਲਾ ਯੋਗਦਾਨ ਪਾ ਕੇ ਇਨ੍ਹਾਂ ਨੂੰ ਕਾਮਯਾਬ ਬਣਾਇਆ। ਮੈਂ ਭਵਿੱਖ ਵਿਚ ਇਸ ਤਰ੍ਹਾਂ ਦੇ ਸਹਿਯੋਗ ਦੀ ਉਮੀਦ ਕਰਦਾ ਹਾਂ।

**ਪੱਤਰਕਾਰ ਅਸ਼ੋਕ ਸ਼ਰਮਾ ਮੋਬਾ. 8146822544**

## ਸੰਦੇਸ਼



ਮੈਂ ਫਿਰੋਜ਼ਪੁਰ ਦੇ ਵਾਸੀਆਂ ਨੂੰ ਦੀਵਾਲੀ ਅਤੇ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਲੱਖ ਲੱਖ ਵਧਾਈ ਦਿੰਦਾ ਹਾਂ ਅਤੇ ਵਿਸਵਾਸ਼ ਦਿਵਾਉਂਦਾ ਹਾਂ ਕਿ ਜ਼ਿਲ੍ਹਾ ਪੁਲਿਸ ਆਪਣੇ ਭਲਾਈ ਦੇ ਕੰਮ ਕਰਦਾ ਰਹੇਗਾ ਅਤੇ ਲੋਕਾਂ ਦੀ ਸਹਾਇਤਾ ਲਈ ਹਮੇਸ਼ਾ ਅੱਗੇ ਆਵੇਗਾ। ਜ਼ਿਲ੍ਹਾ ਪੁਲਿਸ ਦੀ ਜਾਨ ਮਾਲ ਅਤੇ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਵਚਨਬੱਧ ਹੈ।

**ਜ਼ਿਲ੍ਹਾ ਪੁਲਿਸ ਮੁਖੀ ਭੁਪਿੰਦਰ ਸਿੰਘ ਸਿੱਧੂ ਆਈਪੀਐੱਸ ਫਿਰੋਜ਼ਪੁਰ**

## ਸੰਦੇਸ਼



ਮੈਂ ਦੀਵਾਲੀ ਅਤੇ ਗੁਰਪੁਰਬ ਦੇ ਸ਼ੁੱਭ ਦਿਹਾੜੇ ਤੇ ਪੱਤਰਕਾਰ ਅਸ਼ੋਕ ਸ਼ਰਮਾ ਵੱਲੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਿਤ ਕਰਨ ਤੇ ਹਾਰਦਿਕ ਸ਼ੁੱਭਕਾਮਨਾਵਾਂ ਦਿੰਦਾ ਹਾਂ ਅਤੇ ਪ੍ਰਾਥਨਾ ਕਰਦਾ ਹਾਂ ਕਿ ਸਾਡਾ ਪੰਜਾਬ ਹੋਰ ਤਰੱਕੀ ਅਤੇ ਵਿਕਾਸ ਦੇ ਕੰਮਾਂ ਵਿਚ ਅੱਗੇ ਆਵੇ ਅਤੇ ਲੋਕਾਂ ਨੂੰ ਚੜ੍ਹਦੀ ਕਲਾ ਵਿਚ ਰੱਖੇ। **ਡਾ. ਅਨੁਰਿਧ ਗੁਪਤਾ ਸੀਈਓ ਡੀ.ਸੀ. ਐੱਮ ਗਰੁੱਪ ਸਕੂਲ**

## ਸਹਿਯੋਗੀ ਸੱਜਣ



ਵਿਜੈ ਬਹਿਲ ਤਹਿਸੀਲਦਾਰ (ਰਿਟਾ.)



ਹਰੀਸ਼ ਗੋਇਲ



ਅਵਤਾਰ ਸਿੰਘ ਜੋਸਨ ਐੱਮ. ਡੀ



ਪ੍ਰਬਤ ਜੈਨ ਪੱਤਰਕਾਰ ਫਿਰੋਜ਼ਪੁਰ



ਐਡਵਕੇਟ ਲਖਵਿੰਦਰ ਪਾਲ ਸਿੰਘ ਜੋਸਨ



ਸੁਭਾਸ਼ ਚੰਦਰ ਦਿਆਲ ਮੈਡੀਕਲ ਫਿਰੋਜ਼ਪੁਰ ਕੈਂਟ



ਪੂਰਨ ਸਿੰਘ ਸਮਾਜ ਸੇਵਕ ਜ਼ੀਰਾ



ਓਮ ਪ੍ਰਕਾਸ਼ ਨਾਰੰਗ ਅਤੇ ਪੋਤਰਾ ਸ਼ਕਸ਼ਮ



ਡਾ. ਰਾਘਵ ਸ਼ਰਮਾ ਫਿਰੋਜ਼ਪੁਰ ਸ਼ਹਿਰ



ਅਸ਼ੋਕ ਗਰਗ



ਐੱਸ. ਪੀ. ਖੇੜਾ ਪ੍ਰਧਾਨ ਪੈਨਸ਼ਨੇਸ਼ਮ ਐਸੋਸੀਏਸ਼ਨ ਫਿਰੋਜ਼ਪੁਰ



ਅਸ਼ੋਕ ਪਸਰੀਚਾ ਪ੍ਰਧਾਨ ਸਬਜ਼ੀ ਮੰਡੀ ਫਿਰੋਜ਼ਪੁਰ ਸ਼ਹਿਰ













## ਦਫਤਰ ਨਗਰ ਪੰਚਾਇਤ, ਮੁੱਦਕੀ (ਫਿਰੋਜ਼ਪੁਰ)

### ਅਪੀਲ

ਸਮੂਹ ਨਗਰ ਨਿਵਾਸੀਆਂ ਨੂੰ ਦਫਤਰ ਨਗਰ ਪੰਚਾਇਤ ਮੁੱਦਕੀ ਵੱਲੋਂ ਗੁਰਪੂਰਬ ਪਰਵ ਅਤੇ ਕ੍ਰਿਮਸਿ ਡੇ ਦੀਆਂ ਲੱਖ ਲੱਖ ਵਧਾਈਆਂ ਜੀ।

1. ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮੁੱਦਕੀ ਸ਼ਹਿਰ ਤੁਹਾਡਾ ਆਪਣਾ ਸ਼ਹਿਰ ਹੈ। ਇਸ ਨੂੰ ਸਾਫ ਸੁਥਰਾ ਬਨਾਉਣ ਲਈ ਨਗਰ ਪੰਚਾਇਤ ਮੁੱਦਕੀ ਦਾ ਸਹਿਯੋਗ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਅਤੇ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਿਆ ਜਾਵੇ।
2. ਆਪਣੇ ਘਰਾਂ ਦੇ ਆਲੇ ਦੁਆਲੇ ਦੀ ਸਫਾਈ ਰੱਖੀ ਜਾਵੇ, ਘਰਾਂ ਅਤੇ ਦੁਕਾਨਾਂ ਦਾ ਗਾਰਵੇਜ਼ ਵੇਸਅ ਕੁਲੈਕਟਰ ਨੂੰ ਹੀ ਦਿੱਤਾ ਜਾਵੇ ਅਤੇ ਆਪਣੇ ਘਰਾਂ ਅਤੇ ਦੁਕਾਨਾਂ ਵਿਚ ਗਿੱਲੇ ਕੂੜੇ ਅਤੇ ਸੁੱਕੇ ਕੂੜੇ ਲਈ ਅਲੱਗ ਅਲੱਗ ਡਸਟਬੀਨ ਲਗਾਏ ਜਾਣ।
3. ਡੇਂਗੂ ਮਲੇਰੀਆ ਦੇ ਪ੍ਰਕੋਪ ਤੋਂ ਬਚਣ ਲਈ ਘਰਾਂ ਦੇ ਗਮਲਿਆਂ, ਕੂਲਰਾਂ, ਫਰਿੱਜਾਂ ਅਤੇ ਆਪਣੇ ਘਰਾਂ ਦੇ ਆਸ ਪਾਸ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ ਅਤੇ ਨਾ ਹੀ ਕੂੜੇ ਨੂੰ ਅੱਗ ਲਗਾਈ ਜਾਵੇ। ਪਲਾਸਟਿਕ ਲਿਫਾਫਿਆਂ ਦੀ ਵਰਤੋਂ ਹੀ ਪ੍ਰਹੇਜ ਕਰੋ।
4. ਆਪਣਾ ਬਣਦਾ ਵਾਟਰ ਸਪਲਾਈ, ਪ੍ਰਾਪਰਟੀ ਟੈਕਸ, ਲਾਇਸੰਸ ਫੀਸ ਆਦਿ ਸਮੇਂ ਸਮੇਂ ਸਿਰ ਜੁਰਮਾਨੇ ਤੋਂ ਬਿਨ੍ਹਾ ਭਰਿਆ ਜਾਵੇ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਨਗਰ ਪੰਚਾਇਤ ਮੁੱਦਕੀ ਦੇ ਕੰਮਾਂ ਵਿਚ ਵਿਘਨ ਨਾ ਪਵੇ।

ਕਾਰਜ ਸਾਧਕ ਅਫਸਰ
ਨਗਰ ਪੰਚਾਇਤ ਮੁੱਦਕੀ।

## ਦਫਤਰ ਨਗਰ ਪੰਚਾਇਤ, ਮਮਦੋਟ (ਫਿਰੋਜ਼ਪੁਰ)

### ਪਬਲਿਕ ਨੋਟਿਸ

ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮਮਦੋਟ ਤੁਹਾਡਾ ਆਪਣਾ ਸ਼ਹਿਰ ਹੈ, ਜਿਸ ਨੂੰ ਸਾਫ ਸੁਥਰਾ ਅਤੇ ਸੁੰਦਰ ਬਨਾਉਣ ਅਤੇ ਸ਼ਹਿਰ ਦੀ ਪ੍ਰਗਤੀ ਲਈ ਨਗਰ ਪੰਚਾਇਤ ਮਮਦੋਟ ਦਾ ਸਹਿਯੋਗ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਅਤੇ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਿਆ ਜਾਵੇ।

1. ਆਪਣੇ ਘਰਾਂ ਦੇ ਆਲੇ ਦੁਅਲੇ ਦੀ ਸਫਾਈ ਰੱਖੀ ਜਾਵੇ, ਘਰਾਂ ਅਤੇ ਦੁਕਾਨਾਂ ਦਾ ਗਾਰਬੇਜ਼, ਵੇਸਟ ਕੁਲੇਕਟਰ ਨੂੰ ਹੀ ਦਿੱਤਾ ਜਾਵੇ।
2. ਡੇਂਗੂ ਦੇ ਪ੍ਰਕੋਪ ਤੋਂ ਬਚਣ ਲਈ ਘਰ ਦੇ ਗਮਲਿਆਂ, ਕੂਲਰਾਂ ਆਦਿ ਵਿਚ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ ਅਤੇ ਕੂੜੇ ਨੂੰ ਅੱਗ ਨਾ ਲਗਾਈ ਜਾਵੇ।
3. ਪਲਾਸਟਿਕ ਦੇ ਲਿਫਾਫਿਆਂ ਦੀ ਮੰਗ ਅਤੇ ਵਰਤੋਂ ਨੂੰ ਬੰਦ ਕੀਤਾ ਜਾਵੇ, ਇਸ ਦੀ ਜਗ੍ਹਾ ਤੇ ਕਾਗਜ਼ ਅਤੇ ਕੱਪੜੇ ਦੇ ਬਣੇ ਥੈਲੇ ਹੀ ਵਰਤੇ ਜਾਣ।
4. ਆਪਣੇ ਆਪਣੇ ਘਰਾਂ ਅਤੇ ਦੁਕਾਨਾਂ ਵਿਚ ਅਲੱਗ ਅਲੱਗ ਡਸਟਬਿਨ ਹੀ ਲਗਾਏ ਜਾਣ।
5. ਆਪਣਾ ਬਣਦਾ ਵਾਟਰ ਸਪਲਾਈ, ਸੀਵਰੇਜ ਬਿੱਲ, ਪ੍ਰੋਪਰਟੀ ਟੈਕਸ, ਲਾਇਸੰਸ ਫੀਸ ਆਦਿ ਟੈਕਸ ਸਮੇਂ ਸਿਰ ਜੁਰਮਾਨੇ ਤੋਂ ਬਿਨ੍ਹਾ ਭਰਿਆ ਜਾਵੇ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਨਗਰ ਪੰਚਾਇਤ ਮਮਦੋਟ ਦੇ ਕੰਮਾਂ ਵਿਚ ਵਿਘਨ ਨਾ ਪਵੇ।

ਕਾਰਜ ਸਾਧਕ ਅਫਸਰ
ਨਗਰ ਪੰਚਾਇਤ ਮਮਦੋਟ

## ਦਫਤਰ ਨਗਰ ਕੌਂਸਲ ਜ਼ੀਰਾ, (ਫਿਰੋਜ਼ਪੁਰ)

### ਅਪੀਲ

ਸਮੂਹ ਜ਼ੀਰਾ ਸ਼ਹਿਰ ਨਿਵਾਸੀਆਂ ਨੂੰ ਇਹ ਅਪੀਲ ਕੀਤੀ ਜਾਂਦੀ ਹੈ ਕਿ ਭਾਰਤ ਦੇ ਪ੍ਰਧਾਨ ਮੰਰਤੀ ਸ੍ਰੀ ਨਰਿੰਦਰ ਮੋਦੀ ਜੀ ਵੱਲੋਂ ਚਲਾਏ ਜਾ ਰਹੇ ਸਵੱਛ ਭਾਰਤ ਅਭਿਆਨ ਤਹਿਤ ਸ਼ਹਿਰ ਜ਼ੀਰਾ ਦੀ ਸਫਾਈ ਵਿਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾ ਕੇ ਸਵੱਛ ਭਾਰਤ ਅਭਿਆਨ ਨੂੰ ਸਫਲ ਬਣਾਓ।

* ਆਪਣੇ ਆਲੇ ਦੁਆਲੇ ਨੂੰ ਸਾਥ ਸੁਥਰਾ ਰੱਖੋ।
* ਆਪਣੇ ਘਰਾਂ ਤੇ ਦੁਕਾਨਾਂ ਆਦਿ ਦਾ ਕੂੜਾ ਗਲੀਆਂ/ਨਾਲੀਆਂ ਵਿਚ ਨਾ ਸੁੱਟੋ।
* ਆਪਣੇ ਘਰਾਂ ਤੇ ਦੁਕਾਨਾਂ ਆਦਿ ਦਾ ਕੂੜਾ ਰੱਖਣ ਲਏ ਦੋ ਕੂੜੇਦਾਨਾਂ ਦਾ ਪ੍ਰਯੋਗ ਕਰੋ।
* ਆਪਣੇ ਘਰਾਂ ਦੇ ਦੁਕਾਨਾਂ ਆਦਿ ਦਾ ਕੂੜਾ ਨਗਰ ਕੌਂਸਲ ਵੱਲੋਂ ਨਿਰਧਾਰਿਤ ਕੂੜਾ ਚੁੱਕਣ ਵਾਲੇ ਕਰਮਚਾਰੀਆਂ ਨੂੰ ਦਿਓ।
* ਐੱਸ ਡਬਲਯੂ ਐੱਮ ਰੂਲ 2016 ਤਹਿਤ ਸਿੰਗਲ ਯੂਜ ਪਲਾਸਟਿਕ ਦੀ ਵਰਤੋਂ ਤੇ ਸਰਕਾਰ ਦੁਆਰਾ ਪੂਰਨ ਤੌਰ 'ਤੇ ਪਾਬੰਦੀ ਲਗਾਈ ਜਾ ਚੁੱਕੀ ਹੈ। ਇਸ ਲਈ ਪਲਾਸਟਿਕ ਦੇ ਲਿਫਾਫੇ ਅਤੇ ਪਲਾਸਟਿਕ ਤੋਂ ਬਣੇ ਡਿਸਪੋਜਏਬਲ ਸਮਾਨ ਦੀ ਵਰਤੋਂ ਨਾ ਕਰੋ।
* ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਵਿਚ ਨਗਰ ਕੌਂਸਲ ਨੂੰ ਸਹਿਯੋਗ ਦਿਓ।
* ਸ਼ਹਿਰ ਜ਼ੀਰਾ ਦੀ ਸਫਾਈ ਸਬੰਧੀ ਕਿਸੇ ਤਰ੍ਹਾਂ ਦੀ ਸ਼ਿਕਾਇਤ ਅਤੇ ਸੁਝਾਅ ਦੇਣ ਲਈ ਹੇਠਾਂ ਲਿਖੇ ਨੰਬਰਾਂ ਤੇ ਸੰਪਰਕ ਕਰੋ।

| | |
|---|---|
| ਸੁਖਪਾਲ ਸਿੰਘ (98766-10707) | ਸੁਸ਼ੀਲ ਕੁਮਾਰ (98888-82948) |
| ਸੈਨਟਰੀ ਇਸਪੈਕਟਰ | ਸੈਨਟਰੀ ਇਚਾਰਜ਼ |
| ਸ੍ਰੀਮਤੀ ਸਰਬਜੀਤ ਕੌਰ | ਸ੍ਰੀ ਨਰਿੰਦਰ ਕੁਮਾਰ |
| ਪ੍ਰਧਾਨ ਨਗਰ ਕੌਂਸਲ ਜ਼ੀਰਾ | ਕਾਰਜ ਸਾਧਕ ਅਫਸਰ ਨਗਰ ਕੌਂਸਲ ਜ਼ੀਰਾ |

## ਦਫਤਰ ਨਗਰ ਕੌਂਸਲ ਫਿਰੋਜ਼ਪੁਰ

### ਪਬਲਿਕ ਨੋਟਿਸ

ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਫਿਰੋਜ਼ਪੁਰ ਤੁਹਾਡਾ ਆਪਣਾ ਸ਼ਹਿਰ ਹੈ, ਜਿਸ ਨੂੰ ਸਾਫ ਸੁਥਰਾ ਅਤੇ ਸੁੰਦਰ ਬਨਾਉਣ ਅਤੇ ਸ਼ਹਿਰ ਦੀ ਪ੍ਰਗਤੀ ਲਈ ਨਗਰ ਕੌਂਸਲ, ਫਿਰੋਜ਼ਪੁਰ ਦਾ ਸਹਿਯੋਗ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਅਤੇ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਿਆ ਜਾਵੇ।

1. ਆਪਣੇ ਘਰਾਂ ਦੇ ਆਲੇ ਦੁਅਲੇ ਦੀ ਸਫਾਈ ਰੱਖੀ ਜਾਵੇ, ਘਰਾਂ ਅਤੇ ਦੁਕਾਨਾਂ ਦਾ ਗਾਰਬੇਜ਼, ਵੇਸਟ ਕੁਲੇਕਟਰ ਨੂੰ ਹੀ ਦਿੱਤਾ ਜਾਵੇ।
2. ਡੇਂਗੂ ਦੇ ਪ੍ਰਕੋਪ ਤੋਂ ਬਚਣ ਲਈ ਘਰ ਦੇ ਗਮਲਿਆਂ, ਕੂਲਰਾਂ ਆਦਿ ਵਿਚ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ ਅਤੇ ਕੂੜੇ ਨੂੰ ਅੱਗ ਨਾ ਲਗਾਈ ਜਾਵੇ।
3. ਪਲਾਸਟਿਕ ਦੇ ਲਿਫਾਫਿਆਂ ਦੀ ਮੰਗ ਅਤੇ ਵਰਤੋਂ ਨੂੰ ਬੰਦ ਕੀਤਾ ਜਾਵੇ, ਇਸ ਦੀ ਜਗ੍ਹਾ ਤੇ ਕਾਗਜ਼ ਅਤੇ ਕੱਪੜੇ ਦੇ ਬਣੇ ਥੈਲੇ ਹੀ ਵਰਤੇ ਜਾਣ।
4. ਆਪਣੇ ਆਪਣੇ ਘਰਾਂ ਅਤੇ ਦੁਕਾਨਾਂ ਵਿਚ ਅਲੱਗ ਅਲੱਗ ਡਸਟਬਿਨ ਹੀ ਲਗਾਏ ਜਾਣ।
5. ਆਪਣਾ ਬਣਦਾ ਵਾਟਰ ਸਪਲਾਈ, ਸੀਵਰੇਜ ਬਿੱਲ, ਪ੍ਰੋਪਰਟੀ ਟੈਕਸ, ਲਾਇਸੰਸ ਫੀਸ ਆਦਿ ਟੈਕਸ ਸਮੇਂ ਸਿਰ ਜੁਰਮਾਨੇ ਤੋਂ ਬਿਨ੍ਹਾ ਭਰਿਆ ਜਾਵੇ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਨਗਰ ਕੌਂਸਲ, ਫਿਰੋਜ਼ਪੁਰ ਦੇ ਕੰਮਾਂ ਵਿਚ ਵਿਘਨ ਨਾ ਪਵੇ।

ਕਾਰਜ ਸਾਧਕ ਅਫਸਰ
ਨਗਰ ਕੌਂਸਲ, ਫਿਰੋਜ਼ਪੁਰ।

## ਦਫਤਰ ਨਗਰ ਪੰਚਾਇਤ ਮੱਲਾਂਵਾਲਾ ਖਾਸ (ਫਿਰੋਜ਼ਪੁਰ)

### ਅਪੀਲ

ਸਮੂਹ ਨਗਰ ਨਿਵਾਸੀਆਂ ਨੂੰ ਦਫਤਰ ਨਗਰ ਪੰਚਾਇਤ ਮੱਲਾਂਵਾਲਾ ਖਾਸ ਵੱਲੋਂ ਗੁਰਪੂਰਬ ਅਤੇ ਕ੍ਰਿਸਮਿਸ-ਡੇ ਦੀਆਂ ਲੱਖ ਲੱਖ ਵਧਾਈਆਂ

1. ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮੱਲਾਂਵਾਲਾ ਖਾਸ ਸ਼ਹਿਰ ਤੁਹਾਡਾ ਆਪਣਾ ਸ਼ਹਿਰ ਹੈ, ਇਸ ਨੂੰ ਸਾਫ ਸੁਥਰਾ, ਸੁੰਦਰ ਬਨਾਉਣ ਅਤੇ ਸ਼ਹਿਰ ਦੀ ਪ੍ਰਗਤੀ ਲਈ ਨਗਰ ਪੰਚਾਇਤ ਦਾ ਸਹਿਯੋਗ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਅਤੇ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਿਆ ਜਾਵੇ।
2. ਆਪਣੇ ਘਰਾਂ ਦੇ ਆਲੇ-ਦੁਆਲੇ ਦੀ ਸਫਾਈ ਰੱਖੀ ਜਾਵੇ, ਘਰਾਂ ਅਤੇ ਦੁਕਾਨਾਂ ਦਾ ਗਾਰਬੇਜ਼ ਵੇਸਟ ਕੁਲੈਕਟਰ ਨੂੰ ਹੀ ਦਿੱਤਾ ਜਾਵੇ ਅਤੇ ਆਪਣੇ ਘਰਾਂ ਅਤੇ ਦੁਕਾਨਾਂ ਵਿਚ ਗਿੱਲੇ ਕੂੜੇ ਅਤੇ ਸੁੱਕੇ ਕੂੜੇ ਲਈ ਅਲੱਗ ਅਲੱਗ ਡਸਟਬੀਨ ਲਗਾਏ ਜਾਣ।
3. ਡੇਂਗੂ ਮਲੇਰੀਆਂ ਦੇ ਪ੍ਰਕੋਪ ਤੋਂ ਬਚਣ ਲਈ ਘਰਾਂ ਦੇ ਦੇ ਗਮਲਿਆਂ, ਕੂਲਰਾਂ, ਫਰਿੱਜਾਂ ਅਤੇ ਆਪਣੇ ਘਰਾਂ ਦੇ ਆਸ ਪਾਸ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇਗ ਅਤੇ ਨਾ ਹੀ ਕੂੜੇ ਨੂੰ ਅੱਗ ਲਗਾਈ ਜਾਵੇ।
4. ਪਲਾਸਟਿਕ ਦੇ ਲਿਫਾਫਿਆਂ ਦੀ ਮੰਗ ਅਤੇ ਵਰਤੋਂ ਨੂੰ ਬੰਦ ਕੀਤਾ ਜਾਵੇ, ਇਸ ਦੀ ਜਗ੍ਹਾ ਤੇ ਕਾਗਜ਼ ਅਤੇ ਕੱਪੜੇ ਦੇ ਬਣੇ ਥੈਲਿਆਂ ਦੀ ਵਰਤੋਂ ਕੀਤੀ ਜਾਵੇ ਜੀ।
5. ਆਪਣਾ ਬਣਦਾ ਵਾਟਰ ਸਪਲਾਈ, ਸੀਵਰੇਜ ਬਿੱਲ, ਪ੍ਰਾਪਰਟੀ ਟੈਕਸ, ਲਾਇਸੰਸ ਫੀਸ ਆਦਿ ਸਮੇਂ ਸਮੇਂ ਸਿਰ ਜੁਰਮਾਨੇ ਤੋਂ ਬਿਨ੍ਹਾ ਭਰਿਆ ਜਾਵੇ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਨਗਰ ਪੰਚਾਇਤ ਮੱਲਾਂਵਾਲਾ ਖਾਸ ਦੇ ਕੰਮਾਂ ਵਿਚ ਵਿਘਨ ਨਾ ਪਵੇ।
6. ਨਗਰ ਪੰਚਾਇਤ ਮੱਲਾਂਵਾਲਾ ਖਾਸ ਦੇ ਸਾਰੇ ਦੁਕਾਨਦਾਰ, ਸ਼ਹਿਰ ਨਿਵਾਸੀ ਪਲਾਸਟਿਕ ਦੇ ਲਿਫਾਫੇ ਅਤੇ ਡਿਸਪੋਜਏਬਲ ਸਮਾਨ ਦੀ ਵਰਤੋਂ ਨਾ ਕਰਨ।

ਕਾਰਜ ਸਾਧਕ ਅਫਸਰ
ਨਗਰ ਪੰਚਾਇਤ ਮੱਲਾਂਵਾਲਾ ਖਾਸ

## ਦਫਤਰ ਨਗਰ ਪੰਚਾਇਤ ਮੱਖੂ (ਫਿਰੋਜ਼ਪੁਰ)

### ਅਪੀਲ

ਸਮੂਹ ਨਗਰ ਨਿਵਾਸੀਆਂ ਨੂੰ ਦਫਤਰ ਨਗਰ ਪੰਚਾਇਤ ਮੱਖੂ ਵੱਲੋਂ ਗੁਰਪੂਰਬ ਅਤੇ ਕ੍ਰਿਸਮਿਸ-ਡੇ ਦੀਆਂ ਲੱਖ ਲੱਖ ਵਧਾਈਆਂ

1. ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮੱਖੂ ਸ਼ਹਿਰ ਤੁਹਾਡਾ ਆਪਣਾ ਸ਼ਹਿਰ ਹੈ, ਇਸ ਨੂੰ ਸਾਫ ਸੁਥਰਾ, ਸੁੰਦਰ ਬਨਾਉਣ ਅਤੇ ਸ਼ਹਿਰ ਦੀ ਪ੍ਰਗਤੀ ਲਈ ਨਗਰ ਪੰਚਾਇਤ ਦਾ ਸਹਿਯੋਗ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਅਤੇ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਿਆ ਜਾਵੇ।
2. ਆਪਣੇ ਘਰਾਂ ਦੇ ਆਲੇ-ਦੁਆਲੇ ਦੀ ਸਫਾਈ ਰੱਖੀ ਜਾਵੇ, ਘਰਾਂ ਅਤੇ ਦੁਕਾਨਾਂ ਦਾ ਗਾਰਬੇਜ਼ ਵੇਸਟ ਕੁਲੈਕਟਰ ਨੂੰ ਹੀ ਦਿੱਤਾ ਜਾਵੇ ਅਤੇ ਆਪਣੇ ਘਰਾਂ ਅਤੇ ਦੁਕਾਨਾਂ ਵਿਚ ਗਿੱਲੇ ਕੂੜੇ ਅਤੇ ਸੁੱਕੇ ਕੂੜੇ ਲਈ ਅਲੱਗ ਅਲੱਗ ਡਸਟਬੀਨ ਲਗਾਏ ਜਾਣ।
3. ਡੇਂਗੂ ਮਲੇਰੀਆਂ ਦੇ ਪ੍ਰਕੋਪ ਤੋਂ ਬਚਣ ਲਈ ਘਰਾਂ ਦੇ ਦੇ ਗਮਲਿਆਂ, ਕੂਲਰਾਂ, ਫਰਿੱਜਾਂ ਅਤੇ ਆਪਣੇ ਘਰਾਂ ਦੇ ਆਸ ਪਾਸ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇਗ ਅਤੇ ਨਾ ਹੀ ਕੂੜੇ ਨੂੰ ਅੱਗ ਲਗਾਈ ਜਾਵੇ।
4. ਪਲਾਸਟਿਕ ਦੇ ਲਿਫਾਫਿਆਂ ਦੀ ਮੰਗ ਅਤੇ ਵਰਤੋਂ ਨੂੰ ਬੰਦ ਕੀਤਾ ਜਾਵੇ, ਇਸ ਦੀ ਜਗ੍ਹਾ ਤੇ ਕਾਗਜ਼ ਅਤੇ ਕੱਪੜੇ ਦੇ ਬਣੇ ਥੈਲਿਆਂ ਦੀ ਵਰਤੋਂ ਕੀਤੀ ਜਾਵੇ ਜੀ।
5. ਆਪਣਾ ਬਣਦਾ ਵਾਟਰ ਸਪਲਾਈ, ਸੀਵਰੇਜ ਬਿੱਲ, ਪ੍ਰਾਪਰਟੀ ਟੈਕਸ, ਲਾਇਸੰਸ ਫੀਸ ਆਦਿ ਸਮੇਂ ਸਮੇਂ ਸਿਰ ਜੁਰਮਾਨੇ ਤੋਂ ਬਿਨ੍ਹਾ ਭਰਿਆ ਜਾਵੇ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਨਗਰ ਪੰਚਾਇਤ ਮਖੂ ਦੇ ਕੰਮਾਂ ਵਿਚ ਵਿਘਨ ਨਾ ਪਵੇ।
6. ਨਗਰ ਪੰਚਾਇਤ ਮੱਖੂ ਦੇ ਸਾਰੇ ਦੁਕਾਨਦਾਰ, ਸ਼ਹਿਰ ਨਿਵਾਸੀ ਪਲਾਸਟਿਕ ਦੇ ਲਿਫਾਫੇ ਅਤੇ ਡਿਸਪੋਜਏਬਲ ਸਮਾਨ ਦੀ ਵਰਤੋਂ ਨਾ ਕਰਨ।

ਕਾਰਜ ਸਾਧਕ ਅਫਸਰ
ਨਗਰ ਪੰਚਾਇਤ ਮੱਖੂ

## ਦਫਤਰ ਨਗਰ ਕੌਂਸਲ ਤਲਵੰਡੀ ਭਾਈ (ਫਿਰੋਜ਼ਪੁਰ)

### ਪਬਲਿਕ ਨੋਟਿਸ

ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਤਲਵੰਡੀ ਭਾਈ ਤੁਹਾਡਾ ਆਪਣਾ ਸ਼ਹਿਰ ਹੈ, ਜਿਸ ਨੂੰ ਸਾਫ ਸੁਥਰਾ ਅਤੇ ਸੁੰਦਰ ਬਨਾਉਣ ਅਤੇ ਸ਼ਹਿਰ ਦੀ ਪ੍ਰਗਤੀ ਲਈ ਨਗਰ ਕੌਂਸਲ ਤਲਵੰਡੀ ਭਾਈ ਦਾ ਸਹਿਯੋਗ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਅਤੇ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਿਆ ਜਾਵੇ:-

1. ਆਪਣੇ ਘਰਾਂ ਦੇ ਆਲੇ ਦੁਆਲੇ ਦੀ ਸਫਾਈ ਰੱਖੀ ਜਾਵੇ, ਘਰਾਂ ਅਤੇ ਦੁਕਾਨਾਂ ਦਾ ਕੂੜਾ ਸਿਰਫ ਨਗਰ ਕੌਂਸਲ ਵੱਲੋਂ ਲਗਾਈਆਂ ਰੇਹੜੀਆਂ ਵਿਚ ਪਾਇਆ ਜਾਵੇ।
2. ਡੇਂਗੂ ਦੇ ਪ੍ਰਕੋਪ ਤੋਂ ਬਚਣ ਲਈ ਘਰ ਦੇ ਗਮਲਿਆਂ, ਕੂਲਰਾਂ ਆਦਿ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਕੂੜੇ ਨੂੰ ਅੱਗ ਨਾ ਲਗਾਈ ਜਾਵੇ।
3. ਪਲਾਸਟਿਕ ਦੇ ਲਿਫਾਫਿਆਂ ਦੀ ਮੰਗ ਅਤੇ ਵਰਤੋਂ ਨੂੰ ਬੰਦ ਕੀਤਾ ਜਾਵੇ, ਕਾਗਜ਼ ਅਤੇ ਕੱਪੜੇ ਦੇ ਬਣੇ ਥੈਲੇ ਹੀ ਵਰਤੇ ਜਾਣ।
4. ਸ਼ਹਿਰ ਦੇ ਵੱਖ ਵੱਖ ਥਾਵਾਂ ਤੇ ਪਬਲਿਕ ਟਾਇਲਟਾਂ ਬਣਾਈਆਂ ਹੋਈਆਂ ਹਨ, ਸਿਰਫ ਉਨ੍ਹਾਂ ਦੀ ਹੀ ਵਰਤੋਂ ਕੀਤੀ ਜਾਵੇ ਅਤੇ ਸਾਫ ਸੁਥਰਾ ਰੱਖਣ ਲਈ ਸਹਿਯੋਗ ਦਿੱਤਾ ਜਾਵੇ।
5. ਨਗਰ ਪੰਚਾਇਤ ਦਾ ਵਾਟਰ ਸਪਲਾਈ ਅਤੇ ਸੀਵਰੇਜ, ਪ੍ਰਾਪਰਟੀ ਟੈਕਸ, ਲਾਇਸੰਸ ਫੀਸ ਆਦਿ ਟੈਕਸ ਸਮੇਂ ਸਿਰ ਜੁਰਮਾਨੇ ਤੋਂ ਬਿਨ੍ਹਾ ਭਰਿਆ ਜਾਵੇ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਨਗਰ ਕੌਂਸਲ ਦੇ ਕੰਮਾਂ ਵਿਚ ਵਿਘਨ ਨਾ ਪਵੇ।
6. ਸ਼ਹਿਰ ਦਾ ਕੂੜਾ ਘਰਾਂ/ਦੁਕਾਨਾਂ ਦੇ ਬਾਹਰ ਨਾ ਸੁੱਟਿਆ ਜਾਵੇ, ਇਹ ਕੂੜਾ ਅਲੱਗ ਅਲੱਗ ਸੁੱਕਾ ਅਤੇ ਗਿੱਲਾ ਨਗਰ ਕੌਂਸਲ ਦੇ ਵੇਸਟ ਪਿੱਕਰਾਂ ਨੂੰ ਦਿੱਤਾ ਜਾਵੇ।
7. ਸ਼ਹਿਰ ਨੂੰ ਹਰਿਆ ਭਰਿਆ ਰੱਖਣ ਲਈ ਖਾਲੀ ਸਥਾਨਾਂ ਦੇ ਵੱਧ ਤੋਂ ਵੱਧ ਪੌਦੇ ਲਗਾਏ ਜਾਣ ਅਤੇ ਉਨ੍ਹਾਂ ਦੀ ਸਾਂਭ ਸੰਭਾਲ ਕੀਤੀ ਜਾਵੇ।

| | |
|---|---|
| ਪ੍ਰਧਾਨ, ਨਗਰ ਕੌਂਸਲ | ਕਾਰਜ ਸਾਧਕ, ਅਫਸਰ |
| ਨਗਰ ਕੌਂਸਲ, ਤਲਵੰਡੀ ਭਾਈ | ਨਗਰ ਕੌਂਸਲ, ਤਲਵੰਡੀ ਭਾਈ |